24-AUG-PAGE-1.qxd 8/23/2023 10:14 PM Page 1

ਵੀਰਵਾਰ, 24 ਅਗਸਤ, 2023

8 ਭਾਦੋਂ { ਨਾਨਕਸ਼ਾਹੀ 555
ਬਿਕਰਮੀ 2080

ਜਿਲਦ/VOL. : 72
ਅੰਕ/NO. : 83

# ਨਵਾਂ ਜ਼ਮਾਨਾ

DAILY NAWAN ZAMANA • THURSDAY, 24 AUGUST, 2023

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਚੰਨ ਦੀ ਚੁੰਮੀ

**ਬੇਂਗਲੁਰੂ** : ਚੰਦਰਯਾਨ-3 ਦੇ ਲੈਂਡਰ ਨੇ ਬੁੱਧਵਾਰ ਚੰਦ ਦੇ ਦੱਖਣੀ ਧਰੁਵ 'ਤੇ ਕਦਮ ਰੱਖ ਕੇ ਇਤਿਹਾਸ ਰਚ ਦਿੱਤਾ। ਉਸ ਨੇ 20 ਮਿੰਟ ਦੇ ਅੰਤਮ ਕੱਕਸ਼ਾ ਤੋਂ 25 ਕਿੱਲੋਮੀਟਰ ਦਾ ਸਫਰ ਪੂਰਾ ਕੀਤਾ ਤੇ ਲੈਂਡਰ ਨੂੰ ਹੌਲੀ-ਹੌਲੀ ਉਤਾਰਿਆ। ਪੰਜ ਵੱਜ ਕੇ 30 ਮਿੰਟ 'ਤੇ ਸ਼ੁਰੂਆਤ ਵਿਚ ਰਫ ਲੈਂਡਿੰਗ ਬੇਹੱਦ ਕਾਮਯਾਬ ਰਹੀ। ਇਸ ਦੇ ਬਾਅਦ ਪੰਜ ਵੱਜ ਕੇ 44 ਮਿੰਟ 'ਤੇ ਲੈਂਡਰ ਨੇ ਵਰਟੀਕਲ ਲੈਂਡਿੰਗ ਕੀਤੀ। ਉਦੋਂ ਉਸ ਦੀ ਚੰਦਰਮਾ ਤੋਂ ਦੂਰੀ ਤਿੰਨ ਕਿਲੋਮੀਟਰ ਰਹਿ ਗਈ ਸੀ। ਆਖਰਕਾਰ ਲੈਂਡਰ ਨੇ 6 ਵੱਜ ਕੇ 4 ਮਿੰਟ 'ਤੇ ਚੰਦ 'ਤੇ ਪਹਿਲਾ ਕਦਮ ਰੱਖਿਆ। ਇਸ ਤਰ੍ਹਾਂ ਭਾਰਤ ਚੰਦ ਦੇ ਦੱਖਣੀ ਧਰੁਵ 'ਤੇ ਲੈਂਡਿੰਗ ਕਰਨ ਵਾਲਾ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ। ਚੰਦ ਦੇ ਕਿਸੇ ਵੀ ਹਿੱਸੇ 'ਤੇ ਯਾਨ ਉਤਾਰਨ ਵਾਲਾ ਭਾਰਤ ਚੌਥਾ ਦੇਸ਼ ਬਣ ਗਿਆ ਹੈ। ਇਸ ਤੋਂ ਪਹਿਲਾਂ ਅਮਰੀਕਾ, ਵੇਲੇ ਦੇ ਸੋਵੀਅਤ ਯੂਨੀਅਨ ਤੇ ਚੀਨ ਨੂੰ ਇਹ ਕਾਮਯਾਬੀ ਮਿਲੀ ਸੀ।






## ਲਾਈਵ ਨੇ ਰਿਕਾਰਡ ਤੋੜੇ

ਭਾਰਤ ਚੰਨ ਦੇ ਦੱਖਣੀ ਧਰੁਵ 'ਤੇ ਪਹੁੰਚਣ ਵਾਲਾ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਹੈ। ਲੈਂਡਰ (ਵਿਕਰਤ) ਅਤੇ ਰੋਵਰ ਨਾਲ ਲੈਸ ਲੈਂਡਰ ਮਡਿਊਲ ਨੇ ਬੁੱਧਵਾਰ ਸ਼ਾਮ 6.04 ਮਿੰਟ 'ਤੇ ਚੰਨ ਦੇ ਦੱਖਣੀ ਧਰੁਵੀ ਖੇਤਰ 'ਤੇ ਸਾਫ਼ਟ ਲੈਂਡਿੰਗ ਕੀਤੀ। ਇਸ ਰਿਕਾਰਡ ਦੇ ਨਾਲ ਹੀ ਇੱਕ ਹੋਰ ਨਵਾਂ ਰਿਕਾਰਡ ਬਣਿਆ। ਇਸਰੋ ਦੇ ਯੂ ਟਿਊਬ ਚੈਨਲ 'ਤੇ ਚੰਦਰਯਾਨ-3 ਦੀ ਲੈਂਡਿੰਗ ਨੂੰ 80 ਲੱਖ ਤੋਂ ਵੱਧ ਲੋਕਾਂ ਨੇ ਲਾਈਵ ਦੇਖਿਆ। ਲਾਈਵ ਸਟ੍ਰੀਮਿੰਗ 'ਚ ਸਭ ਤੋਂ ਵੱਧ ਯੂਜਰ ਹਾਸਲ ਕਰਨ ਵਾਲਾ ਇਸਰੋ ਦਾ ਚੈਨਲ ਦੁਨੀਆ ਦਾ ਪਹਿਲਾ ਚੈਨਲ ਬਣ ਗਿਆ। ਚੰਦਰਯਾਨ-3 ਦੀ ਲੈਂਡਿੰਗ ਤੋਂ ਪਹਿਲਾਂ ਇਸਰੋ ਦੇ ਯੂ ਟਿਊਬ ਚੈਨਲ ਦੇ ਸਬਸਕ੍ਰਾਈਬਰਾਂ ਦੀ ਗਿਣਤੀ 2.68 ਮਿਲੀਅਨ ਮਤਲਬ ਕਰੀਬ 26 ਲੱਖ ਸੀ, ਜੋ ਕਿ ਹੁਣ ਸਫ਼ਲ ਲੈਂਡਿੰਗ ਤੋਂ ਬਾਅਦ 35 ਲੱਖ ਹੋ ਗਈ। ਇਸਰੋ ਦਾ ਲਾਈਵ 1 ਘੰਟੇ 11 ਮਿੰਟ ਤੱਕ ਚੱਲਿਆ। ਇਸ ਲਾਈਵ ਟੈਲੀਕਾਸਟ ਨੂੰ 80 ਲੱਖ ਲੋਕਾਂ ਨੇ ਦੇਖਿਆ, ਜੋ ਕਿ ਹੁਣ ਤੱਕ ਦਾ ਸਭ ਤੋਂ ਵੱਡਾ ਰਿਕਾਰਡ ਹੈ।



## ਚੰਦਰਯਾਨ-3 ਦਾ ਸਫ਼ਰ

14 ਜੁਲਾਈ : ਐੱਲ ਵੀ ਐੱਮ-3 ਐੱਮ-4 ਵਹੀਕਲ ਨਾਲ ਚੰਦਰਯਾਨ-3 ਨੂੰ ਆਂਧਰਾ ਪ੍ਰਦੇਸ਼ ਦੇ ਸ੍ਰੀਹਰੀਕੋਟਾ ਤੋਂ ਸਫ਼ਲਤਾਪੂਰਵਕ ਪੰਧ 'ਚ ਪਹੁੰਚਾਇਆ ਗਿਆ।

15 ਜੁਲਾਈ : ਆਹੀ ਐੱਸ ਟੀ ਆਰ ਏ ਸੀ/ਈਸਰੋ ਬੈਂਗਲੁਰੂ ਪੰਧ 'ਚ ਅੱਗੇ ਵਧਾਉਣ ਦੀ ਪਹਿਲੀ ਪ੍ਰਕਿਰਿਆ ਸਫ਼ਲਤਾਪੂਰਵਕ ਪੂਰੀ ਕੀਤੀ ਗਈ।

22 ਜੁਲਾਈ : ਦੂਜੀ ਪੰਧ 'ਚ ਦਾਖ਼ਲ ਹੋਣ ਦੀ ਪ੍ਰਕਿਰਿਆ ਨੂੰ ਅੰਜਾਮ ਦਿੱਤਾ ਗਿਆ।

1 ਅਗਸਤ : ਈਸਰੋ ਨੇ 'ਟਰਾਂਸਲੂਨਰ ਇੰਜੈਕਸ਼ਨ' ਨੂੰ ਸਫ਼ਲਤਾਪੂਰਵਕ ਪੂਰਾ ਕੀਤਾ ਅਤੇ ਪੁਲਾੜ ਯਾਨ ਨੂੰ ਟਰਾਂਸਲੂਨਰ ਪੰਧ 'ਚ ਸਥਾਪਤ ਕੀਤਾ। ਇਸ ਦੇ ਨਾਲ 288 ਗੁਣਾ 369328 ਕਿਲੋਮੀਟਰ ਦੀ ਪੰਧ 'ਚ ਪਹੁੰਚਾਇਆ ਗਿਆ।

05 ਅਗਸਤ : ਚੰਦਰਯਾਨ-3 ਦੀ ਲੂਨਰ ਆਰਬਿਟ ਇਨਸਰਸ਼ਨ (ਚੰਦਰਯਾਨ ਦੀ ਪੰਧ 'ਚ ਪਹੁੰਚਣ ਦੀ ਪ੍ਰਕਿਰਿਆ) ਸਫ਼ਲਤਾਪੂਰਵਕ ਪੂਰੀ ਹੋਈ।

06 ਅਗਸਤ : ਈਸਰੋ ਨੇ ਦੂਜੇ ਲੂਨਰ ਬਾਊਂਡ ਫੇਜ ਦੀ ਪ੍ਰਕਿਰਿਆ ਪੂਰੀ ਕੀਤੀ। ਇਸ ਦੇ ਨਾਲ ਹੀ ਯਾਨ ਚੰਦਰਮਾ ਦੇ ਹੋਰ ਨੇੜੇ 170 ਗੁਣਾ 4313 ਕਿਲੋਮੀਟਰ ਦੀ ਪੰਧ 'ਚ ਪਹੁੰਚਾਇਆ।

09 ਅਗਸਤ : ਚੰਦਰਮਾ ਦੇ ਨੇੜੇ ਪਹੁੰਚਣ ਦੀ ਇੱਕ ਹੋਰ ਪ੍ਰਕਿਰਿਆ ਨੂੰ ਪੂਰਾ ਹੋਣ ਬਾਅਦ ਚੰਦਰਯਾਨ-3 ਦੀ ਪੰਧ ਘਟਾ ਕੇ 174 ਗੁਣਾ 1437 ਕਿਲੋਮੀਟਰ ਰਹਿ ਗਈ।

14 ਅਗਸਤ : ਚੰਦਰਮਾ ਦੇ ਨੇੜੇ ਪਹੁੰਚਣ ਦੀ ਇੱਕ ਹੋਰ ਪ੍ਰਕਿਰਿਆ ਨੂੰ ਪੂਰਾ ਹੋਣ ਤੋਂ ਬਾਅਦ ਚੰਦਰਯਾਨ-3 ਪੰਧ ਦੇ ਚੱਕਰ ਲਗਾਉਣ ਦੇ ਗੇੜ 'ਚ ਪਹੁੰਚਿਆ।

16 ਅਗਸਤ : 'ਫਾਈਰਿੰਗ' ਦੀ ਇੱਕ ਹੋਰ ਪ੍ਰਕਿਰਿਆ ਪੂਰੀ ਹੋਣ ਬਾਅਦ ਯਾਨ ਨੂੰ 153 ਗੁਣਾ 163 ਕਿਲੋਮੀਟਰ ਦੀ ਪੰਧ 'ਚ ਪਹੁੰਚਾਇਆ ਗਿਆ। ਯਾਨ 'ਚ ਇੱਕ ਰਾਕੇਟ ਹੁੰਦਾ ਹੈ, ਜਿਸ ਨਾਲ ਉਪਯੁਕਤ ਸਮੇਂ ਆਉਣ 'ਤੇ ਯਾਨ ਨੂੰ ਚੰਦਰਮਾ ਦੇ ਹੋਰ ਨੇੜੇ ਪਹੁੰਚਾਉਣ ਲਈ ਵਿਸ਼ੇਸ਼ 'ਫਾਈਰਿੰਗ' ਕੀਤੀ ਜਾਂਦੀ ਹੈ।

17 ਅਗਸਤ : ਲੈਂਡਰ ਮਡਿਊਲ ਨੂੰ ਪ੍ਰੋਪਲਸ਼ਨ ਮਡਿਊਲ ਨਾਲ ਸਫਲਤਾਪੂਰਵਕ ਵੱਖ ਕੀਤਾ ਗਿਆ।

19 ਅਗਸਤ : ਈਸਰੋ ਨੇ ਆਪਣੇ ਪੰਧ ਨੂੰ ਘਟਾਉਣ ਲਈ ਲੈਂਡਰ ਮਡਿਊਲ ਦੀ ਡੀ-ਬੂਸਟਿੰਗ ਦੀ ਪ੍ਰਕਿਰਿਆ ਕੀਤੀ। ਲੈਂਡਰ ਮਡਿਊਲ ਹੁਣ ਚੰਦਰਮਾ ਦੇ ਨੇੜੇ 113 ਗੁਣਾ 157 ਕਿਲੋਮੀਟਰ ਦੀ ਪੰਧ 'ਚ ਪਹੁੰਚਿਆ।

20 ਅਗਸਤ : ਲੈਂਡਰ ਮਡਿਊਲ 'ਤੇ ਇੱਕ ਹੋਰ ਡੀ-ਬੂਸਟਿੰਗ ਮਤਲਬ ਪੰਧ ਘਟਾਉਣ ਦੀ ਪ੍ਰਕਿਰਿਆ ਪੂਰੀ ਕੀਤੀ ਗਈ। ਲੈਂਡਰ ਮਡਿਊਲ 25 ਗੁਣਾ 134 ਕਿਲੋਮੀਟਰ ਦੀ ਪੰਧ 'ਚ ਪਹੁੰਚਿਆ।

21 ਅਗਸਤ : ਚੰਦਰਯਾਨ-2 ਅਰਬਿਟ ਨੇ ਚੰਦਰਯਾਨ-3 ਲੈਂਡਰ ਮਡਿਊਲ ਦਾ 'ਵੈਲਕਮ ਬਡੀ' (ਸਵਾਗਤ ਦੋਸਤ) ਕਹਿ ਕੇ ਕੀਤਾ। ਦੋਵਾਂ ਵਿਚਾਲੇ ਦੋ ਤਰਫ਼ਾ ਸੰਚਾਰ ਕਾਇਮ ਹੋਇਆ। 'ਈਸਰੋ ਟੈਲੀਮੈਟਰੀ, ਟ੍ਰੈਕਿੰਗ ਅਤੇ ਕਮਾਂਡ ਨੈਟਵਰਕ' (ਆਈ ਐੱਸ ਟੀ ਆਰ ਏ ਸੀ) 'ਚ ਸਥਿਤ ਮਿਸ਼ਨ ਅਪ੍ਰੇਸ਼ਨ ਕੰਪਲੈਕਸ (ਐੱਮ ਓ ਐਕਸ) ਨੂੰ ਹੁਣ ਲੈਂਡਰ ਮਡਿਊਲ ਨਾਲ ਸੰਪਰਕ ਦੇ ਹੋਰ ਤਰੀਕੇ ਮਿਲੇ।

22 ਅਗਸਤ : ਈਸਰੋ ਨੇ ਚੰਦਰਯਾਨ-3 ਦੇ ਲੈਂਡਰ ਪੋਜ਼ੀਸ਼ਨ ਡੀਟੇਕਸ਼ਨ ਕੈਮਰਾ (ਐੱਲ ਪੀ ਡੀ ਸੀ) ਤੋਂ ਕਰੀਬ 70 ਕਿਲੋਮੀਟਰ ਦੀ ਉਚਾਈ ਤੋਂ ਚੰਦਰਮਾ ਦੀ ਤਸਵੀਰ ਜਾਰੀ ਕੀਤੀ।

23 ਅਗਸਤ : ਬੁੱਧਵਾਰ ਸ਼ਾਮ ਛੇ ਵੱਜ ਕੇ ਚਾਰ ਮਿੰਟ 'ਤੇ ਚੰਦਰਮਾ ਦੇ ਦੱਖਣੀ ਧਰੁਵ 'ਤੇ ਚੰਦਰਯਾਨ-3 ਦੇ ਲੈਂਡਰ ਮਡਿਊਲ ਨੇ ਸੁਰੱਖਿਆ ਅਤੇ ਸਾਫ਼ਟ ਲੈਂਡਿੰਗ ਕੀਤੀ।

## ਸਿਰਫ਼ ਪਾਣੀ ਨਹੀਂ, ਚੰਨ 'ਤੇ ਹੀਲੀਅਮ ਲੱਭੇਗਾ

ਚੰਦਰਯਾਨ-3 ਮਿਸ਼ਨ ਰਾਹੀਂ ਵਿਗਿਆਨੀ ਚੰਨ ਦਾ ਅਧਿਐਨ ਕਰਕੇ ਧਰਤੀ ਦੀ ਉਤਪਤੀ ਨੂੰ ਸਮਝਣਾ ਚਾਹੁੰਦੇ ਹਨ। ਵਿਗਿਆਨੀ ਚੰਨ ਦੀ ਸਤਹਾ 'ਤੇ ਸਿਰਫ਼ ਪਾਣੀ ਦੀ ਖੋਜ ਕਰਨਾ ਨਹੀਂ ਚਾਹੁੰਦੇ, ਬਲਕਿ ਉਹ ਇੱਥੇ ਮੌਜੂਦ ਹੋਰ ਰਸਾਇਣਾਂ ਦੀ ਮੌਜੂਦਗੀ ਦਾ ਵੀ ਪਤਾ ਲਗਾਉਣਾ ਚਾਹੁੰਦੇ ਹਨ। ਚੰਨ 'ਤੇ ਕੀ ਭਵਿੱਖ 'ਚ ਇਨਸਾਨ ਰਹਿ ਸਕਣਗੇ, ਇਹ ਚੰਨ 'ਤੇ ਮਿਲਣ ਵਾਲੇ ਖਣਿਜ ਅਤੇ ਹੋਰ ਗੈਸਾਂ ਦੀ ਮੌਜੂਦਗੀ ਨਾਲ ਹੀ ਸੰਭਵ ਹੋ ਸਕੇਗਾ। ਚੰਦਰਯਾਨ-3 ਦਾ ਮੁੱਖ ਕੰਮ ਦੱਖਣੀ ਧਰੁਵ 'ਤੇ ਪਾਣੀ ਦੀ ਤਲਾਸ਼ ਕਰਨਾ ਹੈ। ਨਾਲ ਹੀ ਚੰਦਰਯਾਨ-3 ਚੰਨ 'ਤੇ ਇਨਸਾਨ ਦੇ ਰਹਿਣ ਲਾਇਕ ਵਾਤਾਵਰਣ ਦਾ ਪਤਾ ਵੀ ਲਗਾਏਗਾ। ਇਸ ਦੇ ਨਾਲ ਹੀ ਹੋਰ ਜ਼ਰੂਰੀ ਖਣਿਜਾਂ ਦੀ ਖੋਜ ਵੀ ਕਰੇਗਾ। ਇਨ੍ਹਾਂ 'ਚ ਹੀਲੀਅਮ-3 ਵਰਗੇ ਤੱਤ ਵੀ ਸ਼ਾਮਲ ਹੋਣਗੇ। ਇਸ ਦੇ ਨਾਲ ਹੀ ਅਗਲੇ 2-3 ਸਾਲ 'ਚ ਚੰਨ 'ਤੇ ਪਹੁੰਚਣ ਵਾਲੇ ਦੇਸ਼ਾਂ ਦੀ ਦੌੜ ਤੇਜ਼ ਹੋ ਜਾਵੇਗੀ, ਸਿਰਫ਼ ਅਗਲੇ 2 ਸਾਲਾਂ 'ਚ ਹੀ ਦੁਨੀਆ ਭਰ ਤੋਂ 9-10 ਮਿਸ਼ਨ ਲਾਂਚ ਕੀਤੇ ਜਾਣ ਵਾਲੇ ਹਨ।

## ਚੰਨ 'ਤੇ 1 ਦਿਨ ਦਾ ਮਿਸ਼ਨ

ਚੰਨ 'ਤੇ ਇੱਕ ਦਿਨ ਧਰਤੀ ਦੇ 14 ਦਿਨਾਂ ਦੇ ਬਰਾਬਰ ਹੁੰਦਾ ਹੈ। 23 ਅਗਸਤ ਨੂੰ ਚੰਨ ਦੇ ਦੱਖਣੀ ਧਰੁਵ 'ਤੇ ਸੂਰਜ ਨਿਕਲੇਗਾ। ਇੱਥੇ 14 ਦਿਨ ਤੱਕ ਦਿਨ ਰਹੇਗਾ। ਇਸ ਕਾਰਨ ਚੰਦਰਯਾਨ-3 ਦ ਲੈਂਡਰ ਅਤੇ ਰੋਵਰ 14 ਦਿਨਾ ਤੱਕ ਚੰਨ ਦੀ ਸਤ੍ਹਾ 'ਤੇ ਖੋਜ ਕਰੇਗਾ।

## 615 ਕਰੋੜ ਦਾ ਮਿਸ਼ਨ

ਚੰਦਰਯਾਨ-3 ਮਿਸ਼ਨ 'ਤੇ 615 ਕਰੋੜ ਰੁਪਏ ਖਰਚ ਹੋਏ ਹਨ। ਸਾਲ 2019 'ਚ ਚੰਦਰਯਾਨ-2 ਮਿਸ਼ਨ ਦੇ ਫੇਲ੍ਹ ਹੋਣ ਬਾਅਦ ਚੰਦਰਯਾਨ-3 ਮਿਸ਼ਨ ਦੀ ਸ਼ੁਰੂਆਤ ਹੋਈ ਸੀ। ਇਸ ਨੂੰ 2021 'ਚ ਹੀ ਲਾਂਚ ਕਰਨ ਦਾ ਪਲਾਟ ਸੀ, ਪਰ ਕੋਵਿਡ ਮਹਾਂਮਾਰੀ ਕਾਰਨ ਇਸ 'ਚ ਦੇਰੀ ਹੋਈ ਅਤੇ ਆਖਰ 'ਚ 14 ਜੁਲਾਈ, 2023 ਨੂੰ ਲਾਂਚ ਕੀਤਾ ਗਿਆ। ਚੰਦਰਯਾਨ-2 ਮਿਸ਼ਨ ਦੇ ਵਿੱਤੀ ਬੱਜਟ ਦੀ ਗੱਲ ਕਰੀਏ ਤਾਂ ਇਸ ਪ੍ਰੋਜੈਕਟ 'ਤੇ 978 ਕਰੋੜ ਰੁਪਏ ਖਰਚ ਹੋਏ ਸਨ। ਇਸ 'ਚੋਂ 603 ਕਰੋੜ ਰੁਪਏ ਆਰਬਿਟ, ਲੈਂਡਰ, ਰੋਵਰ, ਨੇਵੀਗੇਸ਼ਨ ਅਤੇ ਗਰਾਊਂਡ ਸਪੋਰਟ ਨੈੱਟਵਰਕ 'ਤੇ ਅਤੇ 375 ਕਰੋੜ ਰੁਪਏ ਜੀਓ ਸਟੇਸ਼ਨਰੀ ਸੈਟੇਲਾਇਟ ਲਾਂਚ ਵ੍ਹੀਕਲ 'ਤੇ ਖਰਚ ਕੀਤੇ ਗਏ ਸਨ।



## ਰੇਲਵੇ ਪੁਲ ਡਿੱਗਣ ਕਾਰਨ 17 ਮਜ਼ਦੂਰਾਂ ਦੀ ਮੌਤ



**ਆਈਜ਼ੋਲ** : ਮਿਜ਼ੋਰਮ 'ਚ ਨਿਰਮਾਣ ਅਧੀਨ ਰੇਲਵੇ ਪੁਲ ਡਿੱਗਣ ਕਾਰਨ ਘੱਟੋ-ਘੱਟ 17 ਮਜ਼ਦੂਰਾਂ ਦੀ ਮੌਤ ਹੋ ਗਈ। ਪੁਲਸ ਨੇ ਦੱਸਿਆ ਕਿ ਇਹ ਪੁਲ ਸਾਈਰੰਗ ਖੇਤਰ ਦੇ ਨੇੜੇ ਹੈ। ਕਈ ਹੋਰ ਲੋਕਾਂ ਦੇ ਮਲਬੇ ਵਿੱਚ ਦੱਬੇ ਹੋਣ ਦਾ ਖਦਸ਼ਾ ਹੈ। ਉੱਥੇ 35-40 ਕਰਮਚਾਰੀ ਮੌਜੂਦ ਸਨ।

## ਹਵਾਈ ਅੱਡੇ 'ਤੇ ਹਾਦਸਾ ਟਲਿਆ

**ਨਵੀਂ ਦਿੱਲੀ** : ਹਵਾਈ ਅੱਡੇ 'ਤੇ ਬੁੱਧਵਾਰ ਸਵੇਰੇ ਵੱਡੀ ਦੁਰਘਟਨਾ ਟਲ ਗਈ, ਜਦੋਂ ਵਿਸਤਾਰਾ ਏਅਰਲਾਈਨਜ਼ ਦੇ ਦੋ ਜਹਾਜ਼ਾਂ ਨੂੰ ਇੱਕੋ ਵੇਲੇ ਇੱਕੋ ਰਨਵੇਅ ਤੋਂ ਉੱਡਣ ਤੇ ਉਤਰਨ ਦੀ ਆਗਿਆ ਦੇ ਦਿੱਤੀ ਗਈ। ਬਾਗਡੋਗਰਾ ਜਾਣ ਵਾਲਾ ਜਹਾਜ਼ ਰਨਵੇਅ ਤੋਂ ਉਡਾਣ ਭਰ ਰਿਹਾ ਸੀ ਤੇ ਅਹਿਮਦਾਬਾਦ ਤੋਂ ਦਿੱਲੀ ਆ ਰਿਹਾ ਜਹਾਜ਼ ਉਸੇ ਰਨਵੇਅ 'ਤੇ ਉੱਤਰ ਰਿਹਾ ਸੀ। ਤੁਰੰਤ ਹਾਲਾਤ ਕਾਬੂ ਹੇਠ ਕਰ ਲਏ ਗਏ ਤੇ ਜਹਾਜ਼ ਨੂੰ ਉੱਡਣ ਤੋਂ ਰੋਕ ਲਿਆ ਗਿਆ।

# ਕਿਸਾਨਾਂ ਦੀ ਬਿਨਾਂ ਸ਼ਰਤ ਰਿਹਾਈ ਤੇ ਪ੍ਰੀਤਮ ਸਿੰਘ ਦੇ ਪਰਵਾਰ ਨੂੰ ਮੁਆਵਜ਼ੇ 'ਤੇ ਸਹਿਮਤੀ

**ਸੰਗਰੂਰ** : ਲੌਂਗੋਵਾਲ 'ਚ ਕਿਸਾਨ ਦੀ ਮੌਤ ਮਾਮਲੇ 'ਚ ਬੁੱਧਵਾਰ ਇਥੇ ਕਿਸਾਨ ਜਥੇਬੰਦੀਆਂ ਤੇ ਪੰਜਾਬ ਪੁਲਸ ਦੇ ਉੱਚ ਅਧਿਕਾਰੀਆਂ ਵਿਚਾਲੇ 3 ਘੰਟਿਆਂ ਤੱਕ ਚੱਲੀ ਮੀਟਿੰਗ 'ਚ ਸਹਿਮਤੀ ਬਣੀ ਕਿ ਮਰਹੂਮ ਕਿਸਾਨ ਪ੍ਰੀਤਮ ਸਿੰਘ ਦੇ ਪਰਵਾਰ ਨੂੰ 10 ਲੱਖ ਰੁਪਏ ਮੁਆਵਜ਼ਾ, ਪਰਵਾਰ ਦੇ ਇਕ ਜੀਅ ਨੂੰ ਯੋਗਤਾ ਮੁਤਾਬਕ ਸਰਕਾਰੀ ਨੌਕਰੀ ਤੇ ਉਸ ਦੇ ਪਰਵਾਰ ਦਾ ਸਾਰਾ ਕਰਜ਼ਾ ਮੁਆਫ ਕੀਤਾ ਜਾਵੇਗਾ। ਮੀਟਿੰਗ 'ਚ ਇਹ ਫੈਸਲਾ ਵੀ ਹੋਇਆ ਕਿ ਲੌਂਗੋਵਾਲ 'ਚ ਪੁਲਸ ਲਾਠੀਚਾਰਜ ਦੌਰਾਨ ਗੰਭੀਰ ਜ਼ਖਮੀਆਂ ਨੂੰ ਦੋ-ਦੋ ਲੱਖ ਤੇ ਘੱਟ ਜ਼ਖਮੀਆਂ ਨੂੰ ਇਕ-ਇਕ ਲੱਖ ਰੁਪਈਆ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਜਿਹੜੀਆਂ ਕਿਸਾਨ ਜਥੇਬੰਦੀਆਂ ਦੀਆਂ ਗੱਡੀਆਂ ਭੰਨੀਆਂ ਗਈਆਂ ਹਨ, ਉਨ੍ਹਾਂ ਦੀ ਸਰਕਾਰ ਮੁਰੰਮਤ ਕਰਵਾਏਗੀ। ਇਸ ਦੇ ਨਾਲ ਪੰਜਾਬ ਭਰ 'ਚ ਕਿਸਾਨਾਂ 'ਤੇ ਦਰਜ ਪਰਚੇ ਰੱਦ ਹੋਣਗੇ ਤੇ ਕਿਸਾਨਾਂ ਦੀ ਬਿਨਾਂ ਸ਼ਰਤ ਰਿਹਾਈ ਹੋਵੇਗੀ। ਜਥੇਬੰਦੀਆਂ ਨੇ ਐਲਾਨ ਕੀਤਾ ਕਿ ਜਦੋਂ ਤੱਕ ਸਾਰੇ ਕਿਸਾਨਾਂ ਦੀ ਰਿਹਾਈ ਨਹੀਂ ਹੁੰਦੀ, ਮਰਹੂਮ ਪ੍ਰੀਤਮ ਸਿੰਘ ਦਾ ਸਸਕਾਰ ਨਹੀਂ ਕੀਤਾ ਜਾਵੇਗਾ।

## ਰੁਜ਼ਗਾਰ ਮੇਲਿਆਂ ਦਾ ਘਾਲਾਮਾਲਾ

**ਨਵੀਂ ਦਿੱਲੀ** : ਨੁਕਤਾਚੀਨੀ ਨੂੰ ਖੁੰਢੀ ਕਰਨ ਲਈ ਰੁਜ਼ਗਾਰ ਮੇਲੇ ਲਾ ਕੇ ਦਿਖਾਇਆ ਗਿਆ ਕਿ ਮੋਦੀ ਸਰਕਾਰ ਨੌਜਵਾਨਾਂ ਨੂੰ ਕਾਫੀ ਰੁਜ਼ਗਾਰ ਦੇ ਰਹੀ ਹੈ। 13 ਅਪ੍ਰੈਲ ਨੂੰ ਜਾਰੀ ਬਿਆਨ ਵਿਚ ਕਿਹਾ ਗਿਆ ਕਿ ਪ੍ਰਧਾਨ ਮੰਤਰੀ ਮੋਦੀ ਨੇ 71 ਹਜ਼ਾਰ ਨਿਯੁਕਤੀ-ਪੱਤਰ ਵੰਡੇ। ਸਰਕਰਦਾ ਅੰਗਰੇਜ਼ੀ ਅਖਬਾਰ 'ਦੀ ਟੈਲੀਗ੍ਰਾਫ' ਨੇ ਆਰ ਟੀ ਆਈ ਤਹਿਤ ਜਾਣਕਾਰੀ ਮੰਗੀ ਤਾਂ ਇੰਡੀਅਨ ਇੰਸਟੀਚਿਊਟ ਆਫ ਸਾਇੰਸ ਐਜੂਕੇਸ਼ਨ ਐਂਡ ਰਿਸਰਚ ਮੁਹਾਲੀ ਨੇ ਦੱਸਿਆ ਕਿ ਉਸ ਨੇ 15 ਨਵੀਆਂ ਨਿਯੁਕਤੀਆਂ ਕੀਤੀਆਂ ਤੇ 21 ਮੁਲਾਜ਼ਮ ਪ੍ਰਮੋਟ ਕੀਤੇ। ਮੌਲਾਨਾ ਆਜ਼ਾਦ ਨੈਸ਼ਨਲ ਉਰਦੂ ਯੂਨੀਵਰਸਿਟੀ ਨੇ ਦੱਸਿਆ ਕਿ 38 ਵਿਅਕਤੀਆਂ ਨੂੰ ਨਿਯੁਕਤੀ-ਪੱਤਰ ਵੰਡੇ ਗਏ, ਜਿਨ੍ਹਾਂ ਵਿੱਚੋਂ 20 ਨਵੀਆਂ ਨਿਯੁਕਤੀਆਂ ਸਨ ਤੇ 18 ਮੁਲਾਜ਼ਮ ਪ੍ਰਮੋਟ ਕੀਤੇ ਗਏ ਸਨ। ਸਾਫ ਹੈ ਕਿ ਪ੍ਰਮੋਟ ਹੋਣ ਵਾਲਿਆਂ ਨੂੰ ਵੀ ਨਵੇਂ ਨਿਯੁਕਤ ਦੱਸ ਕੇ ਸਰਕਾਰ ਨੇ ਬੱਲੇ-ਬੱਲੇ ਕਰਵਾਈ ਹੈ।

## ਐਲਡਰਿਨ ਲੰਮੀ ਛਾਲ ਦੇ ਫਾਈਨਲ 'ਚ




**ਬੁਡਾਪੈਸਟ** : ਭਾਰਤ ਦੇ ਕੌਮੀ ਰਿਕਾਰਡ ਹੋਲਡਰ ਲੰਮੀ ਛਾਲ ਮਾਰਨ ਵਾਲੇ ਜੇਸਵਿਨ ਐਲਡਰਿਨ ਨੇ ਬੁੱਧਵਾਰ ਆਪਣੀ ਪਹਿਲੀ ਵਿਸ਼ਵ ਅਥਲੈਟਿਕ ਚੈਂਪੀਅਨਸ਼ਿਪ ਦੇ ਫਾਈਨਲ ਲਈ ਕੁਆਲੀਫਾਈ ਕਰ ਲਿਆ, ਪਰ ਉਸ ਦਾ ਸਾਥੀ ਮੁਰਲੀ ਸ੍ਰੀਸ਼ੰਕਰ ਕੁਆਲੀਫਿਕੇਸ਼ਨ ਦੌਰ 'ਚੋਂ ਬਾਹਰ ਹੋ ਗਿਆ। ਐਲਡਰਿਨ, ਜਿਸ ਨੇ ਮਾਰਚ 'ਚ 8.42 ਮੀਟਰ ਨਾਲ ਕੌਮੀ ਰਿਕਾਰਡ ਬਣਾਇਆ ਸੀ, ਨੇ ਪਹਿਲੀ ਕੋਸ਼ਿਸ਼ 'ਚ 8.0 ਮੀਟਰ ਦੀ ਛਾਲ ਮਾਰੀ ਅਤੇ ਅਗਲੀਆਂ ਦੋ ਛਾਲਾਂ 'ਚ ਫਾਊਲ ਕੀਤਾ। ਇਸ ਦੇ ਬਾਵਜੂਦ ਉਹ ਵੀਰਵਾਰ ਨੂੰ ਹੋਣ ਵਾਲੇ 12 ਪੁਰਸ਼ਾਂ ਦੇ ਫਾਈਨਲ 'ਚ ਜਗ੍ਹਾ ਬਣਾਉਣ 'ਚ ਕਾਮਯਾਬ ਰਿਹਾ। ਗਰੁੱਪ ਬੀ ਦੇ ਕੁਆਲੀਫਾਇੰਗ ਦੌਰ 'ਚ ਛੇਵੇਂ ਸਥਾਨ 'ਤੇ ਰਹਿਣ ਵਾਲਾ ਐਲਡਰਿਨ ਕੁੱਲ ਮਿਲਾ ਕੇ 12ਵਾਂ ਸਰਵੋਤਮ ਪ੍ਰਦਰਸ਼ਨ ਕਰਨ ਵਾਲਾ ਸੀ ਅਤੇ ਉਸ ਨੇ ਆਖਰੀ ਕੁਆਲੀਫਾਇਰ ਵਜੋਂ ਫਾਈਨਲ 'ਚ ਥਾਂ ਬਣਾਈ। ਸ੍ਰੀਸ਼ੰਕਰ ਨੇ 7.74 ਮੀਟਰ, 7.66 ਮੀਟਰ ਅਤੇ 6.70 ਮੀਟਰ ਦੀ ਛਾਲ ਮਾਰੀ।

## ਭਾਖੜਾ ਤੇ ਪੌਂਗ ਡੈਮ 'ਚ ਪਾਣੀ ਦੀ ਆਮਦ ਵਧੀ

**ਚੰਡੀਗੜ੍ਹ** : ਭਾਖੜਾ ਅਤੇ ਪੌਂਗ ਡੈਮਾਂ 'ਚ ਪਾਣੀ ਦੀ ਆਮਦ ਵਧਣ ਕਾਰਨ ਪੰਜਾਬ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ। ਭਾਖੜਾ 'ਚ 1.28 ਲੱਖ ਕਿਊਸਿਕ ਅਤੇ ਪੌਂਗ ਡੈਮ 'ਚ 1.58 ਲੱਖ ਕਿਊਸਿਕ ਦਾ ਵਹਾਅ ਹੈ। ਮੰਗਲਵਾਰ ਨੂੰ ਭਾਖੜਾ ਡੈਮ 'ਚ 1.05 ਲੱਖ ਕਿਊਸਿਕ ਅਤੇ ਪੌਂਗ ਡੈਮ 'ਚ 58,702 ਕਿਊਸਿਕ ਸੀ। ਨਤੀਜੇ ਵਜੋਂ ਭਾਖੜਾ ਡੈਮ ਤੋਂ 58,400 ਕਿਊਸਿਕ ਅਤੇ ਪੌਂਗ ਡੈਮ ਤੋਂ 67,083 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਸਤਲੁਜ ਅਤੇ ਬਿਆਸ ਦਰਿਆਵਾਂ 'ਚ ਪਾਣੀ ਦਾ ਪੱਧਰ ਲਗਾਤਾਰ ਉੱਚਾ ਹੈ।

## ਸਕੂਲ ਤਿੰਨ ਦਿਨ ਬੰਦ, ਪ੍ਰੀਖਿਆਵਾਂ ਮੁਲਤਵੀ

**ਚੰਡੀਗੜ੍ਹ** : ਹਿਮਾਚਲ ਵਿਚ ਭਾਰੀ ਮੀਂਹ ਦੀ ਚਿਤਾਵਨੀ ਨੂੰ ਗੰਭੀਰਤਾ ਨਾਲ ਲੈਂਦਿਆਂ ਤਿੰਨ ਦਿਨਾਂ ਲਈ 26 ਅਗਸਤ ਤੱਕ ਪੰਜਾਬ ਦੇ ਸਾਰੇ ਸਕੂਲ, ਕਾਲਜ ਬੰਦ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਹ ਜਾਣਕਾਰੀ ਦਿੱਤੀ। ਰਾਜ ਦੇ ਸਾਰੇ ਸਰਕਾਰੀ, ਏਡਿਡ, ਮਾਨਤਾ ਪ੍ਰਾਪਤ ਤੇ ਨਿੱਜੀ ਸਕੂਲ 23 ਅਗਸਤ ਤੋਂ 26 ਅਗਸਤ ਤੱਕ ਬੰਦ ਰਹਿਣਗੇ। ਪੰਜਾਬ ਸਕੂਲ ਸਿੱਖਿਆ ਬੋਰਡ ਨੇ 24 ਤੇ 25 ਅਗਸਤ ਨੂੰ ਰੀਅਪੀਅਰ / ਕੰਪਾਰਟਮੈਂਟ ਪ੍ਰੀਖਿਆਵਾਂ ਅਗਲੇ ਨਿਰਣੇ ਤੱਕ ਮੁਲਤਵੀ ਕਰ ਦਿੱਤੀਆਂ ਹਨ। 30 ਅਗਸਤ ਨੂੰ ਰੱਖੜੀ ਦੇ ਤਿਉਹਾਰ ਕਾਰਨ ਦੋ ਘੰਟੇ ਦੀ ਛੁੱਟੀ ਹੈ, ਪ੍ਰੰਤੂ ਦੋ ਘੰਟੇ ਦੀ ਛੁੱਟੀ ਦੇ ਬਾਵਜੂਦ ਦਸਵੀਂ ਅਤੇ ਬਾਰ੍ਹਵੀਂ ਦੀ ਪ੍ਰੀਖਿਆ ਨਿਰਧਾਰਤ ਸਮੇਂ ਸਵੇਰੇ 10 ਵਜੇ ਹੀ ਸ਼ੁਰੂ ਹੋਵੇਗੀ।

## ਛੱਤ ਡਿੱਗਣ ਨਾਲ ਮਹਿਲਾ ਟੀਚਰ ਦੀ ਮੌਤ



**ਲੁਧਿਆਣਾ** : ਫਿਰੋਜ਼ਪੁਰ ਰੋਡ 'ਤੇ ਪੈਂਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਦੋਵਾਲ ਦੀ ਬੁੱਧਵਾਰ ਛੱਤ ਡਿੱਗਣ ਕਾਰਨ ਇਕ ਮਹਿਲਾ ਟੀਚਰ ਦੀ ਮੌਤ ਹੋ ਗਈ ਤੇ ਦੋ ਜ਼ਖਮੀ ਹੋ ਗਏ। ਇਹ ਟੀਚਰ ਉਸ ਵੇਲੇ ਸਟਾਫ ਰੂਮ 'ਚ ਬੈਠੇ ਹੋਏ ਸਨ। ਉਨ੍ਹਾਂ ਨੂੰ ਤੁਰੰਤ ਨਿੱਜੀ ਹਸਪਤਾਲ ਲਿਜਾਇਆ ਗਿਆ, ਜਿੱਥੇ ਰਵਿੰਦਰ ਕੌਰ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਡੀ ਐੱਸ ਪੀ ਦੀਪਕਰਨ ਸਿੰਘ ਤੂਰ ਨੇ ਦੱਸਿਆ ਕਿ ਦੂਜੇ ਦੋ ਟੀਚਰ ਖਤਰੇ ਤੋਂ ਬਾਹਰ ਹਨ।

## ਅੱਜ-ਨਾਮਾ

ਨਕਲਚੀ ਫੜੇ ਹਰਿਆਣੇ ਵਿੱਚ ਫੇਰ ਚੋਖੇ,
ਚੱਲ ਰਹੀ ਸੁਣੀ ਹੈ ਜਾਂਚ-ਪੜਤਾਲ ਬੇਲੀ।
ਟੈੱਸਟ ਦੂਜਿਆਂ ਦੀ ਥਾਂ ਸਨ ਕਰਨ ਜਾਂਦੇ,
ਕਮਾਉਂਦੇ ਲੱਖਾਂ ਦਾ ਸੁਣੇ ਨੇ ਮਾਲ ਬੇਲੀ।
ਕੇਰਲ, ਗੁਜਰਾਤ, ਬਿਹਾਰ ਦੇ ਤੱਕ ਜਾਂਦੇ,
ਮਤਲਬ ਸਿਰਫ ਆ ਪੈਸਿਆਂ ਨਾਲ ਬੇਲੀ।
ਅੱਠਾਂ ਸਾਲਾਂ ਤੋਂ ਗੈਂਗ ਸਰਗਰਮ ਸੁਣਿਆ,
ਸਾਰੇ ਈ ਦੇਸ਼ ਵਿੱਚ ਫੈਲਿਆ ਜਾਲ ਬੇਲੀ।
ਫੜੇ ਤਾਂ ਪੰਜ ਜਾਂ ਪੰਦਰਾਂ ਫਿਕਰ ਕੋਈ ਨਾ,
ਸੈਂਕੜੇ ਸ਼ੋਹਦੇ ਇਸ ਗੈਂਗ ਦੇ ਵਿੱਚ ਬੇਲੀ।
ਕਰੇ ਸਰਕਾਰ ਜੇ ਦਾਅਵਾ ਤਾਂ ਕਰੀ ਜਾਵੇ,
ਸ਼ੋਹਦੇ ਸਮਝਣ ਸਰਕਾਰਾਂ ਨੂੰ ਟਿੱਚ ਬੇਲੀ।

-ਤੀਸ ਮਾਰ ਖਾਂ

# ਸੀ ਪੀ ਆਈ ਰੁਜ਼ਗਾਰ ਪ੍ਰਾਪਤੀ ਤੇ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿੰਮ ਚਲਾਏਗੀ



**ਮਾਨਸਾ, (ਆਤਮਾ ਸਿੰਘ ਪਮਾਰ)**- 'ਹੜ੍ਹ ਪੀੜਤ ਲੋਕਾਂ ਨੂੰ ਰਾਹਤ ਦੇਣ ਲਈ 50 ਹਜ਼ਾਰ ਰੁਪਏ ਪ੍ਰਤੀ ਏਕੜ, ਇੱਕ ਲੱਖ ਰੁਪਏ ਮਰੇ ਪਸ਼ੂ ਲਈ, ਪੰਜ ਲੱਖ ਰੁਪਏ ਮਕਾਨ ਬਣਾਉਣ ਲਈ ਦਿੱਤੇ ਜਾਣ ਤੇ ਹੜ੍ਹ ਪੀੜਤ ਏਰੀਏ ਵਿੱਚ ਮਨਰੇਗਾ ਸਕੀਮ ਨੂੰ ਵਿਸ਼ੇਸ਼ ਰੂਪ 'ਚ ਲਾਗੂ ਕੀਤਾ ਜਾਵੇ।' ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਥਾਨਕ ਤੇਜਾ ਸਿੰਘ ਸੁਤੰਤਰ ਭਵਨ ਵਿਖੇ ਮਨਜੀਤ ਕੌਰ ਗਾਮੀਵਾਲਾ ਦੀ ਪ੍ਰਧਾਨਗੀ ਹੇਠ ਹੋਈ ਸੀ ਪੀ ਆਈ ਜ਼ਿਲ੍ਹਾ ਕੌਂਸਲ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ ਨੇ ਕੀਤਾ। ਉਨ੍ਹਾ ਕਿਹਾ ਕਿ ਬੀਤੇ ਦਿਨੀਂ ਸੰਗਰੂਰ ਵਿੱਚ ਆਪਣੀਆ ਮੰਗਾਂ ਲਈ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਕਿਸਾਨਾਂ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਤਸ਼ੱਦਦ ਨਾਲ ਜਮਹੂਰੀਅਤ ਦਾ ਘਾਣ ਹੋਇਆ ਹੈ।

ਉਹਨਾ ਕਿਹਾ ਕਿ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਰੁਝਾਨ ਤੇ ਲੁੱਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਪੰਜਾਬ ਦੀ ਮਾਨ ਸਰਕਾਰ ਤੇ ਪੰਜਾਬ ਪੁਲਸ ਸੰਜੀਦਾ ਨਜ਼ਰ ਨਹੀਂ ਆ ਰਹੀ ਤੇ ਸਮਾਜ ਵਿਰੋਧੀ ਅਨਸਰਾਂ ਦੇ ਹੌਸਲੇ ਬੁਲੰਦ ਹਨ। ਆਮ ਲੋਕਾ ਵਿੱਚ ਡਰ ਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਤੇ ਸੀਨੀਅਰ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਰੁਜ਼ਗਾਰ ਪ੍ਰਾਪਤੀ ਤੇ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਜਨਤਕ ਮੁਹਿੰਮ ਚਲਾਈ ਜਾਵੇਗੀ ਤੇ ਪਿੰਡ-ਪਿੰਡ ਜਨਤਕ ਮੀਟਿੰਗਾਂ ਤੇ ਜਲਸੇ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋ ਇਲਾਵਾ ਸੀਤਾ ਰਾਮ ਗੋਬਿੰਦਪੁਰਾ, ਦਲਜੀਤ ਮਾਨਸ਼ਾਹੀਆ, ਮਲਕੀਤ ਮੰਦਰਾਂ, ਰੂਪ ਸਿੰਘ ਢਿੱਲੋਂ, ਵੇਦ ਪ੍ਰਕਾਸ਼ ਬੁਢਲਾਡਾ, ਜੁਗਰਾਜ ਹੀਰਕੇ, ਕਰਨੈਲ ਭੀਖੀ, ਗੁਰਪਿਆਰ ਫੱਤਾ, ਸੁਖਰਾਜ ਜੋਗਾ, ਹਰਪਾਲ ਸਿੰਘ ਬੱਪੀਆਣਾ, ਕਪੂਰ ਸਿੰਘ, ਹਰਮੀਤ ਬੋੜ੍ਹਾਵਾਲ ਤੇ ਗੁਰਦਿਆਲ ਦਲੇਲ ਸਿੰਘ ਵਾਲਾ ਆਦਿ ਵੀ ਹਾਜ਼ਰ ਸਨ।

## ਬੋਰਡ ਪ੍ਰੀਖਿਆਵਾਂ ਸਾਲ 'ਚ ਦੋ ਵਾਰ

**ਨਵੀਂ ਦਿੱਲੀ** : ਕੇਂਦਰੀ ਸਿੱਖਿਆ ਮੰਤਰਾਲੇ ਨੇ ਬੁੱਧਵਾਰ ਦੱਸਿਆ ਕਿ ਨਵੀਂ ਸਿੱਖਿਆ ਨੀਤੀ ਅਨੁਸਾਰ ਨਵੇਂ ਪਾਠਕ੍ਰਮ ਦਾ ਢਾਂਚਾ ਤਿਆਰ ਕਰ ਲਿਆ ਗਿਆ ਹੈ ਤੇ ਸਾਲ 2024 ਦੇ ਅਕਾਦਮਿਕ ਸੈਸ਼ਨ ਲਈ ਇਸ ਤਹਿਤ ਹੀ ਪਾਠ ਪੁਸਤਕਾਂ ਤਿਆਰ ਕੀਤੀਆਂ ਜਾਣਗੀਆਂ। ਨਵੇਂ ਪਾਠਕ੍ਰਮ ਢਾਂਚੇ ਤਹਿਤ 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਦੋ ਭਾਸ਼ਾਵਾਂ ਦਾ ਅਧਿਐਨ ਕਰਨਾ ਹੋਵੇਗਾ, ਜਿਨ੍ਹਾਂ ਵਿੱਚੋਂ ਘੱਟੋ-ਘੱਟ ਇੱਕ ਭਾਰਤੀ ਹੋਣੀ ਚਾਹੀਦੀ ਹੈ।

ਮੰਤਰਾਲੇ ਦੇ ਨਵੇਂ ਕੋਰਸ ਢਾਂਚੇ ਤਹਿਤ ਬੋਰਡ ਪ੍ਰੀਖਿਆਵਾਂ ਸਾਲ 'ਚ ਦੋ ਵਾਰ ਹੋਣਗੀਆਂ ਤੇ ਵਿਦਿਆਰਥੀਆਂ ਨੂੰ ਵਧੀਆ ਅੰਕ ਰੱਖਣ ਦੀ ਇਜਾਜ਼ਤ ਦਿੱਤੀ ਜਾਵੇਗੀ। ਮੰਤਰਾਲੇ ਦੇ ਨਵੇਂ ਪਾਠਕ੍ਰਮ ਢਾਂਚੇ ਤਹਿਤ ਬੋਰਡ ਪ੍ਰੀਖਿਆਵਾਂ ਮਹੀਨਿਆਂ ਦੀ ਕੋਚਿੰਗ ਅਤੇ ਰੱਟੇ ਦੇ ਮੁਕਾਬਲੇ ਵਿਦਿਆਰਥੀਆਂ ਦੀ ਸਮਝ ਅਤੇ ਕੁਸ਼ਲਤਾ ਦੇ ਪੱਧਰ ਦਾ ਮੁਲਾਂਕਣ ਕਰਨਗੀਆਂ। ਮੰਤਰਾਲੇ ਦੇ ਨਵੇਂ ਪਾਠਕ੍ਰਮ ਢਾਂਚੇ ਤਹਿਤ 11ਵੀਂ ਅਤੇ 12ਵੀਂ ਜਮਾਤ ਦੇ ਵਿਸ਼ਿਆਂ ਦੀ ਚੋਣ 'ਸਟਰੀਮ' ਤੱਕ ਸੀਮਤ ਨਹੀਂ ਰਹੇਗੀ, ਵਿਦਿਆਰਥੀਆਂ ਨੂੰ ਆਪਣੀ ਪਸੰਦ ਦਾ ਵਿਸ਼ਾ ਚੁਣਨ ਦੀ ਆਜ਼ਾਦੀ ਮਿਲੇਗੀ।

CMYK

## 41 ਕਿੱਲੋ ਹੈਰੋਇਨ ਸਣੇ 3 ਫੜੇ

**ਅੰਮ੍ਰਿਤਸਰ** : ਪੰਜਾਬ ਪੁਲਸ ਦੇ ਸਪੈਸ਼ਲ ਟਾਸਕ ਫੋਰਸ ਵਿੰਗ ਨੇ ਪਾਕਿਸਤਾਨ ਤੋਂ ਰਾਵੀ ਦਰਿਆ ਰਸਤੇ ਭਾਰਤ ਭੇਜੀ 41 ਕਿੱਲੋ ਹੈਰੋਇਨ ਬਰਾਮਦ ਕੀਤੀ ਹੈ। ਇਸ ਸੰਬੰਧ ’ਚ ਆਗਿਆ ਪਾਲ ਸਿੰਘ, ਰਣਜੀਤ ਸਿੰਘ ਅਤੇ ਸੰਦੀਪ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ। ਐੱਸ ਟੀ ਐੱਫ ਦੇ ਏ ਆਈ ਜੀ ਮੁਖਤਾਰ ਰਾਏ ਨੇ ਦੱਸਿਆ ਕਿ ਇਹ ਹੈਰੋਇਨ ਦੀ ਖੇਪ ਛੇ ਦਿਨ ਪਹਿਲਾਂ ਰਾਵੀ ਦਰਿਆ ਰਸਤੇ ਰਮਦਾਸ ਇਲਾਕੇ ’ਚ ਪੁੱਜੀ ਸੀ। ਆਗਿਆ ਪਾਲ ਦੇ ਪਾਕਿਸਤਾਨੀ ਤਸਕਰਾਂ ਨਾਲ ਸੰਪਰਕ ਹਨ। ਉਸ ਦੇ ਸੰਬੰਧ ਪਾਕਿਸਤਾਨੀ ਖੁਫੀਆ ਏਜੰਸੀ ਨਾਲ ਵੀ ਹਨ, ਜਿਸ ਬਾਰੇ ਹੁਣ ਜਾਂਚ ਕੀਤੀ ਜਾਵੇਗੀ। ਨਸ਼ੀਲੇ ਪਦਾਰਥਾਂ ਦੀ ਇਸ ਖੇਪ ਨੂੰ ਡੰਗਰਾਂ ਦੀ ਹਵੇਲੀ ’ਚ ਇੱਟਾਂ ਦੇ ਫਰਸ਼ ਹੇਠ ਲੁਕਾਇਆ ਹੋਇਆ ਸੀ। ਬਰਾਮਦ ਹੈਰੋਇਨ ਦੀ ਕੀਮਤ ਕੌਮਾਂਤਰੀ ਬਾਜ਼ਾਰ ਵਿਚ 200 ਕਰੋੜ ਰੁਪਏ ਤੋਂ ਵੱਧ ਦੱਸੀ ਗਈ ਹੈ।

## ਬਲਵਿੰਦਰ ਸਿੰਘ ਕਲਸੀ ਦੀ ਨਿਯੁਕਤੀ ਨਾਲ ਜਥੇਬੰਦੀ ਹੋਰ ਮਜ਼ਬੂਤ ਹੋਵੇਗੀ : ਰਾਮਗੜ੍ਹੀਆ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਦੀ ਸਰਪ੍ਰਸਤੀ ਹੇਠ ਮਹਾਨ ਸਿੱਖ ਜਰਨੈਲ ਸ: ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਹਾੜੇ ਨੂੰ ਸਮਰਪਤ ਪੰਜਾਬ ਭਰ ’ਚ ਵਿਸ਼ਾਲ ਖ਼ੂਨਦਾਨ ਕੈਂਪ ਹਰੇਕ ਮਹੀਨੇ ਦੀ ਪੰਜ ਤਰੀਕ ਨੂੰ ਪੜਾਅ ਵਾਰ ਪੰਜਾਬ ਦੇ ਹਰ ਜ਼ਿਲ੍ਹੇ ’ਚ ਲਗਾਏ ਜਾ ਰਹੇ, ਜਿਨ੍ਹਾਂ ਦੀ ਸਮਾਪਤੀ ਸਮੇਂ ਜਥੇਬੰਦੀ ਵੱਲੋਂ 31 ਦਸੰਬਰ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਿਖੇ ਰਾਮਗੜ੍ਹੀਆ ਭਾਈਚਾਰੇ ਦਾ ਵਿਸ਼ਾਲ ਇਕੱਠ ਕੀਤਾ ਜਾਵੇਗਾ। ਇਹ ਜਾਣਕਾਰੀ ਜਥੇਬੰਦੀ ਦੇ ਹਲਕਾ ਮਹਿਲ ਕਲਾਂ ਦੇ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ ਨੇ ਇਥੇ ਦਿੱਤੀ। ਉਨ੍ਹਾਂ ਕਿਹਾ ਕਿ ਜਥੇਬੰਦੀ ਦੇ ਸੂਬਾਈ ਪ੍ਰਧਾਨ ਵਜੋਂ ਬਲਵਿੰਦਰ ਸਿੰਘ ਕਲਸੀ ਦੀ ਨਿਯੁਕਤੀ ਨਾਲ ਪੰਜਾਬ ਭਰ ’ਚ ਜਥੇਬੰਦੀ ਹੋਰ ਵਧੇਰੇ ਮਜ਼ਬੂਤ ਹੋਵੇਗੀ । ਸਮੁੱਚੀ ਜਥੇਬੰਦੀ ਉਨ੍ਹਾ ਨੂੰ ਭਰਵਾਂ ਸਹਿਯੋਗ ਦੇਵੇਗੀ। ਇਸ ਮੌਕੇ ਹਲਕਾ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਵਾਇਸ ਚੇਅਰਮੈਨ ਜਰਨੈਲ ਸਿੰਘ ਮਠਾੜੂ, ਸੀਨੀਅਰ ਮੀਤ ਪ੍ਰਧਾਨ ਨਰਿੰਦਰ ਸਿੰਘ ਸੋਹਲ, ਮੀਤ ਪ੍ਰਧਾਨ ਬਾਬਾ ਬੁੱਧ ਸਿੰਘ ਕਲਸੀ, ਸਹਾਇਕ ਸਕੱਤਰ ਭਰਪੂਰ ਸਿੰਘ ਜਗਦੇ, ਪ੍ਰੈਸ ਸਕੱਤਰ ਜਸਪ੍ਰੀਤ ਸਿੰਘ ਧੰਜਲ, ਗੁਰਤੇਜ ਸਿੰਘ, ਗੁਰਮੀਤ ਸਿੰਘ ਛੀਨੀਵਾਲ, ਹਰਭਜਨ ਸਿੰਘ ਸਹੌਰ, ਸਤਵੰਤ ਸਿੰਘ ਹਮੀਦੀ ਆਦਿ ਆਗੂਆਂ ਨੇ ਸੂਬਾਈ ਪ੍ਰਧਾਨ ਸਿੰਘ ਕਲਸੀ ਦੀ ਨਿਯੁਕਤੀ ਉਪਰ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।

## ਮੁੱਖ ਮੰਤਰੀ ਵੱਲੋਂ ਫਾਜ਼ਿਲਕਾ ਜ਼ਿਲ੍ਹੇ ਲਈ 8.77 ਕਰੋੜ ਰੁਪਏ ਜਾਰੀ : ਸਵਨਾ

**ਫਾਜ਼ਿਲਕਾ, (ਕ੍ਰਿਸ਼ਨ ਸਿੰਘ)**-ਫਾਜ਼ਿਲਕਾ ਦੇ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਜਾਣਕਾਰੀ ਦਿੱਤੀ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੜ੍ਹਾਂ ਕਾਰਨ ਫਾਜ਼ਿਲਕਾ ਜ਼ਿਲ੍ਹੇ ਦੇ ਕਿਸਾਨਾਂ ਦੀ ਫਸਲ ਦੇ ਨੁਕਸਾਨ ਦੀ ਭਰਪਾਈ ਲਈ 8 ਕਰੋੜ 77 ਲੱਖ 6,400 ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ। ਉਨ੍ਹਾ ਦੱਸਿਆ ਕਿ ਕੁਦਰਤੀ ਆਫਤ ਰਾਹਤ ਫੰਡ ਵਿਚੋਂ ਫਸਲਾਂ ਦੇ ਹੋਏ ਨੁਕਸਾਨ ਦੀ ਰਾਹਤ ਦੇਣ ਲਈ ਅਗੇਤੇ ਫੰਡ ਜਾਰੀ ਕੀਤੇ ਗਏ ਹਨ। ਵਿਧਾਇਕ ਸਵਨਾ ਨੇ ਇਸ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਮਾਲ, ਮੁੜ ਵਸੇਬਾ ਤੇ ਆਫਤ ਪ੍ਰਬੰਧਨ ਮੰਤਰੀ ਬ੍ਰਮ ਸ਼ੰਕਰ ਜਿੰਪਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਲ੍ਹੇ ਦੇ ਸਾਰੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਵਿਸ਼ੇਸ਼ ਗਿਰਦਾਵਰੀ ਕਰਵਾਈ ਜਾ ਰਹੀ ਹੈ। ਉਨ੍ਹਾ ਅੱਗੇ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਤੋਂ ਪੀੜਤ ਲੋਕਾਂ ਨੂੰ ਮੁਆਵਜ਼ਾ ਦੇਣ ਲਈ ਵਚਨਬੱਧ ਹੈ ਅਤੇ ਸਰਕਾਰ ਕੋਲ ਇਸ ਮਨੋਰਥ ਲਈ ਫੰਡਾਂ ਦੀ ਕੋਈ ਘਾਟ ਨਹੀਂ। ਸਵਨਾ ਨੇ ਕਿਹਾ ਕਿ ਕਿਸਾਨਾਂ ਅਤੇ ਬਾਕੀ ਪ੍ਰਭਾਵਤ ਲੋਕਾਂ ਨੂੰ ਰਾਹਤ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਤੋਂ ਪਹਿਲਾਂ ਫਾਜ਼ਿਲਕਾ ਜ਼ਿਲ੍ਹੇ ਦੇ ਜਿਨ੍ਹਾਂ ਲੋਕਾਂ ਦੇ ਘਰ ਪਿਛਲੇ ਹੜ੍ਹ ਵਿਚ ਡਿੱਗੇ ਸਨ ਉਨ੍ਹਾਂ ਨੂੰ ਮੁਆਵਜ਼ੇ ਦੀ ਰਕਮ ਪਹਿਲਾਂ ਹੀ ਉਨ੍ਹਾਂ ਦੇ ਖਾਤਿਆਂ ਵਿਚ ਭੇਜ ਦਿੱਤੀ ਗਈ ਹੈ।

## ਪੰਜਾਬ ਸਰਕਾਰ ਖਿਲਾਫ ਸ਼੍ਰੋਮਣੀ ਅਕਾਲੀ ਦਲ ਦਾ ਧਰਨਾ ਅੱਜ

**ਸਰਦੂਲਗੜ੍ਹ (ਅਵਤਾਰ ਜਟਾਣਾ)**-24 ਅਗਸਤ ਦਿਨ ਵੀਰਵਾਰ ਨੂੰ ਸਵੇਰੇ 9 ਵਜੇ ਅਨਾਜ ਮੰਡੀ ਸਰਦੂਲਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ, ਬੀਬਾ ਹਰਸਿਮਰਤ ਕੌਰ ਬਾਦਲ ਮੈਂਬਰ ਪਾਰਲੀਮੈਂਟ ਸਾਬਕਾ ਕੇਂਦਰੀ ਮੰਤਰੀ , ਬਲਵਿੰਦਰ ਸਿੰਘ ਭੂੰਦੜ ਸਕੱਤਰ ਜਨਰਲ ਸ਼੍ਰੋਮਣੀ ਅਕਾਲੀ ਦਲ ਤੇ ਦਿਲਰਾਜ ਸਿੰਘ ਭੂੰਦੜ ਸਾਬਕਾ ਵਿਧਾਇਕ ਦੀ ਅਗਵਾਈ ’ਚ ਸ਼੍ਰੋਮਣੀ ਅਕਾਲੀ ਦਲ ਹਲਕਾ ਸਰਦੂਲਗੜ੍ਹ ਦੇ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਆਪਣੇ ਇਲਾਕੇ ਦੇ ਕਿਸਾਨ ਤੇ ਮਜ਼ਦੂਰ ਭਰਾਵਾਂ ਦੇ ਹੜ੍ਹਾਂ, ਗੁਲਾਬੀ ਸੁੰਡੀ, ਗੜਿਆਂ ਤੇ ਮੀਂਹ ਦੀ ਮਾਰ ਦੌਰਾਨ ਹੋਏ ਨੁਕਸਾਨ ਦੇ ਮੁਆਵਜ਼ੇ ਦੀ ਮੰਗ ਦੇ ਨਾਲ ਪੰਜਾਬ ਵਿੱਚ ਨਸ਼ਿਆਂ ਦੀ ਰੋਕਥਾਮ, ਕਾਨੂੰਨ ਵਿਵਸਥਾ ਗੜਬੜਾ ਚੁੱਕੀ ਹੈ, ਦੇ ਲਈ ਪੰਜਾਬ ਸਰਕਾਰ ਵਿਰੁੱਧ ਧਰਨਾ ਦਿੱਤਾ ਜਾਵੇਗਾ।

## ਐੱਨ ਸੀ ਸੀ ਵਲੰਟੀਅਰਜ਼ ਦਾ ‘ਬੇਟੀ ਬਚਾਓ ਬੇਟੀ ਪੜ੍ਹਾਓ’ ਪ੍ਰੋਗਰਾਮ ’ਚ ਵਡਮੁੱਲਾ ਸਹਿਯੋਗ




**ਲੌਂਗੋਵਾਲ, (ਪ੍ਰਦੀਪ ਸਿੰਘ ਸੱਪਲ , ਕੁਲਦੀਪ ਅੱਤਰੀ)**- ਐੱਨ.ਸੀ.ਸੀ. ਦੇ ਸੀ.ਓ. ਦੇ ਨਿਰਦੇਸ਼ਾਂ ਅਨੁਸਾਰ ਸ਼ਹੀਦ ਸਿਪਾਹੀ ਦਰਸ਼ਨ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰੋਂ ਦੇ ਪ੍ਰਿੰਸੀਪਲ ਡਾ. ਓਮ ਪ੍ਰਕਾਸ਼ ਸੇਤੀਆ ਅਤੇ ਯਾਦਵਿੰਦਰ ਸਿੰਘ ਦੀ ਅਗਵਾਈ ਹੇਠ ਐਨ.ਸੀ.ਸੀ. ਵਲੰਟੀਅਰਜ਼ ਵੱਲੋਂ ਬੇਟੀ ਬਚਾਓ ਬੇਟੀ ਪੜ੍ਹਾਓ ਦੇ ਪ੍ਰੋਗਰਾਮ ਨੂੰ ਵਧੀਆ ਢੰਗ ਨਾਲ ਨੇਪਰੇ ਚੜ੍ਹਾਇਆ। ਯਾਦਵਿੰਦਰ ਸਿੰਘ (ਕੰਪਿਊਟਰ ਫੈਕਲਟੀ), ਕ੍ਰਿਸ਼ਨਾ ਦੇਵੀ ਹਿੰਦੀ ਮਿਸਟਰਸ, ਅਮਨਜੋਤ ਕੌਰ ਸਾਇੰਸ ਮਿਸਟਰਸ ਨੇ ਵਿਦਿਆਰਥੀਆਂ ਨੂੰ ਇਸਤਰੀਆਂ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਯਾਦਵਿੰਦਰ ਸਿੰਘ ਨੇ ਵੱਖ-ਵੱਖ ਅਹੁਦਿਆਂ ’ਤੇ ਬਿਰਾਜਮਾਨ ਔਰਤਾਂ ਦੇ ਜੀਵਨ ਬਾਰੇ ਜਾਣਕਾਰੀ ਦਿੱਤੀ। ਐਨ. ਸੀ. ਸੀ ਵਲੰਟੀਅਰਜ਼ ਨੇ ਲੇਖ ਮੁਕਾਬਲੇ ਅਤੇ ਭਾਸ਼ਣ ਮੁਕਾਬਲੇ ਵਿੱਚ ਭਾਗ ਲਿਆ ਅਤੇ ਵੱਖ-ਵੱਖ ਪੁਜੀਸ਼ਨਾਂ ਹਾਸਲ ਕੀਤੀਆਂ।

## ਦਿੱਲੀ ਵਿਖੇ ਵਿਸ਼ਾਲ ਕਨਵੈਨਸ਼ਨ ਅੱਜ

**ਧੂਰੀ ( ਸੁਖਦੇਵ ਧੂਰੀ )** ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ ’ਤੇ 24 ਅਗਸਤ ਨੂੰ ਦਿੱਲੀ ਵਿਖੇ ਕੀਤੀ ਜਾ ਰਹੀ ਵਿਸ਼ਾਲ ਕਨਵੈਨਸ਼ਨ ਵਿੱਚ ਧੂਰੀ ਇਲਾਕੇ ਤੋਂ ਏਟਕ ਦੇ ਵਰਕਿੰਗ ਪ੍ਰਧਾਨ ਕਾਮਰੇਡ ਸੁਖਦੇਵ ਸ਼ਰਮਾ ਦੀ ਅਗਵਾਈ ਵਿੱਚ ਧੂਰੀ ਤੋਂ ਜਾ ਰਹੇ ਕਾਫਲੇ ਨੂੰ ਸਥਾਨਕ ਰੇਲਵੇ ਸਟੇਸ਼ਨ ਵਿਖੇ ਇਨਕਲਾਬੀ ਨਾਹਰਿਆਂ ਦੀ ਗੂੰਜ ਨਾਲ ਵਿਦਾ ਕੀਤਾ ਗਿਆ। ਦਿੱਲੀ ਦੀ ਕਨਵੈਨਸ਼ਨ ਮੁੱਖ ਤੌਰ ’ਤੇ ਪਬਲਿਕ ਸੈਕਟਰ ਨੂੰ ਬਚਾਉਣ, ਕੱਚੇ ਕਾਮਿਆਂ ਨੂੰ ਪੱਕੇ ਕਰਾਉਣ, ਵਧ ਰਹੀ ਮਹਿੰਗਾਈ ਨੂੰ ਨੱਥ ਪਾਉਣ, ਗੈਰ ਜਥੇਬੰਦ ਕਿਰਤੀਆਂ ਲਈ ਕਿਰਤ ਕਾਨੂੰਨ ਬਣਾਉਣ, ਸਾਰੀਆਂ ਫਸਲਾਂ ’ਤੇ ਐਮ ਐਸ ਪੀ ਦੇਣ ਦੇ ਨਾਲ ਨਾਲ ਦੇਸ਼ ਵਿੱਚ ਵਧ ਰਹੀ ਫਿਰਕਾਪ੍ਰਸਤੀ ਨੂੰ ਕਾਬੂ ਕਰਨ ਲਈ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਾਰੇ ਫਰੰਟਾਂ ’ਤੇ ਸਰਕਾਰ ਦੀ ਨਾਕਾਮੀ ਵਿਰੁੱਧ ਲਾਮਬੰਦੀ ਇਸ ਕਨਵੈਨਸ਼ਨ ਦਾ ਮੁੱਖ ਮੰਤਵ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਲੀਲਾ ਖਾਂ, ਗੁਰਮੇਲ ਸਿੰਘ ਘਨੌਰੀ, ਖੁਸ਼ੀਆ ਸਿੰਘ ਬਰਨਾਲਾ, ਜਗਤਾਰ ਸਿੰਘ ਬਿਜਲੀ ਬੋਰਡ, ਸੁਰਜੀਤ ਸਿੰਘ ਵੜੈਚ, ਇੰਦਰ ਸਿੰਘ ਸਮੇਤ ਅਨੇਕਾਂ ਔਰਤ ਆਗੂ ਹਾਜ਼ਰ ਸਨ।

## ਤੀਜਾ ਹਿੱਸਾ ਪੰਜਾਬ ਪਾਣੀ ’ਚ ਡੁੱਬਿਆ, 186 ਕਰੋੜ ਮਾਮੂਲੀ ਰਕਮ : ਹਨੀ ਫੱਤਣਵਾਲਾ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਤੀਜਾ ਹਿੱਸਾ ਪੰਜਾਬ ਪਾਣੀ ਵਿੱਚ ਡੁੱਬਿਆ ਪਿਆ ਹੈ ਤੇ ਮੁੱਖ ਮੰਤਰੀ ਵੱਲੋਂ ਜੋ ਕਿਸਾਨਾਂ ਤੇ ਮਜ਼ਦੂਰਾਂ ਨੂੰ ਰਾਹਤ ਦੇਣ ਲਈ 186 ਕਰੋੜ ਦਾ ਫੰਡ ਜਾਰੀ ਕੀਤਾ ਹੈ, ਉਹ ਐਨੇ ਵੱਡੇ ਨੁਕਸਾਨ ਲਈ ਬਹੁਤ ਹੀ ਮਾਮੂਲੀ ਰਕਮ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਆਪਣੇ ਗ੍ਰਹਿ ਫੱਤਣਵਾਲਾ ਨਿਵਾਸ ਵਿਖੇ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਐਨਾ ਲਾਪ੍ਰਵਾਹ ਮੁੱਖ ਮੰਤਰੀ ਅੱਜ ਤੱਕ ਨਹੀਂ ਵੇਖਿਆ। ਹਨੀ ਫੱਤਣਵਾਲਾ ਨੇ ਕਿਹਾ ਕਿ ਹੜ੍ਹਾਂ ਨੇ ਪੰਜਾਬ ਵਿੱਚ ਵੱਡੀ ਤਬਾਹੀ ਮਚਾਈ ਹੋਈ ਹੈ ਤੇ ਭਗਵੰਤ ਮਾਨ ਗੂੜ੍ਹੀ ਨੀਂਦ ਸੁੱਤੇ ਹੋਏ ਹਨ ਤੇ ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਦਾ ਕੋਈ ਫ਼ਿਕਰ ਨਹੀਂ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮੰਤਰੀ ਪੰਜਾਬ ਦੇ ਲੋਕਾਂ ਨੂੰ ਕੁਦਰਤ ਦੇ ਸਹਾਰੇ ਛੱਡ ਕੇ ਆਪ ਜਹਾਜ਼ ਲੈ ਕੇ ਹੋਰ ਸੂਬਿਆਂ ਵਿੱਚ ਕੇਜਰੀਵਾਲ ਨਾਲ ਆਪਣੀ ਪਾਰਟੀ ਦਾ ਪ੍ਰਚਾਰ ਕਰ ਰਿਹਾ ਹੈ।

## ਜੀਓ ਕੰਪਨੀ ਨੇ ਫਾਈਵ ਜੀ ਨੈੱਟਵਰਕ ਲਾਂਚ ਕੀਤਾ

**ਸਮਰਾਲਾ, (ਸੁਰਜੀਤ ਸਿੰਘ)** ਜੀਓ ਦੇ ਦਫ਼ਤਰ ਵਿੱਚ ਕੰਪਨੀ ਨੇ ਜੀਉ ਫਾਈਵ ਨੈਟਵਰਕ ਲਈ ਸਮੂਹ ਦੁਕਾਨਦਾਰ ਦੀ ਮੀਟਿੰਗ ਕੀਤੀ, ਜਿਸ ਵਿੱਚ ਵਿਸ਼ੇਸ਼ ਤੌਰ ’ਤੇ ਕੌਂਸਲਰ ਸੰਨੀ ਦੂਆ ਪ੍ਰਧਾਨ ਟੈਲੀਕਾਮ ਯੂਨੀਅਨ ਨੇ ਰੀਬਨ ਅਤੇ ਕੇਕ ਕੱਟਣ ਦੀ ਰਸਮ ਅਦਾ ਕੀਤੀ। ਸ਼ਹਿਰ ਤੇ ਪੇਂਡੂ ਖੇਤਰ ਵਿੱਚ ਜੀਓ ਫਾਈਵ ਨੈਟਵਰਕ ਨੂੰ ਲਾਂਚ ਕੀਤਾ ਗਿਆ। ਇਸ ਮੌਕੇ ਜੀਓ ਕੰਪਨੀ ਪੰਜਾਬ ਸਟੇਟ ਦੇ ਹੈਡ ਉਜਲ ਮੌਡਲ ਨੇ ਦੱਸਿਆ ਕਿ ਸ਼ਹਿਰ ਵਿੱਚ ਤੇ ਨਾਲ ਦੇ ਪਿੰਡਾਂ ਵਿੱਚ ਜੀਓ ਫਾਈਵ ਨੈੱਟਵਰਕ ਚਾਲੂ ਕਰ ਦਿੱਤਾ ਹੈ, ਜੋ ਫਾਈਵ ਨੈਟਵਰਕ ਬਿਲਕੁਲ ਫ੍ਰੀ ਹੈ।



## ਤੀਆਂ ਦਾ ਤਿਉਹਾਰ ਮਨਾਇਆ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਲੀਹਲ ਫਾਰਮ ਹਾਊਸ ਵਿਚ ਔਰਤਾਂ ਤੇ ਮੁਟਿਆਰਾਂ ਵਲੋਂ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਔਰਤਾਂ ਤੇ ਨਵ-ਵਿਆਹੁਤਾ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਦਿਆਂ ਬੋਲੀਆਂ ਪਾ ਕੇ ਗਿੱਧੇ ਦੀ ਪੇਸ਼ਕਾਰੀ ਦਿੱਤੀ।



## ਭਾਸ਼ਾ ਵਿਭਾਗ ਵੱਲੋਂ ਡਾਇਟ ਵਿਖੇ ਜ਼ਿਲ੍ਹਾ ਪੱਧਰੀ ਕੁਇੱਜ਼ ਮੁਕਾਬਲਾ



**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**- ਭਾਸ਼ਾ ਵਿਭਾਗ ਵੱਲੋਂ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ (ਡਾਇਟ) ਵਿਖੇ ਜ਼ਿਲ੍ਹਾ ਪੱਧਰੀ ਕੁਇਜ਼ ਮੁਕਾਬਲਾ ਕਰਵਾਇਆ ਗਿਆ ਜਿਸ ਵਿੱਚ ਜੀਸਸ ਸੇਵੀਅਰਜ਼ ਸਕੂਲ, ਗੋਬਿੰਦਗੜ੍ਹ ਪਬਲਿਕ ਸਕੂਲ, ਸਰਕਾਰੀ ਸੀ. ਸੈ ਸਕੂਲ ਕੋਟਲਾ ਬਜਵਾੜਾ, ਸਰਕਾਰੀ ਕੰਨਿਆ ਸੀ. ਸੈ ਸਕੂਲ ਬੱਸੀ ਪਠਾਣਾਂ, ਸਰਕਾਰੀ ਕੰਨਿਆ ਸੀ. ਸੈ ਸਕੂਲ ਮੰਡੀ ਗੋਬਿੰਦਗੜ੍ਹ, ਸਰਕਾਰੀ ਮਿਡਲ ਸਕੂਲ ਆਦਮਪੁਰ, ਬਾਬਾ ਜ਼ੋਰਾਵਰ ਸਿੰਘ ਬਾਬਾ ਫ਼ਤਹਿ ਸਿੰਘ ਸੀ. ਸੈ.ਸਕੂਲ, ਅਸ਼ੋਕਾ ਪਬਲਿਕ ਸਕੂਲ ਸਰਹਿੰਦ, ਸਰਕਾਰੀ ਸੀ.ਸੈ.ਸਕੂਲ ਮੂਲੇਪੁਰ, ਮਾਘੀ ਮੈਮੋਰੀਅਲ ਸੀ. ਸ ਸਕੂਲ ਅਮਲੋਹ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।

ਇਸ ਮੁਕਾਬਲੇ ਦੇ ਵਰਗ ੳ ਵਿੱਚ ਸਰਕਾਰੀ ਮਿਡਲ ਸਕੂਲ ਆਦਮਪੁਰ ਦੀ ਵਿਦਿਆਰਥਣ ਗੁਰਨਾਜ਼ ਨੇ ਪਹਿਲਾ ਅਤੇ ਸਾਨਿਆ ਨੇ ਤੀਜਾ ਸਥਾਨ ਹਾਸਲ ਕੀਤਾ ਜਦੋਂ ਕਿ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਸੀਨੀਅਰ ਸੈਕੰਡਰੀ ਸਕੂਲ ਦਾ ਵਿਦਿਆਰਥੀ ਜਪਜੋਤ ਸਿੰਘ ਤੀਜੇ ਸਥਾਨ ’ਤੇ ਰਿਹਾ। ਵਰਗ ਅ ਵਿੱਚ ਪਹਿਲਾ ਲਵਪ੍ਰੀਤ ਕੌਰ ਸਰਕਾਰੀ ਸੀ ਸੈ. ਸਕੂਲ ਮੂਲੇਪੁਰ, ਦੂਜਾ ਸੋਨੀ ਸਰਕਾਰੀ ਕੰਨਿਆਂ ਸੀ. ਸੈ ਸਕੂਲ ਮੰਡੀਗੋਬਿੰਦਗੜ੍ਹ ਤੀਜਾ ਸਥਾਨ ਜਸਮਨਜੋਤ ਸਿੰਘ ਜੀਸਸ ਸੇਵੀਅਰਜ਼ ਸਕੂਲ ਸਰਹਿੰਦ ਦੇ ਵਿਦਿਆਰਥੀਆਂ ਨੇ ਹਾਸਲ ਕੀਤਾ। ਵਰਗ ੲ ਵਿੱਚ ਪਹਿਲਾ ਸਥਾਨ ਜਸਮੀਨ ਕੌਰ ਮਾਤਾ ਗੁਜਰੀ ਕਾਲਜ, ਦੂਜਾ ਸਿਮਰਨਜੀਤ ਕੌਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਅਤੇ ਤੀਜਾ ਸਥਾਨ ਜਸਪ੍ਰੀਤ ਕੌਰ ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਨੇ ਹਾਸਲ ਕੀਤਾ। ਮੁਕਾਬਲੇ ਦੇ ਅੰਤ ’ਚ ਜ਼ਿਲ੍ਹਾ ਭਾਸ਼ਾ ਅਫ਼ਸਰ ਜਗਜੀਤ ਸਿੰਘ ਨੇ ਆਏ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਵਿਭਾਗ ਦੀਆਂ ਗਤੀਵਿਧੀਆਂ ਦੀ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਰਕਾਰੀ ਮਿਡਲ ਸਕੂਲ ਆਦਮਪੁਰ ਦੀ ਪ੍ਰਿੰਸੀਪਲ ਕੁਲਦੀਪ ਕੌਰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

## ਸਹੁਰਿਆਂ ਵੱਲੋਂ ਸਤਾਈ ਧੀ ਨੂੰ ਇਨਸਾਫ਼ ਦਿਵਾਉਣ ਲਈ ਪੱਤਰਕਾਰ ਪਿਤਾ ਨੂੰ ਦੇਣੀ ਪਈ ਕੁਰਬਾਨੀ



**ਤਲਵੰਡੀ ਸਾਬੋ, (ਜਗਦੀਪ ਗਿੱਲ)**-ਵਿਆਹੁਤਾ ਧੀ ਦੇ ਪਤੀ ਸਮੇਤ ਉਸ ਦੇ ਰਿਸ਼ਤੇਦਾਰਾਂ ਵੱਲੋਂ ਆਪਣੀ ਧੀ ਨੂੰ ਤੰਗ-ਪ੍ਰੇਸ਼ਾਨ ਕਰਨ ਅਤੇ ਕਿਤਿਓਂ ਵੀ ਇਨਸਾਫ ਦੀ ਕਿਰਨ ਦਿਖਾਈ ਨਾ ਦੇਣ ਤੋਂ ਦੁਖੀ ਇੱਕ ਪੱਤਰਕਾਰ ਪਿਤਾ ਵੱਲੋਂ ਖ਼ੁਦਕੁਸ਼ੀ ਨੋਟ ਲਿਖ ਕੇ ਆਤਮ-ਹੱਤਿਆ ਕਰਨ ਬਾਅਦ ਪੁਲਸ ਨੇ ਖ਼ੁਦਕੁਸ਼ੀ ਨੋਟ ਅਤੇ ਮ੍ਰਿਤਕ ਦੇ ਬੇਟੇ ਅਮਰਿੰਦਰ ਸਿੰਘ ਦੇ ਬਿਆਨਾਂ ਦੇ ਅਧਾਰ ’ਤੇ ਚਾਰ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਕੇ ਦੋ ਮਰਦਾਂ ਅਤੇ ਇੱਕ ਔਰਤ ਨੂੰ ਗ੍ਰਿਫਤਾਰ ਕਰ ਲਿਆ ਹੈ।

ਪੁਲਸ ਵੱਲੋਂ ਦਰਜ ਮੁਕੱਦਮੇ ਅਤੇ ਮ੍ਰਿਤਕ ਦੇ ਖ਼ੁਦਕੁਸ਼ੀ ਨੋਟ ਅਨੁਸਾਰ ਉਸ ਦੀ ਵੱਡੀ ਬੇਟੀ ਰੁਪਿੰਦਰ ਕੌਰ (ਜ਼ੀਰਕਪੁਰ) ਵਾਸੀ ਵਿਸ਼ਾਲ ਅਰੋੜਾ ਨਾਲ ਸ਼ਾਦੀਸ਼ੁਦਾ ਸੀ। ਉਕਤ ਵਿਸ਼ਾਲ ਅਰੋੜਾ ਕਿਸੇ ਹੋਰ ਲੜਕੀ ਨਾਲ ਵੀ ਕਥਿਤ ਨਜਾਇਜ਼ ਸੰਬੰਧ ਰੱਖਦਾ ਸੀ ਅਤੇ ਉਕਤ ਲੜਕੀ ਨਾਲ ਸ਼ਾਦੀ ਕਰਵਾਉਣ ਦੇ ਚੱਕਰ ਵਿੱਚ ਰੁਪਿੰਦਰ ਕੌਰ ਨੂੰ ਤੰਗ-ਪ੍ਰੇਸ਼ਾਨ ਕਰਦਾ ਸੀ ਅਤੇ ਉਸ ਦੇ ਇਸ ਇਰਾਦੇ ਨੂੰ ਸਫ਼ਲ ਕਰਨ ਲਈ ਵਿਸ਼ਾਲ ਅਰੋੜਾ ਦੀ ਭੈਣ ਚਾਂਦ ਅਰੋੜਾ, ਭਣੋਈਆ ਅਭਿਸ਼ੇਕ ਸਿੰਗਲਾ ਅਤੇ ਨੀਲਮ ਅਰੋੜਾ ਵਿਸ਼ਾਲ ਦਾ ਸਾਥ ਦਿੰਦੇ ਸਨ ਅਤੇ ਰੁਪਿੰਦਰ ਕੌਰ ਨੂੰ ਤੰਗ-ਪ੍ਰੇਸ਼ਾਨ ਕਰਦੇ ਸਨ। ਵਿਸ਼ਾਲ ਅਰੋੜਾ ਨਾਲ ਵਿਆਹ ਦੇ ਸੁਪਨੇ ਦੇਖ ਰਹੀ ਦੀਪ ਸ਼ਿਖਾ ਨਾਂਅ ਦੀ ਲੜਕੀ ਦਾ ਵੀ ਮ੍ਰਿਤਕ ਨੇ ਆਪਣੇ ਖ਼ੁਦਕੁਸ਼ੀ ਨੋਟ ਵਿੱਚ ਜ਼ਿਕਰ ਕੀਤਾ ਹੈ। ਦੱਸਣਯੋਗ ਹੈ ਕਿ ਨਿਧੜਕ ਅਤੇ ਇਮਾਨਦਾਰ ਪੱਤਰਕਾਰ ਜਗਦੀਪ ਕੋਮਲ ਉਕਤ ਮਾਮਲੇ ਤੋਂ ਦੁਖੀ ਹੋ ਕੇ ਬੀਤੇ ਐਤਵਾਰ ਵਾਲੀ ਸ਼ਾਮ ਨੂੰ ਆਪਣੇ ਘਰ ਪਿੰਡ ਗੋਲੇਵਾਲਾ ਜ਼ਿਲ੍ਹਾ ਬਠਿੰਡਾ ਵਿਖੇ ਫਾਹਾ ਲਾ ਕੇ ਆਪਣੇ ਹਿਤੈਸ਼ੀਆਂ ਅਤੇ ਰਿਸ਼ਤੇਦਾਰਾਂ ਨੂੰ ਅਲਵਿਦਾ ਆਖ ਗਿਆ ਸੀ। ਮ੍ਰਿਤਕ ਕੋਮਲ ਪਿਛਲੇ ਲੰਮੇ ਸਮੇਂ ਤੋਂ ਜਿੱਥੇ ਪੱਤਰਕਾਰਤਾ ਰਾਹੀਂ ਲੋਕ ਆਵਾਜ਼ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੇ ਅਹਿਮ ਕਾਰਕੁਨ ਵਜੋਂ ਆਪਣੀਆਂ ਵੱਡਮੁਲੀਆਂ ਸੇਵਾਵਾਂ ਪ੍ਰਦਾਨ ਕਰ ਰਿਹਾ ਸੀ, ਉੱਥੇ ਉਹ ਇੱਕ ਵਧੀਆ ਗਾਇਕ, ਗੀਤਕਾਰ, ਕਵੀਸ਼ਰ ਅਤੇ ਸਿਰੇ ਦਾ ਪਸ਼ੂ ਚਕਿਤਸਕ ਵੀ ਸੀ। ਖ਼ੁਦਕੁਸ਼ੀ ਨੋਟ ਵਿੱਚ ਉਸ ਨੇ ਸਪੱਸ਼ਟ ਕੀਤਾ ਹੈ ਕਿ ਸਹੁਰਿਆਂ ਦੀ ਸਤਾਈ ਹੋਈ ਧੀ ਨੂੰ ਜਦੋਂ ਕਿਸੇ ਪਾਸਿਓਂ ਇਨਸਾਫ ਨਾ ਮਿਲਿਆ ਤਾਂ ਉਸ ਨੇ ਮੌਤ ਨੂੰ ਗਲੇ ਲਾ ਲਿਆ।

ਜਗਦੀਪ ਕੋਮਲ ਵੱਲੋਂ ਇਸ ਤਰ੍ਹਾਂ ਆਤਮ ਹੱਤਿਆ ਕਰਨਾ ਇਹ ਸਵਾਲ ਵੀ ਖੜ੍ਹੇ ਕਰਦਾ ਹੈ ਕਿ ਕਿਉਂ ਇੱਕ ਧੀ ਦੀ ਉਦੋਂ ਤੱਕ ਸੁਣਵਾਈ ਨਹੀਂ ਹੋਈ, ਜਦੋਂ ਤੱਕ ਉਸ ਦੇ ਪਿਤਾ ਨੇ ਆਪਣਾ ਬਲੀਦਾਨ ਨਹੀਂ ਦਿੱਤਾ। ਜੋ ਮੁਕੱਦਮਾ ਹੁਣ ਪੁਲਸ ਨੇ ਦਰਜ ਕੀਤਾ ਹੈ, ਕਿਉਂ ਇੱਕ ਪੀੜਤ ਲੜਕੀ ਨੂੰ ਇਨਸਾਫ਼ ਦੇਣ ਲਈ ਪਹਿਲਾਂ ਹੀ ਦਰਜ ਨਹੀਂ ਕੀਤਾ ਗਿਆ। ਸਵਾਲ ਹੋਰ ਵੀ ਨੇ, ਜਿਨ੍ਹਾਂ ਦੇ ਜਵਾਬ ਜੇਕਰ ਨਾ ਤਲਾਸ਼ੇ ਗਏ ਤਾਂ ਪਤਾ ਨਹੀਂ ਕਿੰਨੇ ਹੋਰ ਦੁਖੀ ਪਿਤਾ ਜਾਂ ਭਰਾ ਆਪਣੀਆਂ ਬੇਟੀਆਂ ਤੇ ਭੈਣਾਂ ਨੂੰ ਇਨਸਾਫ ਦਿਵਾਉਣ ਲਈ ਖ਼ੁਦਕੁਸ਼ੀ ਦਾ ਰਾਹ ਅਪਣਾਉਂਦੇ ਰਹਿਣਗੇ। ਉਕਤ ਮਾਮਲੇ ਵਿੱਚ ਪੁਲਸ ਵੱਲੋਂ ਪ੍ਰਾਪਤ ਜਾਣਕਾਰੀ ਅਨੁਸਾਰ ਹੁਣ ਤੱਕ ਰੁਪਿੰਦਰ ਕੌਰ ਦੇ ਪਤੀ ਵਿਸ਼ਾਲ ਅਰੋੜਾ, ਨਣਦ ਚਾਂਦ ਅਰੋੜਾ ਅਤੇ ਨਣਦੋਈਏ ਅਭਿਸ਼ੇਕ ਸਿੰਗਲਾ ਦੀ ਗ੍ਰਿਫ਼ਤਾਰੀ ਹੋ ਚੁੱਕੀ ਹੈ, ਜਦੋਂ ਕਿ ਬਾਕੀ ਕਥਿਤ ਦੋਸ਼ੀਆਂ ਦੀ ਭਾਲ ਜਾਰੀ ਹੈ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਰਚਨਾਤਮਕ ਲੇਖਨ ਮੁਕਾਬਲੇ ਕਰਾਏ ਗਏ



**ਦੋਰਾਹਾ (ਹਰਮਿੰਦਰ ਸੇਠ)** ਗੁਰੂ ਨਾਨਕ ਨੈਸ਼ਨਲ ਕਾਲਜ ਦੇ ਅੰਗਰੇਜ਼ੀ, ਪੰਜਾਬੀ ਤੇ ਹਿੰਦੀ ਵਿਭਾਗ ਵੱਲੋਂ ਯੂਥ ਕਲੱਬ ਦੇ ਸਹਿਯੋਗ ਨਾਲ਼ ਰਚਨਾਤਮਕ ਲੇਖਣ ਮੁਕਾਬਲਾ ਕਰਾਇਆ ਗਿਆ। ਡਾ. ਲਵਲੀਨ ਕੌਰ ਬੈਂਸ ਦੀ ਅਗਵਾਈ ਵਿੱਚ ਕਰਵਾਏ ਗਏ ਇਸ ਰਚਨਾਤਮਕ ਲੇਖਨ ਮੁਕਾਬਲੇ ਵਿੱਚ ਵੱਖ-ਵੱਖ ਕਲਾਸਾਂ ਦੇ 43 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਨੇ ‘ਭਾਰਤ ਦੀ ਆਜ਼ਾਦੀ ਦੇ 76’ ਸਾਲ ਵਿਸ਼ੇ ਉੱਤੇ ਕਵਿਤਾਵਾਂ, ਲੇਖ, ਕਹਾਣੀਆਂ ਲਿਖ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਵਿੱਚ ਲੇਖ ਰਚਨਾ ਵਿੱਚੋਂ ਸੁਮਨ ਕੌਰ, ਬੀ. ਏ. ਭਾਗ ਤੀਜਾ, ਬ੍ਰਿਜ ਭੂਸ਼ਣ, ਬੀ. ਏ. ਭਾਗ ਤੀਜਾ ਅਤੇ ਤਰੁਣੀ ਅਗਨੀਹੋਤਰੀ, ਬੀ. ਏ. ਭਾਗ ਪਹਿਲਾ ਨੇ ਕ੍ਰਮਵਾਰ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ। ਕਹਾਣੀ ਲੇਖਣ ਮੁਕਾਬਲੇ ਵਿੱਚ ਸੁਰਿਤਾ ਮਸੀਹ, ਐੱਮ. ਏ. ਭਾਗ ਪਹਿਲਾ ਨੇ ਪੰਜਾਬੀ ਵਿੱਚ ਤੇ ਚਾਹਤ, ਬੀ.ਏ. ਭਾਗ ਪਹਿਲਾ ਨੇ ਹਿੰਦੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਕਵਿਤਾ ਲੇਖਣ ਮੁਕਾਬਲੇ ਵਿੱਚ ਜਸਵੀਰ ਸਿੰਘ, ਬੀ.ਏ. ਭਾਗ ਤੀਜਾ, ਪ੍ਰਭਾਸਿਨੇ ਬੀ. ਏ. ਭਾਗ ਦੂਜਾ ਤੇ ਚਾਹਤ ਬੀ. ਏ. ਭਾਗ ਪਹਿਲਾ ਨੇ ਕ੍ਰਮਵਾਰ ਪੰਜਾਬੀ, ਹਿੰਦੀ ਤੇ ਅੰਗਰੇਜ਼ੀ ਵਿੱਚ ਪਹਿਲਾ ਸਥਾਨ ਹਾਸਲ ਕੀਤਾ।

## ਬ੍ਰਹਮਾਕੁਮਾਰੀ ਨੇ ਡੀ.ਸੀ. ਤੇ ਐਸ ਐਸ ਪੀ ਨਾਲ ਮਨਾਇਆ ਰੱਖੜੀ ਦਾ ਤਿਉਹਾਰ

**ਮੁਕਤਸਰ (ਸ਼ਮਿੰਦਰਪਾਲ/ਪੂਜਾ)** ਬ੍ਰਹਮਾਕੁਮਾਰੀ ਸੰਸਥਾਨ ਵੱਲੋਂ ਦੀਦੀਆਂ ਨੇ ਡਿਪਟੀ ਕਮਿਸ਼ਨਰ ਡਾ. ਰੂਹੀ ਦੁੱਗ ਤੇ ਐਸਐਸਪੀ ਹਰਮਨਬੀਰ ਗਿੱਲ ਤੇ ਸਟਾਫ ਮੈਂਬਰਾਂ ਨੂੰ ਰੱਖੜੀ ਬੰਨ੍ਹ ਕੇ ਤਿਉਹਾਰ ਮਨਾਇਆ। ਇਸ ਮੌਕੇ ਸੰਤੋਸ਼ੀ ਦੀਦੀ, ਸਿੰਮੀ ਦੀਦੀ ਨੇ ਡੀਸੀ ਤੇ ਐਸਐਸਪੀ ਸਮੇਤ ਸਟਾਫ਼ ਮੈਂਬਰਾਂ ਨੂੰ ਰੱਖੜੀਆਂ ਬੰਨ੍ਹੀਆਂ ਤੇ ਤਿਲਕ ਕਰਕੇ ਮੂੰਹ ਮਿੱਠਾ ਕਰਾਇਆ। ਨਾਲ ਹੀ ਸੰਸਥਾਨ ਵੱਲੋਂ ਈਸ਼ਵਰੀ ਸੌਗਾਤ ਵੀ ਭੇਟ ਕੀਤੀ। ਨਾਲ ਹੀ ਰੱਖੜੀ ਦਾ ਅਧਿਆਤਮਕ ਮਹੱਤਵ ਦੱਸਿਆ। ਇਸ ਮੌਕੇ ਭਾਈ ਮਾਧੋ ਸਿੰਘ ਬੀਕਾਨੇਰ, ਮਹਿੰਦਰ ਸਿੰਘ ਸੋਢੀ ਆਦਿ ਵੀ ਮੌਜੂਦ ਸਨ।

ਉਧਰ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸਾਬਕਾ ਜਨਰਲ ਸਕੱਤਰ ਭਾਈ ਗੁਰਦਾਸ ਗਿਰਧਰ ਨੇ ਵੀ ਆਪਣੇ ਸੰਦੇਸ਼ ਰਾਹੀਂ ਡੀਸੀ ਤੇ ਐਸਐਸਪੀ ਨੂੰ ਰੱਖੜੀ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਭੇਟ ਕੀਤੀਆਂ।

## ਧੁੱਸੀ ਬੰਨ੍ਹ ਦੇ ਨਿਰਮਾਣ ਸੰਬੰਧੀ ਕਿਸਾਨਾਂ ਦਾ ਵਫਦ ਬੋਨੀ ਅਜਨਾਲਾ ਨੂੰ ਮਿਲਿਆ



**ਅਜਨਾਲਾ ( ਸੁਖਤਿੰਦਰ ਸਿੰਘ ਰਾਜੂ )**-5500 ਏਕੜ ਦੇ ਕਰੀਬ ਫਸਲਾਂ ਦੇ ਨੁਕਸਾਨ ਨੂੰ ਰੋਕਣ ਲਈ ਅਤੇ ਧੁੱਸੀ ਬੰਨ੍ਹ ਦੇ ਨਿਰਮਾਣ ਸੰਬੰਧੀ ਅੱਜ ਪਿੰਡ ਘੋਨੇਵਾਲ ਦੇ ਜ਼ਿਮੀਂਦਾਰਾਂ ਨੇ ਇਕ ਮੰਗ ਪੱਤਰ ਭਾਜਪਾ ਪੰਜਾਬ ਦੇ ਕਾਰਜਕਾਰੀ ਮੈਂਬਰ ਬੋਨੀ ਅਮਰਪਾਲ ਸਿੰਘ ਅਜਨਾਲਾ ਨੂੰ ਦਿੱਤਾ ਅਤੇ ਮੰਗ ਕੀਤੀ ਕਿ ਧੁੱਸੀ ਬੰਨ੍ਹ ਨੂੰ ਮਜ਼ਬੂਤ ਤਰੀਕੇ ਨਾਲ ਬਣਾਇਆ ਜਾਵੇ ਤਾਂ ਜੋ ਹਰ ਸਾਲ ਹੜ੍ਹ ਦੇ ਪਾਣੀ ਦੇ ਕਾਰਨ ਖਰਾਬ ਹੁੰਦੀਆਂ ਕਿਸਾਨਾਂ ਦੀਆਂ ਫਸਲਾਂ ਦਾ ਬਚਾਅ ਹੋ ਸਕੇ। ਮੰਗ ਪੱਤਰ ਦੇਣ ਤੋਂ ਬਾਅਦ ਇੰਦਰਜੀਤ ਸਿੰਘ ਰੰਧਾਵਾ ਸਰਕਲ ਪ੍ਰਧਾਨ ਰਮਦਾਸ, ਦੀਦਾਰ ਸਿੰਘ ਵਾਹਲਾ ਨੰਬਰਦਾਰ, ਗੁਰਬੇਜ ਸਿੰਘ ਨੇ ਸਾਂਝੇ ਤੌਰ ’ਤੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਰਾਵੀ ਦਰਿਆ ’ਚ ਹਰ ਸਾਲ ਹੜ੍ਹ ਆਉਂਦੇ ਹਨ । ਉਨ੍ਹਾਂ ਕਿਹਾ ਕਿ ਮੰਡੀ ਰਮਦਾਸ ਤਹਿਸੀਲ ਅਧੀਨ ਆਉਂਦੇ 24 ਪਿੰਡ ਅਜਨਾਲਾ ਰਾਵੀ ਦਰਿਆ ਦੇ ਕੰਢੇ ’ਤੇ ਸਥਿਤ ਹਨ, ਜਿਸ ਵਿੱਚ ਕੁਝ ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਹਨ ਤੇ ਬਾਕੀ ਜ਼ਿਲ੍ਹਾ ਅੰਮ੍ਰਿਤਸਰ ਨਾਲ। ਅਕਸਰ ਹਰ ਸਾਲ ਬਰਸਾਤ ਦੌਰਾਨ ਰਾਵੀ ਦਰਿਆ ਵਿੱਚ ਹੜ੍ਹ ਆਉਣ ਨਾਲ ਸਾਰੀਆਂ ਫਸਲਾਂ ਤਬਾਹ ਹੋ ਜਾਂਦੀਆਂ ਹਨ ਅਤੇ ਕਿਸਾਨਾਂ ਦਾ ਭਾਰੀ ਨੁਕਸਾਨ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡੀ ਮੰਗ ਹੈ ਕਿ ਧੁੱਸੀ ਬੰਨ੍ਹ ਨੂੰ ਮਜ਼ਬੂਤ ਕੀਤਾ ਜਾਵੇ ਤਾਂ ਕਿ ਕਿਸਾਨ ਦੀਆਂ ਫਸਲਾਂ ਦਾ ਕੋਈ ਨੁਕਸਾਨ ਨਾ ਹੋ ਸਕੇ।

## ਸਰਕਾਰੀ ਹਾਈ ਸਕੂਲ ਮਾਂਗੇਵਾਲ ਦੀਆਂ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਕੁਸ਼ਤੀ ਮੁਕਾਬਲਿਆਂ ’ਚ ਮਾਰੀ ਬਾਜ਼ੀ

**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਸਰਕਾਰੀ ਹਾਈ ਸਕੂਲ ਮਾਂਗੇਵਾਲ (ਬਰਨਾਲਾ) ਦੀਆਂ ਛੇ ਵਿਦਿਆਰਥਣਾਂ ਨੇ ਜ਼ਿਲ੍ਹਾ ਪੱਧਰੀ ਮੁਕਾਬਲੇ ’ਚ ਮੱਲਾਂ ਮਾਰਦਿਆਂ ਸੰਸਥਾ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਇੰਚਾਰਜ ਜਸਵਿੰਦਰ ਸਿੰਘ ਅਨੁਸਾਰ ਸਕੂਲ ਦੀਆਂ ਵਿਦਿਆਰਥਣਾਂ ਬੇਅੰਤ ਕੌਰ ਅੰਡਰ 17 ਭਾਰ 50 ਕਿਲੋ, ਲਕਸ਼ਮੀ ਦੇਵੀ ਅੰਡਰ 19 ਭਾਰ 54 ਕਿਲੋ, ਨਵਜੋਤ ਕੌਰ ਅੰਡਰ 14 ਭਾਰ 42 ਕਿਲੋ, ਦਿਲਪ੍ਰੀਤ ਕੌਰ ਅੰਡਰ 14 ਭਾਰ 50 ਕਿਲੋ, ਜਸਲੀਨ ਕੌਰ ਅੰਡਰ 14 ਭਾਰ 30 ਕਿਲੋ, ਕਾਜਲ ਅੰਡਰ 14 ਭਾਰ 46 ਕਿਲੋ ’ਚ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਸਟੇਟ ਵਿੱਚ ਕੁਸ਼ਤੀ ਲੜਨ ਲਈ ਆਪਣੀ ਜਗ੍ਹਾ ਬਣਾਉਂਦੇ ਹੋਏ ਮਾਂਗੇਵਾਲ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਸਕੂਲ ਦੇ ਸਮੂਹ ਸਟਾਫ ਨੇ ਮਾਪਿਆਂ ਨੂੰ ਵਧਾਈ ਦਿੰਦਿਆਂ ਵਿਦਿਆਰਥਣਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਸਕੂਲ ਇੰਚਾਰਜ ਜਸਵਿੰਦਰ ਸਿੰਘ ਸਮੂਹ ਸਟਾਫ਼ ਤੇ ਡੀ ਪੀ ਈ ਜਤਿੰਦਰ ਕੁਮਾਰ ਨੇ ਵਿਦਿਆਰਥਣਾਂ ਨੂੰ ਸਕੂਲ ਵੱਲੋਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ।

## ਡੀ ਏ ਵੀ ਕਾਲਜ ਦੇ ਬੀ ਏ ਦੇ ਸਮੈਸਟਰ ਦੂਜੇ ਤੇ ਚੌਥੇ ਦਾ ਨਤੀਜਾ ਰਿਹਾ ਸ਼ਾਨਦਾਰ



**ਮਲੋਟ, (ਗੁਰਮੀਤ ਸਿੰਘ ਮੱਕੜ)** ਡੀ.ਏ.ਵੀ. ਕਾਲਜ ਦੇ ਪ੍ਰਿੰਸੀਪਲ ਸ਼੍ਰੀ ਸ਼ੁਭਾਸ਼ ਗੁਪਤਾ ਦੀ ਅਗਵਾਈ ਹੇਠ ਤੇ ਸਮੂਹ ਸਟਾਫ਼ ਦੇ ਸਹਿਯੋਗ ਨਾਲ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਅਕਾਦਮਿਕ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ।

ਬੀ.ਏ. ਸਮੈਸਟਰ ਦੂਜਾ ਦੀ ਵਿਦਿਆਰਥਣ ਅਰਸ਼ੀਆ ਸੁਖੀਜਾ ਨੇ 85.1 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਸਮੀਕਸ਼ਾ ਕਾਲੜਾ ਨੇ 84.9 ਫ਼ੀਸਦੀ ਅੰਕ ਲੈ ਕੇ ਦੂਜਾ ਸਥਾਨ ਤੇ ਨੇਮਪਾਲ ਨੇ 81.3 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ। ਬੀ.ਏ. ਸਮੈਸਟਰ ਚੌਥਾ ਦੀ ਵਿਦਿਆਰਥਣ ਹਿਮਾਨੀ ਨੇ 82 ਫੀਸਦੀ ਅੰਕ ਲੈ ਕੇ ਪਹਿਲਾ ਸਥਾਨ, ਪ੍ਰਿਯਾਂਸ਼ੂ ਨੇ 80.9 ਫ਼ੀਸਦੀ ਅੰਕ ਲੈ ਕੇ ਦੂਜਾ ਸਥਾਨ ਤੇ ਯਸ਼ਮੀਨ ਕੌਰ ਨੇ 80.2 ਫ਼ੀਸਦੀ ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ’ਤੇ ਕਾਲਜ ਦੇ ਪ੍ਰਿੰਸੀਪਲ ਤੇ ਸਮੂਹ ਸਟਾਫ਼ ਨੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਵਧਾਈ ਦਿੱਤੀ।

## ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਸਰਕਲ ਚੱਕ ਵਧਾਈ ਦੀ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਸਰਕਲ ਚੱਕ ਵਧਾਈ ਦੀ ਮੀਟਿੰਗ ਸਰਕਲ ਪ੍ਰਧਾਨ ਸਰਬਜੀਤ ਕੌਰ ਚੱਕ ਕਾਲਾ ਸਿੰਘ ਵਾਲਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਵਿਸ਼ੇਸ਼ ਤੌਰ ’ਤੇ ਪਹੁੰਚੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਵਰਕਰਾਂ ਤੇ ਹੈਲਪਰਾਂ ਦਾ ਜੋ ਮਾਣਭੱਤਾ (3.06 ਕਰੋੜ) ਰਿਲੀਜ਼ ਕੀਤਾ ਹੈ, ਉਹ ਯੂਨੀਅਨ ਦੇ ਦਬਾਅ ਸਦਕਾ ਹੀ ਹੋਇਆ ਹੈ, ਕਿਉਂਕਿ 15 ਅਗਸਤ ਨੂੰ ਯੂਨੀਅਨ ਨੇ ਹਰੇਕ ਵਿਧਾਇਕ ਦੇ ਘਰ ਅੱਗੇ ਮਾਣਭੱਤੇ ਦੀ ਮੰਗ ਨੂੰ ਲੈ ਕੇ ਕਾਲੀਆਂ ਝੰਡੀਆਂ ਤੇ ਕਾਲੀਆ ਚੁੰਨੀਆਂ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਸੀ। ਉਨ੍ਹਾਂ ਕਿਹਾ ਕਿ ਆਪਣੇ ਹੱਕ ਲੈਣ ਲਈ ਏਕੇ ਅਤੇ ਸੰਘਰਸ਼ ਦੀ ਲੋੜ ਹੈ ਤੇ ਵੱਧ ਤੋਂ ਵੱਧ ਯੂਨੀਅਨ ਦਾ ਸਾਥ ਦੇਣਾ ਚਾਹੀਦਾ ਹੈ ਤਾਂ ਜੁ ਪੰਜਾਬ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਹਰੇਕ ਮਹੀਨੇ ਦੀ 3 ਤਰੀਕ ਤੱਕ ਸੈਂਟਰ ਅਤੇ ਸਟੇਟ ਫੰਡ ਮਾਣਭੱਤੇ ਦੇ ਰੂਪ ਵਿੱਚ ਇਕੱਠਾ ਮਿਲ ਸਕੇ । ਉਨ੍ਹਾਂ ਇਹ ਵੀ ਮੰਗ ਕੀਤੀ ਕਿ ਆਪਣੇ ਵਾਅਦੇ ਅਨੁਸਾਰ ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦਾ ਮਾਣਭੱਤਾ ਦੁੱਗਣਾ ਕਰੇ।

## ਬਲੌਂਜਮਜ਼ ਸਕੂਲ ਦੇ ਵਿਦਿਆਰਥੀਆਂ ਨੇ ‘ਮਨੁੱਖਤਾ ਦੀ ਸੇਵਾ’ ਦਾ ਕੀਤਾ ਦੌਰਾ

**ਜਗਰਾਉਂ, (ਸੰਜੀਵ ਅਰੋੜਾ)**-ਬਲੌਜ਼ਮਜ਼ ਕਾਨਵੈਂਟ ਸਕੂਲ ਵਿੱਚ ਰੋਟਰੀ ਕਲੱਬ ਵੱਲੋਂ ਚੱਲ ਰਹੇ ਇੰਟਰੈਕਟ ਕਲੱਬ ਦੇ ਵਿਦਿਆਰਥੀਆਂ ਵੱਲੋਂ ਹਸਨਪੁਰ ਵਿਖੇ ਮਨੁੱਖਤਾ ਦੀ ਸੇਵਾ ਵਿਖੇ ਇੱਕ ਵਿਜ਼ਿਟ ਕੀਤਾ, ਜਿੱਥੇ ਉਨ੍ਹਾਂ ਵੱਲੋਂ ਉੱਥੇ ਰਹਿੰਦੇ ਲੋੜਵੰਦਾਂ ਲਈ ਸਮਾਨ ਲੈ ਕੇ ਗਏ। ਉਨ੍ਹਾਂ ਵੱਲੋਂ ਉੱਥੇ ਰਹਿੰਦੇ ਲੋਕਾਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨਾਲ ਸਮਾਂ ਬਿਤਾਇਆ।

ਸਕੂਲ ਦੇ ਪ੍ਰਿੰ. ਡਾ: ਅਮਰਜੀਤ ਕੌਰ ਨਾਜ਼ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਸਭ ਤੋਂ ਵੱਡੀ ਸੇਵਾ ਹੈ। ਸਾਡਾ ਸਭ ਦਾ ਮੁੱਢਲਾ ਫਰਜ਼ ਹੈ ਕਿ ਅਸੀਂ ਆਪਣੀ ਕਮਾਈ ਵਿੱਚੋਂ ਕੁਝ ਅਜਿਹੀ ਮਦਦ ਜ਼ਰੂਰ ਕਰੀਏ, ਜੋ ਕਿਸੇ ਗਰੀਬ ਦੇ ਮੂੰਹ ਦਾ ਨਿਵਾਲਾ ਬਣ ਸਕੇ। ਵਿਦਿਆਰਥੀ ਵਰਗ ਨੂੰ ਅਜਿਹੇ ਮੌਕੇ ਪ੍ਰਦਾਨ ਕਰਨੇ ਜ਼ਰੂਰੀ ਹਨ ਤਾਂ ਜੁ ਇਨ੍ਹਾਂ ਅੰਦਰ ਜਾਗ ਲੱਗ ਸਕੇ। ਇਨ੍ਹਾਂ ਵਿਦਿਆਰਥੀਆਂ ਨਾਲ ਸਕੂਲ ਦੇ ਲਾਇਜਨ ਅਫ਼ਸਰ ਮਿ. ਗੁਰਮੁਖ ਸਿੰਘ ਗਏ। ਇਸ ਮੌਕੇ ਸਕੂਲ ਦੇ ਚੇਅਰਮੈਨ ਹਰਭਜਨ ਸਿੰਘ ਜੌਹਲ, ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਕਿਹਾ ਕਿ ਸਾਡਾ ਸਭ ਦਾ ਫ਼ਰਜ਼ ਬਣਦਾ ਕਿ ਅਸੀਂ ਮਨੁੱਖਤਾ ਦੀ ਸੇਵਾ ਕਰੀਏ।

## ਸੱਚਦੇਵਾ ਪਰਵਾਰ ਵੱਲੋਂ ਸ਼ਿਆਮ ਪ੍ਰਭੂ ਜੀ ਦਾ ਸੰਕੀਰਤਨ

**ਸਮਾਣਾ (ਇਕਬਾਲ ਸਿੰਘ ਬੱਲ)** ਸ਼ਿਆਮ ਪ੍ਰੇਮੀ ਸੱਚਦੇਵਾ ਪਰਵਾਰ ਵੱਲੋਂ ਸ਼੍ਰੀ ਸ਼ਿਆਮ ਪ੍ਰਭੂ ਜੀ ਦੀ ਕ੍ਰਿਪਾ ਨਾਲ ਪੰਡਾਲ ’ਚ ਬਿਰਾਜਮਾਨ ਸ਼੍ਰੀ ਸ਼ਿਆਮ ਸਰਕਾਰ ਦੇ ਇਲਾਹੀ ਸਰੂਪ ਦੀ ਪਵਿੱਤਰ ਹਜ਼ੂਰੀ ’ਚ ਸੰਕੀਰਤਨ ਕਰਾਇਆ ਗਿਆ। ਇਸ ਮੌਕੇ ਉਚੇਚੇ ਤੌਰ ’ਤੇ ਪਹੁੰਚੇ ਕੈਬਨਿਟ ਮੰਤਰੀ ਪੰਜਾਬ ਚੇਤਨ ਸਿੰਘ ਜੌੜਾਮਾਜਰਾ, ਸੀਨੀਅਰ ‘ਆਪ’ ਆਗੂ ਗੋਪਾਲ ਕ੍ਰਿਸ਼ਨ ਗਰਗ, ਪੰਚਾਇਤ ਸੈਕਟਰੀ ਹਰਜਿੰਦਰ ਸਿੰਘ ਬੇਦੀ, ਪੀ ਏ ਗੁਰਦੇਵ ਸਿੰਘ ਟਿਵਾਣਾ, ਜੇ ਪੀ ਗਰਗ, ਕੌਂਸਲਰ ਸੰਦੀਪ ਲੂੰਬਾ, ਸ਼੍ਰੀ ਸ਼ਿਆਮ ਸੰਕੀਰਤਨ ਮੰਡਲ ਰਜਿ ਸਮਾਣਾ ਦੇ ਪ੍ਰਧਾਨ ਸੰਜੀਵ ਸਿੰਗਲਾ, ਕੌਂਸਲਰ ਦਰਸ਼ਨ ਮਿੱਤਲ ਤੇ ਸੰਜੇ ਮੰਤਰੀ ਆਦਿ ਨਾਮੀ ਸ਼ਖ਼ਸੀਅਤਾਂ ਨੇ ਸ਼ਿਆਮ ਪ੍ਰਭੂ ਜੀ ਤੋਂ ਆਸ਼ੀਰਵਾਦ ਲਿਆ ਅਤੇ ਇਸ ਸ਼ੁਭ ਕਾਰਜ ਲਈ ਸੱਚਦੇਵਾ ਪਰਵਾਰ ਸ਼੍ਰੀ ਰਾਜ ਕੁਮਾਰ ਸੱਚਦੇਵਾ, ਚੰਚਲ ਸੱਚਦੇਵਾ ਅਤੇ ਤਰੁਨ ਸੱਚਦੇਵਾ ਨੂੰ ਮੁਬਾਰਕਬਾਦ ਦਿੱਤੀ।

ਇਸ ਦੌਰਾਨ ਮਸ਼ਹੂਰ ਭਜਨ ਗਾਇਕ ਕਮਲ ਨਾਇਕ, ਰਾਜੂ ਛਾਬੜਾ, ਅਮਰ ਜੀ, ਵਿੱਕੀ ਡਾਂਗ, ਨੀਰਜ ਸਿੰਗਲਾ ਤੇ ਭਵੀ ਸੁਖੀਜਾ ਨੇ ਆਪਣੀ ਭਜਨ ਗਾਇਕੀ ਨਾਲ ਸ਼੍ਰੀ ਸ਼ਿਆਮ ਜੀ ਸਰਕਾਰ ਦੀ ਮਹਿਮਾ ਦਾ ਗੁਣਗਾਨ ਕੀਤਾ ਅਤੇ ਸ਼ਿਆਮ ਪ੍ਰੇਮੀ ਦੇਰ ਰਾਤ ਤੱਕ ਭਜਨਾਂ ’ਤੇ ਨੱਚਦੇ ਰਹੇ।

ਇਸ ਮੌਕੇ ਕੌਂਸਲਰ ਜੱਸ ਬੱਬੂ, ਗਗਨ ਗਰਗ, ਭੀਮ ਦੁਆ, ਪੰਕਜ ਗੋਇਲ, ਪੁਨੀਤ ਗਰਗ, ਪ੍ਰਿੰਸ ਸਿੰਗਲਾ, ਗਗਨ ਗਰਗ, ਰੋਬਿਨ ਗਰਗ, ਵਰੁਨ ਗਰਗ (ਸ਼ੈਂਟੀ), ਵਰੁਨ ਗਰਗ ਬੋਨੀ, ਤਾਰੁਸ਼ ਬਾਂਸਲ, ਯੋਗੇਸ਼ ਗਰਗ, ਤਰੁਨ ਗਰਗ, ਤਾਰੁਸ਼ ਬਾਂਸਲ, ਹਰੀਸ਼ ਗਰਗ, ਅਕਸ਼ੇ ਸ਼ਰਮਾ ਤੇ ਰਿਸ਼ਵ ਮਿੱਤਲ ਆਦਿ ਸਮੇਤ ਵੱਡੀ ਗਿਣਤੀ ’ਚ ਸ਼ਿਆਮ ਪ੍ਰੇਮੀਆਂ ਅਤੇ ਸ਼ਹਿਰ ਦੇ ਪਤਵੰਤਿਆਂ ਨੇ ਹਾਜ਼ਰੀ ਭਰੀ।

## ਮਿੱਡ ਡੇਅ ਮੀਲ ਵਰਕਰਜ਼ ਯੂਨੀਅਨ ਨੇ ਭੇਜੇ ਸਿੱਖਿਆ ਮੰਤਰੀ ਦੇ ਨਾਂਅ ਮੰਗ ਪੱਤਰ

**ਮੁਕਤਸਰ (ਸ਼ਮਿੰਦਰਪਾਲ/ਪੂਜਾ)**-ਮਿੱਡ ਡੇਅ ਮੀਲ ਵਰਕਰਜ ਯੂਨੀਅਨ ਪੰਜਾਬ ਦੇ ਸੱਦੇ ’ਤੇ ਬਲਾਕ ਇਕਾਈ ਮਲੋਟ ਵੱਲੋਂ ਬੀ ਪੀ ਈ ਓ ਜਗਦੀਪ ਸਿੰਘ ਰਾਹੀਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਾਂਅ ਮੰਗ ਪੱਤਰ ਭੇਜਿਆ ਗਿਆ। ਇਸ ਮੌਕੇ ਹਾਜ਼ਰ ਬਲਾਕ ਪ੍ਰਧਾਨ ਸੁਖਜੀਤ ਕੌਰ ਝੁਰੜ ਤੇ ਜਨਰਲ ਸਕੱਤਰ ਰਾਣੀ ਕੌਰ ਨੇ ਕਿਹਾ ਕਿ ਇਸ ਮੰਗ ਪੱਤਰ ਰਾਹੀਂ ਮਿੱਡ ਡੇਅ ਮੀਲ ਵਰਕਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ, ਜਿਨ੍ਹਾਂ ਵਿੱਚ ਮਿੱਡ ਡੇਅ ਮੀਲ ਵਰਕਰਾਂ ਦੀਆਂ ਘੱਟੋ ਘੱਟ ਉਜਰਤ ਕਾਨੂੰਨ ਲਾਗੂ ਕਰਨ, ਵਾਧੂ ਕੰਮਾਂ ਤੋਂ ਛੁਟਕਾਰਾ ਦੇਣ, ਹਰੇਕ ਵਰਕਰ ਦਾ ਘੱਟੋ ਘੱਟ ਪੰਜ ਲੱਖ ਦਾ ਬੀਮਾ ਕਰਨ, ਵਰਕਰਾਂ ਦੀਆਂ ਛੁੱਟੀਆਂ ਹਕੀਕੀ ਰੂਪ ’ਚ ਲਾਗੂ ਕਰਨ, ਗ਼ਰਮੀ ਤੇ ਸਰਦੀ ਦੇ ਮੌਸਮ ਲਈ ਦੋ-ਦੋ ਵਰਦੀਆਂ ਦੇਣ ਆਦਿ ਦੀਆਂ ਮੰਗਾਂ ਨੂੰ ਪੂਰਾ ਕਰਾਉਣ ਦੀ ਮੰਗ ਸਿੱਖਿਆ ਮੰਤਰੀ ਪੰਜਾਬ ਤੱਕ ਭੇਜੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਸਬੰਧੀ ਜਲਦ ਹੀ ਕੋਈ ਕਾਰਵਾਈ ਨਹੀਂ ਹੁੰਦੀ ਤਾਂ ਜਥੇਬੰਦੀ ਵੱਲੋਂ ਸਿੱਖਿਆ ਮੰਤਰੀ ਦੇ ਪਿੰਡ ਗੰਭੀਰਪੁਰ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਅਧਿਆਪਕ ਆਗੂ ਨਰਿੰਦਰਪ੍ਰੀਤ ਸਿੰਘ ਤੋਂ ਇਲਾਵਾ ਭੋਲਾ ਸਿੰਘ, ਅਮਰਜੀਤ ਕੌਰ, ਬੇਅੰਤ ਕੌਰ, ਹਰਬੰਸ ਕੌਰ, ਮਨਜੀਤ ਕੌਰ, ਕੁਲਦੀਪ ਕੌਰ, ਗੁਰਵਿੰਦਰ ਕੌਰ, ਅਮਨਦੀਪ ਕੌਰ, ਕੁਲਵਿੰਦਰ ਕੌਰ, ਮਨਜੀਤ ਕੌਰ ਆਦਿ ਮਿਡ ਡੇਅ ਮੀਲ ਵਰਕਰ ਹਾਜ਼ਰ ਸਨ।

**Midland Microfin Limited**
CIN – U65921PB1988PLC008430
Registered Office: The Axis, Plot No.1, R.B. Badri Dass Colony, B.M.C. Chowk, G.T. Road, Jalandhar – 144001 (PB.) INDIA Tel.:0181-5074000, Toll Free: 0181-5076000
E-mail Id: cs@midlandmicrofin.com | Website: www.midlandmicrofin.com

**ਮੈਂਬਰਾਂ ਨੂੰ ਸਾਲਾਨਾ ਜਨਰਲ ਮੀਟਿੰਗ ਦਾ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਮਿਡਲੈਂਡ ਮਾਈਕ੍ਰੋਫਿਨ ਲਿਮਟਿਡ (“ਦਾ ਕੰਪਨੀ”) ਦੀ 35ਵੀਂ ਸਾਲਾਨਾ ਜਨਰਲ ਮੀਟਿੰਗ (ਏ ਜੀ ਐੱਮ), ਕੰਪਨੀਜ਼ ਐਕਟ, 2013 ਦੀਆਂ ਵਿਵਸਥਾਵਾਂ, ਇਸ ਤਹਿਤ ਬਣੇ ਨਿਯਮਾਂ ਅਤੇ ਕਾਰਪੋਰੇਟ ਮਾਮਲੇ ਮੰਤਰਾਲਾ (ਐੱਮ ਸੀ ਏ), ਭਾਰਤ ਸਰਕਾਰ (ਸਾਂਝੇ ਤੌਰ ’ਤੇ ਸਰਕੂਲਰਜ਼ ਵਜੋਂ ਹਵਾਲਾ) ਵੱਲੋਂ ਜਾਰੀ ਜਨਰਲ ਸਰਕੂਲਰ ਨੰ. 14/2020 ਮਿਤੀ 08 ਅਪ੍ਰੈਲ 2020, 17/2020 ਮਿਤੀ 13 ਅਪ੍ਰੈਲ 2020, 20/2020 ਮਿਤੀ 05 ਮਈ 2020, 02/2021 ਮਿਤੀ 13 ਜਨਵਰੀ 2021, 19/2021 08 ਦਸੰਬਰ 2021, 21/2021 ਮਿਤੀ 14 ਦਸੰਬਰ 2021, 02/2022 ਮਿਤੀ 05 ਮਈ 2022, 10/2022 ਮਿਤੀ 28 ਦਸੰਬਰ 2022 ਨਾਲ ਪੜ੍ਹੇ ਜਾਂਦੇ, ਸਕਿਉਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼ 2015 ਦੀ ਪਾਲਣਾ ’ਚ ਏ ਜੀ ਐੱਮ ਦੇ ਸੱਦੇ ’ਤੇ ਨੋਟਿਸ ’ਚ ਉਲੇਖ ਸਧਾਰਨ ਕਾਰੋਬਾਰ ਅਤੇ ਨਾ ਟਾਲਣਯੋਗ ਵਿਸ਼ੇਸ਼ ਕਾਰੋਬਾਰ ਦੇ ਨਿਪਟਾਰੇ ਲਈ ਵੀਰਵਾਰ 28 ਸਤੰਬਰ 2023 ਨੂੰ ਸ਼ਾਮ ਦੇ 3.00 ਵਜੇ (ਭਾਰਤੀ ਸਮੇਂ ਅਨੁਸਾਰ) ਵੀਡੀਓ ਕਾਨਫਰੰਸਿੰਗ (ਵੀ ਸੀ) ਹੋਰ ਆਡਿਓ ਵਿਜ਼ੂਅਲ ਮੀਨਜ਼ (ਓ ਏ ਵੀ ਐੱਮ) ਰਾਹੀਂ ਹੋਵੇਗੀ। ਉਪਰੋਕਤ ਸਰਕੂਲਰਾਂ ਦੀ ਪਾਲਣਾ ’ਚ ਏ ਜੀ ਐੱਮ ਦਾ ਨੋਟਿਸ ਸਮੇਤ 2022-23 ਨੂੰ ਖਤਮ ਹੋਏ ਵਿੱਤੀ ਵਰ੍ਹੇ ਦੀ ਰਿਪੋਰਟ ਇਲੈਕਟ੍ਰਾਨੀਕਲੀ ਸਾਰੇ ਸ਼ੇਅਰ ਹੋਲਡਰਾਂ ਨੂੰ ਭੇਜੇ ਜਾਣਗੇ, ਜਿਨ੍ਹਾਂ ਦੇ ਈਮੇਲ ਪਤੇ ਕੰਪਨੀ ਜਾਂ ਰਜਿਸਟਰਾਰ ਐਂਡ ਸ਼ੇਅਰ ਟਰਾਂਸਫਰ ਏਜੰਟ (ਆਰ ਟੀ ਏ) ਕੋਲ ਰਜਿਸਟਰਡ ਹੋਣਗੇ। ਏ ਜੀ ਐੱਮ ਦੀ ਸਾਲਾਨਾ ਰਿਪੋਰਟ ਕੰਪਨੀ ਦੀ ਵੈੱਬਸਾਈਟ www.midlandmicrofin.com ਅਤੇ ਸਟਾਕ ਐਕਸਚੇਂਜ ਦੀ ਵੈੱਬਸਾਈਟ ਬੀ ਐੱਸ ਈ ਲਿਮਟਿਡ www.bseindia.com. ’ਤੇ ਵੀ ਉਪਲੱਬਧ ਹੋਵੇਗੀ।

ਜਿਨ੍ਹਾਂ ਮੈਂਬਰਾਂ ਨੂੰ ਸਾਲਾਨਾ ਜਨਰਲ ਮੀਟਿੰਗ ਦੇ ਨੋਟਿਸ ਭੇਜੇ ਜਾਣੇ ਹਨ, ਉਨ੍ਹਾਂ ਦੀ ਚੋਣ ਲਈ ਬੋਰਡ ਦੇ ਡਾਇਰੈਕਟਰਾਂ ਦੀ ਵੀਰਵਾਰ 10 ਅਗਸਤ 2023 ਨੂੰ ਹੋਈ ਮੀਟਿੰਗ ਦੌਰਾਨ ਸ਼ੁੱਕਰਵਾਰ 01 ਸਤੰਬਰ 2023 ਰਿਕਾਰਡ ਮਿਤੀ ਨਿਰਧਾਰਤ ਕੀਤੀ ਗਈ ਹੈ। ਇਸ ਅਨੁਸਾਰ ਨੋਟਿਸ ਉਨ੍ਹਾਂ ਮੈਂਬਰਾਂ ਨੂੰ ਭੇਜੇ ਜਾਣਗੇ, ਜਿਨ੍ਹਾਂ ਦੇ ਨਾਂਅ ਰਜਿਸਟਰਡ ਮੈਂਬਰ/ਲਾਭਪਾਤਰੀ ਮਾਲਕ ਵਜੋਂ ਕੰਪਨੀ ਦੇ ਰਜਿਸਟਰਡ ਜਾਂ ਆਰ ਟੀ ਏ, ਜੋ ਕਿ ਸਕਾਈਲਾਈਨ ਫਾਈਨੈਂਸ਼ੀਅਲ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ’ਚ ਕਾਰੋਬਾਰ ਬੰਦ ਹੋਣ ਦੇ ਸਮੇਂ ਸ਼ੁੱਕਰਵਾਰ, 01 ਸਤੰਬਰ 2023 ਨੂੰ ਸ਼ਾਮ ਦੇ 5.30 ਵਜੇ ਤੋਂ ਪਹਿਲਾਂ ਰਜਿਸਟਰਡ ਹੋਣਗੇ।

ਈ-ਮੇਲ ਪਤੇ ਰਜਿਸਟਰ /ਅਪਡੇਟ ਕਰਨ ਦਾ ਢੰਗ :

(1) ਅੱਗੇ, ਡੀਮਟੀਰੇਲਾਈਜ਼ਡ ਮੋਡ ’ਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਨੂੰ ਆਪਣੇ ਈ-ਮੇਲ ਪਤੇ ਅਤੇ ਉਨ੍ਹਾਂ ਦੇ ਸੰਬੰਧਤ ਡਿਪਾਜ਼ਟਰੀਜ਼ ਕੋਲ ਉਨ੍ਹਾਂ ਦੇ ਡਿਪਾਜ਼ਟਰੀ ਪਾਰਟੀਸਿਪੈਂਟਸ ਰਾਹੀਂ ਰਜਿਸਟਰ ਕਰਵਾਉਣ ਦੀ ਬੇਨਤੀ ਕੀਤੀ ਜਾਂਦੀ ਹੈ। ਬੇਸ਼ੱਕ, ਇਸ ਨੋਟਿਸ ਦੀ ਪ੍ਰਾਪਤੀ ਲਈ ਸ਼ੇਅਰ ਧਾਰਕ ਆਪਣੀਆਂ ਈ-ਮੇਲ ਆਈਡੀਜ਼ ਸ੍ਰੀ ਸੁਮਿਤ ਭੋਜਵਾਨੀ, ਕੰਪਨੀ ਸੈਕਟਰੀ ਦੇ ਈਮੇਲ ਆਈ ਡੀ cs@midlandmicrofin.com ’ਤੇ ਲਿਖ ਕੇ ਕੰਪਨੀ ਕੋਲ ਰਜਿਸਟਰਡ ਕਰਵਾ ਸਕਦੇ ਹਨ।

(2) ਫਿਜ਼ੀਕਲ ਮੋਡ ’ਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਨੂੰ ਆਪਣੇ ਈ-ਮੇਲ ਆਈਡੀਜ਼ ਸ੍ਰੀ ਸੁਮਿਤ ਭੋਜਵਾਨੀ ਕੰਪਨੀ ਸੈਕਟਰੀ ਨੂੰ ਉਸ ਦੀ ਈਮੇਲ ਆਈ ਡੀ cs@midlandmicrofin.com ’ਤੇ ਫੋਲੀਓ ਨੰਬਰ, ਸ਼ੇਅਰ ਹੋਲਡਰ ਦਾ ਨਾਂਅ, ਪੈਨ, ਮੋਬਾਇਲ ਨੰ. ਈ-ਮੇਲ ਆਈ ਡੀ ਸਮੇਤ ਪੈਨ ਕਾਰਡ, ਅਧਾਰ ਕਾਰਡ ਅਤੇ ਸ਼ੇਅਰ ਸਰਟੀਫਿਕੇਟ (ਅੱਗਿਓਂ ਅਤੇ ਪਿੱਛਿਓਂ) ਦੀ ਖੁਦ ਤਸਦੀਕਸ਼ੁਦਾ ਕਾਪੀ ਭੇਜ ਕੇ ਕੰਪਨੀ ਕੋਲ ਰਜਿਸਟਰ ਕਰਵਾਉਣ ਲਈ ਬੇਨਤੀ ਕੀਤੀ ਜਾਂਦੀ ਹੈ।

ਈ-ਵੋਟਿੰਗ ਰਾਹੀਂ ਵੋਟ ਪਾਉਣ ਦਾ ਢੰਗ :

ਏ ਜੀ ਐੱਮ ਦੌਰਾਨ ਈ ਵੋਟਿੰਗ ਅਤੇ ਏ ਜੀ ਐੱਮ ’ਚ ਵੀ ਸੀ/ਓ ਏ ਵੀ ਐੱਮ ਰਾਹੀਂ ਹਿੱਸਾ ਲੈਣ, ਰੀਮੋਟ ਈ-ਵੋਟਿੰਗ ਰਾਹੀਂ ਵੋਟ ਪਾਉਣ ਦੀ ਸਹੂਲਤ ਲਈ ਕੰਪਨੀ ਨੇ ਸੈਂਟਰਲ ਡਿਪਾਜ਼ਟਰੀ ਸਰਵਿਸਿਜ਼ (ਇੰਡੀਆ) ਲਿਮਟਿਡ (ਸੀ ਡੀ ਐੱਸ ਐੱਲ) ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਹਨ।

ਡੀਮਟੀਰੇਲਾਈਜ਼ਡ ਮੋਡ, ਫਿਜੀਕਲ ਮੋਡ ਅਤੇ ਜਿਨ੍ਹਾਂ ਮੈਂਬਰਾਂ ਦੇ ਈਮੇਲ ਪਤੇ ਰਜਿਸਟਰਡ ਨਹੀਂ ਹਨ, ਲਈ ਵੋਟਿੰਗ ਸਮੇਤ ਰੀਮੋਟ-ਈਵੋਟਿੰਗ ਦਾ ਢੰਗ ਏ ਜੀ ਐੱਮ ਦੇ ਨੋਟਿਸ ’ਚ ਮੁਹੱਈਆ ਕਰਵਾਇਆ ਗਿਆ ਹੈ। ਏ ਜੀ ਐੱਮ ’ਚ ਹਾਜ਼ਰ ਮੈਂਬਰ, ਜਿਨ੍ਹਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਵੋਟ ਨਹੀਂ ਪਾਈ, ਏ ਜੀ ਐੱਮ ਵਿਖੇ ਇਲੈਕਟ੍ਰਾਨੀਕਲੀ ਵੋਟ ਪਾਉਣ ਦੇ ਯੋਗ ਹੋਣਗੇ।

ਲਾਭਾਂਸ਼ ਪ੍ਰਾਪਤੀ ਲਈ ਮੈਂਡੇਟ ਰਜਿਸਟਰ ਕਰਨ ਦਾ ਢੰਗ :

ਮੈਂਬਰਾਂ ਨੂੰ ਆਪਣੇ ਡਿਪਾਜ਼ਟਰੀ ਪਾਰਟੀਸਿਪੈਂਟਸ ਕੋਲ ਮੁਕੰਮਲ ਬੈਂਕ ਵੇਰਵੇ ਅਪਡੇਟ/ਰਜਿਸਟਰ ਕਰਨ ਦੀ ਬੇਨਤੀ ਕੀਤੀ ਜਾਂਦੀ ਹੈ, ਜੇਕਰ ਕੰਪਨੀ ਦੇ ਕੋਲ ਉਨ੍ਹਾ ਦੇ ਸ਼ੇਅਰ ਡੀਮਟੀਰੇਲਾਈਜ਼ਡ ਮੋਡ ’ਚ ਹਨ, ਜੇਕਰ ਸ਼ੇਅਰ ਫਿਜ਼ੀਕਲ ਮੋਡ ’ਚ ਹਨ।

ਈ ਜੀ/ਓ ਏ ਵੀ ਐੱਮ ਰਾਹੀਂ ਏ ਜੀ ਐੱਮ ’ਚ ਸ਼ਾਮਲ ਹੋਣਾ ਈ ਸੀ/ਓ ਏ ਵੀ ਐੱਮ ਰਾਹੀਂ ਸਾਲਾਨਾ ਜਨਰਲ ਮੀਟਿੰਗ ਦੌਰਾਨ ਹਾਜ਼ਰੀ ਅਤੇ ਵੋਟ ਪਾਉਣ ਸੰਬੰਧੀ ਜ਼ਰੂਰੀ ਵੇਰਵੇ, ਇਲੈਕਟ੍ਰਾਨੀਕਲੀ ਭੇਜੇ ਜਾ ਰਹੇ ਏ ਜੀ ਐੱਮ ਨੋਟਿਸ ’ਚ ਦਰਸਾਏ ਜਾਣਗੇ।

ਲਾਭਾਂਸ਼ ਅਤੇ ਅਦਾਇਗੀ ਲਈ ਰਿਕਾਰਡ ਮਿਤੀ :

ਮੈਂਬਰ ਅੱਗੇ ਧਿਆਨ ਦੇਣ ਕਿ ਬੋਰਡ ਦੇ ਡਾਇਰੈਕਟਰਾਂ ਦੀ 10 ਮਈ 2023 ਨੂੰ ਹੋਈ ਮੀਟਿੰਗ ’ਚ ਵਿੱਤੀ ਵਰ੍ਹੇ 2022-23 ਲਈ ਕੰਪਨੀ ਦੇ ਪ੍ਰਤੀ ਇਕੁਇਟੀ ਸ਼ੇਅਰ ਲਈ ਰੁਪਏ 0.70 ਦਾ ਅੰਤਮ ਲਾਭਾਂਸ਼ ਜਿਸ ਦੀ 10/- ਹਰੇਕ ਦੀ ਫੇਸ ਵੈਲਿਊ ਹੈ, ਦੀ ਸਿਫਾਰਸ਼ ਕੀਤੀ ਗਈ ਹੈ। ਲਾਭਾਂਸ਼ ਲਈ ਪਾਤਰਤਾ ਦੇ ਮੰਤਵ ਲਈ 22 ਸਤੰਬਰ 2023 ਰਿਕਾਰਡ ਡੇਟ ਨਿਰਧਾਰਤ ਕੀਤੀ ਗਈ ਹੈ। ਏ ਜੀ ਐੱਮ ’ਚ ਸ਼ਾਮਲ ਹੋਣ ਲਈ ਮੈਂਬਰਾਂ ਨੂੰ ਰੀਮੋਟ-ਈ-ਵੋਟਿੰਗ ਰਾਹੀਂ ਵੋਟ ਪਾਉਣ ਜਾਂ ਏ ਜੀ ਐੱਮ ਵਿਖੇ ਈ-ਵੋਟਿੰਗ ਦੇ ਢੰਗ ਬਾਰੇ ਏ ਜੀ ਐੱਮ ਦੇ ਨੋਟਿਸ ਅਤੇ ਹਦਾਇਤਾਂ ਨੂੰ ਧਿਆਨ ਨਾਲ ਪੜ੍ਹਨ ਦੀ ਬੇਨਤੀ ਕੀਤੀ ਜਾਂਦੀ ਹੈ।

ਬੋਰਡ ਦੇ ਹੁਕਮਾਂ ਅਨੁਸਾਰ
ਵਾਸਤੇ ਮਿਡਲੈਂਡ ਮਾਈਕ੍ਰੋਫਿਨ ਲਿਮਟਿਡ
ਸਥਾਨ : ਜਲੰਧਰ — ਸਹੀ/-
ਮਿਤੀ : 23 ਅਗਸਤ 2023 — ਸੁਮਿਤ ਭੋਜਵਾਨੀ, ਕੰਪਨੀ ਸੈਕਟਰੀ

## ਹੜ੍ਹ ’ਚ ਲੋਕਾਂ ਦੀ ਸੇਵਾ ਕਰ ਰਹੇ ਨੌਜਵਾਨ ਦੀ ਡੁੱਬਣ ਨਾਲ ਮੌਤ

**ਫ਼ਾਜ਼ਿਲਕਾ, (ਕ੍ਰਿਸ਼ਨ ਸਿੰਘ)**-ਹੜ੍ਹ ਵਾਲੇ ਖੇਤਰ ਵਿੱਚ ਇੱਕ ਨੌਜਵਾਨ ਦੀ ਪਾਣੀ ’ਚ ਡੁੱਬਣ ਕਰਕੇ ਮੌਤ ਹੋ ਗਈ। ਨੌਜਵਾਨ ਦੀ ਉਮਰ ਕਰੀਬ ਸਾਢੇ 17 ਸਾਲ ਦੱਸੀ ਜਾ ਰਹੀ ਹੈ। ਨੌਜਵਾਨ ਪਿੰਡ ਹਸਤਾ ਕਲਾ ਦਾ ਰਹਿਣ ਵਾਲਾ ਸੀ ਤੇ ਉਸ ਦਾ ਨਾਂਅ ਅਮਰਜੀਤ ਸਿੰਘ ਪੁੱਤਰ ਸ਼ੰਭੂ ਸਿੰਘ ਹੈ। ਪਰਵਾਰਕ ਮੈਂਬਰਾਂ ਮੁਤਾਬਕ ਉਹ ਪਿਛਲੇ ਤਿੰਨ ਦਿਨ ਤੋਂ ਆਪਣੇ ਮਿੱਤਰਾਂ ਦੇ ਨਾਲ ਹੜ੍ਹ ਵਾਲੇ ਪਿੰਡਾਂ ਵਿੱਚ ਲੋਕਾਂ ਦਾ ਸਾਮਾਨ ਕਢਵਾਉਣ ਵਿੱਚ ਮੱਦਦ ਕਰ ਰਿਹਾ ਸੀ। ਕੱਲ੍ਹ ਵੀ ਉਹ ਇਸੇ ਤਰ੍ਹਾਂ ਲੋਕਾਂ ਦੀ ਮੱਦਦ ਕਰ ਰਿਹਾ ਸੀ। ਉਸ ਦੇ ਨਾਲ ਦੋ ਹੋਰ ਮਿੱਤਰ ਵੀ ਮੌਜੂਦ ਸਨ। ਉਹ ਪਾਣੀ ਦਾ ਵਹਾਅ ਤੇਜ਼ ਹੋਣ ਕਰਕੇ ਪਾਣੀ ਵਿੱਚ ਡੁੱਬ ਗਿਆ। ਉਸ ਦੀ ਭਾਲ ਕੀਤੀ ਗਈ, ਪਰ ਉਹ ਕਿਧਰੇ ਵੀ ਨਹੀਂ ਮਿਲਿਆ। ਇਸ ਦੀ ਸੂਚਨਾ ਜਿਉਂ ਹੀ ਪਰਵਾਰ ਨੂੰ ਲੱਗੀ ਤਾਂ ਪਰਵਾਰ ਦਾ ਰੋ-ਰੋ ਬੁਰਾ ਹਾਲ ਹੋ ਗਿਆ। ਸਵੇਰੇ ਐਨਡੀਆਰਐਫ਼ ਵੱਲੋਂ ਇਸ ਨੌਜਵਾਨ ਦੀ ਲਾਸ਼ ਦੀ ਭਾਲ ਕੀਤੀ ਤੇ ਲਾਸ਼ ਮਿਲਣ ਤੇ ਇਸ ਨੂੰ ਸਿਵਲ ਹਸਪਤਾਲ ਮੋਰਚਰੀ ਵਿੱਚ ਰਖਵਾ ਦਿੱਤਾ ਗਿਆ, ਜਿੱਥੇ ਪੁਲਸ ਵੱਲੋਂ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

## ਜ਼ੋਨ ਪੱਧਰ ਦੀਆਂ ਖੇਡਾਂ ’ਚ ਐੱਸ ਐੱਫ਼ ਸੀ ਪਬਲਿਕ ਸਕੂਲ ਦੇ ਵਿਦਿਆਰਥੀ ਛਾਏ



**ਮੋਗਾ (ਅਮਰਜੀਤ ਬੱਬਰੀ)**-ਸ਼ਹਿਰ ਦੀ ਪ੍ਰਮੁੱਖ ਸੰਸਥਾ ਐੱਸ ਐੱਫ ਸੀ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਨੇ ਢੋਲੇਵਾਲ ਸਰਕਾਰੀ ਹਾਈ ਸਕੂਲ ਵਿਚ ਅਯੋਜਿਤ ਖੇਡ ਮੁਕਾਬਲੇ ਖੋ-ਖੋ ਵਿਚ ਭਾਗ ਲਿਆ। ਜਿਸ ਵਿਚ ਐੱਸ ਐੱਫ ਸੀ ਪਬਲਿਕ ਸਕੂਲ ਦੀ ਅੰਡਰ-14 ਅਤੇ ਅੰਡਰ-17 ਦੋਵੇਂ ਟੀਮਾਂ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਬੈਡਮਿੰਟਨ ਖੇਡ ਮੁਕਾਬਲੇ ਜੋ ਸਰਕਾਰੀ ਹਾਈ ਸਕੂਲ ਅੰਮੀਵਾਲ ਵਿਚ ਕੀਤਾ ਗਿਆ, ’ਚ ਅੰਡਰ-19 ਮੁੰਡਿਆਂ ਨੇ ਭਾਗ ਲਿਆ ਅਤੇ ਪਹਿਲਾ ਸਥਾਨ ਹਾਸਲ ਕਰਕੇ ਜ਼ਿਲ੍ਹਾ ਪੱਧਰ ਵਿਚ ਆਪਣੀ ਥਾਂ ਬਣਾਈ। ਇਸ ਮੌਕੇ ਸਕੂਲ ਸੀ ਈ ਓ ਅਭਿਸ਼ੇਕ ਜਿੰਦਲ ਅਤੇ ਸਕੂਲ ਪ੍ਰਿੰਸੀਪਲ ਸੀਨਮ ਜਿੰਦਲ ਨੇ ਜਿੱਤ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਅਭਿਸ਼ੇਕ ਜਿੰਦਲ ਨੇ ਕਿਹਾ ਕਿ ਟਕਨਾਲੋਜੀ ਦੇ ਯੁੱਗ ’ਚ ਸਮੇਂ ਦੇ ਹਾਣੀ ਬਣਨ ਲਈ ਬੱਚਿਆਂ ਦਾ ਹਰ ਪੱਖ ਤੋਂ ਸਰਬਪੱਖੀ ਵਿਕਾਸ ਹੋਣਾ ਅਤਿਅੰਤ ਜ਼ਰੂਰੀ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਸੀਨਮ ਜਿੰਦਲ ਨੇ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਖੇਡਾਂ ਵਿਚ ਭਾਗ ਲੈਣਾ ਵੀ ਜ਼ਰੂਰੀ ਹੈ। ਜਿਸ ਨਾਲ ਬੱਚਿਆਂ ਵਿਚ ਸਹਿ ਭਾਵਨਾ ਦਾ ਵਿਕਾਸ ਜ਼ਰੂਰੀ ਹੁੰਦਾ ਹੈ। ਜੋ ਬੱਚਿਆਂ ਦੇ ਵਿਅਕਤੀਗਤ ਵਿਕਾਸ ਲਈ ਅਤੀ ਜ਼ਰੂਰੀ ਹੈ। ਖੇਡਾਂ ਬੱਚਿਆਂ ਨੂੰ ਸਰੀਰਕ ਅਤੇ ਮਾਨਸਿਕ ਪੱਖੋਂ ਮਜ਼ਬੂਤ ਬਣਾਉਂਦੀਆਂ ਹਨ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * Web : www.nawanzamana.in

# ਹੜ੍ਹ ਪ੍ਰਭਾਵਿਤ ਖੇਤਰਾਂ 'ਚ ਨੁਕਸਾਨੀਆਂ ਫਸਲਾਂ ਦਾ 186 ਕਰੋੜ ਰੁਪਏ ਮੁਆਵਜ਼ਾ ਜਾਰੀ : ਜਗਰੂਪ ਸੇਖਵਾਂ

## * ਜ਼ਿਲ੍ਹਾ ਗੁਰਦਾਸਪੁਰ ਨੂੰ ਮਿਲੇਗੀ 5 ਕਰੋੜ 84 ਲੱਖ 80 ਹਜ਼ਾਰ ਰੁਪਏ ਦੀ ਰਾਸ਼ੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸੂਬੇ ਦੇ ਹੜ੍ਹ ਪੀੜ੍ਹਤਾਂ ਦੀ ਬਾਂਹ ਫੜਦੇ ਹੋਏ ਹੜ੍ਹਾਂ ਕਾਰਣ ਪ੍ਰਭਾਵਿਤ ਜ਼ਿਲ੍ਹਿਆਂ ਦੇ ਕਿਸਾਨਾਂ ਦੀ ਫਸਲ ਦੇ ਨੁਕਸਾਨ ਦੀ ਭਰਪਾਈ ਲਈ 186 ਕਰੋੜ ਰੁਪਏ ਤੋਂ ਵੀ ਜ਼ਿਆਦਾ ਦੀ ਰਾਸ਼ੀ ਜਾਰੀ ਕਰ ਦਿੱਤੀ ਹੈ। ਸੂਬੇ ਦੇ 16 ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਕੁਦਰਤੀ ਆਫਤ ਰਾਹਤ ਫੰਡ ਵਿਚੋਂ ਫਸਲਾਂ ਦੇ ਹੋਏ ਨੁਕਸਾਨ ਦੀ ਰਾਹਤ ਦੇਣ ਲਈ ਅਗੇਤੇ ਫੰਡ ਜਾਰੀ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਜੁਲਾਈ ਅਤੇ ਅਗਸਤ ਮਹੀਨੇ ਵਿਚ ਸੂਬੇ ਦੇ ਕਈ ਇਲਾਕਿਆਂ ਵਿਚ ਹੜ੍ਹਾਂ ਕਾਰਨ ਕਿਸਾਨਾਂ ਦੀ ਫਸਲ ਖਰਾਬ ਹੋਈ ਹੈ। ਸੂਬੇ ਦੇ ਸਾਰੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਵਿਸ਼ੇਸ਼ ਗਿਰਦਾਵਰੀ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 15 ਅਗਸਤ ਨੂੰ ਹੜ੍ਹ ਪੀੜਤ ਲੋਕਾਂ ਨਾਲ ਕੀਤਾ ਵਾਅਦਾ ਨਿਭਾਇਆ ਅਤੇ ਮੁਆਵਜ਼ੇ ਦੇ ਚੈੱਕ ਸੌਂਪੇ। ਚੇਅਰਮੈਨ ਸੇਖਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਤੋਂ ਪੀੜਤ ਲੋਕਾਂ ਨੂੰ ਮੁਆਵਜ਼ਾ ਦੇਣ ਲਈ ਵਚਨਬੱਧ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕੋਲ ਇਸ ਮਨੋਰਥ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ। ਸ. ਸੇਖਵਾਂ ਨੇ ਦੱਸਿਆ ਕਿ ਹੜ੍ਹਾਂ ਕਾਰਣ ਫਸਲਾਂ ਦੇ ਨੁਕਸਾਨ ਦੀ ਰਾਹਤ ਦੇਣ ਲਈ ਗੁਰਦਾਸਪੁਰ ਜ਼ਿਲ੍ਹੇ ਨੂੰ 5 ਕਰੋੜ 84 ਲੱਖ 80 ਹਜ਼ਾਰ ਰੁਪਏ, ਸੰਗਰੂਰ ਜ਼ਿਲ੍ਹੇ ਨੂੰ 26 ਕਰੋੜ 8 ਲੱਖ 34,400 ਰੁਪਏ, ਫਿਰੋਜ਼ਪੁਰ ਜ਼ਿਲ੍ਹੇ ਨੂੰ 22 ਕਰੋੜ 44 ਲੱਖ ਰੁਪਏ, ਤਰਨ ਤਾਰਨ ਨੂੰ 26 ਕਰੋੜ 52 ਲੱਖ ਰੁਪਏ, ਪਟਿਆਲਾ ਨੂੰ 59 ਕਰੋੜ 50 ਲੱਖ ਰੁਪਏ ਅਤੇ ਮਾਨਸਾ ਨੂੰ 12 ਕਰੋੜ 92 ਲੱਖ ਰੁਪਏ ਜਾਰੀ ਕੀਤੇ ਗਏ ਹਨ। ਇਸੇ ਤਰ੍ਹਾਂ ਅੰਮ੍ਰਿਤਸਰ ਜ਼ਿਲ੍ਹੇ ਨੂੰ 3 ਕਰੋੜ 73 ਲੱਖ 18, 400 ਰੁਪਏ, ਫਾਜ਼ਿਲਕਾ ਨੂੰ 8 ਕਰੋੜ 77 ਲੱਖ 6,400 ਰੁਪਏ, ਜਲੰਧਰ ਨੂੰ 2 ਕਰੋੜ 31 ਲੱਖ 26,800 ਰੁਪਏ, ਲੁਧਿਆਣਾ ਨੂੰ 2 ਕਰੋੜ 31 ਲੱਖ 26,800, ਮੋਗਾ ਨੂੰ 3 ਕਰੋੜ 99 ਲੱਖ 77,200 ਰੁਪਏ, ਰੂਪਨਗਰ ਨੂੰ 18 ਲੱਖ 45,520 ਰੁਪਏ, ਪਠਾਨਕੋਟ ਨੂੰ 64 ਲੱਖ 60 ਹਜ਼ਾਰ ਰੁਪਏ, ਐਸ.ਬੀ.ਐਸ. ਨਗਰ ਨੂੰ 1 ਕਰੋੜ 25 ਲੱਖ 52,800 ਰੁਪਏ, ਫਤਿਹਗੜ੍ਹ ਸਾਹਿਬ ਨੂੰ 1 ਕਰੋੜ 59 ਲੱਖ 98,700 ਰੁਪਏ ਅਤੇ ਐਸ.ਏ.ਐਸ. ਨਗਰ ਨੂੰ 1 ਕਰੋੜ 73 ਲੱਖ 40 ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ ਗਈ ਹੈ। ਸ. ਸੇਖਵਾਂ ਨੇ ਦੱਸਿਆ ਕਿ ਇਹ ਕੁੱਲ ਰਾਸ਼ੀ 186 ਕਰੋੜ 12 ਲੱਖ 63,020 ਰੁਪਏ ਬਣਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਖੁਦ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਜ਼ਮੀਨੀ ਸਥਿਤੀ ਦਾ ਪਤਾ ਲੈਂਦੇ ਰਹੇ ਹਨ ਅਤੇ ਹੁਣ ਪ੍ਰਭਾਵਿਤ ਜ਼ਿਲ੍ਹਿਆਂ ਦੇ ਲੋਕਾਂ ਦੀ ਮਦਦ ਲਈ ਪੂਰੀ ਵਾਹ ਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਅਤੇ ਬਾਕੀ ਪ੍ਰਭਾਵਿਤ ਲੋਕਾਂ ਨੂੰ ਰਾਹਤ ਦੇਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਤਰਕਸ਼ੀਲ ਸੁਸਾਇਟੀ ਨੇ ਡਾ. ਦਾਭੋਲਕਰ ਯਾਦਗਾਰੀ ਸਮਾਜਿਕ ਚੇਤਨਾ ਹਫ਼ਤਾ ਮਨਾਇਆ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਮਹਾਂਰਾਸ਼ਟਰ ਦੀ ਤਰਕਸ਼ੀਲ ਸੰਸਥਾ ਅੰਧ ਸ਼ਰਧਾ ਨਿਰਮੂਲਨ ਸਮਿਤੀ ਦੇ ਸੰਸਥਾਪਕ ਤਰਕਸ਼ੀਲ ਆਗੂ ਡਾ. ਨਰਿੰਦਰ ਦਾਭੋਲਕਰ ਜਿਨ੍ਹਾਂ ਦੀ ਅੱਜ ਤੋਂ ਦਸ ਸਾਲ ਪਹਿਲਾਂ ਕੁਝ ਫਿਰਕੂ ਅਨਸਰਾਂ ਵਲੋਂ 20 ਅਗਸਤ, 2013 ਨੂੰ ਪੁਣੇ (ਮਹਾਂਰਾਸ਼ਟਰ) ਵਿਖੇ ਦਿਨ ਦਿਹਾੜੇ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ, ਦੀ ਯਾਦ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ ਵਲੋਂ ਸਮੁੱਚੇ ਪੰਜਾਬ ਵਿੱਚ 10 ਅਗਸਤ ਤੋਂ 20 ਅਗਸਤ ਤਕ ਡਾ. ਦਾਭੋਲਕਰ ਯਾਦਗਾਰੀ ਸਮਾਜਿਕ ਚੇਤਨਾ ਹਫ਼ਤਾ ਮਨਾਇਆ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਬਲਬੀਰ ਲੌਂਗੋਵਾਲ, ਰਾਜਪਾਲ ਸਿੰਘ, ਰਾਜੇਸ਼ ਅਕਲੀਆ, ਸੁਮੀਤ ਸਿੰਘ ਅਤੇ ਰਾਮ ਸਵਰਨ ਲੱਖੇਵਾਲੀ ਨੇ ਕਿਹਾ ਕਿ ਲੋਕਾਂ ਵਿਚ ਸਮਾਜਿਕ ਚੇਤਨਾ ਜਗਾਉਣ ਲਈ ਪੰਜਾਬ ਦੇ ਸਮੂਹ ਦਸ ਜ਼ੋਨਾਂ ਦੀਆਂ 60 ਇਕਾਈਆਂ ਵਲੋਂ ਲੋਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਪਾਖੰਡੀ ਬਾਬਿਆਂ, ਸਾਧਾਂ, ਜੋਤਸ਼ੀਆਂ, ਡੇਰਿਆਂ ਦੇ ਝਾਂਸਿਆਂ ਤੋਂ ਬਚਣ, ਜ਼ਿੰਦਗੀ ਦੀਆਂ ਸਮੱਸਿਆਵਾਂ ਦੇ ਟਾਕਰੇ ਲਈ ਵਿਗਿਆਨਕ ਦ੍ਰਿਸ਼ਟੀਕੋਣ ਅਪਨਾਉਣ ਅਤੇ ਮੌਜੂਦਾ ਫ਼ਿਰਕੂ ਅਤੇ ਭ੍ਰਿਸ਼ਟ ਰਾਜ ਪ੍ਰਬੰਧ ਨੂੰ ਬਦਲਣ ਲਈ ਜੱਥੇਬੰਦਕ ਸੰਘਰਸ਼ ਵਿੱਢਣ ਪ੍ਰਤੀ ਜਾਗਰੂਕ ਕਰਦੀ ਦੋਵਰਕੀ "ਪੜ੍ਹੋ, ਵਿਚਾਰੋ ਅਤੇ ਅਮਲ ਕਰੋ" ਵਿਦਿਅਕ ਅਦਾਰਿਆਂ, ਹਸਪਤਾਲਾਂ, ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ, ਚੌਰਾਹਿਆਂ, ਬਾਜ਼ਾਰਾਂ, ਦੁਕਾਨਾਂ, ਪਾਰਕਾਂ, ਦਫ਼ਤਰਾਂ, ਘਰਾਂ ਅਤੇ ਹੋਰਨਾਂ ਜਨਤਕ ਥਾਵਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿਚ ਵੰਡੀ ਗਈ।

ਤਰਕਸ਼ੀਲ ਆਗੂਆਂ ਨੇ ਕਿਹਾ ਕਿ ਇਸ ਹਫਤੇ ਦੌਰਾਨ ਨਵਾਂ ਸ਼ਹਿਰ ਜ਼ੋਨ ਵਲੋਂ "ਡਾ. ਦਾਭੋਲਕਰ ਦੀ ਸ਼ਹਾਦਤ ਅਤੇ ਅਜੋਕੇ ਸਮੇਂ ਦੀਆਂ ਚੁਣੌਤੀਆਂ" ਵਿਸ਼ੇ ਸਬੰਧੀ ਸੈਮੀਨਾਰ ਵੀ ਕਰਵਾਇਆ ਗਿਆ ਜਿਸਦੇ ਮੁੱਖ ਬੁਲਾਰੇ ਪ੍ਰਸਿੱਧ ਜਮਹੂਰੀ ਚਿੰਤਕ ਬੂਟਾ ਸਿੰਘ ਮਹਿਮੂਦਪੁਰ ਵਲੋਂ ਡਾ. ਦਾਭੋਲਕਰ ਦੀ ਵਿਗਿਆਨਕ ਚੇਤਨਾ ਲਹਿਰ ਪ੍ਰਤੀ ਪ੍ਰਤੀਬੱਧਤਾ ਅਤੇ ਮੌਜੂਦਾ ਸਮੇਂ ਵਿਚ ਤਰਕਸ਼ੀਲ ਸੰਸਥਾਵਾਂ ਵਲੋਂ ਪਾਖੰਡਵਾਦ, ਬਾਬਾਵਾਦ ਅਤੇ ਧਾਰਮਿਕ ਜਨੂੰਨੀਆਂ ਦੇ ਖਿਲਾਫ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਬਾਰੇ ਵਿਸਥਾਰ ਵਿੱਚ ਵਿਚਾਰ ਪੇਸ਼ ਕੀਤੇ ਗਏ। ਇਸ ਮੌਕੇ ਸੂਬਾ ਕਮੇਟੀ ਆਗੂਆਂ ਜੋਗਿੰਦਰ ਕੁੱਲੇਵਾਲ, ਜਸਵਿੰਦਰ ਫਗਵਾੜਾ, ਜਸਵੰਤ ਮੋਹਾਲੀ, ਅਜੀਤ ਪ੍ਰਦੇਸੀ ਗੁਰਪ੍ਰੀਤ ਸ਼ਹਿਣਾ ਅਤੇ ਸੰਦੀਪ ਧਾਰੀਵਾਲ ਭੋਜਾਂ ਨੇ ਦੱਸਿਆ ਕਿ ਡਾ. ਦਾਭੋਲਕਰ ਨੇ ਲਗਾਤਾਰ 40 ਸਾਲ ਮਹਾਂਰਾਸ਼ਟਰ ਵਿਚ ਕਥਿਤ ਕਾਲੇ ਜਾਦੂ, ਜਾਦੂ-ਟੂਣੇ, ਚਮਤਕਾਰ, ਜਾਦੂ-ਟੂਣੇ, ਚਮਤਕਾਰ, ਜੋਤਿਸ਼, ਰਾਸ਼ੀਫਲ ਅਤੇ ਕਥਿਤ ਦੈਵੀ ਸ਼ਕਤੀਆਂ ਦੇ ਝੂਠੇ ਦਾਅਵੇਦਾਰ ਪਾਖੰਡੀਆਂ ਦਾ ਪਰਦਾਫਾਸ਼ ਕਰਨ ਦੇ ਨਾਲ ਨਾਲ ਅੰਧ ਵਿਸ਼ਵਾਸਾਂ,ਰੂੜੀਵਾਦੀ ਰਸਮਾਂ, ਨਰਬਲੀ, ਮੂਰਤੀ ਵਿਸਰਜਨ, ਧਾਰਮਿਕ ਅਸਹਿਣਸ਼ੀਲਤਾ, ਜਾਤ-ਪਾਤ, ਛੂਆ-ਛਾਤ, ਨਸ਼ਿਆਂ, ਨਾਬਰਾਬਰੀ ਅਤੇ ਭਰੂਣ ਹੱਤਿਆ ਵਰਗੀਆਂ ਸਮਾਜਿਕ ਬੁਰਾਈਆਂ ਖਿਲਾਫ ਵੀ ਲਗਾਤਾਰ ਵਿਗਿਆਨਕ ਦ੍ਰਿਸ਼ਟੀਕੋਣ ਤੋਂ ਜਾਗਰੂਕਤਾ ਮੁਹਿੰਮ ਚਲਾਈ। ਇਸ ਮੌਕੇ ਤਰਕਸ਼ੀਲ ਆਗੂਆਂ ਵੱਲੋਂ ਕੇਂਦਰ ਅਤੇ ਪੰਜਾਬ ਸਰਕਾਰਾਂ ਤੋਂ ਡਾ. ਦਾਭੋਲਕਰ ਦੇ ਫ਼ਿਰਕੂ ਕਾਤਲਾਂ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਸਖ਼ਤ ਸਜ਼ਾਵਾਂ ਦੇਣ ਅਤੇ ਮਹਾਰਾਸ਼ਟਰ ਵਾਂਗ ਪੰਜਾਬ ਵਿੱਚ ਵੀ ਅੰਧ ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਨ ਦੀ ਜ਼ੋਰਦਾਰ ਮੰਗ ਵੀ ਕੀਤੀ ਗਈ।

# ਜ਼ੋਨਲ ਸਪੋਰਟਸ ਮੁਕਾਬਲੇ ਸ਼ੁਰੂ, 114 ਸਕੂਲੀ ਟੀਮਾਂ ਨੇ ਲਿਆ ਹਿੱਸਾ




**ਮਜੀਠਾ (ਸੋਇਮ ਆਨੰਦ)**-ਜ਼ੋਨਲ ਲੈਵਲ ਸਕੂਲ ਸਪੋਰਟਸ ਮੁਕਾਬਲੇ ਸ਼ਹੀਦ ਕਪਤਾਨ ਅਮਰਦੀਪ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਜੀਠਾ ਵਿਖੇ ਸ਼ੁਰੂ ਹੋਏ। ਚੇਅਰਪਰਸਨ ਮੋਨਾ ਕੌਰ ਦੀ ਨਿਗਰਾਨੀ ਹੇਠ ਮਜੀਠਾ ਜ਼ੋਨ ਦੀਆਂ ਕੁੱਲ 114 ਸਕੂਲ ਟੀਮਾਂ ਨੇ ਹਿੱਸਾ ਲਿਆ ਜਿਸ ਦਾ ਆਮ ਆਦਮੀ ਪਾਰਟੀ ਦੀ ਸੀਨੀਅਰ ਆਗੂ ਡਾ: ਸਤਿੰਦਰਪਾਲ ਕੌਰ ਲਾਲੀ ਮਜੀਠੀਆ ਨੇ ਰਿਬਨ ਕੱਟ ਕੇ ਅਤੇ ਗੁਬਾਰਿਆਂ ਨੂੰ ਹਵਾ ਵਿੱਚ ਛੱਡ ਕੇ ਸਪੋਰਟਸ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ। ਇਸ ਵਿਚ ਫੁੱਟਬਾਲ, ਵਾਲੀਬਾਲ, ਬੈਡਮਿੰਟਨ, ਕਰਾਟੇ, ਕ੍ਰਿਕਟ, ਖੋ-ਖੋ, ਰਸਾਕੱਸੀ, ਕਬੱਡੀ ਦੇ ਵੱਖ-ਵੱਖ ਸਕੂਲਾਂ ਵਿਚ ਮੁਕਾਬਲੇ ਕਰਵਾਏ ਜਾਣਗੇ ਜੋ ਲਗਭਗ ਇੱਕ ਹਫਤਾ ਚਲਣਗੇ। ਉਨ੍ਹਾਂ ਦੱਸਿਆ ਇਸ ਸਪੋਰਟਸ ਮੁਕਾਬਲੇ ਵਿਚ ਜਿਹੜੇ ਵਿਦਿਆਰਥੀ ਹਿੱਸਾ ਲੈ ਰਹੇ ਹਨ ਇਸ ਨਾਲ ਵਿਦਿਆਰਥੀਆਂ ਵਿਚ ਮੁਕਾਬਲੇ ਦੀ ਭਾਵਨਾ ਵਧੇਗੀ ਤੇ ਅੱਗੇ ਜਾਣ ਦੀ ਪ੍ਰੇਰਨਾ ਮਿਲੇਗੀ। ਉਨ੍ਹਾਂ ਦਸਿਆ ਕਿ ਇਹ ਸਪੋਰਟਸ ਮੁਕਾਬਲੇ ਪਹਿਲੇ ਜ਼ੋਨ, ਫਿਰ ਜ਼ਿਲਾ ਪੱਧਰੀ ਤੇ ਉਸ ਤੋਂ ਬਾਅਦ ਸਟੇਟ ਪੱਧਰੀ ਹੋਣਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵਰਕਰ, ਪ੍ਰਿੰ. ਮੋਨਾ ਕੌਰ, ਰਾਜੀਵ ਕੁਮਾਰ, ਸੁਧੀਰ ਗੁਪਤਾ, ਤਜਿੰਦਰ ਕੌਰ, ਗੁਰਿੰਦਰ ਕੌਰ, ਸਿਮਰਜੀਤ ਕੌਰ, ਬਲਵਿੰਦਰ ਕੌਰ, ਅਮਰਪ੍ਰੀਤ ਸਿੰਘ, ਰੰਜਿੰਦਰ ਕੁਮਾਰ, ਗੁਰਪ੍ਰਤਾਪ ਸਿੰਘ ਤੇ ਸਕੂਲ ਦਾ ਸਮੂਹ ਸਟਾਫ ਮੌਜੂਦ ਸੀ।

# ਨਕਾਬਪੋਸ਼ਾਂ ਲੁਟੇਰਿਆਂ ਪਿਸਤੌਲ ਦੀ ਨੋਕ 'ਤੇ ਡੇਢ ਲੱਖ ਲੁੱਟੇ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪੁਲਸ ਥਾਣਾ ਕਾਹਨੂੰਵਾਨ ਦੇ ਅਧੀਨ ਪੈਂਦੇ ਪਿੰਡ ਭੱਠੀਆਂ ਵਿੱਚ ਸਟੇਟ ਬੈਂਕ ਆਫ ਇੰਡੀਆ ਦੇ ਕੋਲ ਭਿੱਟੇਵੱਡ ਰੋਡ 'ਤੇ ਖੁੱਲ੍ਹੇ ਐੱਸਬੀਆਈ ਸੇਵਾ ਕੇਂਦਰ ਵਿੱਚ 3 ਨਕਾਬਪੋਸ਼ ਲੁਟੇਰਿਆਂ ਵਲੋਂ ਦਾਖਿਲ ਹੋ ਕੇ ਸੇਵਾ ਕੇਂਦਰ ਮਾਲਕ ਕੋਲੋਂ ਪਿਸਤੌਲ ਦੀ ਨੋਕ 'ਤੇ ਉਸ ਕੋਲੋਂ ਡੇਢ ਲੱਖ ਤੋਂ ਵੱਧ ਦੀ ਨਕਦੀ ਲੁੱਟ ਲਈ ਗਈ। ਇਹ ਸਾਰੀ ਘਟਨਾ ਸੇਵਾ ਕੇਂਦਰ ਵਿੱਚ ਲੱਗੇ ਕਲੋਜ਼ ਸਰਕਟ ਕੈਮਰਿਆਂ ਵਿੱਚ ਕੈਦ ਹੋ ਗਈ। ਸੇਵਾ ਕੇਂਦਰ ਦੇ ਮਾਲਕ ਰਾਕੇਸ਼ ਅਗਨੀਹੋਤਰੀ ਵਾਸੀ ਗੋਤ ਕਲਾਂ ਨੇ ਦੱਸਿਆ ਕੇ ਬੀਤੀ ਦੇਰ ਸ਼ਾਮ ਨੂੰ ਉਹ ਅਤੇ ਉਸਦਾ ਪੁੱਤਰ ਨਾਤਿਸ਼ ਦੁਕਾਨ ਤੇ ਗਾਹਕਾਂ ਨਾਲ ਡੀਲਿੰਗ ਕਰ ਰਹੇ ਸੀ। ਇਸ ਦੌਰਾਨ 3 ਨਕਾਬਪੋਸ਼ ਲੁਟੇਰੇ ਜਿਨ੍ਹਾਂ ਵਿੱਚ ਇਕ ਨੌਜਵਾਨ ਕਬੱਡੀ ਖਿਡਾਰੀ ਲੱਗ ਰਿਹਾ ਸੀ, ਜਬਰੀ ਦੁਕਾਨ ਅੰਦਰ ਦਾਖਿਲ ਹੋਏ ਅਤੇ ਅੰਦਰ ਦਾਖਿਲ ਹੁੰਦਿਆਂ ਹੀ ਉਨ੍ਹਾਂ ਨੇ ਸਾਡੇ ਦੋਵਾਂ ਪਿਓ ਪੁੱਤਰਾਂ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦਿਆਂ ਸਾਡੇ ਕੋਲੋਂ ਡੇਢ ਲੱਖ ਤੋਂ ਵੱਧ ਦੀ ਨਕਦੀ ਲੁੱਟ ਲਈ ਅਤੇ ਫਰਾਰ ਹੋ ਗਏ। ਜਿਸ ਸਮੇ ਇਹ ਲੁੱਟ ਦੀ ਵਾਰਦਾਤ ਹੋਈ ਉਸ ਸਮੇ ਸੈਂਟਰ ਅੰਦਰ 3 ਗਾਹਕ ਵੀ ਮਜੂਦ ਸਨ। ਇਸ ਵਾਰਦਾਤ ਦਾ ਪਤਾ ਲੱਗਦੇ ਹੀ ਮੌਕੇ 'ਤੇ ਪੁੱਜੇ ਡੀਸਪੀ ਰਾਜਬੀਰ ਸਿੰਘ ਅਤੇ ਥਾਣਾ ਕਾਹਨੂੰਵਾਨ ਦੇ ਇੰਚਾਰਜ ਸੁਖਜੀਤ ਸਿੰਘ ਨੇ ਦੱਸਿਆ ਕੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੇ ਅਧਾਰ ਤੇ ਪੁਲਸ ਇਨ੍ਹਾਂ ਲੁਟੇਰੇ ਨੌਜਵਾਨਾਂ ਨੂੰ ਜਲਦ ਗ੍ਰਿਫਤਾਰ ਕਰ ਲਵੇਗੀ। ਲੁੱਟ ਖੋਹ ਦੀ ਇਸ ਵਾਰਦਾਤ ਤੋਂ ਬਾਅਦ ਇਲਾਕੇ ਅੰਦਰ ਭਾਰੀ ਦਹਿਸ਼ਤ ਪਾਈ ਜਾ ਰਹੀ ਹੈ।

# ਨਗਰ ਪੰਚਾਇਤ ਰਾਜਾਸਾਂਸੀ ਦੀ ਚੋਣ ਤੋਂ ਪਹਿਲਾਂ ਕਾਂਗਰਸ ਪਾਰਟੀ ਨੂੰ ਮਿਲਿਆ ਬਲ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਨਗਰ ਪੰਚਾਇਤ ਰਾਜਾਸਾਂਸੀ ਦੀ ਹੋਣ ਜਾ ਰਹੀ ਚੋਣ ਵਿੱਚ ਕਾਂਗਰਸ ਪਾਰਟੀ ਨੂੰ ਉਸ ਵਕਤ ਤਗੜਾ ਬਲ ਮਿਲਿਆ ਜਦੋਂ ਨਗਰ ਪੰਚਾਇਤ ਰਾਜਾਸਾਂਸੀ ਦੇ ਸਾਬਕਾ ਪ੍ਰਧਾਨ ਇੰਦਰਪਾਲ ਸਿੰਘ ਲਾਲੀ ਅਤੇ ਸੀਨੀਅਰ ਕਾਂਗਰਸੀ ਆਗੂ ਜਸਪਾਲ ਭੱਟੀ ਦੀ ਪ੍ਰੇਰਨਾ ਸਦਕਾ ਵੱਖ-ਵੱਖ ਪਾਰਟੀਆਂ ਤੋਂ ਵਾਰਡ ਨੰਬਰ 12 ਤੋਂ ਸੁਖਵੰਤ ਸਿੰਘ ਟੀਟੂ, ਵਾਰਡ ਨੰਬਰ 13 ਤੋਂ ਬੀਬੀ ਆਸ਼ਾ, ਵਾਰਡ ਨੰਬਰ 9 ਤੋਂ ਸਾਜਨ ਅਤੇ ਬੀਬੀ ਸਨਾਹ, ਵਾਰਡ ਨੰਬਰ 4 ਤੋਂ ਬੱਬਾ ਆਪਣੇ ਪਰਿਵਾਰਾਂ ਅਤੇ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਅਤੇ ਜ਼ਿਲਾ ਪ੍ਰੀਸ਼ਦ ਦੇ ਸਾਬਕਾ ਚੇਅਰਮੈਨ ਦਿਲਰਾਜ ਸਿੰਘ ਸਰਕਾਰੀਆ ਨੇ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਅਮਨਦੀਪ ਸਿੰਘ ਕੱਕੜ ਮੀਡੀਆ ਸਲਾਹਕਾਰ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਅਤੇ ਬੁਲਾਰਾ ਜ਼ਿਲਾ ਕਾਂਗਰਸ ਦਿਹਾਤੀ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਸਰਕਾਰੀਆ ਵੱਲੋਂ ਹਲਕੇ ਵਿੱਚ ਕਰਵਾਏ ਬਿਨਾਂ ਕਿਸੇ ਵਿਤਕਰੇ ਦੇ ਵਿਕਾਸ ਅਤੇ ਮਿਲਾਪੜੇ ਸੁਭਾਅ ਕਾਰਨ ਹਲਕੇ ਦੇ ਲੋਕ ਕਾਂਗਰਸ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰੀਆ ਨੇ ਜੋ ਕਿਹਾ ਸੀ ਕਰਕੇ ਵਿਖਾਇਆ। ਇਸੇ ਲਈ ਹਲਕੇ ਦੀ ਜਨਤਾ ਉਨ੍ਹਾਂ ਨੂੰ ਵਿਕਾਸ ਪੁਰਸ਼ ਕਹਿੰਦੀ ਹੈ। ਕੱਕੜ ਨੇ ਕਿਹਾ ਕਿ ਇਹ ਤਾਂ ਅਜੇ ਸ਼ੁਰੂਆਤ ਹੈ, ਸਰਕਾਰ ਤੋਂ ਤੰਗ ਆ ਚੁੱਕੀ ਜਨਤਾ ਜਲਦੀ ਹੀ ਹਲਕੇ ਦੀ ਆਨ ਬਾਨ ਅਤੇ ਸ਼ਾਨ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੀ ਅਗਵਾਈ ਹੇਠ ਕਾਂਗਰਸ ਵਿੱਚ ਸ਼ਾਮਲ ਹੋਵੇਗੀ। ਇਸ ਮੌਕੇ ਰਵੀ ਕੁਮਾਰ ਪੀਏ ਸਰਕਾਰੀਆ, ਜਸਕਰਨ ਸਿੰਘ ਕੋਹਰੀ ਯੂਥ ਕਾਂਗਰਸ ਪ੍ਰਧਾਨ ਰਾਜਾਸਾਂਸੀ, ਲਖਵਿੰਦਰ ਸਿੰਘ ਝੰਜੋਟੀ ਬਲਾਕ ਪ੍ਰਧਾਨ ਰਾਜਾਸਾਂਸੀ ਆਦਿ ਹਾਜ਼ਰ ਸਨ।

# ਗੰਦੀ ਨਾਲੇ ਦੇ ਆਲੇ-ਦੁਆਲੇ ਧੁੱਸੀ ਬਣਾਉਣ ਦੀ ਮੰਗ

**ਪੁਰਾਣਾ ਸ਼ਾਲਾ, (ਜਨਕ ਮਹਾਜਨ)**-ਨਹਿਰ ਅਪਰਬਾਰੀ ਦੁਆਬ ਵਿਚੋਂ ਨਿਕਲਿਆ ਸਿਲਟਰ ਇਜੈਕਟਰ ਜੋ ਪੱਖੋਵਾਲ ਨਡਾਲਾ ਕੋਲ ਦਰਿਆ ਬਿਆਸ ਵਿਚ ਪੈਣ ਦੀ ਬਜਾਏ ਪੱਖੋਵਾਲ ਨਡਾਲਾ ਕੋਲ ਬੰਦ ਕਰ ਦਿੱਤਾ ਸੀ ਅਤੇ ਇਸ ਦਾ ਲੋਕਾਂ ਦੀ ਜ਼ਮੀਨ ਵਿਚ ਰੁੱਖ ਕਰਕੇ ਗੰਦੀ ਨਾਲੇ ਦਾ ਰੂਪ ਦੇ ਦਿੱਤਾ ਸੀ ਅਤੇ ਕਿਸਾਨਾਂ ਦੀ ਮਾਲਕੀ ਵਾਲੀ ਜ਼ਮੀਨ ਵਿਚ ਬਣਾਇਆ ਗਿਆ ਸੀ ਜੋ ਬਰਸਾਤੀ ਪਾਣੀ ਕਾਰਨ ਇਹ ਗੰਦੀ ਨਾਲ ਹਰ ਪਾਸੇ 5 ਏਕੜ ਜ਼ਮੀਨ ਵਿਚ ਫੈਲ ਜਾਂਦਾ ਹੈ ਅਤੇ ਸੈਂਕੜੇ ਏਕੜ ਫ਼ਸਲ ਬਰਬਾਦ ਕਰਕੇ ਕਿਸਾਨਾਂ ਦਾ ਆਰਥਿਕ ਤੌਰ 'ਤੇ ਭਾਰੀ ਨੁਕਸਾਨ ਕਰਦਾ ਹੈ। ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਸਭ ਕੁਝ ਜਾਣਦਾ ਹੋਇਆ ਅੱਖਾਂ ਬੰਦ ਕਰਕੇ ਤਮਾਸ਼ਾ ਵੇਖ ਰਿਹਾ ਹੈ ਜਿਸ ਕਰਕੇ ਇਲਾਕੇ ਦੇ ਕਿਸਾਨਾਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੁੱਧੀਜੀਵੀ ਤੇ ਸੀਨੀਅਰ ਅਧਿਆਪਕ ਮਾਸਟਰ ਬਲਦੇਵ ਸਿੰਘ ਸੈਣੀ ਨੇ ਕੀਤਾ। ਉਨ੍ਹਾਂ ਦੱਸਿਆ ਕਿ ਇਸ ਗੰਦੀ ਨਾਲੇ ਦੀ ਜ਼ਮੀਨ ਅਸਲ ਵਿਚ ਕਿਸਾਨਾਂ ਦੀ ਹੈ ਅਤੇ ਡਰੇਨੇਜ਼ ਵਿਭਾਗ ਨੇ ਲੋਕਾਂ ਦੀ ਜ਼ਮੀਨ ਐਕੁਆਇਰ ਕੀਤੇ ਬਿਨਾਂ ਲੋਕਾਂ ਦੀ ਬਿਨਾਂ ਸਹਿਮਤੀ ਨਾਲ ਗੰਦੀ ਨਾਲਾ ਬਣਾਇਆ ਹੈ। ਉਸ ਸਮੇਂ ਇਸ ਦਾ ਵਿਰੋਧ ਹੋਣ ਦੇ ਬਾਵਜੂਦ ਗੰਦੀ ਨਾਲਾ ਦਰਿਆ ਬਿਆਸ ਵਿਚ ਸੁੱਟ ਦਿੱਤਾ ਸੀ। ਇਸ ਨਾਲ ਹਰ ਸਾਲ ਕਿਸਾਨਾਂ ਦੀ ਹਜ਼ਾਰਾਂ ਏਕੜ ਫ਼ਸਲ ਇਸ ਪਾਣੀ ਦੀ ਲਪੇਟ ਵਿਚ ਆਉਣ ਕਰਕੇ ਬਰਬਾਤ ਹੋ ਜਾਂਦੀ ਹੈ ਅਤੇ ਹੁਣ ਮੌਜੂਦਾ ਸਮੇਂ ਵਿਚ ਗੰਦੀ ਨਾਲਾ ਕਿਸਾਨਾਂ ਦੀ ਹਰ ਰਿਵਾਇਤੀ ਫਸਲ ਨੂੰ ਆਪਣੀ ਲਪੇਟ ਵਿਚ ਲੈ ਕੇ ਭਾਰੀ ਨੁਕਸਾਨ ਕਰ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਗੰਦੀ ਨਾਲੇ ਦੇ ਆਲੇ ਦੁਆਲੇ 15-20 ਫੁੱਟ ਤੱਕ ਪੱਕੀ ਧੁੱਸੀ ਅਤੇ ਸਪਰ ਬਣਾਉਣ ਲਈ ਡਰੇਨੇਜ ਵਿਭਾਗ ਮੰਤਰੀ ਨੂੰ ਹਦਾਇਤਾਂ ਕੀਤੀਆਂ ਜਾਣ ਜਿਸ ਨਾਲ ਕਿਸਾਨਾਂ ਦੀ ਅਗਾਂਹ ਤੋਂ ਫ਼ਸਲ ਖ਼ਰਾਬ ਹੋਣ ਤੋਂ ਬਚ ਸਕੇ।

# ਟੀਸੀ ਇੰਟਰਨੈਸ਼ਨਲ ਸਕੂਲ 'ਚ ਹਰਿਆਲੀ ਤੀਜ ਮਨਾਈ

**ਗੁਰਦਾਸਪੁਰ (ਦਿਨੇਸ਼ ਕੁਮਾਰ)**-ਟੀ. ਸੀ. ਇੰਟਰਨੈਸ਼ਨਲ ਸਕੂਲ ਬਹਿਰਾਮਪੁਰ ਰੋਡ ਗੁਰਦਾਸਪੁਰ ਵਿਖੇ ਸਾਵਣ ਮਹੀਨੇ ਦੀ ਹਰਿਆਲੀ ਤੀਜ ਸਕੂਲ ਪੈਜ਼ੀਡੈਂਟ ਕੁਮੁਦ ਸ਼ਰਮਾ ਦੀ ਹਾਜ਼ਰੀ ਵਿੱਚ



ਮਨਾਈ ਗਈ। ਇਸ ਦੌਰਾਨ ਬੱਚਿਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਇਸ ਮੌਕੇ ਸਕੂਲ ਵਿੱਚ ਝੂਲੇ ਵੀ ਲਗਾਏ ਗਏ, ਜਿਨ੍ਹਾਂ ਦਾ ਬੱਚਿਆਂ ਨੇ ਖੂਬ ਆਨੰਦ ਮਾਣਿਆ। ਅਧਿਆਪਕਾਂ ਨੇ ਵੀ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦੌਰਾਨ ਬੱਚਿਆਂ ਨੇ ਵੱਖ-ਵੱਖ ਤਰ੍ਹਾਂ ਦੇ ਡਾਂਸ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ। ਇਸ ਮੌਕੇ ਸਕੂਲ ਦੇ ਚੇਅਰਮੈਨ ਰਵਿੰਦਰ ਸਰਮਾ ਨੇ ਬੱਚਿਆਂ ਨੂੰ ਤੀਜ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਸਮੂਹ ਸਟਾਫ ਨੂੰ ਤੀਜ ਦੀ ਵਧਾਈ ਦਿੱਤੀ।

# ਸ਼ਮਸ਼ੇਰ ਸਿੰਘ ਨੇ ਟਾਂਡਾ ਦੇ 43 ਪਰਿਵਾਰਾਂ ਨੂੰ ਰਾਸ਼ਨ ਵੰਡਿਆ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਬੀਤੇ ਦਿਨੀਂ ਬਿਆਸ ਦਰਿਆ ਵਿੱਚ ਆਏ ਭਾਰੀ ਹੜ੍ਹ ਕਾਰਨ ਵਿਧਾਨਸਭਾ ਹਲਕਾ ਦੀਨਾਨਗਰ ਦੇ ਪ੍ਰਭਾਵਿਤ ਹੋਏ ਪਿੰਡਾਂ ਦੇ ਲੋਕਾਂ ਨੂੰ ਸਹਾਇਤਾ ਪਹੁੰਚਾਉਣ ਦੇ ਮੰਤਵ ਨਾਲ ਮੰਗਲਵਾਰ ਨੂੰ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪਿੰਡ ਟਾਂਡਾ ਵਿਖੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਟਾਂਡਾ ਪਿੰਡ ਦੇ 43 ਦੇ ਕਰੀਬ ਪਰਿਵਾਰਾਂ ਨੂੰ ਰਾਸ਼ਨ ਵੰਡਣ ਮੌਕੇ ਹਲਕਾ ਇੰਚਾਰਜ ਸਮਸ਼ੇਰ ਸਿੰਘ ਨੇ ਕਿਹਾ ਕਿ ਹੜ੍ਹ ਦੇ ਪਾਣੀ ਕਾਰਨ ਦੀਨਾਨਗਰ ਹਲਕੇ ਦੇ ਕਈ ਪਿੰਡ ਪ੍ਰਭਾਵਿਤ ਹੋਏ ਹਨ, ਜਿਸ ਵਿੱਚ ਲੋਕਾਂ ਦੀਆਂ ਫਸਲਾਂ, ਘਰਾਂ ਅਤੇ ਹੋਰ ਜਾਇਦਾਦਾਂ ਦਾ ਨੁਕਸਾਨ ਹੋਇਆ ਹੈ। ਕੁਦਰਤੀ ਆਫਤਾਂ ਅੱਗੇ ਕਿਸੇ ਦਾ ਜੋਰ ਨਹੀਂ ਹੈ, ਪਰ ਸੰਕਟ ਦੀ ਘੜੀ ਵਿੱਚ ਲੋੜਵੰਦਾਂ ਤੱਕ ਸਹਾਇਤਾ ਪਹੁੰਚਾਉਣ ਹਰੇਕ ਵਿਅਕਤੀ ਦਾ ਫਰਜ਼ ਬਣਦਾ ਹੈ ਜਿਸ ਤਹਿਤ ਉਹਨਾਂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਸਹਾਇਤਾ ਦੇਣ ਦੀ ਇਕ ਛੋਟੀ ਜਿਹੀ ਕੋਸ਼ਿਸ਼ ਸ਼ੁਰੂ ਕੀਤੀ ਗਈ ਹੈ ਜਿਸ ਦੀ ਸ਼ੁਰੂਆਤ ਅੱਜ ਪਿੰਡ ਟਾਂਡਾ ਤੋਂ ਕੀਤੀ ਗਈ ਹੈ ਅਤੇ ਇਹ ਸਹਾਇਤਾ ਬਿਨਾਂ ਕਿਸੇ ਪੱਖਪਾਤ ਦੇ ਲੋੜਵੰਦ ਲੋਕਾਂ ਤੱਕ ਪਹੁੰਚਾਈ ਜਾਵੇਗੀ। ਉਨ੍ਹਾਂ ਕਿਹਾ ਕਿ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੇ ਹੋਏ ਨੁਕਸਾਨ ਦੀ ਪੂਰਤੀ ਕਰਨ ਲਈ ਵਚਨਬੱਧ ਹੈ ਅਤੇ ਇਸ ਮੰਤਵ ਲਈ ਪੰਜਾਬ ਸਰਕਾਰ ਵੱਲੋਂ ਗੁਰਦਾਸਪੁਰ ਜਿਲ੍ਹੇ ਨੂੰ ਛੇ ਕਰੋੜ ਰੁਪਏ ਦੇ ਕਰੀਬ ਜਾਰੀ ਕੀਤੇ ਗਏ ਹਨ ਜਿਸ ਨਾਲ ਲੋਕਾਂ ਦੇ ਹੋਏ ਨੁਕਸਾਨ ਦੀ ਪੂਰਤੀ ਕੀਤੀ ਜਾਵੇਗੀ। ਇਸ ਮੌਕੇ ਰਕੇਸ਼ ਕੁਮਾਰ ਟਾਂਡਾ, ਨਿਸ਼ਾਨ ਸਿੰਘ ਗੁੰਝੀਆਂ, ਬਲਜੀਤ ਸਿੰਘ ਪੁਰਾਣਾ ਸ਼ਾਹਲਾ, ਗੁਰਨਾਮ ਸਿੰਘ ਪੁਰਾਣਾ ਸ਼ਾਹਲਾ, ਮਸਤਾਨ ਸਿੰਘ ਬਿਆਨਪੁਰ, ਦੀਪਕ ਚੇਚੀਆਂ, ਰਾਜਨ ਮੀਲਵਾਂ ਅਤੇ ਗੋਰਾ ਕੱਤੋਵਾਲ ਵੀ ਹਾਜ਼ਰ ਸਨ।

# ਸਿਹਤ ਵਿਭਾਗ ਵੱਲੋਂ ਮਲੇਰੀਆ/ਡੇਂਗੂ ਦੇ ਮੱਛਰਾਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿੰਮ ਦਾ ਆਗਾਜ਼



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਮਲੇਰੀਆ ਅਤੇ ਡੇਂਗੂ ਦੀਆਂ ਬਿਮਾਰੀਆਂ ਨੂੰ ਫੈਲਣ ਤੋਂ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਸਿਹਤ ਵਿਭਾਗ ਵੱਲੋਂ ਜਿਥੇ ਪਿੰਡ-ਪਿੰਡ ਜਾ ਕੇ ਮੱਛਰਾਂ ਨੂੰ ਮਾਰਨ ਲਈ ਸਪਰੇਅ ਕਰਨ ਦੇ ਨਾਲ ਫੌਗਿੰਗ ਕੀਤੀ ਜਾ ਰਹੀ ਹੈ ਓਥੇ ਪਿੰਡਾਂ ਦੇ ਛੱਪੜਾਂ ਜਾਂ ਜਿਨ੍ਹਾਂ ਨੀਵੇਂ ਇਲਾਕਿਆਂ ਵਿੱਚ ਹੜ੍ਹ ਦਾ ਪਾਣੀ ਖੜ੍ਹਾ ਹੈ ਓਥੇ ਗੰਬੂਜੀਆ ਮੱਛੀਆਂ ਨੂੰ ਛੱਡਿਆ ਜਾ ਰਿਹਾ ਹੈ ਜੋ ਕਿ ਪਾਣੀ ਵਿੱਚ ਪਨਪਣ ਵਾਲੇ ਮੱਛਰਾਂ ਦੇ ਲਾਰਵੇ ਨੂੰ ਖਤਮ ਕਰਨ ਵਿੱਚ ਸਹਾਈ ਹੁੰਦੀਆਂ ਹਨ। ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਰੋਮੀ ਰਾਜਾ ਅਤੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਪ੍ਰਭਜੋਤ ਕਲਸੀ ਵੱਲੋਂ ਪ੍ਰਾਇਮਰੀ ਹੈਲਥ ਸੈਂਟਰ ਰਣਜੀਤ ਬਾਗ ਵਿਖੇ ਸਥਿਤ ਗੰਬੂਜੀਆਂ ਮੱਛੀਆਂ ਦੀ ਜ਼ਿਲ੍ਹਾ ਹੈਚਰੀ ਦਾ ਦੌਰਾ ਕੀਤਾ ਗਿਆ। ਡਾ. ਹਰਭਜਨ ਰਾਮ ਨੇ ਦੱਸਿਆ ਕਿ ਵੈਕਟਰ-ਬੋਰਨ ਬਿਮਾਰੀਆਂ ਜਿਵੇ ਕਿ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਆਦਿ ਨੂੰ ਫੈਲਣ ਤੋਂ ਰੋਕਣ ਅਤੇ ਮੱਛਰ ਦੇ ਲਾਰਵੇ ਨੂੰ ਖਾਣ ਵਾਲੀ ਗੰਬੂਜੀਆ ਮੱਛੀਆਂ ਨੂੰ ਇੱਥੇ ਪਾਲਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਹੜ੍ਹ ਪ੍ਰਭਾਵਤ ਖੇਤਰ ਵਿੱਚ ਵਿਸ਼ੇਸ਼ ਮੁਹਿੰਮ ਤਹਿਤ ਅਗਲੇ 3 ਦਿਨਾਂ 'ਚ 92 ਛੱਪੜਾਂ ਵਿਚ ਇਹ ਗੰਬੂਜੀਆ ਮੱਛੀਆਂ ਛੱਡੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਗੰਬੂਜੀਆ ਮੱਛੀਆਂ ਨੂੰ ਟੋਏ ਛੱਪੜ ਜਾਂ ਆਸ-ਪਾਸ ਦੇ ਕਿਸੇ ਵੀ ਜਲ-ਘਰ ਵਿੱਚ ਛੱਡਿਆ ਜਾ ਸਕਦਾ ਹੈ ਜਿੱਥੇ ਮੱਛਰ ਦੇ ਲਾਰਵੇ ਹੁੰਦੇ ਹਨ। ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਗੰਬੂਜੀਆ ਮੱਛੀਆਂ ਦੀ ਮਦਦ ਨਾਲ ਮੱਛਰ ਦੇ ਲਾਰਵੇ ਨੂੰ ਨਸ਼ਟ ਕਰਨਾ ਨਾ ਸਿਰਫ ਵਾਤਾਵਰਣ ਲਈ ਅਨੁਕੂਲ ਹੈ ਸਗੋਂ ਇਹ ਇੱਕ ਪ੍ਰਭਾਵਸ਼ਾਲੀ ਉਪਾਅ ਵੀ ਹੈ। ਉਨ੍ਹਾਂ ਕਿਹਾ ਕਿ ਗੰਬੂਜੀਆ ਮੱਛੀਆਂ ਦਾ ਪੂੰਗ ਕਿਸੇ ਵੀ ਕੰਮਕਾਜ ਵਾਲੇ ਦਿਨ ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਪੀਐੱਚਸੀ ਰਣਜੀਤ ਬਾਗ ਵਿਖੇ ਹੈਲਥ ਇੰਸਪੈਕਟਰ ਗੁਰਜੀਤ ਸਿੰਘ ਨਾਲ ਉਨ੍ਹਾਂ ਦੇ ਮੋਬਾਈਲ ਨੰਬਰ 87258-00272 'ਤੇ ਤਾਲ ਮੇਲ ਕਰਕੇ ਮੁਫਤ ਲਿਜਾਇਆ ਜਾ ਸਕਦਾ ਹੈ। ਇਸ ਮੌਕੇ ਏਐੱਮਓ ਸ਼ਿਵ ਚਰਨ, ਬਲਾਕ ਐਜੂਕੇਟਰ ਸੰਦੀਪ ਕੌਰ, ਗੁਰਜੀਤ ਸਿੰਘ ਐੱਚਆਈ ਅਤੇ ਹੈਲਥ ਵਰਕਰ ਹਾਜ਼ਰ ਸਨ।

# ਗੁਰਦਾਸਪੁਰ ਸ਼ਹਿਰ ਅੰਦਰ ਟਰੈਫ਼ਿਕ ਲਾਈਟਾਂ ਨਾ ਹੋਣ ਕਰਕੇ ਹਾਦਸੇ ਵਾਪਰਨ ਦਾ ਡਰ



**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਵਿਚ ਟਰੈਫ਼ਿਕ ਸਮੱਸਿਆ ਦਿਨ-ਬ-ਦਿਨ ਗੰਭੀਰ ਹੁੰਦੀ ਜਾ ਰਹੀ ਹੈ ਅਤੇ ਟਰੈਫ਼ਿਕ ਕਰਮਚਾਰੀ ਕਾਫ਼ੀ ਗਿਣਤੀ ਵਿਚ ਤੈਨਾਤ ਹੋਣ ਦੇ ਬਾਵਜੂਦ ਟਰੈਫ਼ਿਕ ਪੱਖੋਂ ਹਰ ਵੇਲੇ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ। ਖ਼ਾਸ ਕਰ ਸ਼ਹਿਰ ਦੇ ਡਾਕਖ਼ਾਨਾ ਚੌਕ, ਦੋਰਾਂਗਲਾ ਚੌਕ ਤੋਂ ਤਾਂ ਲੰਘਣਾ ਹਰ ਵੇਲੇ ਮੁਸ਼ਕਿਲ ਹੁੰਦਾ ਹੈ। ਇਸ ਤੋਂ ਇਲਾਵਾ ਤਿੱਬੜੀ ਰੋਡ ਰੇਲਵੇ ਅੰਡਰ ਬ੍ਰਿਜ ਤੇ ਤਿੱਬੜੀ ਚੌਕ ਵਿਚੋਂ ਵੀ ਲੰਘਣਾ ਔਖਾ ਹੋ ਗਿਆ ਹੈ ਕਿਉਂਕਿ ਗੁਰਦਾਸਪੁਰ ਤੋਂ ਮੁਕੇਰੀਆਂ ਅਤੇ ਨਵੇਂ ਬੱਸ ਅੱਡੇ ਵੱਲ ਜਾਣ ਵੇਲੇ ਟਰੈਫ਼ਿਕ ਕਾਫ਼ੀ ਵਧ ਗਈ ਹੈ। ਇਥੇ ਜ਼ਿਕਰਯੋਗ ਹੈ ਗੁਰਦਾਸਪੁਰ ਸ਼ਹਿਰ ਅੰਦਰ ਮੌਜੂਦਾ ਸਮੇਂ 7 ਚੌਕ ਹਨ ਜਿਨ੍ਹਾਂ ਵਿਚ ਟਰੈਫ਼ਿਕ ਲਾਈਟਾਂ ਦੀ ਲੋੜ ਹੈ।

ਇਹ ਚੌਕ ਕਾਹਨੂੰਵਾਨ-ਕਲਾਨੌਰ ਰੋਡ ਚੌਕ, ਹਰਦੋਛੰਨੀ ਰੋਡ ਟੀ ਪੁਆਇੰਟ, ਦੋਰਾਂਗਲਾ ਰੋਡ ਚੌਕ, ਡਾਕਖਾਨਾ ਚੌਕ, ਜਹਾਜ ਚੌਕ, ਰੇਲਵੇ ਸਟੇਸ਼ਨ-ਸੰਗਲਪੁਰਾ ਰੋਡ ਚੌਕ, ਮਿਲਕ ਪਲਾਂਟ ਨੇੜੇ ਚੌਕ ਅਤੇ ਹੁਣ ਸਭ ਤੋਂ ਮਹੱਤਵਪੂਰਨ ਤਿੱਬੜੀ ਰੋਡ ਰੇਲਵੇ ਅੰਡਰ ਬ੍ਰਿਜ ਰੋਡ ਚੌਕ ਹੈ। ਟਰੈਫ਼ਿਕ ਕਰਮਚਾਰੀਆਂ ਬਾਰੇ ਪਤਾ ਕਰਨ 'ਤੇ ਜਾਣਕਾਰੀ ਮਿਲੀ ਕਿ ਇਸ ਸਮੇਂ ਸ਼ਹਿਰ ਅੰਦਰ ਕਾਫ਼ੀ ਘੱਟ ਕਰਮਚਾਰੀ ਡਿਊਟੀ ਦੇ ਰਹੇ ਹਨ ਜੋ ਕਿ ਚੌਕਾਂ ਦੇ ਹਿਸਾਬ ਨਾਲ ਕਾਫ਼ੀ ਘੱਟ ਹਨ। ਜਦ ਇਸ ਸਬੰਧੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਨਾਲ ਇਕ-ਦੋ ਵਾਰ ਉਨ੍ਹਾਂ ਦੇ ਮੋਬਾਈਲ ਫ਼ੋਨ ਤੇ ਵਟਸਐਪ 'ਤੇ ਗੱਲ ਕਰਨੀ ਚਾਹੀ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

# ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ 42ਵੀਂ ਬਰਸੀ ਮਨਾਈ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ 42ਵੀਂ ਬਰਸੀ ਗੁਰਦੁਆਰਾ ਹੋਲਗੜ੍ਹ ਖੁਜਾਲਾ ਵਿਖੇ ਸੰਤ ਬਾਬਾ ਗੁਰਭੇਜ ਸਿੰਘ ਮੁੱਖ ਬੁਲਾਰੇ ਸੰਤ ਸਮਾਜ ਵਾਲਿਆਂ ਦੀ ਰਹਿਨੁਮਾਈ ਹੇਠ ਧਾਰਮਿਕ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਜਥੇ ਨੇ ਗੁਰਬਾਣੀ ਦਾ ਮਨਹੋਰ ਕੀਰਤਨ ਸੰਗਤਾਂ ਨੂੰ ਸਰਵਣ ਕਰਵਾਇਆ ਅਤੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਬਾਬਾ ਸੁਖਦੇਵ ਸਿੰਘ ਨੇ ਸੰਗਤਾਂ ਨੂੰ ਕਥਾ ਵਿਚਾਰਾਂ ਰਾਹੀ ਅੰਮ੍ਰਿਤ ਛਕ ਕੇ ਗੁਰੂ ਦੇ ਲੜ ਲੱਗਣ ਲਈ ਪ੍ਰੇਰਿਤ ਕੀਤਾ। ਉਪਰੰਤ ਸੰਤ ਬਾਬਾ ਗੁਰਭੇਜ ਸਿੰਘ ਨੇ ਗੁਰੂ ਸ਼ਬਦ ਦੀਆਂ ਵਿਚਾਰਾਂ ਕਰਦਿਆਂ ਸੰਤ ਗੁਰਬਚਨ ਸਿੰਘ ਡੰਡੇ ਵਾਲਿਆਂ ਵੱਲੋਂ ਸੀਮਿਤ ਸਾਧਨਾਂ ਦੇ ਬਾਵਜੂਦ ਗੁਰਮਤਿ ਦੇ ਪ੍ਰਚਾਰ ਲਈ ਘਾਲੀ ਗਈ ਕਠਿਨ ਘਾਲਣਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਅਨੇਕਾਂ ਕੀਰਤਨੀਆਂ, ਕਥਾਵਾਚਕਾਂ, ਕਵੀਸ਼ਰੀਏ ਤੇ ਢਾਡੀ ਜਥਿਆਂ ਨੇ ਵੀ ਹਾਜ਼ਰੀ ਭਰੀ। ਇਸ ਸਮੇਂ ਪ੍ਰਿੰਸੀਪਲ ਬਚਿੱਤਰ ਸਿੰਘ ਵੱਲੋਂ ਸੰਤ ਬਾਬਾ ਗੁਰਭੇਜ ਸਿੰਘ ਮੁੱਖ ਬੁਲਾਰੇ ਸੰਤ ਸਮਾਜ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਤ ਬਾਬਾ ਪਰਮਾਨੰਦ, ਵੱਡਾ ਅਖਾੜਾ ਉਦਾਸਸੀਨ ਜੰਡਿਆਲਾ ਗੁਰੂ, ਸੰਤ ਬਾਬਾ ਸੱਜਣ ਸਿੰਘ ਗੁਰੂ ਕੇ ਬੇਰ ਸਾਹਿਬ, ਬਾਬਾ ਬੋਹੜ ਸਿੰਘ ਦਮਦਮੀ ਟਕਸਾਲ, ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਬਾਬਾ ਸਰਵਣ ਸਿੰਘ ਮਲਕਪੁਰ, ਸੰਤ ਬਾਬਾ ਕੰਵਲਜੀਤ ਸਿੰਘ ਨਾਗੀਆਣਾ ਸਾਹਿਬ, ਬਾਬਾ ਭੁਪਿੰਦਰ ਸਿੰਘ ਗਿਰੀ ਡੇਅਰੀਵਾਲਾ, ਬਾਬਾ ਮਨਮੋਹਣ ਸਿੰਘ ਭੰਗਾਲੀ, ਮੈਡਮ ਸੁਹਿੰਦਰ ਕੌਰ ਪਤਨੀ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ, ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ, ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਅਕਾਲੀ ਆਗੂ ਅਮਰੀਕ ਸਿੰਘ ਬਿੱਟਾ, ਮੈਡਮ ਸਤਿੰਦਰ ਕੌਰ ਹਲਕਾ ਮਜੀਠਾ, ਬਾਬਾ ਗੁਰਮੀਤ ਸਿੰਘ ਬੱਦੋਵਾਲ, ਬਾਬਾ ਗੁਰਦੇਵ ਸਿੰਘ ਤਰਸਿੱਕਾ, ਪ੍ਰਿੰ. ਬਚਿੱਤਰ ਸਿੰਘ ਤਰਸਿੱਕਾ, ਭਾਈ ਪ੍ਰਕਾਸ਼ ਸਿੰਘ ਦਮਦਮੀ ਟਕਸਾਲ, ਬਾਬਾ ਜਗੀਰ ਸਿੰਘ ਚੋਗਾਵਾਂ ਬਾਬਾ ਚੰਨਣ ਸਿੰਘ ਖੁਜਾਲਾ, ਬਾਬਾ ਭਗਵਾਨ ਸਿੰਘ ਖੁਜਾਲਾ, ਬਾਬਾ ਸੁਖਦੇਵ ਸਿੰਘ ਖੁਜਾਲਾ, ਬਾਬਾ ਮੇਜਰ ਸਿੰਘ ਸੋਢੀ, ਗਿਆਨੀ ਗੁਰਪ੍ਰੀਤ ਸਿੰਘ, ਪ੍ਰਧਾਨ ਆਈਟੀ ਵਿੰਗ ਗਗਨਦੀਪ ਸਿੰਘ, ਐਡਵੋਕੇਟ ਸਰਨਜੀਤ ਸਿੰਘ, ਨਵ ਰਸੂਲਪੁਰ, ਤਰਸੇਮ ਸਿੰਘ ਰੰਧਾਵਾ, ਜਥੇਦਾਰ ਗੁਰਸਰਨ ਸਿੰਘ ਖੁਜਾਲਾ, ਹਰਪ੍ਰੀਤ ਸਿੰਘ ਬੀ ਸੀ, ਜਥੇਦਾਰ ਜਰਨੈਲ ਸਿੰਘ, ਜਥੇਦਾਰ ਸਵਰਨਜੀਤ ਸਿੰਘ ਕੁਰਾਲੀ ਆਦਿ ਹਾਜ਼ਰ ਸਨ।

# ਬੰਨ੍ਹ ਪੂਰਨ ਲਈ ਚੱਲਦੀ ਕਾਰ ਸੇਵਾ 'ਤੇ ਸਿਆਸਤ ਪੈ ਰਹੀ ਭਾਰੂ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਬਾਬਾ ਸੁੱਖਾ ਸਿੰਘ ਸਰਹਾਲੀ ਸਾਹਿਬ ਵਾਲਿਆਂ ਵੱਲੋਂ ਪਿੰਡ ਘੜੁੰਮ ਨਜ਼ਦੀਕ ਬੰਨ੍ਹ ਪੂਰਨ ਦੀ ਆਰੰਭੀ ਸੇਵਾ ਅੰਦਰ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਆਪਣੇ ਪੱਧਰ ਤੇ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾ ਰਿਹਾ ਹੈ। ਉੱਥੇ ਪੱਟੀ ਤੋਂ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਦੀ ਅਪੀਲ ਤੇ ਵਿਧਾਇਕ ਰਾਣਾ ਗੁਰਜੀਤ ਸਿੰਘ ਤੇ ਵਿਧਾਇਕ ਰਾਣਾ ਇੰਦਰਪ੍ਰਤਾਪ ਸਿੰਘ ਵੱਲੋਂ ਬੰਨ੍ਹ ਨੂੰ ਪੂਰਨ ਲਈ ਬਾਬਾ ਸੁੱਖਾ ਸਿੰਘ ਨੂੰ ਵੱਡੇ ਪੱਧਰ ਤੇ ਮਸ਼ੀਨਰੀ ਤੇ ਜੰਬੋ ਬੈਗ ਮੁਹੱਈਆ ਕਰਵਾ ਕਿ ਅਨਾਜ ਮੰਡੀ ਹਰੀਕੇ ਅੰਦਰ ਮਿੱਟੀ ਭਰਨ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਸੀ ਜਿਸ ਨੂੰ ਅੱਜ ਹਰੀਕੇ ਅਨਾਜ ਮੰਡੀ ਅੰਦਰ ਸਿਆਸਤ ਤੋਂ ਪ੍ਰੇਰਿਤ ਹੁੰਦਿਆਂ ਕੁਝ ਲੋਕਾਂ ਵੱਲੋਂ ਰੁਕਵਾਉਣ ਦਾ ਯਤਨ ਕੀਤਾ ਗਿਆ ਹੈ। ਚੱਲਦੇ ਕੰਮ 'ਚ ਰੁਕਾਵਟ ਪਾਉਣ ਦੀ ਕੋਸ਼ਿਸ਼ ਕੀਤੀ ਗਈ। ਕਾਂਗਰਸੀ ਆਗੂ ਹਰਮਿੰਦਰ ਸਿੰਘ ਗਿੱਲ ਨੇ ਸੱਤਾਧਾਰੀ ਲੋਕਾਂ ਵੱਲੋਂ ਕਾਰਸੇਵਾ ਵਿੱਚ ਪਾਏ ਗਏ ਅੜਿੱਕੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਪੱਟੀ ਦਾ ਹਥਾੜ ਇਲਾਕਾ ਹੜ੍ਹ ਦੇ ਪਾਣੀ ਨਾਲ ਤਬਾਹ ਹੋ ਗਿਆ । ਸਰਕਾਰ ਅਤੇ ਪ੍ਰਸ਼ਾਸਨ ਹੜ੍ਹ ਪੀੜਤਾਂ ਦੀ ਮਦਦ ਕਰਨ ਵਿੱਚ ਫ਼ੇਲ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਲੋਕ ਆਪਣੇ ਪੱਧਰ ਤੇ ਧਾਰਮਿਕ ਸੰਸਥਾਵਾਂ ਤੇ ਸਮਾਜ ਸੇਵੀ ਲੋਕਾਂ ਦੇ ਸਹਿਯੋਗ ਨਾਲ ਆਪਣਾ ਬਚਾਅ ਕਰਨ ਤੇ ਯਤਨ ਕਰ ਰਹੇ ਹਨ ਉਸ ਵਿੱਚ ਪ੍ਰਸ਼ਾਸਨ ਤੇ ਸਰਕਾਰ ਦੇ ਨੁਮਾਇੰਦੇ ਅੜਿੱਕਾ ਪਾ ਰਹੇ ਹਨ। ਉਨ੍ਹਾਂ ਕਿਹਾ ਕਿ ਠੇਕੇਦਾਰਾਂ ਵੱਲੋਂ ਸੱਤਾ ਸ਼ਹਿ 'ਤੇ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਕਾਰ ਸੇਵਾ ਵਾਲੀਆਂ ਟਰਾਲੀਆਂ ਨੂੰ ਆਪਣੇ ਕੰਮ ਵਿੱਚ ਦਰਜ ਕਰਕੇ ਲੋਕਾਂ ਦੀ ਸਹੂਲਤ ਆਏ ਫੰਡ ਨੂੰ ਹੜੱਪਣ ਦਾ ਕੰਮ ਕਰ ਰਹੇ ਹਨ । ਜ਼ਿਕਰਯੋਗ ਹੈ ਕਿ ਦਾਨੀ ਸੱਜਣਾਂ ਵੱਲੋਂ ਹੜ੍ਹ ਪੀੜਤਾਂ ਲਈ ਭੇਜੀ ਜਾ ਰਹੀ ਮਦਦ ਨੂੰ ਹੜ੍ਹ ਪੀੜਤਾਂ ਤੱਕ ਪਹੁੰਚਣ ਤੋਂ ਪਹਿਲਾਂ ਕੁਝ ਲੋਕਾਂ ਵੱਲੋਂ ਹੜੱਪਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ।

# ਸੰਤ ਫਰਾਂਸਿਸ ਸਕੂਲ ਦੇ ਖਿਡਾਰੀ ਛਾ ਗਏ



**ਬਟਾਲਾ (ਡਾ. ਮਲਵਿੰਦਰ ਸਿੰਘ)**-ਬੀਤੇ ਦਿਨੀਂ ਬਟਾਲਾ ਦੇ ਦੇਸ ਰਾਜ ਹੈਰੀਟੇਜ ਸਕੂਲ ਵਿੱਚ ਅੱਠਵਾਂ ਆਜ਼ਾਦੀ ਕਰਾਟੇ ਕੈਂਪ ਲਗਾਇਆ ਗਿਆ, ਜਿਸ ਵਿੱਚ ਪੂਰੇ ਪੰਜਾਬ ਦੇ ਲਗਭਗ 300 ਕਰਾਟੇ ਦੇ ਖਿਡਾਰੀਆਂ ਨੇ ਹਿੱਸਾ ਲਿਆ। ਸੰਤ ਫਰਾਂਸਿਸ ਸਕੂਲ ਦੇ ਬੱਚਿਆਂ ਨੇ ਇਸ ਚੈਂਪੀਅਨਸ਼ਿਪ ਵਿੱਚ 7 ਸੋਨੇ ਦੇ, 10 ਚਾਂਦੀ ਅਤੇ ਕਾਂਸੇ ਦੇ ਤਮਗੇ ਜਿੱਤੇ। ਇਸ ਮੌਕੇ ਸਕੂਲ ਪ੍ਰਿੰਸੀਪਲ ਫਾਦਰ ਪੀ. ਜੇ. ਯੂਸਾ ਨੇ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਹੋਰ ਮਿਹਨਤ ਕਰਨ ਵਾਸਤੇ ਕਿਹਾ। ਇਸ ਮੌਕੇ ਸਕੂਲ ਦੇ ਖੇਡ ਅਧਿਆਪਕ ਪੂਜਾ ਵੱਡਿਆ ਅਤੇ ਸੈਨਸਈ ਗੁਲਸ਼ਨ ਕੁਮਾਰ ਮਹਿਰਾ ਵੀ ਹਾਜ਼ਰ ਸਨ।

# 26/27 ਨੂੰ ਹੋਣ ਵਾਲੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਰੱਦ

**ਅੰਮ੍ਰਿਤਸਰ (ਨਜ਼ਸ)**-ਪੰਜਾਬ ਸਰਕਾਰ ਵੱਲੋਂ ਭਾਰੀ ਬਾਰਿਸ਼ਾਂ ਕਾਰਣ ਪੰਜਾਬ ਦੇ ਸਾਰੇ ਸਰਕਾਰੀ ਅਤੇ ਨਿੱਜੀ ਸਕੂਲਾਂ ਵਿੱਚ 26 ਅਗਸਤ ਤੱਕ ਛੁੱਟੀਆਂ ਕਰਨ ਦੇ ਅਚਾਨਕ ਐਲਾਨ ਕਾਰਣ ਤਰਕਸ਼ੀਲ ਸੁਸਾਇਟੀ ਪੰਜਾਬ ਨੇ 26 ਤੇ 27 ਅਗਸਤ ਨੂੰ ਹੋਣ ਵਾਲੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਰੱਦ ਕਰਨ ਦਾ ਫੈਸਲਾ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਤਰਕਸ਼ੀਲ ਸੁਸਾਇਟੀ ਦੇ ਸੂਬਾਈ ਜੱਥੇਬੰਦਕ ਮੁਖੀ ਮਾਸਟਰ ਰਾਜਿੰਦਰ ਭਦੌੜ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਭਾਗ ਦੇ ਮੁਖੀ ਰਾਮ ਸਵਰਨ ਲੱਖੇਵਾਲੀ ਅਤੇ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਚਾਨਕ ਲਏ ਫੈਸਲੇ ਕਾਰਨ 26 ਅਤੇ 27 ਅਗਸਤ ਨੂੰ ਹੋਣ ਵਾਲੀ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਰੱਦ ਕੀਤੀ ਗਈ ਹੈ ਅਤੇ ਇਸ ਸਬੰਧੀ ਪ੍ਰੀਖਿਆ ਦੀਆਂ ਅਗਲੀਆਂ ਤਰੀਕਾਂ ਦਾ ਫੈਸਲਾ ਸਾਰੇ ਸਕੂਲਾਂ ਦੇ ਪੂਰੀ ਤਰਾਂ ਖੁੱਲ੍ਹਣ ਤੋਂ ਬਾਅਦ ਅਤੇ ਸਕੂਲ ਪ੍ਰੀਖਿਆਵਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾਵੇਗਾ। ਇਸ ਸਬੰਧੀ ਸਕੂਲ ਪ੍ਰਬੰਧਕਾਂ ਅਤੇ ਵਿਦਿਆਰਥੀਆਂ ਨੂੰ ਸਮੇਂ ਸਿਰ ਸੂਚਿਤ ਕਰ ਦਿੱਤਾ ਜਾਵੇਗਾ।

# 150 ਹੜ੍ਹ ਪੀੜਤ ਪਰਿਵਾਰਾਂ ਨੂੰ ਖਾਲਸਾ ਏਡ ਨੇ ਵੰਡੀਆਂ ਰਾਸ਼ਨ ਕਿੱਟਾਂ



**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਦਰਿਆ ਬਿਆਸ ਦੇ ਕੰਢੇ 'ਤੇ ਵੱਸੇ ਇਥੋਂ ਨੇੜਲੇ ਪਿੰਡ ਘੜਕਾ ਦੇ ਮੰਡ ਖੇਤਰ ਵਿੱਚ ਦਰਿਆ ਬਿਆਸ ਵਿੱਚ ਬੇਸ਼ੁਮਾਰ ਪਾਣੀ ਆਉਣ ਕਰਕੇ ਆਏ ਹੜ੍ਹਾਂ ਨੇ ਸਮੁੱਚੇ ਮੰਡ ਖੇਤਰ ਵਿੱਚ ਕਿਸਾਨਾਂ ਦੀਆਂ ਬੀਜੀਆਂ ਫਸਲਾਂ ਤਬਾਹ ਕਰ ਦਿੱਤੀਆਂ ਜਿਸ ਨਾਲ ਪਿੰਡ ਦੇ ਕਿਸਾਨਾਂ ਅਤੇ ਮਜ਼ਦੂਰਾਂ ਦਾ ਭਾਰੀ ਨੁਕਸਾਨ ਹੋਇਆ। ਗਰੀਬ ਪਰਿਵਾਰ ਤਾਂ ਦੋ ਵੇਲੇ ਦੀ ਰੋਟੀ ਤੋਂ ਵੀ ਮੋਹਤਾਜ ਹੋ ਗਏ। ਸਰਕਾਰਾਂ, ਪ੍ਰਸ਼ਾਸਨ ਤੇ ਨਾ ਹੀ ਕਿਸੇ ਧਾਰਮਿਕ ਸੰਸਥਾ ਨੇ ਭੁੱਖ ਮਰੀ ਦੇ ਇਨ੍ਹਾਂ ਸ਼ਿਕਾਰ ਲੋਕਾਂ ਦੀ ਸਾਰ ਲਈ। ਜਦੋਂ ਪਿੰਡ ਦੇ ਹੀ ਵਸਨੀਕ ਅਤੇ ਅੱਜਕੱਲ ਆਸਟ੍ਰੇਲੀਆ 'ਚ ਰਹਿ ਰਹੇ ਜਸਬੀਰ ਸਿੰਘ ਉਰਫ ਕਾਲਾ ਘੜਕਾ ਨੂੰ ਪਤਾ ਲੱਗਾ ਤਾਂ ਪਹਿਲਾਂ ਉਸਨੇ ਆਪਣੀ ਕਿਰਤ ਕਮਾਈ 'ਚੋਂ ਡੇਢ ਲੱਖ ਰੁਪਏ ਲੋੜਵੰਦ ਪਰਿਵਾਰਾ ਨੂੰ ਦੇਣ ਲਈ ਭੇਜੇ ਤੇ ਨਾਲ ਹੀ ਖਾਲਸਾ ਏਡ ਨੂੰ ਮਦਦ ਦੀ ਗੁਹਾਰ ਲਗਾਈ ਤਾਂ ਤੜਕਸਾਰ ਹੀ ਖਾਲਸਾ ਏਡ ਨੇ ਆਪਣੇ ਮਿੰਨੀ ਟਰੱਕ ਤੇ 150 ਰਾਸ਼ਨ ਕਿੱਟਾਂ ਜਿੰਨ੍ਹਾਂ 'ਚ ਘਰ ਦੀ ਵਰਤੋਂ ਵਾਲਾ ਸਾਰਾ ਸਾਮਾਨ ਸੀ, ਪਿੰਡ ਦੇ ਸਤਨਾਮ ਸਿੰਘ ਸ਼ਾਹ ਦੇ ਘਰ ਭੇਜਿਆ। ਪਿੰਡ ਦੇ ਪਤਵੰਤਿਆਂ ਦੀ ਹਾਜ਼ਰੀ 'ਚ ਪਿੰਡ ਦੇ ਅੱਤ ਗਰੀਬ ਤੇ ਲੋੜਵੰਦ 150 ਪਰਿਵਾਰਾਂ ਨੂੰ ਬਿਨਾਂ ਕਿਸੇ ਵਿਤਕਰੇ ਦੇ ਇਹ ਰਾਸ਼ਨ ਵੰਡਿਆ ਗਿਆ। ਖਾਲਸਾ ਏਡ ਦੀਆਂ ਰਾਸ਼ਨ ਕਿੱਟਾਂ ਲੋਕਾਂ ਨੂੰ ਮਿਲਣ 'ਤੇ ਉਨ੍ਹਾਂ ਖਾਲਸਾ ਏਡ ਦਾ ਧੰਨਵਾਦ ਕੀਤਾ। ਇਸ ਮੌਕੇ ਜਗੀਰ ਕੌਰ ਸ਼ਾਹ, ਸਤਨਾਮ ਸਿੰਘ ਬੱਲ, ਜਗਜੀਤ ਸਿੰਘ ਬੱਲ ਸਾਬਕਾ ਸਰਪੰਚ, ਗੁਰਵਿੰਦਰ ਸਿੰਘ ਮੈਂਬਰ, ਕਪੂਰ ਸਿੰਘ ਸਾਬਕਾ ਸਰਪੰਚ, ਉਜਾਗਰ ਸਿੰਘ ਸਾਬਕਾ ਸਰਪੰਚ, ਕੁਲਵੰਤ ਸਿੰਘ, ਜੁਝਾਰ ਸਿੰਘ, ਲਖਵਿੰਦਰ ਸਿੰਘ ਬੱਲ ਆਦਿ ਨੇ ਅੱਤ ਗਰੀਬ ਤੇ ਲੋੜਵੰਦ 150 ਪਰਿਵਾਰਾ ਨੂੰ ਖਾਲਸਾ ਏਡ ਵੱਲੋਂ ਰਾਸ਼ਨ ਕਿੱਟਾਂ ਵੰਡਣ ਦੀ ਸ਼ਲਾਘਾ ਕੀਤੀ ਤੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਮੰਡ ਖੇਤਰ ਦੇ ਕਿਸਾਨਾਂ ਤੇ ਖੇਤ ਮਜ਼ਦੂਰਾਂ ਨੂੰ ਯੋਗ ਮੁਆਵਜ਼ਾ ਦੇ ਕੇ ਭੁੱਖਮਰੀ ਤੋਂ ਬਚਾਇਆ ਜਾਵੇ।

# ਪਿੰਡ ਨਲੋਹ ਵਿਖੇ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਲਗਾਇਆ ਸੰਗਤ ਦਰਸ਼ਨ



**ਪਠਾਨਕੋਟ (ਦਵਿੰਦਰ ਸਿੰਘ)**-ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਧਾਰ ਬਲਾਕ ਦੇ ਪਿੰਡ ਨਲੋਹ ਵਿਖੇ ਵਿਸ਼ੇਸ਼ ਦੌਰਾ ਕੀਤਾ ਗਿਆ ਅਤੇ ਸੰਗਤ ਦਰਸ਼ਨ ਦੌਰਾਨ ਪਿੰਡ ਨਲੋਹ, ਨਿਆੜੀ ਅਤੇ ਭਮਲਾਦਾ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ। ਦੌਰੇ ਦੌਰਾਨ ਹਰਬੀਰ ਸਿੰਘ ਡਿਪਟੀ ਕਮਿਸ਼ਨਰ ਪਠਾਨਕੋਟ ਅਤੇ ਉਨ੍ਹਾਂ ਦੇ ਨਾਲ ਮੇਜਰ ਡਾ. ਸੁਮਿਤ ਮੁਧ ਚੀਫ ਮਨਿਸਟਰ ਫੀਲਡ ਅਫਸਰ-ਕਮ-ਸਹਾਇਕ ਕਮਿਸ਼ਨਰ ਜਨਰਲ ਵੀ ਹਾਜ਼ਰ ਸਨ। ਇਸ ਦੌਰੇ ਦੌਰਾਨ ਪ੍ਰਸ਼ਾਸਨਿਕ ਅਧਿਕਾਰੀਆਂ ਵਿੱਚੋਂ ਤੇਜਦੀਪ ਸਿੰਘ ਸੈਣੀ ਐੱਸਡੀਐੱਮ ਧਾਰਕਲਾਂ, ਪਰਮਜੀਤ ਸਿੰਘ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਲਛਮਣ ਸਿੰਘ ਤਹਿਸੀਲਦਾਰ ਪਠਾਨਕੋਟ, ਡਾ. ਰਜਿੰਦਰ ਕੁਮਾਰ ਮੁੱਖ ਖੇਤੀਬਾੜੀ ਅਫਸਰ ਪਠਾਨਕੋਟ, ਰਾਜੇਸ਼ਵਰ ਸਿੰਘ ਸਲਾਰੀਆ ਡਿਪਟੀ ਜ਼ਿਲ੍ਹਾ ਸਿੱਖਿਆ ਅਧਿਕਾਰੀ ਸੈਕੰਡਰੀ ਪਠਾਨਕੋਟ, ਡਿਪਟੀ ਡੀਈਓ ਪ੍ਰਾਇਮਰੀ ਡੀ. ਜੀ. ਸਿੰਘ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਗੁਰਪ੍ਰੀਤ ਸਿੰਘ ਭੂਮੀ ਰੱਖਿਆ ਅਫਸਰ, ਰਜਿੰਦਰ ਗੋਤਰਾ ਐਕਸੀਅਨ ਲੋਕ ਨਿਰਮਾਣ ਵਿਭਾਗ, ਨਵੀਨ ਗਡਵਾਲ ਡੀਐਸਐਸਓ ਪਠਾਨਕੋਟ, ਯੁਧਬੀਰ ਸਿੰਘ ਡੀਡੀਪੀਓ ਪਠਾਨਕੋਟ, ਪਵਨਪ੍ਰੀਤ ਕੌਰ ਬੀਡੀਪੀਓ ਧਾਰ ਅਤੇ ਹੋਰ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਸਭ ਤੋਂ ਪਹਿਲਾ ਪਿੰਡ ਨਲੋਹ, ਨਿਆੜੀ ਅਤੇ ਭਮਲਾਦਾ ਦੇ ਸਰਪੰਚਾਂ, ਪਿੰਡ ਨਲੋਹ ਦੀ ਸਰਪੰਚ ਅੰਜੂ ਬਾਲਾ, ਪਿੰਡ ਭਮਲਾਦਾ ਦੀ ਸਰਪੰਚ ਸੁਮਨ ਬਾਲਾ, ਪਿੰਡ ਨਿਆੜੀ ਦੀ ਸਰਪੰਚ ਵੰਦਨਾ ਦੇਵੀ ਤੋਂ ਪਿੰਡਾਂ ਦਾ ਵੇਰਵਾ ਪਤਾ ਕੀਤਾ ਅਤੇ ਪਿੰਡ ਦੀ ਪੰਚਾਇਤਾਂ ਤੋਂ ਪਿੰਡ ਦੀਆਂ ਸਮੱਸਿਆਵਾਂ ਬਾਰੇ ਵੀ ਗੱਲਬਾਤ ਕੀਤੀ।

# ਗੁਰਦਾਸਪੁਰ-ਬਹਿਰਾਮਪੁਰ ਸੜਕ ਦੀ ਖਸਤਾ ਹਾਲਤ ਤੋਂ ਲੋਕ ਡਾਢੇ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ-ਬਹਿਰਾਮਪੁਰ ਸੜਕ ਦੀ ਖਸਤਾ ਹਾਲਤ ਹੋਣ ਕਾਰਨ ਇਲਾਕਾ ਵਾਸੀਆਂ ਦਾ ਪੰਜਾਬ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਇਸ ਸੜਕ 'ਤੇ ਪੈਂਦੇ ਪਿੰਡ ਕੋਸ਼ੋਪੁਰ ਤੋਂ ਥੋੜੀ ਅੱਗੇ ਸੜਕ ਥਾਂ-ਥਾਂ ਤੋਂ ਟੁੱਟਣ ਅਤੇ ਇਸ ਵਿਚ ਡੂੰਘੇ-ਡੂੰਘੇ ਟੋਏ ਪੈਣ ਕਾਰਨ ਇਥੋਂ ਲੰਘਣਾ ਕਾਫ਼ੀ ਮੁਸ਼ਕਿਲ ਬਣਿਆ ਪਿਆ ਹੈ। ਲੋਕਾਂ ਨੇ ਦੱਸਿਆ ਕਿ ਪਿਛਲੇ ਦਿਨੀਂ ਹੋਈ ਵਰਖਾ ਕਾਰਨ ਸੜਕ ਥਾਂ-ਥਾਂ ਤੋਂ ਟੁੱਟ ਭੱਜ ਗਈ ਹੈ ਅਤੇ ਕਈ ਜਗ੍ਹਾ ਤੋਂ ਇਸ ਦੇ ਕੰਢੇ ਖੁਰ ਗਏ ਹਨ ਜਿਸ ਕਾਰਨ ਦੋ ਪਹੀਆ ਵਾਹਨਾਂ ਦਾ ਲੰਘਣਾ ਕਾਫ਼ੀ ਮੁਸ਼ਕਿਲ ਹੈ ਅਤੇ ਹਰ ਵੇਲੇ ਹਾਦਸੇ ਹੋਣ ਦਾ ਡਰ ਬਣਿਆ ਰਹਿੰਦਾ ਹੈ।

ਲੋਕਾਂ ਨੇ ਦੱਸਿਆ ਕਿ ਰਾਤ ਦੇ ਹਨੇਰੇ ਵੇਲੇ ਅਕਸਰ ਦੋ ਪਹੀਆ ਵਾਹਨ ਚਾਲਕ ਹਾਦਸਿਆਂ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਸੱਟਾਂ ਆਦਿ ਵੀ ਲਗਵਾ ਬੈਠਦੇ ਹਨ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੇ ਲੋਕ ਨਿਰਮਾਣ ਵਿਭਾਗ ਪਾਸੋਂ ਮੰਗ ਕੀਤੀ ਕਿ ਇਸ ਸੜਕ ਦੀ ਜਲਦ ਤੋਂ ਜਲਦੀ ਮੁਰੰਮਤ ਕਰਵਾਈ ਜਾਵੇ ਤਾਂ ਜੋ ਅਗਾਂਹ ਤੋਂ ਕੋਈ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

24-Aug-PAGE-4.qxd 8/23/2023 10:31 PM Page 1

ਨਵਾਂ ਜ਼ਮਾਨਾ
ਵੀਰਵਾਰ, 24 ਅਗਸਤ 2023

# ਹਰਿਆਣੇ ਤੋਂ ਬਾਅਦ ਫ਼ਸਾਦੀ ਬਿਹਾਰ 'ਚ

*ਭਾਜਪਾ 2024 ਦੀਆਂ ਲੋਕ ਸਭਾ ਚੋਣਾਂ ਤੋਂ ਪੂਰੀ ਤਰ੍ਹਾਂ ਭੈ-ਭੀਤ ਹੈ। ਆਪਣੇ 10 ਸਾਲਾਂ ਦੇ ਕਾਰਜਕਾਲ ਦੌਰਾਨ ਭਾਜਪਾ ਦੀ ਅਜਿਹੀ ਕੋਈ ਪ੍ਰਾਪਤੀ ਨਹੀਂ, ਜਿਸ ਦੇ ਦਮ 'ਤੇ ਉਹ ਲੋਕਾਂ ਦੀ ਕਚਹਿਰੀ ਵਿੱਚ ਜਾ ਸਕੇ। ਬੇਰੁਜ਼ਗਾਰੀ ਡਰਾਉਣੀ ਸ਼ਕਲ ਅਖਤਿਆਰ ਕਰ ਚੁੱਕੀ ਹੈ। ਮਹਿੰਗਾਈ ਨੇ ਸਭ ਹੱਦਾਂ-ਬੰਨੇ ਤੋੜ ਦਿੱਤੇ ਹਨ। ਗਰੀਬਾਂ ਲਈ ਦੋ ਡੰਗ ਦੀ ਰੋਟੀ ਦਾ ਜੁਗਾੜ ਕਰਨਾ ਮੁਸ਼ਕਲ ਹੋ ਚੁੱਕਾ ਹੈ। ਮੱਧ ਵਰਗ ਨੇ ਉੱਪਰ ਦੀ ਥਾਂ ਹੁਣ ਹੇਠਾਂ ਝਾਕਣਾ ਸ਼ੁਰੂ ਕਰ ਦਿੱਤਾ ਹੈ, ਜਿੱਥੇ ਕੰਗਾਲੀ ਤੇ ਬਦਹਾਲੀ ਹੀ ਨਜ਼ਰ ਆਉਂਦੀ ਹੈ।*

*ਅਜਿਹੀ ਸਥਿਤੀ ਵਿੱਚ ਭਾਜਪਾ ਲਈ ਇੱਕੋ ਸਹਾਰਾ ਫਿਰਕੂ ਦੰਗੇ ਭੜਕਾਉਣ ਦਾ ਰਹਿ ਗਿਆ ਹੈ, ਜਿਸ ਦੇ ਆਸਰੇ ਉਹ ਫਿਰਕੂ ਕਤਾਰਬੰਦੀ ਪੈਦਾ ਕਰਕੇ ਚੋਣਾਂ ਦੀ ਨਦੀ ਪਾਰ ਕਰਨਾ ਚਾਹੁੰਦੀ ਹੈ। ਅੱਜ ਹਰ ਹਿੰਦੂ ਤਿਉਹਾਰ ਹਿੰਦੂਤਵੀ ਭੀੜਾਂ ਲਈ ਫਿਰਕੂ ਭਾਂਬੜ ਭੜਕਾਉਣ ਦਾ ਜ਼ਰੀਆ ਬਣਾ ਦਿੱਤਾ ਗਿਆ ਹੈ। ਪਿਛਲੇ ਦਿਨੀਂ ਹਰਿਆਣਾ ਦੇ ਮੇਵਾਤ ਇਲਾਕੇ ਨੂੰ ਜੰਗ ਦਾ ਮੈਦਾਨ ਬਣਾਇਆ ਗਿਆ ਸੀ। ਸਰਕਾਰ ਵੀ ਹਿੰਦੂਤਵੀਆਂ ਦੀ ਸੀ। ਯੋਜਨਾਬੱਧ ਤਰੀਕੇ ਨਾਲ ਦੰਗੇ ਭੜਕਾਏ ਗਏ। ਉਤਲੀਆਂ ਹਦਾਇਤਾਂ ਉੱਤੇ ਪ੍ਰਸ਼ਾਸਨ ਮੂਕ ਦਰਸ਼ਕ ਬਣਿਆ ਰਿਹਾ। ਇਸ ਦੇ ਬਾਵਜੂਦ ਆਮ ਲੋਕਾਂ ਨੇ ਹਿੰਦੂਤਵੀਆਂ ਦੀ ਕੋਝੀ ਚਾਲ ਵਿੱਚ ਫਸਣ ਤੋਂ ਇਨਕਾਰ ਕਰ ਦਿੱਤਾ। ਸਰਕਾਰ ਦੀ ਇਕਤਰਫ਼ਾ ਬੁਲਡੋਜ਼ਰ ਕਾਰਵਾਈ ਨੂੰ ਨਿਆਂਪਾਲਿਕਾ ਨੇ ਬਰੇਕ ਲਾ ਦਿੱਤੇ। ਭਾਜਪਾਈ ਹਾਲੇ ਚੁੱਪ ਨਹੀਂ ਬੈਠੇ, ਉਹ ਮੌਕੇ ਦੀ ਤਾਕ ਵਿੱਚ ਹਨ।*

*ਨੂਹ ਵਾਂਗ ਹੀ 21 ਅਗਸਤ ਨੂੰ ਬਿਹਾਰ ਦੇ ਪੱਛਮੀ ਤੇ ਪੂਰਬੀ ਚੰਪਾਰਣ ਜ਼ਿਲ੍ਹਿਆਂ ਵਿੱਚ ਫਸਾਦ ਭੜਕਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਪੱਛਮੀ ਚੰਪਾਰਣ ਦੇ ਬਗਾਹ ਸ਼ਹਿਰ ਵਿੱਚ ਨਾਗ ਪੰਚਮੀ ਦੇ ਮੌਕੇ ਉੱਤੇ ਵਿਸ਼ਵ ਹਿੰਦੂ ਪ੍ਰੀਸ਼ਦ ਤੇ ਬਜਰੰਗ ਦਲ ਦੀ ਅਗਵਾਈ ਵਿੱਚ ਪਹਿਲਾਂ ਦੋ ਜਲੂਸ ਤੈਅ ਰਸਤਿਆਂ ਨੂੰ ਛੱਡ ਕੇ ਮੁਸਲਮਾਨਾਂ ਦੀ ਅਬਾਦੀ ਵਾਲੇ ਇਲਾਕਿਆਂ ਵਿੱਚੋਂ ਕੱਢੇ ਗਏ ਤੇ ਫਿਰ ਦੋਹਾਂ ਨੂੰ ਇੱਕ ਕੀਤਾ ਗਿਆ। ਬਜਰੰਗ ਬਲੀ ਦੀ ਮੂਰਤੀ ਤੋੜ ਦੇਣ ਦੀ ਅਫ਼ਵਾਹ ਫੈਲਾਈ ਗਈ। ਬਜਰੰਗੀ ਗੁੰਡੇ ਮੁਸਲਮਾਨਾਂ ਦੇ ਘਰਾਂ ਵਿੱਚ ਵੜ ਕੇ ਗੁੰਡਾਗਰਦੀ ਕਰਦੇ ਰਹੇ। ਇਸ ਦੌਰਾਨ ਉਨ੍ਹਾਂ ਘਰਾਂ ਵਿੱਚ ਵੜ ਕੇ ਫਰਿੱਜਾਂ, ਮੋਟਰਸਾਈਕਲਾਂ, ਸਿਲਾਈ ਮਸ਼ੀਨਾਂ, ਕੁਰਸੀਆਂ ਤੇ ਬਿਜਲੀ ਦੇ ਮੀਟਰਾਂ ਤੱਕ ਨੂੰ ਤਹਿਸ-ਨਹਿਸ ਕਰ ਦਿੱਤਾ। ਇਹੋ ਨਹੀਂ, ਉਹ ਲੋਕਾਂ ਦੇ ਘਰਾਂ ਵਿੱਚੋਂ ਰੁਪਏ, ਮੁਰਗੀਆਂ, ਬੱਕਰੇ ਤੇ ਅਨਾਜ ਤੱਕ ਲੁੱਟ ਕੇ ਲੈ ਗਏ। ਦਰਜਨਾਂ ਘਰਾਂ ਦੇ ਦਰਵਾਜ਼ੇ ਤੋੜ ਦਿੱਤੇ ਗਏ। ਮਸਤਾਨ ਟੋਲਾ ਦੇ ਸੈਂਕੜੇ ਪਰਵਾਰ ਆਪਣੇ ਘਰ ਛੱਡ ਕੇ ਰਿਸ਼ਤੇਦਾਰਾਂ ਕੋਲ ਜਾਣ ਲਈ ਮਜਬੂਰ ਹੋ ਗਏ। ਗੁੰਡਿਆਂ ਨੇ ਪੱਤਰਕਾਰਾਂ ਤੇ ਪੁਲਸ ਵਾਲਿਆਂ ਨੂੰ ਵੀ ਨਾ ਬਖਸ਼ਿਆ। ਪੂਰਬੀ ਚੰਪਾਰਣ ਦੇ ਪਿਪਰਾ ਸ਼ਹਿਰ ਵਿੱਚ ਵੀ ਅਜਿਹੀ ਹੀ ਵਾਰਦਾਤ ਕੀਤੀ ਗਈ*

*ਭਾਕਪਾ (ਮਾਲੇ) ਦੇ ਵਿਧਾਇਕ ਵਿਰੇਂਦਰ ਗੁਪਤਾ ਨੇ ਅਗਲੇ ਦਿਨ 22 ਅਗਸਤ ਨੂੰ ਇਨਸਾਫ਼ ਮੰਚ ਦੀ ਟੀਮ ਲੈ ਕੇ ਹਿੰਸਾ ਪੀੜਤ ਇਲਾਕੇ ਦਾ ਦੌਰਾ ਕਰਕੇ ਪੂਰੀ ਘਟਨਾ ਦੀ ਪੜਤਾਲ ਕੀਤੀ। ਉਨ੍ਹਾ ਕਿਹਾ ਕਿ ਇਹ ਘਟਨਾ ਭਾਜਪਾ ਵੱਲੋਂ ਲੋਕ ਸਭਾ ਚੋਣਾਂ ਦੀ ਤਿਆਰੀ ਵਿੱਚ ਫਿਰਕੂ ਧਰੁਵੀਕਰਨ ਦੀ ਕੋਸ਼ਿਸ਼ ਦੀ ਇੱਕ ਕੜੀ ਹੈ। ਉਨ੍ਹਾ ਪ੍ਰਸ਼ਾਸਨ 'ਤੇ ਵੀ ਦੋਸ਼ ਲਾਇਆ ਕਿ ਉਸ ਦਾ ਰਵੱਈਆ ਢਿੱਲਮੱਠ ਵਾਲਾ ਸੀ।*

*ਇਨਸਾਫ਼ ਟੀਮ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਉਹ ਅਸ਼ਾਂਤੀ ਫੈਲਾਉਣ ਵਾਲੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰੇ ਤਾਂ ਜੋ ਅਜਿਹੀ ਹੋਰ ਘਟਨਾ ਨਾ ਵਾਪਰੇ। ਇਸ ਦੇ ਨਾਲ ਹੀ ਉਨ੍ਹਾਂ ਮੁਸਲਮਾਨ ਪਰਵਾਰਾਂ ਦੇ ਹੋਏ ਨੁਕਸਾਨ ਦੀ ਪੂਰਤੀ ਲਈ ਤੁਰੰਤ ਮੁਆਵਜ਼ਾ ਦਿੱਤੇ ਜਾਣ ਦੀ ਮੰਗ ਕੀਤੀ ਹੈ।*

## ਸ਼ਮਸ਼ਾਨ ਤੁਰਿਆ !

*ਮੱਕੜ ਜਾਲ 'ਚ ਫਸ ਗਈਆਂ ਸੰਸਥਾਵਾਂ,*
*ਪੁੱਠੇ ਪੈਰਾਂ ਵੱਲ ਹਿੰਦੁਸਤਾਨ ਤੁਰਿਆ।*
*ਟੰਕਾ ਧਰਮ ਤੇ ਕਰਮ ਦਾ ਟੁੱਟ ਗਿਆ ਹੈ,*
*ਜਾਂਦਾ ਮੌਤ ਦੇ ਵੱਲ ਇਨਸਾਨ ਤੁਰਿਆ।*
*ਵਿਛ ਗਿਆ ਰੇਖਾਵਾਂ ਦਾ ਗੋਲ ਚੱਕਰ,*
*ਭੁੱਲ ਕੇ ਤੀਰਥਾਂ ਰੁਖ ਜਜਮਾਨ ਤੁਰਿਆ।*
*ਰਾਕਟ ਸਿਲਮ ਸਿਤਾਰਿਆਂ ਨਾਲ ਮਿਲਦੇ,*
*ਧਰਤੀ ਮਾਂ ਦੇ ਨਾਲ ਅਸਮਾਨ ਤੁਰਿਆ।*
*ਫਿਰਦਾ ਆਦਮੀ ਅੰਬਰਾਂ ਵਿੱਚ ਭਾਉਂਦਾ,*
*ਬਣ ਕੇ ਹਵਾ ਦੇ ਵਿੱਚ ਗਿਆਨ ਤੁਰਿਆ।*
*ਚਾਰੇ ਤਰਫ਼ ਬਰੂਦ ਦੀ ਗੰਧ ਆਉਂਦੀ,*
*ਵਿਸ਼ਵ ਬਣ ਕੇ ਪੂਰਾ ਸ਼ਮਸ਼ਾਨ ਤੁਰਿਆ!*

***-ਗੁਲਪੁਰ***

# ਭਵਿੱਖ ਮੋਦੀ ਸਰਕਾਰ ਨੂੰ ਕਦੇ ਮੁਆਫ਼ ਨਹੀਂ ਕਰੇਗਾ



ਬਿਨੋਏ ਵਿਸਵਮ

ਜਿਸ ਦਿਨ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਬਾਰੇ ਸਲਾਹਕਾਰ ਕਮੇਟੀ ਦੀ ਸਵੇਰੇ ਤੜਕੇ ਮੀਟਿੰਗ ਹੋਈ, ਉਸੇ ਦਿਨ ਸਰਕਾਰ ਨੇ ਜੰਗਲਾਤ ਸੰਭਾਲ (ਸੋਧ) ਬਿੱਲ, 2023 ਨੂੰ ਪਾਸ ਕਰਨ ਦੀ ਆਪਣੀ ਪ੍ਰਕਿਰਿਆ ਪੂਰੀ ਕੀਤੀ। ਪਿਛਲੇ ਦਿਨ ਉਨ੍ਹਾਂ ਜੈਵ ਵਿਭਿੰਨਤਾ (ਸੋਧ) ਬਿੱਲ, 2023 ਦੇ ਸੰਬੰਧ ਵਿੱਚ ਵਿਧਾਨਿਕ ਰਸਮਾਂ ਨੂੰ ਵੀ ਪੂਰਾ ਕੀਤਾ। ਸਲਾਹਕਾਰ ਕਮੇਟੀ ਦੀ ਮੀਟਿੰਗ 'ਚ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰੀ ਭੂਪੇਂਦਰ ਯਾਦਵ ਨੇ ਵਾਤਾਵਰਣ ਦੀ ਸੁਰੱਖਿਆ ਦੇ ਨਾਲ-ਨਾਲ ਦੇਸ਼ ਦੇ ਵੈਟਲੈਂਡਜ਼ ਦੀ ਸੰਭਾਲ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਦੱਸਿਆ। ਉਨ੍ਹਾਂ ਨੇ ਮੈਂਬਰਾਂ ਨੂੰ 1971 ਦੇ ਰਾਮਸਰ ਕਨਵੈਨਸ਼ਨ ਬਾਰੇ ਚਾਨਣਾ ਪਾਇਆ, ਜਿਸ ਨੂੰ ਜੈਵ ਵਿਭਿੰਨਤਾ ਦੀ ਸੰਭਾਲ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਵਿਸ਼ਵ ਪੱਧਰ 'ਤੇ ਇੱਕ ਮਹੱਤਵਪੂਰਨ ਪਹਿਲਕਦਮੀ ਮੰਨਿਆ ਜਾਂਦਾ ਹੈ। ਉਸੇ ਦਿਨ ਦੁਪਹਿਰ ਵੇਲੇ ਦੇਸ਼ ਨੇ ਮਾਨਯੋਗ ਮੰਤਰੀ ਨੂੰ ਇੱਕ ਬਿੱਲ ਪੇਸ਼ ਕਰਦੇ ਹੋਏ ਦੇਖਿਆ, ਜੋ ਦੇਸ਼ ਦੇ ਜੰਗਲਾਂ ਅਤੇ ਜੰਗਲਾਂ 'ਤੇ ਨਿਰਭਰ ਲੋਕਾਂ ਲਈ ਇੱਕ ਤਬਾਹੀ ਸਾਬਤ ਹੋਵੇਗਾ। ਅਜਿਹੀ ਸਰਕਾਰ ਜਿਸ ਨੇ ਵਾਤਾਵਰਣ, ਜੰਗਲ, ਜੈਵ ਵਿਭਿੰਨਤਾ ਅਤੇ ਜਲਵਾਯੂ ਪਰਿਵਰਤਨ ਨਾਲ ਸਬੰਧਤ ਹਰੇਕ ਚਿੰਤਾ ਨੂੰ ਵਧਾਇਆ ਹੈ, ਆਉਣ ਵਾਲੀਆਂ ਪੀੜ੍ਹੀਆਂ ਇਸ ਨੂੰ ਭੁਗਤਣਗੀਆਂ। ਇਹ ਨੋਟ ਕੀਤਾ ਜਾਣਾ ਚਾਹੀਦਾ ਹੈ ਕਿ ਜੀ-20 ਸਿਖਰ ਸੰਮੇਲਨ ਦੀ ਪੂਰਵ ਸੰਧਿਆ 'ਤੇ ਅਜਿਹਾ ਕਾਨੂੰਨ ਬਣਾਇਆ ਗਿਆ ਹੈ , ਜਿਸ ਲਈ ਪ੍ਰਧਾਨ ਮੰਤਰੀ ਮੋਦੀ ਅਤੇ ਉਨ੍ਹਾਂ ਦੇ 'ਪਰਵਾਰ' ਵਿਚ ਹਰ ਕੋਈ ਜ਼ੋਰ ਸ਼ੋਰ ਨਾਲ ਲੱਗਿਆ ਹੋਇਆ ਹੈ। ਜੀ-20 ਦੇ ਏਜੰਡੇ ਵਿੱਚ ਜਲਵਾਯੂ ਪਰਿਵਰਤਨ ਅਤੇ ਵਾਤਾਵਰਨ ਨੂੰ ਉਚਿਤ ਮਹੱਤਵ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਪੈਰਿਸ ਸਮਝੌਤੇ 'ਤੇ ਹਸਤਾਖਰ ਕਰਨ ਵਾਲੇ ਹੋਣ ਦੇ ਨਾਤੇ, ਭਾਰਤ ਨੇ ਵਾਤਾਵਰਣ, ਜੰਗਲ ਅਤੇ ਜੈਵ ਵਿਭਿੰਨਤਾ ਦੀ ਸੁਰੱਖਿਆ ਦੀ ਜ਼ਰੂਰਤ ਨੂੰ ਮੰਨਿਆ ਹੈ। ਜੈਵ ਵਿਭਿੰਨਤਾ ਅਤੇ ਜੰਗਲਾਤ ਸੰਭਾਲ ਬਾਰੇ ਉਪਰੋਕਤ ਬਿੱਲ ਪਾਸ ਕਰਕੇ ਸਰਕਾਰ ਆਪਣੇ-ਆਪ ਨੂੰ ਦੁਨੀਆ ਦੇ ਸਾਹਮਣੇ ਇਹ ਐਲਾਨ ਕਰ ਰਹੀ ਹੈ ਕਿ ਉਨ੍ਹਾਂ ਦੀ ਕਹਿਣੀ ਤੇ ਕਰਨੀ ਵਿੱਚ ਫਰਕ ਹੈ।

ਇਹ ਦੋਵੇਂ ਬਿੱਲ ਸਾਂਝੇ ਤੌਰ 'ਤੇ ਜੰਗਲਾਤ ਅਧਿਕਾਰ ਕਾਨੂੰਨ 2006 ਨੂੰ ਕਮਜ਼ੋਰ ਕਰਦੇ ਹਨ, ਜੋ ਆਦਿਵਾਸੀਆਂ ਅਤੇ ਹੋਰ ਰਵਾਇਤੀ ਜੰਗਲ ਨਿਵਾਸੀਆਂ ਦੇ ਅਧਿਕਾਰਾਂ ਦੀ ਗਰੰਟੀ ਦਿੰਦਾ ਹੈ। ਆਉਣ ਵਾਲੇ ਦਿਨਾਂ ਵਿੱਚ ਸਰਕਾਰੀ ਪ੍ਰਚਾਰ ਤੰਤਰ ਜੋ ਵੀ ਪ੍ਰਚਾਰ ਕਰੇ, ਅਸਲ 'ਚ ਲੋਕ ਸਮਝਦੇ ਹਨ ਕਿ ਇਹ ਕਾਨੂੰਨ ਭਾਰਤੀ ਜੰਗਲਾਂ ਅਤੇ ਜੈਵ ਵਿਭਿੰਨਤਾ ਲਈ ਮੌਤ ਦੀ ਘੰਟੀ ਹਨ। ਉਹ 1980 ਦੇ ਜੰਗਲਾਤ ਸੰਭਾਲ ਕਾਨੂੰਨ ਨੂੰ ਪੁੱਠਾ ਗੇੜਾ ਦੇ ਕੇ ਜੰਗਲਾਤ ਦੀ ਸੰਭਾਲ ਦੇ ਵਿਚਾਰਾਂ ਨੂੰ ਪਿਛਾਂਹ ਨੂੰ ਧੱਕ ਰਹੇ ਹਨ। ਮੋਦੀ-ਯੁੱਗ ਵਿੱਚ ਵਪਾਰ ਕਰਨ ਦੀ ਸੌਖ ਸ਼ਾਸਨ ਦਾ ਦਿਖਾਵਾ ਹੈ। ਬਿਜ਼ਨੈੱਸ ਦੇ ਹਿਸਾਬ-ਕਿਤਾਬ ਹੀ ਉਹਨਾਂ ਦੀਆਂ ਸਾਰੀਆਂ ਨੀਤੀਆਂ ਵਿੱਚ ਉਹਨਾਂ ਦੀ ਅਗਵਾਈ ਕਰਦੀਆਂ ਹਨ। ਸਰਕਾਰ ਇਹ ਸਮਝਣ ਵਿੱਚ ਅਸਫਲ ਰਹੀ ਹੈ ਕਿ ਵੱਡੀ ਪੂੰਜੀ ਅਤੇ ਵਾਤਾਵਰਨ ਦੀ ਸੰਭਾਲ ਲਈ ਇਕੱਠੇ ਚੱਲਣਾ ਬਹੁਤ ਮੁਸ਼ਕਲ ਹੈ। ਕਾਰਪੋਰੇਟ ਯੁੱਗ ਵਿਚ ਵਪਾਰ ਲਈ, ਇਕੋ-ਇਕ ਚਿੰਤਾ ਲਾਭ ਹੈ, ਜਦੋਂ ਕਿ ਸੰਭਾਲ ਲਈ ਸਭ ਤੋਂ ਵੱਧ ਕੁਦਰਤ ਦੀਆਂ ਚਿੰਤਾਵਾਂ ਨੂੰ ਧਿਆਨ ਵਿਚ ਰੱਖਣਾ ਪੈਂਦਾ ਹੈ। ਸ਼ੁੱਧ ਹਵਾ ਅਤੇ ਸੁਰੱਖਿਅਤ ਪਾਣੀ ਲਈ ਲੋਕਾਂ ਦੇ ਅਧਿਕਾਰਾਂ ਦੀ ਰਾਖੀ ਕਰਨਾ ਸੰਭਾਲ ਦਾ ਮੁੱਢਲਾ ਕੰਮ ਹੈ। ਮੁਨਾਫੇ ਦੇ ਬੇਅੰਤ ਲਾਲਚ ਨੂੰ ਸਮਰਪਿਤ ਕਾਰਪੋਰੇਟ ਵਿਚਾਰਧਾਰਾ ਦੇ ਨਾਲ ਜੁੜੇ ਲੋਕ ਵਾਤਾਵਰਣ ਅਤੇ ਕੁਦਰਤ ਦੀ ਬਹੁਤ ਘੱਟ ਪਰਵਾਹ ਕਰਦੇ ਹਨ। ਉਹ ਅਕਸਰ ਵਿਕਾਸ ਦੀਆਂ ਗੱਲਾਂ ਕਰਕੇ ਧਰਤੀ ਅਤੇ ਭਵਿੱਖ ਤੋਂ ਆਪਣੇ ਪਾਪ ਲੁਕਾਉਂਦੇ ਹਨ।

ਮੌਜੂਦਾ ਬਿੱਲਾਂ ਵਿੱਚ ਵੀ ਇਹੀ ਪਹੁੰਚ ਵੇਖੀ ਜਾ ਸਕਦੀ ਹੈ। ਇਹ ਸੱਚ ਹੈ ਕਿ ਅਸਲ ਅਤੇ ਟਿਕਾਊ ਵਿਕਾਸ ਸਮਾਜ ਦੇ ਸਾਰੇ ਵਰਗਾਂ ਲਈ ਚਿੰਤਾ ਦਾ ਵਿਸ਼ਾ ਹੈ, ਪਰ ਇਹ ਦੋਵਾਂ ਵਿਚਕਾਰ ਸਹੀ ਸੰਤੁਲਨ ਲੱਭ ਕੇ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ। ਵਾਤਾਵਰਨ ਨੂੰ ਖਤਰਾ ਪੈਦਾ ਕਰਨ ਵਾਲਾ ਕੋਈ ਵੀ ਵਿਕਾਸ ਟਿਕਾਊ ਨਹੀਂ ਹੋ ਸਕਦਾ। ਮੌਜੂਦਾ ਬਿੱਲ ਇਸ ਮੂਲ ਤੱਥ ਬਾਰੇ ਕੋਈ ਵਿਚਾਰ ਨਹੀਂ ਕਰਦੇ। ਫੋਰੈਸਟ ਕੰਜ਼ਰਵੇਸ਼ਨ ਐਕਟ ਵਿੱਚ ਕੀਤੀਆਂ ਗਈਆਂ ਸੋਧਾਂ ਸਾਰੇ ਆਗਾਮੀ ਵਿਕਾਸ ਪ੍ਰੋਜੈਕਟਾਂ ਲਈ ਜੰਗਲਾਂ ਦੀ ਮਨਜ਼ੂਰੀ ਦਾ ਰਾਹ ਚੌੜਾ ਕਰਦੀਆਂ ਹਨ। ਸਭ ਤੋਂ ਗੰਭੀਰ ਹਮਲਿਆਂ ਵਿੱਚੋਂ ਇੱਕ ਟੀ.ਐੱਨ.ਗੋਦਾਵਰਮਨ ਬਨਾਮ ਭਾਰਤ ਯੂਨੀਅਨ ਵਿੱਚ ਮਹੱਤਵਪੂਰਨ ਫੈਸਲੇ ਨੂੰ ਉਲਟਾਉਣਾ ਹੈ। ਇਸ ਨਿਰਣੇ ਦੇ ਮੁਤਾਬਕ ਕੋਈ ਵੀ ਜੰਗਲ ਵਰਗਾ ਦਿਸਣ ਵਾਲਾ ਧਰਤੀ ਦਾ ਟੁਕੜਾ ਵੀ ਜੰਗਲਾਤ ਦੀ ਪਰਿਭਾਸ਼ਾ ਵਿੱਚ ਆਉਂਦਾ ਹੈ। ਇਸ ਬਿੱਲ ਦੇ ਪਾਸ ਹੋਣ ਨਾਲ ਜੰਗਲ ਸਮਝੀ ਜਾਣ ਵਾਲੀ ਜ਼ਮੀਨ ਨੂੰ ਗੈਰ-ਜੰਗਲਾਤ ਵਰਤੋਂ ਲਈ ਖੋਲ੍ਹ ਦਿੱਤਾ ਜਾਵੇਗਾ। ਇਹ ਬਿੱਲ ਰਾਸ਼ਟਰੀ ਸੁਰੱਖਿਆ ਦੇ ਨਾਂਅ 'ਤੇ ਰੱਖਿਆ ਨਾਲ ਸੰਬੰਧਤ ਪ੍ਰਾਜੈਕਟਾਂ ਲਈ ਵੀ ਪੂਰੀ ਛੋਟ ਪ੍ਰਦਾਨ ਕਰਦਾ ਹੈ। ਜਦੋਂ ਰੱਖਿਆ ਖੇਤਰ ਦਾ ਬਹੁਤ ਜ਼ਿਆਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਤਾਂ ਇਹਨਾਂ ਵਿੱਚੋਂ ਬਹੁਤ ਸਾਰੇ ਪ੍ਰੋਜੈਕਟ ਸਿਰਫ ਕਾਰਪੋਰੇਟਾਂ ਦੇ ਵਪਾਰਕ ਉਦੇਸ਼ਾਂ ਦੀ ਪੂਰਤੀ ਕਰਨਗੇ। ਮਾਹਿਰਾਂ ਮੁਤਾਬਕ ਇਸ ਬਿੱਲ ਦੇ ਪਾਸ ਹੋਣ ਨਾਲ ਦੇਸ਼ ਦੇ ਕੁੱਲ ਜੰਗਲੀ ਖੇਤਰ ਦਾ 20-25 ਫੀਸਦੀ ਹਿੱਸਾ ਖਤਮ ਹੋ ਜਾਵੇਗਾ। ਸਮੁੱਚੀ ਜੈਵ ਵਿਭਿੰਨਤਾ ਦੀ ਸੰਭਾਲ 'ਤੇ ਇਸ ਬਿੱਲ ਦਾ ਅਸਰ ਸਾਰਿਆਂ ਨੂੰ ਪਤਾ ਲੱਗ ਜਾਏਗਾ।

ਜੈਵ ਵਿਭਿੰਨਤਾ ਸੋਧ ਬਿੱਲ ਵਿੱਚ, ਜੰਗਲੀ ਉਪਜਾਂ 'ਤੇ ਆਦਿਵਾਸੀਆਂ ਦੇ ਸਾਰੇ ਅਧਿਕਾਰ ਅਤੇ ਉਨ੍ਹਾਂ ਦੇ ਰਵਾਇਤੀ ਗਿਆਨ ਨੂੰ ਖੋਹ ਕੇ ਪੂੰਜੀਪਤੀਆਂ ਨੂੰ ਸੌਂਪ ਦਿੱਤਾ ਗਿਆ ਹੈ। ਆਦਿਵਾਸੀਆਂ ਅਤੇ ਹੋਰ ਜੰਗਲ ਨਿਵਾਸੀਆਂ ਦੇ ਭਾਈਚਾਰਕ ਅਧਿਕਾਰ ਵੀ ਬੀਤੇ ਦੀ ਕਹਾਣੀ ਬਣ ਜਾਣਗੇ। ਦਿਵਿਆ ਫਾਰਮੇਸੀ ਕੇਸ 'ਚ ਅਦਾਲਤ ਨੇ ਹੁਕਮ ਦਿੱਤਾ ਸੀ ਕਿ ਭਾਰਤੀ ਕੰਪਨੀਆਂ ਨੂੰ ਵੀ ਰਾਜ ਵਿਭਿੰਨਤਾ ਬੋਰਡਾਂ ਤੋਂ ਇਜਾਜ਼ਤ ਲੈਣੀ ਚਾਹੀਦੀ ਹੈ ਅਤੇ ਸਥਾਨਕ ਭਾਈਚਾਰੇ ਨਾਲ ਆਪਣਾ ਮਾਲੀਆ ਸਾਂਝਾ ਕਰਨਾ ਚਾਹੀਦਾ ਹੈ। ਇਸ ਬਿੱਲ ਦੇ ਨਾਲ ਸਰਕਾਰ ਇਸ ਨਿਰਣੇ ਦੇ ਆਧਾਰ ਨੂੰ ਹਟਾ ਦਿੰਦੀ ਹੈ ਅਤੇ ਕਾਰਪੋਰੇਟ ਲੁਟੇਰਿਆਂ ਨੂੰ ਆਦਿਵਾਸੀਆਂ ਅਤੇ ਜੰਗਲ ਨਿਵਾਸੀਆਂ ਦੇ ਰਵਾਇਤੀ ਗਿਆਨ ਦਾ ਸ਼ੋਸ਼ਣ ਕਰਨ ਲਈ ਰਾਹ ਖੋਲ੍ਹ ਦਿੰਦੀ ਹੈ। 2019 ਦੀਆਂ ਚੋਣਾਂ ਲਈ ਭਾਜਪਾ ਦੇ ਮੈਨੀਫੈਸਟੋ ਦੀਆਂ ਹੇਠ ਲਿਖੀਆਂ ਲਾਈਨਾਂ ਨੂੰ ਯਾਦ ਰੱਖਣਯੋਗ ਹੈ, "ਅਸੀਂ ਲਗਾਤਾਰ ਜੰਗਲ ਨਿਵਾਸੀਆਂ ਖਾਸ ਕਰਕੇ ਆਦਿਵਾਸੀ ਭਾਈਚਾਰਿਆਂ ਦੇ ਹਿੱਤਾਂ ਦੀ ਰਾਖੀ ਅਤੇ ਪ੍ਰਚਾਰ ਕੀਤਾ ਹੈ... ਅਸੀਂ ਇਸ ਦਿਸ਼ਾ ਵਿੱਚ ਆਪਣਾ ਕੰਮ ਜਾਰੀ ਰੱਖਣ ਲਈ ਵਚਨਬੱਧ ਹਾਂ।" ਇਸ ਦੇ ਨਾਲ ਕੋਈ ਵੀ ਵਿਸ਼ਵ ਵਾਤਾਵਰਣ ਦਿਵਸ, 2023 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਦਿੱਤੇ ਸੰਦੇਸ਼ ਨੂੰ ਯਾਦ ਕਰ ਸਕਦਾ ਹੈ, "ਭਾਰਤ ਦੀ ਪ੍ਰਾਚੀਨ ਸੰਸਕ੍ਰਿਤੀ ਕੁਦਰਤ ਅਤੇ ਤਰੱਕੀ ਦੋਵਾਂ ਨੂੰ ਸ਼ਾਮਲ ਕਰਦੀ ਹੈ। ਇਸ ਵਿਚਾਰਧਾਰਾ ਤੋਂ ਪ੍ਰੇਰਿਤ ਹੋ ਕੇ ਭਾਰਤ ਅੱਜ ਵਾਤਾਵਰਣ 'ਤੇ ਉਨ੍ਹਾਂ ਹੀ ਧਿਆਨ ਕੇਂਦਰਤ ਕਰਦਾ ਹੈ, ਜਿੰਨਾ ਇਹ ਆਰਥਿਕਤਾ 'ਤੇ ਜ਼ੋਰ ਦਿੰਦਾ ਹੈ। ਅੱਜ ਸਾਡੇ ਆਲੇ-ਦੁਆਲੇ ਵਾਪਰ ਰਹੀਆਂ ਘਟਨਾਵਾਂ ਨੂੰ ਦੇਖ ਕੇ ਕੋਈ ਵੀ ਸਮਝਦਾਰ ਭਾਰਤੀ ਇਹ ਪੁੱਛੇਗਾ, "ਕੀ ਸਰਕਾਰ ਇਸ ਸੰਤੁਲਨ ਨੂੰ ਭੁੱਲ ਗਈ ਹੈ?"

ਭਵਿੱਖਬਾਣੀਆਂ ਪਹਿਲਾਂ ਹੀ ਆ ਚੁੱਕੀਆਂ ਹਨ ਕਿ ਆਉਣ ਵਾਲੇ ਦਹਾਕਿਆਂ ਵਿੱਚ ਮਨੁੱਖਤਾ ਨੂੰ ਸਿਰਫ ਗਲੋਬਲ ਵਾਰਮਿੰਗ ਦੇ ਪ੍ਰਕੋਪ ਦਾ ਹੀ ਨਹੀਂ, ਸਗੋਂ ਧਰਤੀ ਦੇ ਉਬਲਣ ਦਾ ਸਾਹਮਣਾ ਕਰਨਾ ਪਵੇਗਾ। ਪੋਪ ਫਰਾਂਸਿਸ ਨੇ ਠੀਕ ਹੀ ਧਰਤੀ ਨੂੰ 'ਸਾਡਾ ਸਾਂਝਾ ਘਰ' ਕਿਹਾ ਹੈ। ਜਦੋਂ ਇਸ ਘਰ ਦੇ ਸਾਰੇ ਵਸਨੀਕਾਂ ਨੂੰ ਜਲਵਾਯੂ ਚੁਣੌਤੀਆਂ ਦੇ ਆਉਣ ਵਾਲੇ ਖਤਰਿਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤਾਂ ਭਾਰਤ ਇਸ ਬਾਰੇ ਕੀ ਜਵਾਬ ਦੇਵੇਗਾ? ਇਹ ਦੋ ਵਿਨਾਸ਼ਕਾਰੀ ਬਿੱਲ ਯਕੀਨੀ ਤੌਰ 'ਤੇ ਜਵਾਬ ਨਹੀਂ। ਉਹ ਜੰਗਲਾਂ ਦੀ ਕਟਾਈ ਦੀ ਸਮੱਸਿਆ ਵਿੱਚ ਯੋਗਦਾਨ ਪਾਉਂਦੇ ਹਨ ਅਤੇ ਕੋਈ ਹੱਲ ਪ੍ਰਸਤਾਵਿਤ ਕਰਨ ਦੀ ਬਜਾਏ ਮੁੱਦਿਆਂ ਨੂੰ ਹੋਰ ਵਧਾਉਂਦੇ ਹਨ। ਮਨੁੱਖਤਾ ਜਿਸ ਬੇਮਿਸਾਲ ਸੰਕਟ ਦਾ ਸਾਹਮਣਾ ਕਰ ਰਹੀ ਹੈ , ਉਸ ਪ੍ਰਤੀ ਸਾਡੀ ਪ੍ਰਤੀਕਿਰਿਆ ਕੁਦਰਤ ਦੇ ਸਤਿਕਾਰ ਨੂੰ ਸਾਡੀ ਆਬਾਦੀ ਦੀਆਂ ਜ਼ਰੂਰਤਾਂ ਨਾਲ ਮੇਲ ਕਰਨ ਵਿੱਚ ਹੈ। ਮਹਾਤਮਾ ਗਾਂਧੀ ਦੀ ਮਸ਼ਹੂਰ ਕਹਾਵਤ ਚੇਤੇ ਆਉਂਦੀ ਹੈ, "ਧਰਤੀ ਕੋਲ ਸਭ ਦੀਆਂ ਲੋੜਾਂ ਪੂਰੀਆਂ ਕਰਨ ਲਈ ਲੋੜੀਂਦੇ ਸਾਧਨ ਹਨ, ਪਰ ਇੱਕ ਵਿਅਕਤੀ ਦੇ ਲਾਲਚ ਨੂੰ ਵੀ ਪੂਰਾ ਕਰਨ ਲਈ ਕਾਫੀ ਨਹੀਂ ਹੈ।" ਜਦੋਂ ਸਰਕਾਰ ਖੁਦ ਹੀ ਕਾਰਪੋਰੇਟਾਂ ਦੇ ਲਾਲਚ ਨੂੰ ਪੂਰਾ ਕਰ ਰਹੀ ਹੈ, ਸਾਡੇ ਕੀਮਤੀ ਸਾਂਝੇ ਘਰ 'ਤੇ ਕਿਸੇ ਵੀ ਹਮਲੇ ਦਾ ਟਾਕਰਾ ਕਰਨ ਲਈ ਦੇਸ਼ ਨੂੰ ਵਧੇਰੇ ਚੌਕਸ ਹੋਣਾ ਪਵੇਗਾ। ਇਹ ਸਾਡਾ ਫਰਜ਼ ਹੈ ਕਿ ਅਸੀਂ ਆਪਣੇ ਮੋਢੇ ਨਾਲ ਮੋਢਾ ਜੋੜ ਕੇ ਆਉਣ ਵਾਲੀਆਂ ਪੀੜ੍ਹੀਆਂ ਲਈ ਖੜੇ ਹੋਈਏ। ਕੁਦਰਤ ਦੀ ਇਸ ਬੇਤੁਕੀ ਤਬਾਹੀ 'ਤੇ ਪ੍ਰਧਾਨ ਮੰਤਰੀ ਦਾ ਜੋ ਮਰਜ਼ੀ ਬਿਆਨਬਾਜ਼ੀ ਵਾਲਾ ਜਵਾਬ ਹੋਵੇ, ਆਉਣ ਵਾਲੀਆਂ ਪੀੜ੍ਹੀਆਂ ਉਸ ਨੂੰ ਮੁਕਤ ਨਹੀਂ ਕਰਨਗੀਆਂ।

***ਅਨੁਵਾਦ-ਐੱਮ.ਐੱਸ. ਭਾਟੀਆ***

***(ਲੇਖਕ ਸੀ.ਪੀ.ਆਈ. ਸੰਸਦੀ ਗਰੁੱਪ ਦਾ ਆਗੂ ਅਤੇ ਕੌਮੀ ਕੌਂਸਲ ਦਾ ਸਕੱਤਰ ਹੈ)***
***#ਸੰਪਰਕ : 99884-91002***

# ਨਸ਼ਿਆਂ ਕਾਰਨ ਉਜੜ ਰਹੇ ਹੱਸਦੇ-ਵੱਸਦੇ ਘਰ



ਪ੍ਰਭਜੀਤਪਾਲ ਸਿੰਘ

ਅੱਜ ਸੜਕਾਂ ਉੱਪਰ ਨਸ਼ੇ 'ਚ ਝੂਮਦੇ ਨੌਜਵਾਨ ਅਤੇ ਮੁਟਿਆਰਾਂ ਸੜਕਾਂ ਦੇ ਕੰਢੇ, ਸੁੰਨੀਆਂ ਥਾਵਾਂ, ਹੱਥਾਂ ਵਿੱਚ ਟੀਕੇ, ਮੂੰਹ 'ਚ ਚਿੱਟਾ, ਸ਼ਮਸ਼ਾਨ 'ਚੋਂ ਨਿਕਲਦੀਆਂ ਮਾਵਾਂ ਦੀਆਂ ਚੀਕਾਂ, ਟੁੱਟਦੀਆਂ ਚੂੜੀਆਂ, ਕੁਰਲਾਉਂਦੇ ਸੁਹਾਗ, ਚੀਕਦੀਆਂ ਭੈਣਾਂ ਤੇ ਸਿਵੇ ਕੋਲ ਖੜਾ ਦਹਾੜਾਂ ਮਾਰਦਾ-ਵਿਲਕਦਾ ਹੋਇਆ ਬਾਪ ਚੀਕ-ਚੀਕ ਕੇ ਲੋਕਾਂ ਨੂੰ ਕਹਿੰਦਾ ਦਿਖਾਈ ਦੇ ਰਿਹਾ ਕਿ ਪੰਜਾਬ ਬਚਾਇਆ ਜਾਂਦਾ ਤਾਂ ਬਚਾ ਲਓ, ਏਸ ਨਾ-ਮੁਰਾਦ ਨਸ਼ੇ ਦੇ ਨਰਕ ਤੋਂ। ਅੱਜ ਕੋਈ ਗਲੀ, ਮੁਹੱਲਾ, ਇਲਾਕਾ, ਸ਼ਹਿਰ ਨਹੀਂ ਜਿਸ ਨੂੰ ਨਸ਼ੇ ਨੇ ਆਪਣੀ ਚਪੇਟ ਵਿੱਚ ਨਹੀਂ ਲਿਆ। ਨਸ਼ਾ ਇਕ ਨਾ-ਮੁਰਾਦ ਤੇ ਭਿਆਨਕ ਬਿਮਾਰੀ ਹੈ। ਨਸ਼ਾ ਨਾਸ਼ ਕਰਦਾ ਹੈ, ਪਰ ਫਿਰ ਵੀ ਲੋਕ ਨਸ਼ਿਆਂ ਦੀ ਦਲ-ਦਲ ਵਿੱਚ ਡਿੱਗੀ ਜਾ ਰਹੇ ਹਨ। ਅੱਜ ਸਮਾਜ ਵਿੱਚ ਜੰਗੀ ਪੱਧਰ 'ਤੇ ਫੈਲ ਚੁੱਕੇ ਨਸ਼ੇ-ਸਮੈਕ, ਹੈਰੋਇਨ, ਭੁੱਕੀ, ਅਫੀਮ, ਨਸ਼ੀਲੇ ਟੀਕੇ, ਕੈਪਸੂਲ, ਨਸ਼ੀਲੀਆਂ ਗੋਲੀਆਂ ਆਦਿ ਨੇ ਸਮਾਜ ਨੂੰ ਖੋਖਲਾ ਕਰ ਦਿੱਤਾ ਹੈ। ਪੰਜਾਬ ਭਾਰਤ ਦਾ ਸਭ ਤੋਂ ਖੁਸ਼ਹਾਲ ਸੂਬਾ ਮੰਨਿਆ ਗਿਆ ਹੈ। ਪੰਜਾਬ ਸੂਬਾ ਸੰਤਾਂ-ਮਹਾਂਪੁਰਸ਼ਾਂ, ਰਿਸ਼ੀਆਂ-ਮੁਨੀਆਂ, ਭਗਤਾਂ, ਪੀਰਾਂ-ਫਕੀਰਾਂ, ਮਿਹਨਤਕਸ਼ ਲੋਕਾਂ, ਹਾਸੇ-ਖੇੜਿਆਂ, ਛਿੰਝਾਂ, ਮੇਲਿਆਂ, ਯੋਧਿਆਂ, ਸੂਰਬੀਰਾਂ, ਬਹਾਦਰਾਂ ਵਜੋਂ ਪੂਰੀ ਦੁਨੀਆ ਵਿੱਚ ਜਾਣਿਆ ਜਾਂਦਾ ਰਿਹਾ, ਪਰ ਅਫਸੋਸ ਅੱਜ ਪੰਜਾਬ ਦੀ ਨਵੀਂ ਸੋਚ ਨਵੀਂ ਪੀੜ੍ਹੀ ਨਸ਼ਿਆਂ ਦੇ ਜਾਲ 'ਚ ਫਸ ਕੇ ਬਰਬਾਦੀ ਦੇ ਦਰਿਆ ਵਿੱਚ ਪੂਰੀ ਤਰ੍ਹਾਂ ਵਹਿੰਦੀ ਜਾ ਰਹੀ ਹੈ ਅਤੇ ਭਵਿੱਖ ਧੁੰਦਲਾ ਦਿਖਾਈ ਦੇ ਰਿਹਾ ਹੈ। ਵਿੱਦਿਅਕ ਅਦਾਰਿਆਂ ਵਿੱਚ ਮੁੰਡਿਆਂ ਦੇ ਨਾਲ-ਨਾਲ ਕੁੜੀਆਂ ਵੀ ਨਸ਼ਿਆਂ ਦੀਆਂ ਆਦੀ ਹੋ ਗਈਆਂ ਹਨ। ਮਾਪੇ ਆਪਣੇ ਬੱਚਿਆਂ ਦਾ ਭਵਿੱਖ ਬਚਾਉਣ ਲਈ ਵਿਦੇਸ਼ਾਂ ਦਾ ਸਹਾਰਾ ਲੈ ਰਹੇ ਨੇ। ਨਸ਼ਿਆਂ ਨੇ ਆਪਣੀਆਂ ਜੜ੍ਹਾਂ ਇਨੀਆਂ ਡੂੰਘੀਆਂ ਜਮਾ ਲਈਆਂ ਹਨ ਕਿ ਇਨ੍ਹਾਂ ਨੂੰ ਜੜ੍ਹੋਂ ਪੁੱਟਣਾ ਬਹੁਤ ਔਖਾ ਹੋ ਗਿਆ ਹੈ। ਅੱਜ ਹਰ ਛੋਟੇ-ਵੱਡੇ ਕਸਬੇ/ਸ਼ਹਿਰ ਵਿੱਚ ਖੁੱਲ੍ਹੇ ਕੈਮਿਸਟਾਂ ਦੀਆਂ ਦੁਕਾਨਾਂ 'ਤੇ ਦਵਾਈਆਂ ਦੇ ਨਾਂਅ ਹੇਠ ਵੱਡੇ ਪੱਧਰ 'ਤੇ ਨਸ਼ੀਲੀਆਂ ਦਵਾਈਆਂ ਵਿਕ ਰਹੀਆਂ ਹਨ। ਕਈ ਕੈਮਿਸਟਾਂ ਕੋਲ ਆਪਣਾ ਲਾਈਸੈਂਸ ਵੀ ਨਹੀਂ ਹੁੰਦਾ, ਜੇ ਹੁੰਦਾ ਹੈ ਤਾਂ ਕਿਰਾਏ 'ਤੇ ਬਾਰਡਰ ਪਾਰ ਤੋਂ ਚਿੱਟਾ ਸਰੇਆਮ ਗਲੀ-ਗਲੀ ਵਿਕ ਰਿਹਾ, ਮਾਵਾਂ ਦੀਆਂ ਕੁੱਖਾਂ ਖਾਲੀ ਕਰੀ ਜਾ ਰਿਹਾ। ਸਰਕਾਰਾਂ ਇਕੱਲੇ ਨਸਾ ਵੇਚਣ ਵਾਲੇ, ਨਸ਼ਾ ਕਰਨ ਵਾਲੇ ਅਤੇ ਹੋ ਰਹੀਆਂ ਮੌਤਾਂ ਦੇ ਅੰਕੜੇ ਕੱਢੀ ਜਾ ਰਹੀਆਂ ਹਨ। ਇਨ੍ਹਾਂ ਨਸ਼ਿਆਂ ਦੇ ਸੌਦਾਗਰਾਂ ਨੂੰ ਪੁੱਛਣ ਵਾਲਾ ਕੋਈ ਨਜ਼ਰ ਨਹੀਂ ਆਉਂਦਾ। ਪੰਜਾਬ ਵਿੱਚ ਨਸ਼ਿਆਂ ਕਾਰਨ ਅਨੇਕਾਂ ਮਾਵਾਂ,



ਭੈਣਾਂ, ਪਰਿਵਾਰ ਖੂਨ ਦੇ ਅੱਥਰੂ ਰੋ ਰਹੇ ਹਨ, ਪਰ ਇਨ੍ਹਾਂ ਨੂੰ ਪੂੰਝਣ ਵਾਲਾ ਕੋਈ ਨਜ਼ਰ ਨਹੀਂ ਆ ਰਿਹਾ। ਸਰਕਾਰਾਂ, ਪੁਲਸ/ ਪ੍ਰਸ਼ਾਸਨ, ਭਾਵੇਂ ਨੌਜਵਾਨਾਂ ਨੂੰ ਨਸ਼ਿਆਂ ਵਿੱਚੋਂ ਕੱਢਣ ਲਈ ਵੱਖ-ਵੱਖ ਸ਼ਹਿਰਾਂ/ਜ਼ਿਲ੍ਹਿਆਂ ਵਿੱਚ ਨਸ਼ੇ ਖਿਲਾਫ ਮੁਹਿੰਮਾਂ ਚਲਾ ਰਹੀ ਹੈ, ਪਰ ਲੱਗਦਾ ਹੈ ਨਸ਼ਿਆਂ ਦੇ ਸੌਦਾਗਰਾਂ ਅੱਗੇ ਸਭ ਯਤਨ ਫੇਲ੍ਹ ਤੇ ਅਸਫਲ ਹੁੰਦੇ ਜਾ ਰਹੇ ਹਨ।

ਭਵਿੱਖ ਬਰਬਾਦੀ ਵੱਲ ਜਾ ਰਿਹਾ ਹੈ, ਹੁਣ ਸਿਆਸੀ ਗੱਲਾਂ ਤੇ ਭਾਸ਼ਣਾਂ ਨਾਲ ਕੁਝ ਨਹੀਂ ਹੋਣਾ, ਜੇਕਰ ਨੌਜਵਾਨ ਪੀੜ੍ਹੀ ਨੂੰ ਇਸ ਨਸ਼ਿਆਂ ਦੀ ਗਲਤਾਨ ਵਿੱਚੋਂ ਬਾਹਰ ਕੱਢਣਾ ਹੈ ਅਤੇ ਪੰਜਾਬ ਦੀ ਰੰਗਤ ਵਾਪਸ ਲੈ ਕੇ ਆਉਣੀ ਹੈ ਤਾਂ ਪੰਜਾਬ ਸਰਕਾਰ, ਸਿਹਤ ਵਿਭਾਗ ਤੇ ਪੁਲਸ/ਪ੍ਰਸ਼ਾਸਨ ਨੂੰ ਇਸ ਪ੍ਰਤੀ ਗੰਭੀਰਤਾ ਨਾਲ ਨੀਤੀ ਬਣਾ ਕੇ ਵਿਉਂਤਬੰਦੀ ਨਾਲ ਸਮਾਜ ਸੇਵੀਆਂ, ਬੁੱਧੀਜੀਵੀਆਂ ਤੇ ਚੰਗੇ ਧਾਰਮਿਕ ਆਗੂਆਂ ਦੇ ਸਹਿਯੋਗ ਨਾਲ ਠੋਸ ਉਪਰਾਲੇ ਕਰ ਵੱਡੀ ਮੁਹਿੰਮ ਚਲਾਉਣ ਦੀ ਜ਼ਰੂਰਤ ਹੈ।

***# ਸੰਪਰਕ : 98884-91406***

# ਪੇਂਡੂ ਉਪ ਸਿਹਤ ਕੇਂਦਰਾਂ ਵੱਲ ਵੀ ਤਵੱਜੋ ਦੇਵੇ ਸਰਕਾਰ



ਡਾ. ਗੁਰਤੇਜ ਸਿੰਘ

ਸਿਹਤ ਪ੍ਰਬੰਧਾਂ ਦੀ ਗੱਲ ਕਰੀਏ ਤਾਂ ਮੁਲ਼ਕ ਅੰਦਰ ਸਰਕਾਰੀ ਸਿਹਤ ਸੰਸਥਾਵਾਂ ਦਾ ਤਹਿਦਾਰ ਤਹਿ ਤਾਣਾ-ਬਾਣਾ ਬੁਣਿਆ ਹੋਇਆ ਹੈ। ਪਹਿਲੇ ਪੜਾਅ 'ਤੇ ਉੱਪ ਕੇਂਦਰ (ਸਬ-ਸੈਂਟਰ) ਹਨ, ਜਿਨ੍ਹਾਂ ਨੂੰ ਹੁਣ ਹੈਲਥ ਐਂਡ ਵੈੱਲਨੈੱਸ ਸੈਂਟਰ (ਸਿਹਤ ਤੇ ਤੰਦਰੁਸਤੀ ਕੇਂਦਰ) ਕਿਹਾ ਜਾਂਦਾ ਹੈ, ਜੋ ਕਿ 5000 ਦੀ ਆਬਾਦੀ ਪਿੱਛੇ ਇੱਕ ਬਣਾਇਆ ਜਾਂਦਾ ਹੈ। ਉੱਪ ਕੇਂਦਰ (ਹੈਲਥ ਐਂਡ ਵੈੱਲਨੈੱਸ ਸੈਂਟਰ) ਤੋਂ ਬਾਅਦ ਸਬਸਿਡਰੀ ਸਿਹਤ ਕੇਂਦਰ ਹੁੰਦੇ ਹਨ, ਜਿਸ ਵਿੱਚ ਇੱਕ ਡਾਕਟਰ ਦੀ ਤਾਇਨਾਤੀ ਦੇ ਨਾਲ ਹੋਰ ਸਿਹਤ ਅਮਲਾ ਵੀ ਤਾਇਨਾਤ ਹੁੰਦਾ ਹੈ। ਇਨ੍ਹਾਂ ਦੀ ਸੰਖਿਆ 1336 ਹੈ। ਸਬਸਿਡਰੀ ਸਿਹਤ ਕੇਂਦਰ ਤੋਂ ਬਾਅਦ 30 ਹਜ਼ਾਰ ਦੀ ਆਬਾਦੀ 'ਤੇ ਇੱਕ ਮੁੱਢਲਾ ਸਿਹਤ ਕੇਂਦਰ ਹੁੰਦਾ ਹੈ, ਜਿਸ ਵਿੱਚ ਇੱਕ ਸੀਨੀਅਰ ਮੈਡੀਕਲ ਅਫ਼ਸਰ, ਦੋ ਹੋਰ ਡਾਕਟਰ, ਨਰਸਿੰਗ ਸਟਾਫ ਅਤੇ ਬਾਕੀ ਅਮਲਾ ਹੁੰਦਾ ਹੈ। ਇਸ ਮੁੱਢਲੇ ਸਿਹਤ ਕੇਂਦਰ ਦੇ ਅੰਤਰਗਤ ਛੇ ਉੱਪ ਕੇਂਦਰ (ਹੈੱਲਥ ਐਂਡ ਵੈੱਲਨੈੱਸ ਸੈਂਟਰ) ਆਉਂਦੇ ਹਨ। ਇਨ੍ਹਾਂ ਮੁੱਢਲੇ ਸਿਹਤ ਕੇਂਦਰਾਂ ਦੀ ਗਿਣਤੀ 432 ਹੈ। ਮੁੱਢਲੇ ਸਿਹਤ ਕੇਂਦਰ ਤੋਂ ਬਾਅਦ 80000 ਤੋਂ 120000 ਆਬਾਦੀ ਪਿੱਛੇ ਇੱਕ ਸਮੁਦਾਇਕ ਸਿਹਤ ਕੇਂਦਰ ਹੁੰਦਾ ਹੈ, ਜਿਸ ਵਿੱਚ ਚਾਰ ਮਾਹਰ ਡਾਕਟਰ, ਤਿੰਨ ਮੈਡੀਕਲ ਅਫ਼ਸਰ, ਨਰਸਿੰਗ ਸਟਾਫ਼ ਹੁੰਦਾ ਹੈ। ਇੱਥੇ 25 ਬਿਸਤਰਿਆਂ ਦਾ ਇੰਤਜ਼ਾਮ ਹੋਣ ਦੇ ਨਾਲ ਲੈਬਾਰਟਰੀ, ਅਪ੍ਰੇਸ਼ਨ ਥੀਏਟਰ ਹੁੰਦਾ ਹੈ। ਉਕਤ ਸਿਹਤ ਸੰਸਥਾਵਾਂ ਤੋਂ ਉੱਪਰਲੇ ਪੜਾਅ 'ਤੇ ਜ਼ਿਲ੍ਹਾ ਹਸਪਤਾਲ ਅਤੇ ਮੈਡੀਕਲ ਕਾਲਜ ਆਉਂਦੇ ਹਨ।

ਆਯੁਸ਼ਮਾਨ ਭਾਰਤ ਸਕੀਮ ਅਧੀਨ ਸਾਡੇ ਸੂਬੇ ਪੰਜਾਬ ਵਿੱਚ 3034 ਪੇਂਡੂ ਉੱਪ ਕੇਂਦਰ (ਸਿਹਤ ਤੇ ਤੰਦਰੁਸਤੀ ਕੇਂਦਰ) ਹਨ। ਉੱਥੇ ਕੁੱਲ 2664 ਕਮਿਊਨਟੀ ਹੈੱਲਥ ਅਫ਼ਸਰ ਤਾਇਨਾਤ ਹਨ, ਜਿਸ ਵਿੱਚ ਬੀ ਏ ਐੱਮ ਐੱਸ ਯੋਗਤਾ ਵਾਲੇ 469 ਤੇ ਬਾਕੀ ਬੀ ਐੱਸ ਸੀ ਨਰਸਿੰਗ ਯੋਗਤਾ ਵਾਲੇ ਹਨ, ਜੋ ਦੂਰ-ਦੁਰਾਡੇ ਪੇਂਡੂ ਖੇਤਰਾਂ ਵਿੱਚ ਗਰਭਵਤੀ ਔਰਤਾਂ, ਨਵਜੰਮੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਉਮਰ ਵਰਗ ਦੇ ਲੋਕਾਂ ਨੂੰ ਪਿਛਲੇ ਕਿੰਨੇ ਸਾਲਾਂ ਤੋਂ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ। ਕੋਰੋਨਾ ਕਾਲ ਵਿੱਚ ਵੀ ਕਮਿਊਨਟੀ ਹੈਲਥ ਅਫ਼ਸਰਾਂ ਦਾ ਕੋਰੋਨਾ ਪੀੜਤ ਮਰੀਜ਼ਾਂ ਦੀ ਭਾਲ, ਕੋਰੋਨਾ ਦੀ ਜਾਂਚ ਲਈ ਸੈਂਪਲਿੰਗ ਅਤੇ ਕਰੋਨਾ ਟੀਕਾਕਰਨ ਵਿੱਚ ਵੀ ਵੱਡਾ ਯੋਗਦਾਨ ਰਿਹਾ ਹੈ, ਜਿਸ ਦੇ ਚੱਲਦਿਆਂ ਹੀ ਸਮੁੱਚੇ ਦੇਸ਼ ਵਾਸੀਆਂ ਨੂੰ ਕੋਰੋਨਾ ਵੈਕਸੀਨ ਦੀਆਂ ਤਿੰਨ ਖ਼ੁਰਾਕਾਂ ਦੇਣ ਦਾ ਅਮਲ ਸੰਭਵ ਹੋ ਸਕਿਆ ਹੈ। ਐੱਮ ਬੀ ਬੀ ਐੱਸ ਡਾਕਟਰਾਂ ਦਾ ਪੇਂਡੂ ਖੇਤਰ ਤੋਂ ਮੋਹ ਭੰਗ ਹੈ, ਜੋ ਜੱਗ-ਜ਼ਾਹਿਰ ਹੈ।

ਵਰਨਣਯੋਗ ਹੈ ਕਮਿਊਨਿਟੀ ਹੈੱਲਥ ਅਫ਼ਸਰ ਇਸ ਹੈੱਲਥ ਐਂਡ ਵੈੱਲਨੈੱਸ ਕੇਂਦਰ ਦਾ ਇੰਚਾਰਜ ਹੁੰਦਾ ਹੈ, ਜਿਸ ਦੀ ਵਿੱਦਿਅਕ ਯੋਗਤਾ ਬੀ ਐੱਸ ਸੀ ਨਰਸਿੰਗ ਜਾਂ ਆਯੂਸ਼ ਡਾਕਟਰ (ਬੀ ਏ ਐੱਮ ਐੱਸ) ਹੋਣ ਦੇ ਨਾਲ ਛੇ ਮਹੀਨਿਆਂ ਦਾ ਕਮਿਊਨਿਟੀ ਹੈੱਲਥ ਦਾ ਟਰੇਨਿੰਗ ਕੋਰਸ ਵੀ ਨੌਕਰੀ ਲੱਗਣ ਵੇਲੇ ਕਰਵਾਇਆ ਜਾਂਦਾ ਹੈ। ਉਸ ਦੀ ਸਹਾਇਤਾ ਲਈ ਦੋ ਮਲਟੀਪਰਪਜ਼ ਹੈੱਲਥ ਵਰਕਰ (ਇੱਕ ਔਰਤ ਅਤੇ ਇੱਕ ਮਰਦ) ਅਤੇ ਆਸ਼ਾ ਵਰਕਰਾਂ ਦੀ ਤਾਇਨਾਤੀ ਕੀਤੀ ਜਾਂਦੀ ਹੈ। ਦੂਜੀ ਗੱਲ ਇਨ੍ਹਾਂ ਕਰਮਚਾਰੀਆਂ ਦੇ ਕੰਮ ਦੀ ਸਮੀਖਿਆ ਸਮੇਂ-ਸਮੇਂ 'ਤੇ ਸੀਨੀਅਰ ਮੈਡੀਕਲ ਅਫ਼ਸਰ ਅਤੇ ਸਿਵਲ ਸਰਜਨ ਸਾਹਿਬਾਨ ਵੱਲੋਂ ਕੀਤੀ ਜਾਂਦੀ ਹੈ।

ਉਕਤ ਸਿਹਤ ਕੇਂਦਰ ਦਵਾਈਆਂ ਅਤੇ ਸਾਜ਼ੋ-ਸਾਮਾਨ ਦੀ ਥੁੜ ਨਾਲ ਜੂਝ ਰਹੇ ਹਨ। ਦਵਾਈਆਂ ਨੂੰ ਇਨ੍ਹਾਂ ਕੇਂਦਰਾਂ 'ਤੇ ਪਹੁੰਚਾਉਣ ਲਈ ਕੋਈ ਢੁਕਵਾਂ ਪ੍ਰਬੰਧ ਨਹੀਂ ਹੈ। ਕਮਿਊਨਿਟੀ ਹੈੱਲਥ ਅਫ਼ਸਰ ਆਪਣੇ ਪੱਲਿਉਂ ਪੈਸੇ ਖਰਚ ਕੇ ਕਿਰਾਏ ਦੇ ਵਾਹਨਾਂ 'ਤੇ ਦਵਾਈਆਂ ਮੁੱਢਲੇ ਸਿਹਤ ਕੇਂਦਰ ਤੋਂ ਲੈ ਕੇ ਆਉਂਦੇ ਹਨ। ਇਸ ਤੋਂ ਇਲਾਵਾ ਬਾਇਓਮੈਡੀਕਲ ਕਚਰੇ ਨੂੰ ਉਠਾਉਣ ਦਾ ਕੋਈ ਤਸੱਲੀਬਖ਼ਸ਼ ਪ੍ਰਬੰਧ ਨਹੀਂ ਹੈ। ਕਈ ਥਾਈਂ ਇਨ੍ਹਾਂ ਸਿਹਤ ਕੇਂਦਰਾਂ ਦੀਆਂ ਇਮਾਰਤਾਂ ਦਾ ਬੁਰਾ ਹਾਲ ਹੈ, ਬਿਜਲੀ ਕੁਨੈਕਸ਼ਨ, ਪੀਣ ਲਈ ਸਾਫ ਪਾਣੀ ਅਤੇ ਪਖਾਨੇ ਆਦਿ ਵੀ ਨਹੀਂ ਹਨ।

ਇਨ੍ਹਾਂ ਸਿਹਤ ਤੇ ਤੰਦਰੁਸਤੀ ਕੇਂਦਰਾਂ ਦੀ ਸਾਫ-ਸਫ਼ਾਈ ਲਈ ਵੀ ਸਫ਼ਾਈ ਸੇਵਕ ਦੀ ਕੋਈ ਅਸਾਮੀ ਤੱਕ ਨਹੀਂ ਰੱਖੀ ਗਈ ਹੈ, ਉਕਤ ਇੰਚਾਰਜ ਨੂੰ ਇਸ ਦਾ ਆਪਣੇ ਪੱਧਰ 'ਤੇ ਪ੍ਰਬੰਧ ਕਰਨਾ ਪੈਂਦਾ ਹੈ। ਉਹ ਮੁਲਾਜ਼ਮ ਜੋ ਪਹਿਲਾਂ ਹੀ ਆਰਥਿਕ ਤੇ ਕਾਫੀ ਹੱਦ ਤੱਕ ਸਮਾਜਿਕ ਸ਼ੋਸ਼ਣ ਦਾ ਸ਼ਿਕਾਰ ਹੈ, ਉਹ ਸਫ਼ਾਈ ਕਰਮਚਾਰੀ ਲਈ ਆਪਣੇ ਪੱਲਿਉਂ ਚੰਗੀ ਤਨਖਾਹ ਦਾ ਪ੍ਰਬੰਧ ਕਿਸ ਤਰ੍ਹਾਂ ਕਰ ਸਕਦਾ ਹੈ। ਉਂਞ ਵੀ ਇਨ੍ਹਾਂ ਸਿਹਤ ਕਰਮਚਾਰੀਆਂ ਨੂੰ ਆਪਣੀ ਤਨਖਾਹ ਵੇਲੇ ਸਿਰ ਨਹੀਂ ਮਿਲਦੀ ਤਾਂ ਇਹ ਕਿਸ ਤਰ੍ਹਾਂ ਹੋਰਾਂ ਦੀ ਤਨਖਾਹ ਦਾ ਪ੍ਰਬੰਧ ਕਰਨਗੇ। ਹੋਰਨਾਂ ਸੂਬਿਆਂ ਵਿੱਚ ਇਨ੍ਹਾਂ ਸਮੁਦਾਇਕ ਸਿਹਤ ਅਧਿਕਾਰੀਆਂ ਦੀ ਤਨਖਾਹ ਤੇ ਹੋਰ ਭੱਤੇ ਜ਼ਿਆਦਾ ਹਨ, ਪਰ ਸਾਡੇ ਸੂਬੇ ਵਿੱਚ ਘੱਟ ਹਨ।

ਜਿਸ ਤਰ੍ਹਾਂ ਸਾਨੂੰ ਪਤਾ ਹੈ ਕਿ ਕਮਿਊਨਿਟੀ ਹੈੱਲਥ ਅਫ਼ਸਰ ਨਰਸਿੰਗ ਜਾਂ ਆਯੂਸ਼ ਨਾਲ ਸਬੰਧਤ ਹਨ, ਪਰ ਇਹ ਵੀ ਤਾਂ ਵਿਗਿਆਨ ਦੇ ਵਿਦਿਆਰਥੀ ਹੀ ਹੁੰਦੇ ਹਨ ਤੇ ਪੜ੍ਹਾਈ ਵੀ ਮੈਡੀਕਲ ਵਿਗਿਆਨ ਦੀ ਪੜ੍ਹ ਕੇ ਆਏ ਹਨ। ਟਰੇਨਿੰਗ ਸਮੇਂ ਵੀ ਇਨ੍ਹਾਂ ਦੇ ਪੱਧਰ ਦੀ ਪੜ੍ਹਾਈ ਅਤੇ ਜਨਤਕ ਸਿਹਤ ਕੇਂਦਰਾਂ ਵਿੱਚ ਅਭਿਆਸ ਕਰਵਾ ਕੇ ਇਸ ਕਾਬਿਲ ਬਣਾਇਆ ਜਾਂਦਾ ਹੈ ਕਿ ਮੁੱਢਲੇ ਸਿਹਤ ਕੇਂਦਰ 'ਤੇ ਤਾਇਨਾਤ ਮੈਡੀਕਲ ਅਫ਼ਸਰ ਦੀ ਯੋਗ ਨਿਰਦੇਸ਼ਨਾ ਹੇਠ ਸਾਰਥਿਕ ਕੰਮ ਕਰ ਸਕਣ ਤੇ ਲੰਮੇ ਸਮੇਂ ਤੋਂ ਕੰਮ ਕਰ ਵੀ ਰਹੇ ਹਨ। ਇੰਡੀਅਨ ਪਬਲਿਕ ਹੈੱਲਥ ਮਿਆਰ 2022 ਦੀਆਂ ਹਦਾਇਤਾਂ ਅਤੇ ਸ਼ਡਿਊਲ (ਕੇ) ਦੇ ਅਨੁਸਾਰ ਇਨ੍ਹਾਂ ਸਿਹਤ ਕੇਂਦਰਾਂ ਨੂੰ ਜ਼ਰੂਰੀ 105 ਤਰ੍ਹਾਂ ਦੀਆਂ ਦਵਾਈਆਂ ਵਰਤਣ ਦਾ ਹੱਕ ਹੈ ਅਤੇ ਮਾਹਰ ਡਾਕਟਰਾਂ ਨਾਲ ਸਿੱਧੇ ਰਾਬਤਾ ਕਰਨ ਲਈ ਟੈਲੀਕੰਸਲਟੇਸ਼ਨ ਦੀ ਸਹੂਲਤ ਹੈ, ਜਿਸ ਦੇ ਜ਼ਰੀਏ ਇਹ ਸਿਹਤ ਅਧਿਕਾਰੀ ਸੁਚਾਰੂ ਢੰਗ ਨਾਲ ਓ.ਪੀ.ਡੀ. ਚਲਾਉਂਦੇ ਹਨ ਤੇ ਮਰੀਜ਼ਾਂ ਨੂੰ ਇਲਾਜ ਦੀ ਸਹੂਲਤ ਦਿੰਦੇ ਹਨ। ਜ਼ਿਆਦਾ ਬਿਮਾਰ ਨੂੰ ਮੁੱਢਲੇ ਸਿਹਤ ਕੇਂਦਰ ਨੂੰ ਰੈਫ਼ਰ ਕਰਦੇ ਹਨ, ਜਿੱਥੇ ਤਾਇਨਾਤ ਮੈਡੀਕਲ ਅਫ਼ਸਰ ਉਸ ਮਰੀਜ਼ ਦਾ ਮੁਆਇਨਾ ਕਰਦਾ ਹੈ। ਉਕਤ ਸ਼ਾਨਦਾਰ ਸੇਵਾਵਾਂ ਦੇ ਨਾਲ ਇਹ ਸਿਹਤ ਅਧਿਕਾਰੀ ਪੰਚਾਇਤ ਨਾਲ ਰਾਬਤਾ ਕਰਕੇ ਪਿੰਡ ਦੀ ਸਾਫ-ਸਫ਼ਾਈ ਵੱਲ ਖਾਸ ਤਵੱਜੋ ਦਿੰਦੇ ਹਨ, ਜਿਸ ਕਾਰਨ ਮਲੇਰੀਆ ਅਤੇ ਡੇਂਗੂ ਵਰਗੀਆਂ ਬਿਮਾਰੀਆਂ ਫੈਲਣ ਦਾ ਡਰ ਹੁੰਦਾ ਹੈ। ਗਰਭਵਤੀ ਔਰਤਾਂ ਤੇ ਬੱਚਿਆਂ ਦੀ ਖੁਰਾਕ ਦੀ ਨਿਗਰਾਨੀ ਕਰਦੇ ਹਨ। ਇਨ੍ਹਾਂ ਦੇ ਇਹ ਸ਼ਾਨਦਾਰ ਕਾਰਜ ਮੈਡੀਕਲ ਅਫ਼ਸਰਾਂ ਦਾ ਭਾਰ ਵੰਡਾਉਂਦੇ ਹਨ, ਫਿਰ ਵੀ ਪਿਛਲੇ ਸਮੇਂ ਦੌਰਾਨ ਇੱਕ ਮੈਡੀਕਲ ਅਫ਼ਸਰ ਦੁਆਰਾ ਇਨ੍ਹਾਂ ਸਿਹਤ ਅਧਿਕਾਰੀਆਂ ਦੁਆਰਾ ਕੀਤੀ ਜਾ ਰਹੀ ਓ.ਪੀ.ਡੀ. ਦਾ ਇਤਰਾਜ਼ਯੋਗ ਸ਼ਬਦਾਂ ਵਿੱਚ ਵਿਰੋਧ ਕੀਤਾ ਸੀ, ਜੋ ਤਰਕਸੰਗਤ ਵੀ ਨਹੀਂ ਸੀ। ਇੱਥੇ ਇਹ ਗੱਲ ਵਿਚਾਰਨਯੋਗ ਹੈ ਕਿ ਇਹ ਕਮਿਊਨਿਟੀ ਹੈਲਥ ਅਫਸਰ ਪਿੰਡਾਂ ਦੇ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਰਾਂ ਤੋਂ ਵੀ ਮਾੜੇ ਹਨ, ਜਿਨ੍ਹਾਂ ਕੋਲ ਕੋਈ ਮੈਡੀਕਲ ਡਿਗਰੀ ਨਹੀਂ ਹੁੰਦੀ, ਪਰ ਇਹ ਕਰਮਚਾਰੀ ਤਾਂ ਡਿਗਰੀ ਹੋਲਡਰ ਦੇ ਨਾਲ ਸਿਖਲਾਈ ਯੁਕਤ ਵੀ ਹਨ, ਫਿਰ ਵੀ ਕੁਝ ਮੈਡੀਕਲ ਅਫ਼ਸਰਾਂ ਤੇ ਹੋਰ ਅਧਿਕਾਰੀਆਂ ਦੁਆਰਾ ਇਨ੍ਹਾਂ ਦੀ ਬਿਨਾਂ ਵਜ੍ਹਾ ਝਾੜ-ਝੰਬ ਕੀਤੀ ਜਾਂਦੀ ਹੈ।

ਕਮਿਊਨਿਟੀ ਹੈਲਥ ਅਫ਼ਸਰ ਦੇ ਪਦ 'ਤੇ ਤਾਇਨਾਤ ਆਯੂਸ਼ ਡਾਕਟਰਾਂ ਨੂੰ ਤਾਂ ਡਾਕਟਰ ਸ਼ਬਦ ਨਾਲ ਸੰਬੋਧਨ ਨਹੀਂ ਕੀਤਾ ਜਾਂਦਾ ਹੈ। ਸੰਬੰਧਤ ਅਧਿਕਾਰੀ ਕਦੇ ਵੀ ਉਨ੍ਹਾਂ ਦੇ ਨਾਂਅ ਅੱਗੇ ਡਾਕਟਰ ਸ਼ਬਦ ਨਹੀਂ ਲਗਾਉਂਦੇ। ਇੱਥੇ ਇਹ ਗੱਲ ਵਰਨਣਯੋਗ ਹੈ ਕਿ ਇਨ੍ਹਾਂ ਦੀ ਵਿੱਦਿਅਕ ਯੋਗਤਾ ਬੀ.ਏ.ਐੱਮ.ਐੱਸ. ਹੈ, ਜੋ ਨੈਸ਼ਨਲ ਕਮਿਸ਼ਨ ਫਾਰ ਇੰਡੀਅਨ ਸਿਸਟਮ ਆਫ ਮੈਡੀਸਨ ਦੁਆਰਾ ਮਾਨਤਾ ਪ੍ਰਾਪਤ ਇੱਕ ਮੈਡੀਕਲ ਡਿਗਰੀ ਹੈ। ਇਸ ਡਿਗਰੀ ਦੇ ਧਾਰਕ ਦੀ ਬਕਾਇਦਾ ਹਰ ਰਾਜ ਅਤੇ ਕੌਮੀ ਪੱਧਰ 'ਤੇ ਰਜਿਸਟ੍ਰੇਸ਼ਨ ਹੁੰਦੀ ਹੈ। ਇਸ ਤਰ੍ਹਾਂ ਇਹ ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਦੀ ਸ਼੍ਰੇਣੀ ਦੇ ਅੰਤਰਗਤ ਆਉਂਦੇ ਹਨ। ਭਾਰਤ ਸਰਕਾਰ ਦੇ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ 25 ਨਵੰਬਰ 2003 ਨੂੰ ਇੱਕ ਆਦੇਸ਼ ਜਾਰੀ ਕੀਤਾ ਗਿਆ ਸੀ ਜਿਸ ਵਿੱਚ ਆਯੂਸ਼ ਡਾਕਟਰਾਂ ਨੂੰ ਆਪਣੇ ਨਾਂਅ ਅੱਗੇ ਡਾਕਟਰ ਲਿਖਣ ਦੀ ਪ੍ਰਵਾਨਗੀ ਦਿੱਤੀ ਗਈ ਸੀ। ਇਹ ਕਿੰਨੇ ਦੁੱਖ ਦੀ ਗੱਲ ਹੈ ਕਿ ਇੱਕ ਪਾਸੇ ਅਨਰਜਿਸਟਰਡ ਲੋਕ ਡਾਕਟਰ ਸ਼ਬਦ ਦੀ ਸ਼ਰੇਆਮ ਦੁਰਵਰਤੋਂ ਕਰ ਰਹੇ ਹਨ, ਦੂਜੇ ਪਾਸੇ ਜਿਨ੍ਹਾਂ ਕੋਲ ਬਕਾਇਦਾ ਡਿਗਰੀ ਤੇ ਰਜਿਸਟ੍ਰੇਸ਼ਨ ਹੈ, ਉਹ ਇਸ ਚੀਜ਼ ਤੋਂ ਵਾਂਝੇ ਹਨ।

ਇਨ੍ਹਾਂ ਸਿਹਤ ਕੇਂਦਰਾਂ ਦੀ ਸਾਰ ਲੈਣੀ ਬਹੁਤ ਜ਼ਰੂਰੀ ਹੈ, ਉੱਥੇ ਸਾਰੇ ਪ੍ਰਬੰਧ ਦਰੁਸਤ ਕੀਤੇ ਜਾਣੇ ਚਾਹੀਦੇ ਹਨ। ਜਦੋਂ ਵੀ ਇਨ੍ਹਾਂ ਸਿਹਤ ਕੇਂਦਰਾਂ ਦੇ ਕਰਮਚਾਰੀ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਦੁਆਰਾ ਥੋਪੇ ਮੁਖੀ ਕੋਲ ਜਾਂਦੇ ਹਨ ਤਾਂ ਉਸ ਦਾ ਵਿਵਹਾਰ ਇੱਕ ਜੇਲ੍ਹਰ ਵਾਂਗ ਹੁੰਦਾ ਹੈ, ਜਿਵੇਂ ਇਨ੍ਹਾਂ ਮੁਲਾਜ਼ਮਾਂ ਨੇ ਨੌਕਰੀ ਲੈ ਕੇ ਕੋਈ ਗੁਨਾਹ ਕੀਤਾ ਹੋਵੇ। ਜੋ ਮੁਲਾਜ਼ਮ ਆਪਣਾ ਕੰਮ ਠੀਕ ਨਹੀਂ ਕਰਦੇ, ਉਨ੍ਹਾਂ ਦੇ ਕੰਮ ਦੀ ਸਮੀਖਿਆ ਕਰਕੇ ਉਨ੍ਹਾਂ ਨੂੰ ਚਿਤਾਵਨੀ ਦਿੱਤੀ ਜਾ ਸਕਦੀ ਹੈ, ਪਰ ਕੁਝ ਲੋਕਾਂ ਦੀ ਸਜ਼ਾ ਸਾਰੇ ਕਾਡਰ ਨੂੰ ਮਿਲੇ, ਇਹ ਜਾਇਜ਼ ਨਹੀਂ ਹੈ।

ਜੋ ਮੁਲਾਜ਼ਮ ਚੰਗਾ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਉਤਸ਼ਾਹਤ ਕੀਤਾ ਜਾਵੇ। ਆਯੂਸ਼ ਡਾਕਟਰ ਵੱਡੀ ਸੰਖਿਆ ਵਿੱਚ ਇਸ ਵਿਭਾਗ ਦੀ ਸੇਵਾ ਕਰ ਰਹੇ ਹਨ। ਉਨ੍ਹਾਂ ਤੋਂ ਹੋਰ ਵੀ ਵਧੀਆ ਸੇਵਾਵਾਂ ਲਈਆਂ ਜਾ ਸਕਦੀਆਂ ਹਨ, ਕਿਉਂਕਿ ਉਹ ਦੋਵਾਂ ਵਿਧਾਵਾਂ (ਐਲੋਪੈਥੀ ਅਤੇ ਆਯੁਰਵੈਦਿਕ) ਵਿੱਚ ਟਰੇਨਿੰਗ ਲੈ ਕੇ ਆਏ ਹੁੰਦੇ ਹਨ। ਮਜ਼ੇ ਦੀ ਗੱਲ ਤਾਂ ਇਹ ਹੈ ਕਿ ਆਯੂਸ਼ ਡਾਕਟਰ ਕਾਰਪੋਰੇਟ ਹਸਪਤਾਲਾਂ ਵਿੱਚ ਮੈਡੀਕਲ ਅਸਿਸਟੈਂਟ, ਹਸਪਤਾਲ ਪ੍ਰਬੰਧਨ, ਕੌਂਸਲਿੰਗ ਆਦਿ ਵੱਖ-ਵੱਖ ਖ਼ੇਤਰਾਂ ਵਿੱਚ ਆਪਣੀਆਂ ਚੰਗੀਆਂ ਸੇਵਾਵਾਂ ਦੇ ਰਹੇ ਹਨ। ਕਾਰਪੋਰੇਟ ਖ਼ੇਤਰ ਉਨ੍ਹਾਂ ਦੇ ਹੁਨਰ ਦੀ ਕਦਰ ਕਰਦਾ ਹੈ। ਸਰਕਾਰ ਨੂੰ ਵੀ ਇਸ ਪਾਸੇ ਪਹਿਲ-ਕਦਮੀ ਕਰਨ ਦੀ ਲੋੜ ਹੈ।

***# ਸੰਪਰਕ: 95173-96001***

CMYK

# ਕੁਰਕੀਆਂ ਪਿੱਛੋਂ ਗ੍ਰਿਫ਼ਤਾਰੀਆਂ ਤੱਕ ਪੁੱਜ ਚੁੱਕੀ ਹੈ ਬਦਲਾਅ ਵਾਲੀ ਸਰਕਾਰ




**ਤਲਵੰਡੀ ਸਾਬੋ (ਜਗਦੀਪ ਗਿੱਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਤਲਵੰਡੀ ਸਾਬੋ ਵੱਲੋਂ ਚੱਠੇ ਵਾਲਾ ਦੇ ਕਿਸਾਨ ਬਲਦੇਵ ਸਿੰਘ ਦੀ ਜ਼ਮੀਨ ਦੀ ਕੁਰਕੀ ਰੋਕਣ ਲਈ ਤਹਿਸੀਲ ਕੰਪਲੈਕਸ ਤਲਵੰਡੀ ਸਾਬੋ ਵਿਖੇ ਸਵੇਰੇ 9 ਵਜੇ ਤੋਂ ਧਰਨਾ ਸ਼ੁਰੂ ਕਰ ਦਿੱਤਾ ਗਿਆ। ਇਸ ਸਮੇਂ ਜ਼ਿਲ੍ਹਾ ਆਗੂ ਜਗਦੇਵ ਸਿੰਘ ਜੋਗੇਵਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਗ਼ਲਤ ਨੀਤੀਆਂ ਕਾਰਨ ਕਿਸਾਨੀ ਬੁਰੀ ਤਰ੍ਹਾਂ ਤਬਾਹ ਹੋ ਚੁੱਕੀ ਹੈ, ਕਿਸਾਨ ਕਰਜ਼ੇ ਦੇ ਜੰਜਾਲ ਵਿਚੋਂ ਬਾਹਰ ਨਿਕਲਣ ਤੋਂ ਬੇਵੱਸ ਹੈ, ਉਲਟਾ ਸਰਕਾਰ ਕਿਸਾਨ ਦੀ ਬਾਂਹ ਫੜਨ ਦੀ ਬਜਾਏ ਕਿਸਾਨ ਦੀ ਜ਼ਮੀਨ ਦੀ ਕੁਰਕੀ ਲਿਆ ਰਹੀ ਹੈ। ਬਦਲਾਅ ਵਾਲੀ ਸਰਕਾਰ ਦੇ ਵਾਅਦਿਆਂ ਦੀ ਹਵਾ ਨਿਕਲ ਚੁੱਕੀ ਹੈ, ਹੁਣ ਕੁਰਕੀਆ ਤੋਂ ਵੀ ਅੱਗੇ ਗ੍ਰਿਫ਼ਤਾਰੀ ਵਾਰੰਟ ਜਾਰੀ ਕਰਕੇ ਸੂਦਖੋਰ ਆੜ੍ਹਤੀਏ ਦੇ ਹੱਕ ਵਿੱਚ ਭੁਗਤਿਆ ਜਾ ਰਿਹਾ ਹੈ। ਕਿਸਾਨਾਂ ਨੂੰ ਜੇਲ੍ਹ ਜਾਣ ਦਾ ਡਰ ਦੇ ਕੇ ਅਦਾਲਤ ਸੈਟਲਮੈਂਟ ਦੇ ਰਾਹ ਤੁਰੀਆਂ ਹੋਈਆਂ ਹਨ।

ਇਸ ਮੌਕੇ ਕਾਲਾ ਸਿੰਘ ਚੱਠੇ ਵਾਲਾ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਉਗਰਾਹਾਂ ਵੱਲੋਂ ਕਿਸੇ ਵੀ ਕਿਸਾਨ ਦੀ ਕੁਰਕੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਸਮੇਂ ਬਲਾਕ ਆਗੂ ਰਣਜੋਧ ਸਿੰਘ ਮਾਹੀ ਨੰਗਲ, ਲੱਖਾ ਸਿੰਘ ਜੋਗੇਵਾਲਾ, ਕਲੱਤਰ ਸਿੰਘ ਕਲਾਲਵਾਲਾ ਤੇ ਪਿੰਡ ਇਕਾਈਆਂ ਦੇ ਆਗੂ ਹਾਜ਼ਰ ਸਨ।

# ਆਰ ਬੀ ਐੱਸ ਕੇ ਟੀਮ ਨੇ ਬੱਚੀ ਦੇ ਦਿਲ ਦਾ ਕਰਵਾਇਆ ਮੁ਼ਫਤ ਅਪ੍ਰੇਸ਼ਨ

ਮੋਗਾ (ਅਮਰਜੀਤ ਬੱਬਰੀ)-ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਵਲ ਹਸਪਤਾਲ ਮੋਗਾ ਦੀ ਆਰ.ਬੀ.ਐਸ.ਕੇ. ਟੀਮ ਵੱਲੋਂ ਰਾਸ਼ਟਰੀ ਬਾਲ ਸਵਾਸਥ ਕਾਰਿਆਕ੍ਰਮ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਲੰਡੇਕੇ ਮੋਗਾ ਦੀ ਸੱਤ ਸਾਲਾ ਬੱਚੀ ਗੁਰਲੀਨ ਕੌਰ ਦੇ ਦਿਲ ਦਾ ਮੁਫ਼ਤ ਅਪ੍ਰੇਸ਼ਨ ਹੀਰੋ ਹਾਰਟ ਡੀ.ਐਮ.ਸੀ. ਲੁਧਿਆਣਾ ਤੋਂ ਸਫਲਤਾਪੂਰਵਕ ਕਰਵਾਇਆ ਹੈ। ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ ਨੇ ਦੱਸਿਆ ਕਿ ਆਰ.ਬੀ.ਐਸ.ਕੇ. ਟੀਮ ਮੋਗਾ ਦੇ ਡਾ. ਅਜੈ ਕੁਮਾਰ ਅਤੇ ਸਟਾਫ਼ ਨਰਸ ਰਾਜਵੰਤ ਕੌਰ ਵੱਲੋਂ ਸਰਕਾਰੀ ਸਕੂਲਾਂ ਦੇ ਬੱਚਿਆਂ ਦੀ ਕੀਤੀ ਗਈ ਸਿਹਤ ਜਾਂਚ ਵਿੱਚ ਪਾਇਆ ਗਿਆ ਸੀ ਕਿ ਸਰਕਾਰੀ ਪ੍ਰਾਇਮਰੀ ਸਕੂਲ ਲੰਡੇਕੇ ਮੋਗਾ ਵਿਖੇ ਸੱਤ ਸਾਲਾਂ ਦੀ ਇੱਕ ਬੱਚੀ ਗੁਰਲੀਨ ਕੌਰ ਜਮਾਂਦਰੂ ਦਿਲ ਦੀ ਬਿਮਾਰੀ ਤੋਂ ਪੀੜਤ ਹੈ। ਆਰ.ਬੀ.ਐਸ.ਕੇ. ਟੀਮ ਮੋਗਾ ਵੱਲੋਂ ਮਾਮਲਾ ਉਚ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਉਪਰੰਤ ਸਿਵਲ ਸਰਜਨ ਮੋਗਾ ਡਾ. ਰਾਜੇਸ਼ ਅੱਤਰੀ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਅਸ਼ੋਕ ਸਿੰਗਲਾ, ਐਸ.ਐਮ.ਓ. ਮੋਗਾ ਡਾ. ਸੁਖਪ੍ਰੀਤ ਸਿੰਘ ਬਰਾੜ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਪ੍ਰਵੀਨ ਸ਼ਰਮਾ, ਜ਼ਿਲ੍ਹਾ ਮਾਸ ਮੀਡੀਆ ਕੋਆਰਡੀਨੇਟਰ ਅਮ੍ਰਿਤਪਾਲ ਸ਼ਰਮਾ, ਜ਼ਿਲ੍ਹਾ ਸਕੂਲ ਹੈਲਥ ਕੋਆਰਡੀਨੇਟਰ ਸੁਖਬੀਰ ਸਿੰਘ ਦੇ ਸਹਿਯੋਗ ਨਾਲ ਇਸ ਬੱਚੀ ਦੇ ਦਿਲ ਦਾ ਅਪ੍ਰੇਸ਼ਨ ਸਿਹਤ ਵਿਭਾਗ ਵੱਲੋਂ ਬੱਚਿਆਂ ਦੇ ਇਲਾਜ ਲਈ ਚਲਾਏ ਜਾ ਰਹੇ ਰਾਸ਼ਟਰੀ ਬਾਲ ਸਵਾਸਥ ਪ੍ਰੋਗਰਾਮ ਤਹਿਤ ਹੀਰੋ ਹਾਰਟ ਡੀ.ਐਮ.ਸੀ ਲੁਧਿਆਣਾ ਤੋਂ ਬਿਲਕੁਲ ਮੁਫ਼ਤ ਅਤੇ ਸਫਲਤਾਪੂਰਵਕ ਕਰਵਾਇਆ ਗਿਆ ਹੈ। ਆਰ.ਬੀ.ਐਸ.ਕੇ. ਦੀ ਟੀਮ ਨੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਬੱਚੇ ਨੂੰ ਕੋਈ ਗੰਭੀਰ ਬਿਮਾਰੀ ਹੈ ਤਾਂ ਤੁਰੰਤ ਆਰ.ਬੀ.ਐਸ.ਕੇ ਟੀਮ ਮੋਗਾ ਨਾਲ ਸੰਪਰਕ ਕੀਤਾ ਜਾਵੇ। ਰਾਸ਼ਟਰੀ ਬਾਲ ਸਵਾਸਥ ਕਾਰਿਆਕ੍ਰਮ ਤਹਿਤ ਉੱਚ ਪੱਧਰ ਦੇ ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਸੰਭਵ ਹੈ। ਆਰ.ਬੀ.ਐਸ.ਕੇ. ਟੀਮ ਦੇ ਮੈਂਬਰ ਡਾ. ਅਜੇ ਕੁਮਾਰ ਅਤੇ ਸਟਾਫ਼ ਨਰਸ ਰਾਜਵੰਤ ਕੌਰ ਨੇ ਦੱਸਿਆ ਕਿ ਸਿਹਤ ਵਿਭਾਗ ਦੇ ਰਾਸ਼ਟਰੀ ਬਾਲ ਸਵਾਸਥ ਕਾਰਿਆਕਰਮ ਪ੍ਰੋਗਰਾਮ ਤਹਿਤ ਜ਼ੀਰੋ ਤੋਂ ਅਠਾਰਾਂ ਸਾਲ ਦੇ ਬੱਚਿਆਂ ਦੀਆਂ 30 ਭਿਆਨਕ ਬਿਮਾਰੀਆਂ ਦੇ ਮੁਫ਼ਤ ਇਲਾਜ ਲਈ ਆਰ.ਬੀ.ਐਸ.ਕੇ. ਟੀਮ ਵੱਲੋਂ ਆਂਗਣਵਾੜੀਆਂ ਤੇ ਸਕੂਲਾਂ ਵਿੱਚ ਜਾ ਕੇ ਸਿਹਤ ਜਾਂਚ ਕੀਤੀ ਜਾਂਦੀ ਹੈ। ਇਸ ਸਿਹਤ ਜਾਂਚ ਵਿੱਚ ਬੱਚਿਆਂ ਦੇ ਜਮਾਂਦਰੂ ਨੁਕਸ, ਬਿਮਾਰੀ, ਸਰੀਰਿਕ ਘਾਟ ਅਤੇ ਸਰੀਰਿਕ ਵਾਧੇ ਦੀ ਘਾਟ ਆਦਿ ਨੂੰ ਦੇਖਿਆ ਜਾਂਦਾ ਹੈ।



# ਭਾਈਚਾਰਕ ਸਾਂਝ ਲਈ ਕਿਸਾਨ ਯੂਨੀਅਨ ਨੇ ਜ਼ਿਲ੍ਹਾ ਮੁਖੀਆਂ ਨੂੰ ਦਿੱਤੇ ਮੰਗ ਪੱਤਰ



**ਸਮਰਾਲਾ, (ਸੁਰਜੀਤ ਸਿੰਘ)**- ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ ਭਾਰਤ) ਦੀ ਹੋਈ ਮੀਟਿੰਗ 'ਚ ਹੋਏ ਫੈਸਲੇ ਅਨੁਸਾਰ ਦੇਸ਼ ਵਿੱਚ ਭਾਈਚਾਰਕ ਸਾਂਝ ਬਣਾਈ ਰੱਖਣ ਦੀ ਅਪੀਲ ਕਰਨ ਲਈ ਦੇਸ਼ ਭਰ 'ਚ ਜ਼ਿਲ੍ਹਾ ਪ੍ਰਸ਼ਾਸਨ ਦੇ ਮੁਖੀਆਂ ਨੂੰ ਮੰਗ ਪੱਤਰ ਦਿੱਤੇ ਗਏ। ਲੁਧਿਆਣਾ ਵਿਖੇ ਡੀ ਸੀ ਨੂੰ ਮੰਗ ਪੱਤਰ ਦੇਣ ਉਪਰੰਤ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਨੇ ਕਿਹਾ ਕਿ ਲੋਕਾਂ ਦੀ ਭਾਈਚਾਰਕ ਸਾਂਝ ਬਣਾਈ ਰੱਖਣ ਦਾ ਪੁਲਸ ਪ੍ਰਸ਼ਾਸਨ ਦਾ ਮੁਢਲਾ ਫਰਜ਼ ਹੈ ਜਿਸ ਦੇ ਸੰਬੰਧ 'ਚ ਉਨ੍ਹਾਂ ਵੱਲੋਂ ਡੀ ਸੀ ਲੁਧਿਆਣਾ ਨੂੰ ਮਿਲ ਕੇ ਬੇਨਤੀ ਕੀਤੀ ਗਈ ਹੈ ਕਿ ਆਪਸੀ ਭਾਈਚਾਰਕ ਸਾਂਝ ਨੂੰ ਹਰ ਕੀਮਤ 'ਤੇ ਕਾਇਮ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਅਨਸਰਾਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਜੋ ਸਮਾਜ 'ਚ ਭਾਈਚਾਰਕ ਸਾਂਝ ਲਈ ਖਤਰਾ ਹਨ। ਉਨ੍ਹਾਂ ਮੁੱਖ ਮੰਤਰੀ ਪੰਜਾਬ ਤੋਂ ਮੰਗ ਕੀਤੀ ਕਿ ਹੜ੍ਹਾਂ ਕਰਨ ਪੰਜਾਬ 'ਚ ਹੋਰ ਫਸਲਾਂ ਦੇ ਖਰਾਬੇ ਦਾ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਤੁਰੰਤ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਆਪਣੇ ਵਾਅਦਿਆਂ ਤੋਂ ਮੁੱਕਰ ਰਹੇ ਹਨ ਜਿਸ ਕਾਰਨ ਕਿਸਾਨਾਂ ਨੂੰ ਸੰਘਰਸ਼ ਦਾ ਰਸਤਾ ਅਖਤਿਆਰ ਕਰਨਾ ਪੈ ਰਿਹਾ ਹੈ।

ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਸਿੱਧੂਪੁਰ ਨੇ ਕਿਹਾ ਕਿ ਸੂਬਾ ਸਰਕਾਰ ਦਮਨਕਾਰੀ ਨੀਤੀ ਅਪਣਾ ਕੇ ਲੋਕਾਂ 'ਤੇ ਤਸ਼ੱਦਦ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਨਾਲ ਸੁਪਿੰਦਰ ਸਿੰਘ ਬੱਗਾ ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਗੁਰਮੀਤ ਸਿੰਘ ਰੁੜਕੀ ਜ਼ਿਲ੍ਹਾ ਪ੍ਰਧਾਨ ਫਤਹਿਗੜ੍ਹ ਸਾਹਿਬ, ਬਲਦੇਵ ਸਿੰਘ ਸੰਦੋਹਾ ਜ਼ਿਲ੍ਹਾ ਪ੍ਰਧਾਨ ਬਠਿੰਡਾ, ਕੁਲਦੀਪ ਸਿੰਘ ਸੇਖੋਂ ਬਲਾਕ ਸਰਪ੍ਰਸਤ ਮਾਛੀਵਾੜਾ, ਹਰਦੀਪ ਸਿੰਘ ਰਾਣਵਾ ਬਲਾਕ ਪ੍ਰਧਾਨ ਮਾਛੀਵਾੜਾ, ਕਰਮਜੀਤ ਸਿੰਘ ਬਲਾਕ ਜਨਰਲ ਸਕੱਤਰ ਪੱਖੋਵਾਲ, ਮਹਿੰਦਰ ਸਿੰਘ ਬਲਾਕ ਪ੍ਰਧਾਨ ਸ਼ੰਭੂ, ਜਸਵੀਰ ਸਿੰਘ ਪ੍ਰੈਸ ਸਕੱਤਰ ਬਲਾਕ ਰਾਜਪੁਰਾ, ਗਿਆਨ ਸਿੰਘ ਹਲਵਾਰਾ ਆਦਿ ਕਿਸਾਨ ਆਗੂ ਹਾਜ਼ਰ ਸਨ।

# ਪੰਜਾਬ ਨੰਬਰਦਾਰਾ ਐਸੋਸੀਏਸ਼ਨ ਗਾਲਿਬ ਦੀ ਮੀਟਿੰਗ 'ਚ ਅਹਿਮ ਫ਼ੈਸਲੇ

**ਜਗਰਾਉਂ, (ਸੰਜੀਵ ਅਰੋੜਾ)**-ਪੰਜਾਬ ਨੰਬਰਦਾਰਾ ਐਸੋਸੀਏਸ਼ਨ ਗਾਲਿਬ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਪਰਮਿੰਦਰ ਸਿੰਘ ਗਾਲਿਬ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਪਾਤਸ਼ਾਹੀ ਛੇਵੀਂ ਗੁਰੂਸਰ ਕਾਉਂਕੇ ਵਿਖੇ ਹੋਈ, ਜਿਸ ਵਿਚ ਜਥੇਬੰਦੀ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਪ੍ਰਧਾਨ ਤੇ ਤਹਿਸੀਲ ਪ੍ਰਧਾਨਾਂ ਤੋਂ ਇਲਾਵਾ ਸੂਬਾ ਕਮੇਟੀ ਮੈਂਬਰ ਤੇ ਅਹੁਦੇਦਾਰ ਹਾਜ਼ਰ ਹੋਏ।

ਸੂਬਾ ਪ੍ਰਧਾਨ ਪਰਮਿੰਦਰ ਸਿੰਘ ਗਾਲਿਬ ਨੇ ਕਿਹਾ ਕਿ ਨੰਬਰਦਾਰ ਲੰਬੇ ਸਮੇਂ ਤੋਂ ਲੋਕਾਂ ਦੀ ਸੇਵਾ ਕਰਦੇ ਆ ਰਹੇ ਹਨ ਪਰ ਸਮੇਂ ਦੀਆਂ ਸਰਕਾਰਾਂ ਨੇ ਕਦੇ ਵੀ ਨੰਬਰਦਾਰਾਂ ਨੂੰ ਉਨ੍ਹਾਂ ਦਾ ਬਣਦਾ ਮਾਣ-ਸਤਿਕਾਰ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਨੰਬਰਦਾਰਾਂ ਦੀ ਮੁੱਖ ਮੰਗ ਨੰਬਰਦਾਰੀ ਨੂੰ ਪਿਤਾ ਪੁਰਖੀ ਕਰਨਾ ਤੇ ਮਾਣਭੱਤੇ ਵਿੱਚ ਵਾਧਾ ਕਰਨਾ ਹੈ ਤੇ ਜਦੋਂ ਤੱਕ ਸਾਡੀਆਂ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਦੋਂ ਤੱਕ ਪੰਜਾਬ ਸਰਕਾਰ ਵਿਰੁੱਧ ਸਾਡਾ ਸੰਘਰਸ਼ ਜਾਰੀ ਰਹੇਗਾ।

ਸੂਬਾ ਪੱਧਰੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਗਾਲਿਬ ਨੇ ਨੰਬਰਦਾਰਾਂ ਨੂੰ ਨਸ਼ਿਆਂ ਦੇ ਮਾਮਲੇ 'ਚ ਨਾਮਜ਼ਦ ਮੁਲਜ਼ਮਾਂ ਦੀ ਜਮਾਨਤ ਨਾ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਪਿੰਡਾਂ ਵਿੱਚ ਨਸ਼ਿਆਂ ਦੇ ਖਾਤਮੇ ਲਈ ਬਣੀਆਂ ਕਮੇਟੀਆਂ ਦਾ ਸਾਥ ਦਿੱਤਾ ਜਾਵੇ, ਹੜ੍ਹ ਪੀੜਤਾਂ ਦੀ ਮਦਦ ਕੀਤੀ ਜਾਵੇ, ਸਰਕਾਰ ਬੰਦੀ ਸਿੰਘਾਂ ਨੂੰ ਰਿਹਾਅ ਕਰੇ, ਬੇਅਦਬੀ ਕਰਨ ਵਾਲਿਆਂ ਲਈ ਸਖਤ ਕਾਨੂੰਨ ਬਣਾਇਆ ਜਾਵੇ। ਇਸ ਸਮੇਂ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਸੂਬਾ ਪ੍ਰਧਾਨ ਪਰਮਿੰਦਰ ਸਿੰਘ ਗਾਲਿਬ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦਾ ਦੌਰਾ ਕਰਕੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਉਲੀਕਣ ਲਈ ਨੰਬਰਦਾਰਾਂ ਨਾਲ ਵਿਚਾਰ-ਵਟਾਂਦਰਾ ਕਰਨਗੇ।

# ਅੱਖਾਂ ਦਾਨ ਪੰਦਰਵਾੜੇ ਤੇ ਕੇਅਰ ਕੰਪੇਨੀਅਨ ਪ੍ਰੋਗਰਾਮ ਬਾਰੇ ਕੀਤਾ ਜਾਗਰੂਕ

**ਮੁਕਤਸਰ (ਸ਼ਮਿੰਦਰਪਾਲ/ਪੂਜਾ)** ਸਿਵਲ ਸਰਜਨ ਡਾ. ਰੀਟਾ ਬਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਵਿਚ ਸੀਐਚਸੀ ਚੱਕ ਸ਼ੇਰੇ ਵਾਲਾ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਗਰਭਵਤੀਆਂ ਔਰਤਾਂ ਲਈ ਚੈੱਕਅਪ ਕੈਂਪ ਲਾਇਆ ਗਿਆ। ਇਸ ਮੌਕੇ ਡਾ. ਨਿਧੀ ਗੁਪਤਾ ਤੇ ਸੀ.ਐਚ.ਓ ਹਰਵਿੰਦਰ ਕੌਰ ਵੱਲੋਂ ਗਰਭਵਤੀ ਔਰਤਾਂ ਦਾ ਚੈੱਕਅਪ ਕੀਤਾ ਗਿਆ। ਡਾ. ਨਿਧੀ ਗੁਪਤਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ ਗਰਭਵਤੀ ਔਰਤਾਂ ਦਾ ਚੈੱਕਅਪ ਕੀਤਾ ਜਾਂਦਾ ਹੈ ਤਾਂ ਜੁ ਹਾਈ ਰਿਸਕ ਪ੍ਰੈਗਨੈਂਸੀ ਦੀ ਜਲਦ ਤੋਂ ਜਲਦ ਪਛਾਣ ਹੋ ਸਕੇ ਅਤੇ ਸਮਾਂ ਰਹਿੰਦੇ ਹਾਈ ਰਿਸਕ ਪ੍ਰੈਗਨੈਂਸੀ (ਗਰਭ ਅਵਸਥਾ) ਦੇ ਜ਼ੋਖਮ ਨੂੰ ਘਟਾਇਆ ਜਾ ਸਕੇ।



ਉਨ੍ਹਾਂ ਨੇ ਗਰਭਵਤੀਆਂ ਨੂੰ ਸਰਕਾਰੀ ਸੰਸਥਾਂ ਵਿੱਚ ਜਣੇਪਾ ਕਰਾਉਣ ਲਈ ਉਤਸ਼ਾਹਤ ਕੀਤਾ। ਉਨ੍ਹਾਂ ਨੇ ਕੇਅਰ ਕੰਪੇਨੀਅਨ ਪ੍ਰੋਗਰਾਮ ਅਤੇ ਜਣੇਪੇ ਤੋਂ ਬਾਅਦ ਮਾਂ ਦੇ ਦੁੱਧ ਦੇ ਮਹੱਤਵ ਬਾਰੇ ਵੀ ਜਾਗਰੂਕ ਕੀਤਾ। ਇਸ ਦੇ ਨਾਲ ਹੀ ਮਮਤਾ ਦਿਵਸ ਹੋਣ ਕਾਰਨ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਵੀ ਕੀਤਾ ਗਿਆ ਤਾਂ ਜੁ ਜੱਚਾ-ਬੱਚਾ ਦੋਵੇਂ ਸਿਹਤਮੰਦ ਰਹਿਣ।

ਬੀ.ਈ.ਈ ਮਨਬੀਰ ਸਿੰਘ ਨੇ ਜੱਚਾ-ਬੱਚਾ ਪ੍ਰੋਗਰਾਮ ਨਾਲ ਸੰਬੰਧਤ ਸਿਹਤ ਵਿਭਾਗ ਵਲੋਂ ਚੱਲ ਰਹੀਆਂ ਯੋਜਨਾਵਾਂ ਅਤੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ 25 ਅਗਸਤ ਤੋਂ 8 ਸੰਤਬਰ ਤੱਕ ਅੱਖਾਂ ਦਾਨ ਪੰਦਰਵਾੜਾ ਮਨਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਜੋ ਵਿਅਕਤੀ ਏਡਜ਼, ਪੀਲੀਆ, ਬਲੱਡ ਕੈਂਸਰ, ਤੇ ਦਿਮਾਗੀ ਬੁਖ਼ਾਰ ਆਦਿ ਤੋਂ ਪੀੜਤ ਹੋਣ, ਉਹ ਅੱਖਾਂ ਦਾਨ ਨਹੀਂ ਕਰ ਸਕਦੇ।

# ਨਸ਼ਾ ਤਸਕਰਾਂ ਦੀ ਮਦਦ ਕਰਨ ਵਾਲਿਆਂ ਦਾ ਸਮਾਜਿਕ ਬਾਈਕਾਟ ਕੀਤਾ ਜਾਵੇਗਾ



ਧਰਮਕੋਟ (ਗੁਰਦੀਪ ਸਿੰਘ ਭੁੱਲਰ) ਨਸ਼ੇ ਨੂੰ ਜੜ੍ਹ ਤੋਂ ਖਤਮ ਕਰਨ ਲਈ ਜਿੱਥੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੀ ਪੂਰਾ ਜ਼ੋਰ ਲਾਇਆ ਜਾ ਰਿਹਾ ਹੈ, ਇਸੇ ਤਰ੍ਹਾਂ ਪਿੰਡ ਜਲਾਲਾਬਾਦ ਵਿਖੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਬੀਰ ਸਿੰਘ ਸੱਤੀ ਪ੍ਰਧਾਨ ਟਰੱਕ ਯੂਨੀਅਨ ਤੇ ਸਮੁੱਚੇ ਨਗਰ ਵਾਸੀਆਂ ਵੱਲੋਂ ਨਸ਼ੇ ਨੂੰ ਜੜ੍ਹ ਤੋਂ ਖਤਮ ਕਰਨ ਲਈ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਸਮੂਹ ਨਗਰ ਵਾਸੀਆਂ ਦਾ ਇਕੱਠ ਕੀਤਾ ਗਿਆ।

ਇਸ ਮੌਕੇ ਸਮੂਹ ਨਗਰ ਨਿਵਾਸੀਆਂ ਨੇ ਸਾਂਝਾ ਫ਼ੈਸਲਾ ਕੀਤਾ ਹੈ ਕਿ ਪਿੰਡ ਵਿੱਚ ਕੋਈ ਵੀ ਆਦਮੀ ਨਸ਼ਾ ਤਸਕਰਾਂ ਦੀ ਮਦਦ ਕਰੇਗਾ ਤਾਂ ਉਸਦਾ ਸਮਾਜਿਕ ਬਾਈਕਾਟ ਕੀਤਾ ਜਾਵੇਗਾ ਅਤੇ ਉਸ ਆਦਮੀ ਤੇ ਨਸ਼ਾ ਤਸਕਰਾਂ ਦੇ ਨਾਲ ਹੀ ਪਰਚਾ ਦਰਜ ਕਰਾਇਆ ਜਾਵੇਗਾ। ਇਸ ਮੌਕੇ ਸਮੁੱਚੇ ਪਿੰਡ ਵਾਸੀਆਂ ਨੇ ਫੈਸਲਾ ਕੀਤਾ ਹੈ ਕਿ ਜਲਾਲਾਬਾਦ ਨੂੰ ਛੇਤੀ ਨਸ਼ਾ ਮੁਕਤ ਕੀਤਾ ਜਾਵੇਗਾ।

ਇਸ ਮੌਕੇ ਅਮਰਜੀਤ ਸਿੰਘ, ਸਰਪੰਚ ਬਲਵਿੰਦਰ ਸਿੰਘ, ਸਾਬਕਾ ਸਰਪੰਚ ਬਲਵੀਰ ਸਿੰਘ ਗਿੱਲ, ਸਾਬਕਾ ਚੇਅਰਮੈਨ ਪਰਮਜੀਤ ਸਿੰਘ ਵਿਰਕ, ਸਰਕਲ ਪ੍ਰਧਾਨ ਅੰਗਰੇਜ਼ ਸਿੰਘ, ਸਾਬਕਾ ਬਲਾਕ ਸੰਮਤੀ ਮੈਂਬਰ ਸੁਖਜਿੰਦਰ ਸਿੰਘ, ਰਾਣਾ ਸਮਰਾ ਪ੍ਰਧਾਨ ਗੁਰਦੁਆਰਾ ਕਮੇਟੀ, ਸੁਖਮੰਦਰ ਸਿੰਘ ਖਹਿਰਾ ਪ੍ਰਧਾਨ ਗੁਰਦੁਆਰਾ, ਬਾਬਾ ਤੇਜਾ ਸਿੰਘ ਸੰਧੂ ਮੀਤ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਪੰਜਾਬ ਖੇਤ ਮਜ਼ਦੂਰ ਸਭਾ ਬਲਾਕ ਮਲੋਟ ਦਾ ਚੋਣ ਅਜਲਾਸ

**ਮਲੋਟ**-ਪੰਜਾਬ ਖੇਤ ਮਜ਼ਦੂਰ ਸਭਾ ਬਲਾਕ ਮਲੋਟ ਦਾ ਚੋਣ ਇਜਲਾਸ ਗੁਰਦੁਆਰਾ ਕਲਗੀਧਰ ਸਾਹਿਬ ਮਲੋਟ ਵਿਖੇ ਨਾਨਕ ਚੰਦ ਬਜਾਜ ਲੰਬੀ, ਕਾ. ਪ੍ਰੀਤਮ ਸਿੰਘ, ਮਹਿੰਦਰ ਸਿੰਘ, ਤੇਜਾ ਸਿੰਘ ਵਣਵਾਲਾ, ਅਮਰਜੀਤ ਕੌਰ ਬਾਮ, ਸੁਦਰਸ਼ਨ ਜੱਗਾ ਬਲਾਕ ਸਕੱਤਰ ਸੀ ਪੀ ਆਈ ਅਤੇ ਪ੍ਰੇਮ ਲਤਾ ਦਫਤਰ ਸਕੱਤਰ ਮਲੋਟ ਦੀ ਹਾਜ਼ਰੀ ਵਿਚ ਹੋਇਆ, ਜਿਸ ਨੂੰ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਖੇਤ ਮਜ਼ਦੂਰਾਂ ਦੀਆਂ ਮੁਸ਼ਕਲਾਂ ਬਾਰੇ ਚਾਨਣਾ ਪਾਇਆ। ਸੁਦਰਸ਼ਨ ਜੱਗਾ ਨੇ ਦੇਸ਼ ਅੰਦਰ ਮਨੀਪੁਰ ਅਤੇ ਹਰਿਆਣੇ ਦੇ ਨੂਹ ਦੀਆਂ ਫਿਰਕੂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕੀਤੀ ਅਤੇ ਦੱਸਿਆ ਕਿ ਅਜਿਹੀਆਂ ਘਟਨਾਵਾਂ ਨਾਲ ਸਭ ਤੋਂ ਵੱਧ ਗਰੀਬ ਮਜ਼ਦੂਰਾਂ 'ਤੇ ਅਸਰ ਪੈਂਦਾ ਹੈ ਤੇ ਮਜ਼ਦੂਰਾਂ ਨੂੰ ਹੋਰ ਗਰੀਬੀ ਵੱਲ ਧੱਕਦੀਆਂ ਹਨ। ਖੇਤ ਮਜ਼ਦੂਰ ਅਤੇ ਕਿਸਾਨ ਦਾ ਨੂੰਹ ਮਾਸ ਦਾ ਰਿਸ਼ਤਾ ਹੈ, ਫਿਰਕੂ ਤਾਕਤਾਂ ਇਸ ਵਿਚ ਦੁਫ਼ੇੜ ਪਾਉਣ ਤੋਂ ਬਾਜ ਨਹੀਂ ਆਉਂਦੀਆਂ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿਚ ਮਜ਼ਦੂਰਾਂ ਨੂੰ ਇਕੱਠੇ ਹੋ ਕੇ ਚੋਣਾਂ ਵਿਚ ਆਪਣੇ ਹੱਕਾਂ ਲਈ ਲੜਾਈ ਲੜਨੀ ਚਾਹੀਦੀ ਹੈ। ਆਉਣ ਵਾਲਿਆਂ ਪਾਰਲੀਮਾਨੀ ਚੋਣਾਂ ਵਿਚ ਫਿਰਕੂ ਤਾਕਤਾਂ ਨੂੰ ਹਾਰ ਦੇਣੀ ਬਣਦੀ ਹੈ। ਜਿਨ੍ਹਾਂ ਸੂਬਿਆਂ 'ਚ ਭਾਜਪਾ ਸਰਕਾਰਾਂ ਹਨ ਉਥੋਂ ਦੇ ਔਰਤਾਂ 'ਤੇ ਤਸ਼ੱਦਦ ਅਤੇ ਬਲਾਤਕਾਰ ਦੇ ਅੰਕੜੇ ਦੇਸ਼ ਵਿਚ ਸਭ ਤੋਂ ਵੱਧ ਹਨ। ਇਸ ਲਈ ਸਾਨੂੰ ਚੇਤਨਾ ਹੋਣ ਦੀ ਲੋੜ ਹੈ। ਚੁਣੇ ਉਮੀਦਵਾਰਾਂ 'ਚ ਡਾ. ਗੁਰਜੰਟ ਸਿੰਘ ਰੁਪਾਣਾ ਪ੍ਰਧਾਨ, ਮੰਗਾ ਸਿੰਘ ਸਕੱਤਰ, ਮੰਗਲ ਸਿੰਘ ਅਤੇ ਧੱਕੜ ਸਿੰਘ ਮੀਤ ਪ੍ਰਧਾਨ ਤੋਂ ਇਲਾਵਾ ਲਖਵਿੰਦਰ ਸਿੰਘ, ਸੰਦੀਪ ਸਿੰਘ ਬਾਮ, ਵੱਸਣ ਸਿੰਘ ਛਾਪਿਆਂਵਾਲੀ, ਮਹਿੰਦਰ ਸਿੰਘ ਮਲੋਟ ਅਤੇ ਸੁਖਵੰਤ ਸਿੰਘ ਬਲਾਕ ਕਮੇਟੀ ਮੈਂਬਰ ਚੁਣੇ ਗਏ। ਪੰਜਾਬ ਇਸਤਰੀ ਸਭਾ ਦੀ ਸਕੱਤਰ ਕਾ. ਪ੍ਰੇਮ ਲਤਾ ਨੇ ਇਜਲਾਸ ਅਤੇ ਚੋਣ ਲਈ ਮੁਬਾਰਕਾਂ ਦਿਤੀਆਂ।



# ਮੁ਼ਫਤ ਬਣਾਉਟੀ ਅੰਗਦਾਨ ਲਈ ਕੈਂਪ 'ਚ 159 ਲੋੜਵੰਦਾਂ ਨੂੰ ਦਿੱਤੀ ਸਹਾਇਤਾ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)** ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਅੰਗਹੀਣਾਂ ਲਈ ਮੁਫ਼ਤ ਬਨਾਵਟੀ ਅੰਗਦਾਨ ਕੈਂਪ ਦਾ ਸ਼ਾਨਦਾਰ ਢੰਗ ਨਾਲ ਸਫ਼ਲ ਆਯੋਜਨ ਕੀਤਾ ਗਿਆ। ਕੈਂਪ ਦਾ ਉਦਘਾਟਨ ਕਾਕਾ ਲੋਹਗੜ੍ਹ ਦੀ ਟੀਮ, ਜਿਸ ਵਿੱਚ ਸੁਧੀਰ ਗੋਇਲ ਇੰਦਰਪ੍ਰੀਤ ਸਿੰਘ ਬੰਟੀ, ਗੁਰਬੀਰ ਸਿੰਘ ਗੋਗਾ, ਸੰਜੀਵ ਕੋਛੜ, ਸੋਹਣਾ ਖੇਲਾ ਨੇ ਰੀਬਨ ਕੱਟ ਕੇ ਕੀਤਾ। ਜੋਤੀ ਪ੍ਰਜਵਲਿਤ ਦੀ ਰਸਮ ਭਾਰਤੀ ਜਨਤਾ ਪਾਰਟੀ ਦੀ ਟੀਮ ਰਵਿੰਦਰ ਗਰੇਵਾਲ, ਨਵਲ ਕਿਸ਼ੋਰ, ਰਾਓ ਬੀਰਿੰਦਰ ਪੰਥੀ ਤੇ ਉਦੈ ਸੂਦ ਨੇ ਮਿਲ ਕੇ ਕੀਤੀ।

ਅਕਾਲੀ ਦਲ ਦੀ ਟੀਮ ਵਿੱਚੋਂ ਪਹੁੰਚੇ ਸੀਨੀਅਰ ਆਗੂ ਗੁਰਮੇਲ ਸਿੰਘ, ਯੂਥ ਆਗੂ ਤੇ ਸਮਾਜ ਸੇਵੀ ਗੁਰਜੰਟ ਚਾਹਲ, ਸਪਨ ਗੁਪਤਾ, ਲਖਵਿੰਦਰ ਸਿੰਘ ਪੱਪੂ ਨੇ ਆਈ ਡਾਕਟਰ ਟੀਮ ਦਾ ਸਨਮਾਨ ਕੀਤਾ। ਵਿਸ਼ੇਸ਼ ਮਹਿਮਾਨ ਵਜੋਂ ਡਾ. ਰਣਜੀਤ ਸਿੰਘ ਤੇ ਰਿਟਾਇਰਡ ਐਸ. ਡੀ. ਓ ਸ਼ਮਸ਼ੇਰ ਸਿੰਘ ਸਮਾਜ ਹੋਰ ਸਮਾਜ ਸੇਵੀ ਸੰਸਥਾਵਾਂ ਦਾ ਸਨਮਾਨ ਕੀਤਾ। ਸੰਸਥਾ ਦੇ ਪ੍ਰਧਾਨ ਗੌਰਵ ਸ਼ਰਮਾ ਨੇ ਦੱਸਿਆ ਕਿ ਇਸ ਮੁਫ਼ਤ ਬਨਾਵਟੀ ਅੰਗਦਾਨ ਕੈਂਪ ਵਿੱਚ ਪੂਰੇ ਪੰਜਾਬ ਤੋਂ ਲੋੜਵੰਦ 282 ਅੰਗਹੀਣ ਪਹੁੰਚੇ। ਇਨ੍ਹਾਂ ਵਿੱਚੋਂ ਕੁੱਲ 159 ਯੋਗ ਲੋੜਵੰਦ ਪਾਏ ਗਏ, ਜਿਨ੍ਹਾਂ ਵਿੱਚ ਵੀਲ੍ਹ ਚੇਅਰ ਤੇ ਟਰਾਈ ਸਾਈਕਲ 20, ਨਕਲੀ ਅੰਗ 44, ਸੁਣਨ ਵਾਲੀਆਂ ਮਸੀਨਾਂ 85 ਤੇ ਹਾਈਟੈਕ ਨਕਲੀ ਅੰਗ ਲਈ 10 ਮਰੀਜ਼ਾਂ ਦੀ ਚੋਣ ਹੋਈ। ਸਾਰੇ ਮਰੀਜ਼ਾਂ ਲਈ ਸ਼ਾਨਦਾਰ ਖਾਣ-ਪੀਣ ਅਤੇ ਲੰਗਰ ਦਾ ਪ੍ਰਬੰਧ ਤੇ ਏ.ਸੀ ਹਾਲ ਦਾ ਪ੍ਰਬੰਧ ਕੀਤਾ ਗਿਆ। ਕੈਂਪ ਦੀ ਸ਼ਾਨਦਾਰ ਵਿਵਸਥਾ ਲਈ ਪ੍ਰੋਜੈਕਟ ਇੰਚਾਰਜਾਂ ਦੀ ਕੀਤੀ ਸਖਤ ਮਿਹਨਤ ਤੇ ਸਮਰਪਣ ਦੀ ਭਾਵਨਾ ਸਾਫ਼ ਦਿਖ ਰਹੀ ਸੀ। ਇਸ ਸਮੇਂ ਸੰਸਥਾ ਦੇ ਚੇਅਰਮੈਨ ਅਤੁਲ ਨਹੋਰੀਆ, ਪ੍ਰੋਜੈਕਟ ਇੰਚਾਰਜ ਰਮਨ ਜਿੰਦਲ, ਵਿਜੇ ਜਿੰਦਲ, ਡਾ ਰਾਜਿੰਦਰ ਬੱਤਰਾ, ਨਵਦੀਪ ਅਹੂਜਾ, ਬੌਬੀ ਕਟਾਰੀਆ ਬਲਕਾਰ ਸਿੰਘ, ਡਾ ਹਰਮੀਤ ਸਿੰਘ ਲਾਡੀ, ਅਸ਼ਵਨੀ ਜੱਸੀ, ਸਚਿਨ ਗਰੋਵਰ, ਗੌਰਵ ਦਾਬੜਾ ਸੈਕਟਰੀ ਰਾਜੇਸ਼ ਸੁਖੀਜਾ, ਕੈਸ਼ੀਅਰ ਜਸਵਿੰਦਰ ਸਿੰਘ, ਨਰਿੰਦਰ ਗੋਇਲ ਤੇ ਹੋਰ ਕਈ ਹਾਜ਼ਰ ਸਨ।

# ਐੱਸ ਐੱਚ ਓ ਰੋਨੀ ਸਿੰਘ ਨੇ ਥਾਣਾ ਸਦਰ ਮੁਖੀ ਵਜੋਂ ਅਹੁਦਾ ਸੰਭਾਲਿਆ



**ਸਮਾਣਾ, (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਸਦਰ ਥਾਣਾ ਵਿਖੇ ਰੋਨੀ ਸਿੰਘ ਨੇ ਬਤੌਰ ਥਾਣਾ ਮੁਖੀ ਅਹੁਦਾ ਵਜੋਂ ਸੰਭਾਲ ਕੇ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਐੱਸ.ਐੱਸ.ਪੀ. ਪਟਿਆਲਾ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਨਸ਼ਾ ਵੇਚਣ ਤੇ ਖਰੀਦਣ ਵਾਲਿਆਂ 'ਤੇ ਸਖ਼ਤੀ ਨਾਲ ਪੇਸ਼ ਆਇਆ ਜਾਵੇਗਾ ਅਤੇ ਕਿਸੇ ਨੂੰ ਵੀ ਮੁਆਫ਼ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਹਰੇਕ ਫਰਿਆਦੀ ਨੂੰ ਇਨਸਾਫ਼ ਦਿਵਾਉਣ ਦੇ ਨਾਲ-ਨਾਲ ਇਲਾਕੇ ਅੰਦਰ ਅਮਨ-ਸ਼ਾਂਤੀ ਬਣਾਏ ਰੱਖਣ ਤੇ ਫ਼ਲਤ ਅਨਸਰਾਂ ਖ਼ਿਲਾਫ਼ ਕਾਨੂੰਨੀ ਸ਼ਿਕੰਜਾ ਕੱਸਣ ਪ੍ਰਤੀ ਵਚਨਬੱਧ ਹੈ। ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਲਾਕੇ ਦਾ ਕੋਈ ਵੀ ਵਿਅਕਤੀ ਸਦਰ ਥਾਣੇ ਵਿਚ ਬੇਝਿਜਕ ਆ ਕੇ ਆਪਣੀ ਸਮੱਸਿਆ ਦੱਸ ਸਕਦਾ ਹੈ ਤੇ ਉਸ ਦੀ ਹੱਲ ਹੋਣ ਵਾਲੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।

# ਮਨਪ੍ਰੀਤ ਸਿੰਘ ਗਿੱਲ ਦੀ ਯਾਦ 'ਚ ਲਗਾਏ ਖ਼ੂਨਦਾਨ ਕੈਂਪ 'ਚ 102 ਯੂਨਿਟ ਖ਼ੂਨਦਾਨ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**- ਪਿੰਡ ਅਰਾਈਆਂ ਵਾਲਾ ਕਲਾਂ (ਫਰੀਦਕੋਟ) ਵਿਖੇ ਸਵ: ਮਨਪ੍ਰੀਤ ਸਿੰਘ ਗਿੱਲ (ਮਨੀ) ਦੀ ਯਾਦ 'ਚ ਸਾਂਝ ਬਲੱਡ ਵੈਲਫੇਅਰ ਕਲੱਬ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ ਸਵੇਰੇ 9 ਵਜੇ ਤੋਂ ਦੁਪਿਹਰ 2 ਵਜੇ ਤੱਕ ਗੁਰਦੁਆਰਾ ਮਾਤਾ ਸਾਹਿਬ ਕੌਰ, ਪਿੰਡ ਅਰਾਈਆਂ ਵਾਲਾ ਕਲਾਂ ਵਿਖੇ ਲਗਾਇਆ ਗਿਆ।

ਸਾਂਝ ਬਲੱਡ ਕਲੱਬ ਦੇ ਅਹੁਦੇਦਾਰ ਰਾਜਨ ਦੂਆ ਅਤੇ ਪੰਕਜ ਦਿਉੜਾ ਨੇ ਦੱਸਿਆ ਕਿ ਇਸ ਮੌਕੇ 102 ਭਰਾਵਾਂ ਨੇ ਖ਼ੂਨਦਾਨ ਕੀਤਾ ਅਤੇ 75 ਮਰੀਜ਼ਾਂ ਦਾ ਫਿਜ਼ਿਓਥਰੈਪੀ ਚੈੱਕਅੱਪ ਕਰਕੇ ਮਰੀਜ਼ਾਂ ਨੂੰ ਫ੍ਰੀ ਦਵਾਈਆਂ ਦਿਤੀਆਂ ਗਈਆਂ। ਇਸ ਮੌਕੇ ਡਾਕਟਰ ਆਉਸ਼ ਦੀ ਅਗਵਾਈ 'ਚ ਫਰੀਦਕੋਟ ਮੈਡੀਕਲ ਕਾਲਜ ਦੀ ਟੀਮ ਅਤੇ ਦੀਪ ਬਲੱਡ ਬੈਂਕ ਦੀ ਟੀਮ ਵੱਲੋਂ ਖ਼ੂਨ ਇਕੱਤਰ ਕੀਤਾ ਗਿਆ। ਇਸ ਮੌਕੇ ਡਾ. ਸਿਕੰਦਰ ਸੇਠੀ ਵੱਲੋਂ ਲਗਾਏ ਗਏ ਫਿਜ਼ਿਓਥਰੈਪੀ ਕੈਂਪ ਵਿੱਚ 75 ਮਰੀਜ਼ਾਂ ਦਾ ਮਸ਼ੀਨਾਂ ਨਾਲ ਮੌਕੇ 'ਤੇ ਹੀ ਇਲਾਜ ਕੀਤਾ ਗਿਆ। ਇਸ ਮੌਕੇ ਕਲੱਬ ਦੇ ਵਾਈਸ ਪ੍ਰਧਾਨ ਰਾਜਵਿੰਦਰ ਸਿੰਘ ਕਾਬਲ ਵਾਲਾ ਅਤੇ ਖਜ਼ਾਨਚੀ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਕੈਂਪ ਵਿੱਚ ਖ਼ੂਨਦਾਨ ਕਰਨ ਵਾਲੇ ਵੀਰਾਂ, ਕਿਸਾਨ ਯੂਨੀਅਨ, ਮਜ਼ਦੂਰ ਯੂਨੀਅਨ ਤੇ ਹੋਰ ਸਮਾਜ ਸੇਵੀ ਸੰਸਥਾਵਾਂ ਦਾ ਵੀ ਸਨਮਾਨ ਕੀਤਾ ਗਿਆ। ਹਰਪ੍ਰੀਤ ਸਿੰਘ ਅਰਾਈਆਂ ਵਾਲਾ ਅਤੇ ਨੰਦ ਲਾਲ ਅਰਾਈਆਂ ਵਾਲਾ ਨੇ ਦੱਸਿਆ ਕਿ 18 ਸਾਲ ਤੋਂ 60 ਸਾਲ ਦੇ ਹਰ ਸਿਹਤਮੰਦ ਵਿਅਕਤੀ ਨੂੰ ਆਪਣਾ ਖ਼ੂਨਦਾਨ ਕਰਨਾ ਚਾਹੀਦਾ ਹੈ। ਇਸ ਮੌਕੇ ਜਸਵੰਤ ਰੋੜੀਕਪੂਰਾ, ਯੋਗੇਸ਼ ਕੁਮਾਰ, ਸੁਖਵਿੰਦਰ ਸੁਖੀ ਰੋੜੀਕਪੂਰਾ, ਜਗਦੇਵ ਸਿੰਘ ਰੋੜੀਕਪੂਰਾ, ਜਗਦੇਵ ਸਿੰਘ ਠੇਠਰ ਕਲਾਂ, ਪਰਵੇਜ ਕੁਮਾਰ, ਅੰਮਿਤਪਾਲ ਸਿੰਘ ਰੋੜੀਕਪੂਰਾ, ਅਰਸ਼ ਵਾੜਾ ਦਰਾਕਾ, ਧਰਮਪਾਲ, ਹੈਰੀ ਢਿੱਲੋਂ, ਤੇਜੂ ਰਾਠੌੜ, ਧਰਮਿੰਦਰ, ਲਖਵਿੰਦਰ ਸਿੰਘ ਲੱਖਾ, ਗੁਰਵਿੰਦਰ ਸਿੰਘ ਜਿਉਣ ਵਾਲਾ, ਗੋਰਾ ਸਿੰਘ ਹਾਜ਼ਰ ਸਨ।

# ਦੇਸ਼ ਭਗਤ 'ਵਰਸਿਟੀ 'ਚ ਤੀਆਂ ਦਾ ਜਸ਼ਨ ਧੂਮ-ਧਾਮ ਨਾਲ ਮਨਾਇਆ




**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** - ਦੇਸ਼ ਭਗਤ ਯੂਨੀਵਰਸਿਟੀ ਅਤੇ ਦੀ ਹਿਮਾਲੀਅਨ ਫਾਊਂਡੇਸ਼ਨ ਵੱਲੋਂ ਯੂਨੀਵਰਸਿਟੀ ਕੈਂਪਸ ਵਿਖੇ ਤੀਆਂ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਸਮਾਗਮ ਦਾ ਆਯੋਜਨ ਯੁਵਕ ਭਲਾਈ ਵਿਭਾਗ, ਫੈਕਲਟੀ ਆਫ਼ ਪਰਫਾਰਮਿੰਗ ਆਰਟਸ ਐਂਡ ਮੀਡੀਆ ਤੇ 'ਸੈਂਟਰ ਫਾਰ ਪੰਜਾਬੀ ਲੈਂਗੂਏਜ, ਫੋਕਲੋਰ ਐਂਡ ਕਲਚਰ' ਦੇ ਸਹਿਯੋਗ ਨਾਲ ਕੀਤਾ ਗਿਆ।

ਡਾ. ਰੇਨੂੰ ਸ਼ਰਮਾ, ਸਹਾਇਕ ਪ੍ਰੋਫੈਸਰ ਨੇ ਡਾ. ਤਜਿੰਦਰ ਕੌਰ, ਪ੍ਰੋ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਦਾ ਮੁੱਖ ਮਹਿਮਾਨ ਵਜੋਂ, ਡਾ. ਜ਼ੋਰਾ ਸਿੰਘ, ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਦਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣ 'ਤੇ ਜੀ ਆਇਆਂ ਆਖਿਆ। ਸਮਾਗਮ ਦੀ ਸ਼ੁਰੂਆਤ ਦੀਪ ਜਗਾ ਕੇ ਕੀਤੀ ਗਈ।

ਡਾ. ਤਜਿੰਦਰ ਕੌਰ ਨੇ ਇਸ ਸਮਾਗਮ ਦੇ ਆਯੋਜਨ ਲਈ ਵਿਭਾਗਾਂ ਨੂੰ ਵਧਾਈ ਦਿੱਤੀ। ਡਾ. ਕੌਰ ਨੇ ਕਿਹਾ ਕਿ ਤੀਆਂ ਪੰਜਾਬ ਦੀਆਂ ਲੜਕੀਆਂ ਦਾ ਰਵਾਇਤੀ ਤਿਉਹਾਰ ਹੈ। ਉਨ੍ਹਾਂ ਪੰਜਾਬ ਦੀ ਪ੍ਰੰਪਰਾ ਤੇ ਵਿਰਸੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਦੱਸਿਆ ਕਿ ਪੰਜਾਬ ਦੇ ਲੋਕ ਸਾਉਣ ਮਹੀਨੇ ਦੀ ਬੇਸਬਰੀ ਨਾਲ ਉਡੀਕ ਕਰਦੇ ਹਨ।

ਡਾ. ਜ਼ੋਰਾ ਸਿੰਘ ਚਾਂਸਲਰ ਨੇ ਇਸ ਤਿਉਹਾਰ ਦੀ ਸਾਰਿਆਂ ਨੂੰ ਵਧਾਈ ਦਿੱਤੀ।

ਡਾ. ਰੇਨੂੰ ਸ਼ਰਮਾ ਨੇ ਕਿਹਾ ਕਿ ਸਮਾਗਮ ਦੌਰਾਨ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਵਲੋਂ ਡਾਂਸ ਪਰਫਾਰਮੈਂਸ ਪੇਸ਼ ਕੀਤੀ ਅਤੇ ਸੁਰੀਲੇ ਪੰਜਾਬੀ ਗੀਤ ਗਾਏ।

ਇਸ ਤੋਂ ਇਲਾਵਾ ਵਿਦਿਆਰਥੀਆਂ ਲਈ ਵੱਖ-ਵੱਖ ਗਤੀਵਿਧੀਆਂ ਅਤੇ ਮੁਕਾਬਲਿਆਂ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਮਹਿੰਦੀ, ਰੰਗੋਲੀ, ਮਾਡਲਿੰਗ ਮੁਕਾਬਲੇ ਸ਼ਾਮਲ ਸਨ। ਇਸ ਮੌਕੇ ਮਿਸ ਤੀਜ ਮੁਕਾਬਲੇ ਵੀ ਕਰਾਏ ਗਏ, ਜਿਸ ਵਿੱਚ ਮੈਨੇਜਮੈਂਟ ਵਿਭਾਗ ਦੀ ਵਿਦਿਆਰਥਣ ਤਨਵੀਨ ਕੌਰ ਨੇ ਮਿਸ ਤੀਜ ਦਾ ਖਿਤਾਬ ਜਿੱਤਿਆ।

# ਸਰਕਾਰੀ ਸਕੂਲ ਝੰਗੜ ਭੈਣੀ 'ਚ ਚਾਰ ਫੁੱਟ ਤੱਕ ਭਰਿਆ ਪਾਣੀ

**ਫਾਜ਼ਿਲਕਾ, (ਕ੍ਰਿਸ਼ਨ ਸਿੰਘ)**-ਫਾਜ਼ਿਲਕਾ 'ਚ ਹੜ੍ਹਾਂ ਤੋਂ ਬਾਅਦ ਹਾਲਾਤ ਬਦ ਤੋਂ ਬਦਤਰ ਹੋ ਗਏ ਹਨ। ਇੱਥੇ ਜਿਧਰ ਵੀ ਨਜ਼ਰ ਮਾਰੋ, ਪਾਣੀ ਹੀ ਪਾਣੀ ਨਜ਼ਰ ਆਉਂਦਾ ਹੈ। ਇੱਥੋਂ ਦੇ ਪਿੰਡਾਂ ਦੇ ਸਕੂਲਾਂ ਵਿੱਚ ਵੀ ਹੜ੍ਹ ਦਾ ਪਾਣੀ ਦਾਖਲ ਹੋ ਗਿਆ ਹੈ। ਕੁਝ ਸਕੂਲਾਂ ਵਿੱਚ ਚਾਰ ਤੋਂ ਪੰਜ ਫੁੱਟ ਤੱਕ ਪਾਣੀ ਭਰ ਗਿਆ ਹੈ, ਜਿਸ ਕਾਰਨ ਸਕੂਲ ਦੀਆਂ ਇਮਾਰਤਾਂ ਨੂੰ ਵੀ ਨੁਕਸਾਨ ਹੋਣ ਦਾ ਖਤਰਾ ਬਣਿਆ ਹੋਇਆ ਹੈ। ਇਸੇ ਤਰ੍ਹਾਂ ਪਿੰਡ ਝੰਗੜ ਭੈਣੀ ਦਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵੀ ਹੜ੍ਹ ਦੀ ਲਪੇਟ ਵਿੱਚ ਆ ਗਿਆ ਹੈ। ਇੱਥੇ ਸਕੂਲ ਦੇ ਅੰਦਰ ਭਾਰੀ ਮਾਤਰਾ ਵਿੱਚ ਹੜ੍ਹ ਦਾ ਪਾਣੀ ਭਰ ਗਿਆ ਹੈ। ਇਸ ਸੰਬੰਧੀ ਪਿੰਡ ਵਾਸੀ ਗੁਰਮੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਤਿੰਨ ਤੋਂ ਚਾਰ ਫੁੱਟ ਹੜ੍ਹ ਦਾ ਪਾਣੀ ਦਾਖਲ ਹੋ ਗਿਆ ਹੈ। ਹੜ੍ਹ ਦੇ ਪਾਣੀ ਨੇ ਇਸ ਸਕੂਲ ਦੀ ਇਮਾਰਤ ਨੂੰ ਚਾਰੋਂ ਪਾਸਿਓਂ ਘੇਰ ਲਿਆ ਹੈ। ਇਸ ਤੋਂ ਇਲਾਵਾ ਹੜ੍ਹ ਦਾ ਪਾਣੀ ਸਕੂਲ ਦੇ ਕੁਝ ਕਮਰਿਆਂ ਵਿੱਚ ਵੀ ਵੜ ਗਿਆ ਹੈ। ਜਿਸ ਕਾਰਨ ਇਨ੍ਹਾਂ ਦੇ ਡਿਗਣ ਦਾ ਵੀ ਖਤਰਾ ਬਣਿਆ ਹੋਇਆ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਇੱਥੇ ਹੜ੍ਹਾਂ ਕਾਰਨ ਸਕੂਲਾਂ ਵਿੱਚ ਛੁੱਟੀ ਦਾ ਐਲਾਨ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸਕੂਲ ਵਿੱਚ ਹੜ੍ਹ ਦਾ ਪਾਣੀ ਕੁਝ ਦਿਨ ਹੋਰ ਖੜ੍ਹਾ ਰਿਹਾ ਤਾਂ ਇਸ ਦੇ ਕੁਝ ਕਮਰੇ ਡਿਗਣ ਦਾ ਡਰ ਬਣਿਆ ਹੋਇਆ ਹੈ।



# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਬਿਰਧ ਆਸ਼ਰਮ ਦਾ ਦੌਰਾ



**ਮੋਗਾ (ਅਮਰਜੀਤ ਬੱਬਰੀ)** -ਸ੍ਰੀ ਅਤੁਲ ਕਸਾਨਾ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਅਗਵਾਈ ਹੇਠ ਤੇ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਅਮਰੀਸ਼ ਕੁਮਾਰ ਨੇ ਸ਼ਿਵ ਕ੍ਰਿਪਾ ਬਿਰਧ ਆਸ਼ਰਮ ਸਭਾ ਸੁਸਾਇਟੀ ਦਾ ਦੌਰਾ ਕਰਕੇ ਬਜ਼ੁਰਗਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਬਜ਼ੁਰਗਾਂ ਦਾ ਹਾਲ ਚਾਲ ਪੁੱਛਿਆ। ਉਨ੍ਹਾਂ ਬਜ਼ੁਰਗਾਂ ਵਿੱਚ ਸੀਨੀਅਰ ਸਿਟੀਜ਼ਨ ਐਕਟ-2007 ਦੀ ਜਾਗਰੂਕਤਾ ਫੈਲਾਈ। ਉਨ੍ਹਾਂ ਦੱਸਿਆ ਕਿ ਐਕਟ ਤਹਿਤ ਹਰੇਕ ਬਜ਼ੁਰਗ ਨੂੰ ਆਪਣੇ ਬੱਚਿਆਂ ਤੋਂ ਖਰਚਾ ਲੈਣ ਦਾ ਅਧਿਕਾਰ ਹੈ। ਬਜ਼ੁਰਗਾਂ ਨੂੰ ਸਿਰਫ਼ ਆਪਣੇ ਪੁੱਤਰਾਂ ਤੋਂ ਹੀ ਨਹੀਂ, ਸਗੋਂ ਧੀਆਂ ਤੋਂ ਵੀ ਖਰਚਾ ਲੈਣ ਦੇ ਹੱਕ ਪ੍ਰਾਪਤ ਹਨ। ਜਿਹੜੇ ਬਜ਼ੁਰਗ ਆਪਣੀ ਜਾਇਦਾਦ ਆਪਣੇ ਬੱਚਿਆਂ ਦੇ ਨਾਮ ਉੱਪਰ ਟਰਾਂਸਫਰ ਕਰਾ ਦਿੰਦੇ ਹਨ, ਪਰ ਬਾਅਦ ਵਿੱਚ ਬੱਚੇ ਬਜ਼ੁਰਗਾਂ ਨੂੰ ਖਰਚਾ ਹੀ ਨਹੀਂ ਦਿੰਦੇ, ਸਗੋਂ ਘਰੋਂ ਕੱਢ ਦਿੰਦੇ ਹਨ। ਅਜਿਹੇ ਵਿੱਚ ਬਜ਼ੁਰਗ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮੋਗਾ ਨਾਲ ਸੰਪਰਕ ਕਰ ਸਕਦੇ ਹਨ ਅਤੇ ਉਨ੍ਹਾਂ ਦੀ ਜਾਇਦਾਦ ਨੂੰ ਮੁੜ ਪ੍ਰਾਪਤ ਕਰਨ ਲਈ ਮੁਫ਼ਤ ਕਾਨੂੰਨੀ ਸਹਾਇਤਾ ਲੈ ਸਕਦੇ ਹਨ।

ਇਸ ਮੌਕੇ ਬਿਰਧ ਆਸ਼ਰਮ ਦੇ ਇੰਚਾਰਜ ਰਾਜਾ ਹਰੀਸ਼ ਚੰਦਰ ਕਮੇਟੀ ਪ੍ਰਧਾਨ ਵੀ ਸ਼ਾਮਲ ਸਨ।

# ਸਰਕਾਰ ਕਿਸਾਨਾਂ ਨਾਲ ਮੱਥਾ ਲਾ ਕੇ ਮਾਹੌਲ ਨੂੰ ਵਿਸਫੋਟਕ ਬਣਾਉਣ ਦੀ ਗੁਸਤਾਖੀ ਨਾ ਕਰੇ : ਟਿਵਾਣਾ

**ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਲੌਂਗੋਵਾਲ ਵਿਖੇ ਕਿਸਾਨ ਜਥੇਬੰਦੀਆਂ ਦੇ ਆਪਣੀਆ ਮੰਗਾਂ ਦੇ ਹੱਕ ਵਿਚ ਕੀਤੇ ਜਾਣ ਵਾਲੇ ਇਕੱਠ ਨੂੰ ਰੋਕਣ ਹਿੱਤ ਜੋ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਿਸਾਨਾਂ ਨਾਲ ਪੁਲਸ ਜਬਰ ਕਰਦੇ ਹੋਏ ਅੰਨ੍ਹੇਵਾਹ ਲਾਠੀਚਾਰਜ ਕਰਕੇ ਇਕ ਗ਼ਰੀਬ ਕਿਸਾਨ ਪ੍ਰੀਤਮ ਸਿੰਘ ਨੂੰ ਸ਼ਹੀਦ ਕਰ ਦਿੱਤਾ ਹੈ, ਅਨੇਕਾਂ ਨੂੰ ਡੂੰਘੇ ਜ਼ਖ਼ਮ ਦਿੱਤੇ ਹਨ ਅਤੇ ਵੱਡੀ ਗਿਣਤੀ 'ਚ ਕਿਸਾਨਾਂ ਉਤੇ ਜੋ ਇਰਾਦਾ ਕਤਲ ਕੇਸ ਦਰਜ ਕੀਤੇ ਗਏ ਹਨ। ਅਜਿਹਾ ਮਾਹੌਲ ਬਣਾ ਕੇ ਸਰਕਾਰ ਉਸੇ ਤਰ੍ਹਾਂ ਦੇ ਹਾਲਾਤ ਪੈਦਾ ਕਰ ਰਹੀ ਹੈ, ਜਿਵੇਂ ਸ੍ਰੀ ਮੋਦੀ ਨੇ ਕਿਸਾਨਾਂ ਦੀਆਂ ਜਾਇਜ਼ ਮੰਗਾਂ ਨਾ ਮੰਨ ਕੇ ਇੱਕ ਸਾਲ ਦੇ ਲੰਮੇ ਸਮੇਂ ਤੱਕ ਸਮੁੱਚੇ ਕਿਸਾਨਾਂ ਨੂੰ ਦਿੱਲੀ ਵਿਖੇ ਮੋਰਚਾ ਲਾਉਣ ਲਈ ਮਜਬੂਰ ਕੀਤਾ ਸੀ ਤੇ ਬਾਅਦ ਵਿੱਚ ਜਿਵੇਂ ਸ੍ਰੀ ਮੋਦੀ ਵੱਲੋਂ ਆਪਣੀ ਗਲਤੀ ਦਾ ਅਹਿਸਾਸ ਕਰਦੇ ਹੋਏ ਕਿਸਾਨੀ ਮੰਗਾਂ ਨੂੰ ਮੰਨਿਆ ਸੀ, ਉਸੇ ਤਰ੍ਹਾਂ ਭਗਵੰਤ ਮਾਨ ਤੇ ਕੇਜਰੀਵਾਲ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਆਸੀ ਤਾਕਤ ਦੇ ਹਉਮੈ ਵਿੱਚ ਜਬਰ ਜ਼ੁਲਮ ਕੀਤਾ ਜਾ ਰਿਹਾ ਹੈ, ਜਿਸਦੇ ਨਤੀਜੇ ਕਦਾਚਿੱਤ ਪੰਜਾਬ ਦੇ ਅਮਨ ਚੈਨ ਤੇ ਜਮਹੂਰੀਅਤ ਲਈ ਅੱਛੇ ਨਹੀਂ ਹੋਣਗੇ।

ਇਹ ਵਿਚਾਰ ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੁਝ ਦਿਨ ਪਹਿਲੇ ਲੌਂਗੋਵਾਲ ਵਿਖੇ ਪੰਜਾਬ ਦੇ ਕਿਸਾਨਾਂ ਵੱਲੋਂ ਹੜ੍ਹਾਂ ਦੀ ਬਦੌਲਤ ਹੋਏ ਫ਼ਸਲੀ, ਜਾਨੀ, ਮਾਲੀ ਨੁਕਸਾਨ ਦੇ ਮੁਆਵਜ਼ੇ ਦੀ ਪੂਰਤੀ ਲਈ ਤੇ ਹੋਰ ਕਿਸਾਨੀ ਮੰਗਾਂ ਲਈ ਕੀਤੇ ਜਾਣ ਵਾਲੇ ਇਕੱਠ ਨੂੰ ਰੋਕਣ ਲਈ ਸਰਕਾਰ ਵੱਲੋਂ ਕੀਤੇ ਗਏ ਜਬਰ ਦੀ ਪੁਰਜ਼ੋਰ ਸ਼ਬਦਾਂ ਵਿਚ ਨਿਖੇਧੀ ਕਰਦੇ ਹੋਏ ਅਤੇ ਬਣਾਈ ਜਾ ਰਹੀ ਵਿਸਫੋਟਕ ਸਥਿਤੀ ਦੇ ਖਤਰਨਾਕ ਨਤੀਜਿਆਂ ਤੋਂ ਹੁਕਮਰਾਨਾਂ ਨੂੰ ਖਬਰਦਾਰ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜੋ ਕਿਸਾਨ ਸਮੁੱਚੇ ਮੁਲਕ ਦਾ ਅੰਨਦਾਤਾ ਹੈ, ਜੋ ਸਰਦੀ-ਗ਼ਰਮੀ ਦੀਆਂ ਰਾਤਾਂ ਵਿੱਚ ਸੱਪਾਂ ਦੀਆਂ ਸਿਰੀਆਂ ਮਿੱਧਦੇ ਹੋਏ ਬਹੁਤ ਮਿਹਨਤ ਨਾਲ ਫ਼ਸਲ ਪਾਲ ਕੇ ਸਮੁੱਚੇ ਮੁਲਕ ਨਿਵਾਸੀਆ ਦਾ ਢਿੱਡ ਭਰਦਾ ਹੈ, ਉਸ ਨਾਲ ਕੀਤਾ ਜਾ ਰਿਹਾ ਦੁਰਵਿਹਾਰ ਕਦਾਚਿਤ ਸਹਿਣਯੋਗ ਨਹੀਂ ਹੈ।

ਉਨ੍ਹਾਂ ਮੰਗ ਕੀਤੀ ਕਿ ਜੋ ਕਿਸਾਨ ਪ੍ਰੀਤਮ ਸਿੰਘ ਲਾਠੀਚਾਰਜ ਦੌਰਾਨ ਸ਼ਹੀਦ ਕੀਤੇ ਗਏ ਹਨ, ਉਨ੍ਹਾਂ ਦੇ ਪਰਵਾਰ ਦੇ ਮੈਂਬਰਾਂ ਨੂੰ ਘੱਟੋ-ਘੱਟ 1 ਕਰੋੜ ਰੁਪਏ ਦੀ ਮਾਲੀ ਸਹਾਇਤਾ, ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।

# ਸਾਂਝ ਕੇਂਦਰ ਦੀ ਟੀਮ ਨੇ ਬੱਚਿਆਂ ਨੂੰ ਕੀਤੀ ਸਟੇਸ਼ਨਰੀ ਤਕਸੀਮ



**ਲੰਬੀ/ਮਲੋਟ, (ਗੁਰਮੀਤ ਸਿੰਘ ਮੱਕੜ)** ਮਾਨਯੋਗ ਸ਼ਪੈਸ਼ਲ ਡਾਇਰੈਕਟਰ ਜਨਰਲ ਪੁਲਸ ਕਮਿਊਨਟੀ ਅਫੇਰਜ ਡਿਵੀਜ਼ਨ ਪੰਜਾਬ, ਮਾਨਯੋਗ ਸੀਨੀਅਰ ਕਪਤਾਨ ਪੁਲਸ ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ ਤੇ ਕਪਤਾਨ ਪੁਲਸ (ਸਥਾਨਕ) ਕਮ ਜ਼ਿਲ੍ਹਾ ਕਮਿਊਨਿਟੀ ਪੁਲਿਸ ਅਫ਼ਸਰ ਸ਼੍ਰੀ ਕੁਲਵੰਤ ਰਾਏ ਪੀ.ਪੀ.ਐਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਇਸਪੈਕਟਰ ਦਿਨੇਸ਼ ਕੁਮਾਰ ਦੀ ਯੋਗ ਅਗਵਾਈ ਵਿੱਚ ਸਾਂਝ ਕੇਂਦਰ ਥਾਣਾ ਲੰਬੀ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਆਧਨੀਆਂ ਵਿਖੇ ਚੈਰੀਟੇਬਲ ਪ੍ਰੋਗਰਾਮ ਤਹਿਤ ਸਕੂਲ ਦੇ ਬੱਚਿਆ ਨੂੰ ਸਟੇਸ਼ਨਰੀ ਤਕਸੀਮ ਕੀਤੀ ਗਈ।

ਇਸ ਮੌਕੇ ਏ.ਐਸ.ਆਈ ਅਮਨਪ੍ਰੀਤ ਸਿੰਘ ਤੇ ਸੀਨੀ. ਸਿਪਾਹੀ ਗੁਰਤੇਜ ਸਿੰਘ ਸਾਂਝ ਕੇਂਦਰ ਸਟਾਫ ਹਾਜ਼ਰ ਸੀ। ਸਾਂਝ ਕੇਂਦਰ ਦੀ ਟੀਮ ਦਾ ਸਕੂਲ ਹੈੱਡ ਟੀਚਰ ਸਰਬਜੀਤ ਕੌਰ ਤੇ ਸਮੂਹ ਸਟਾਫ਼ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ।

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ 'ਚ ਨਸ਼ਾ ਵਿਰੋਧੀ ਰੋਸ ਧਰਨਾ 39ਵੇਂ ਦਿਨ 'ਚ ਦਾਖ਼ਲ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਅਤੇ ਇਸ ਲਹਿਰ ਦੇ ਸਰਗਰਮ ਆਗੂ ਪਰਵਿੰਦਰ ਸਿੰਘ ਝੋਟਾ ਦੀ ਰਿਹਾਈ ਨੂੰ ਲੈ ਕੇ ਲੱਗਾ ਰੋਸ ਧਰਨਾ 39ਵੇਂ ਦਿਨ ਵੀ ਪੂਰੇ ਜੋਸ਼ੋ ਖਰੋਸ਼ ਨਾਲ ਜਾਰੀ ਰਿਹਾ। ਲੰਗਰ ਤੇ ਦੁੱਧ ਦੀ ਸੇਵਾ ਬਰਨਾਲੇ ਪਿੰਡ ਵੱਲੋਂ ਕੀਤੀ ਗਈ ਇਸ ਧਰਨੇ ਵਿੱਚ ਸ਼ਮੂਲੀਅਤ ਕਰਨ ਵਾਲੇ ਲੋਕਾਂ ਦੀ ਗਿਣਤੀ ਦਿਨੋ-ਦਿਨ ਵਧਦੀ ਜਾ ਰਹੀ ਹੈ ਤੇ ਇਹ ਨਸ਼ਾ ਮੁਕਤੀ ਲਹਿਰ ਪੰਜਾਬ ਦੇ ਕੋਨੇ-ਕੋਨੇ ਵਿੱਚ ਫੈਲਦੀ ਜਾ ਰਹੀ ਹੈ। ਧਰਨੇ ਨੂੰ ਸੰਬੋਧਨ ਕਰਦਿਆਂ ਐਕਸ਼ਨ ਕਮੇਟੀ ਦੇ ਕਨਵੀਨਰ ਕਾਮਰੇਡ ਰਾਜਵਿੰਦਰ ਸਿੰਘ ਰਾਣਾ, ਸ਼ਹੀਦ ਬਾਬਾ ਬੂਝਾ ਸਿੰਘ ਯਾਦਗਾਰੀ ਟਰੱਸਟ ਦੇ ਚੇਅਰਮੈਨ ਕਾਮਰੇਡ ਨਛੱਤਰ ਸਿੰਘ ਖੀਵਾ ਅਤੇ ਅਤੇ ਜਥੇਦਾਰ ਜਸਵੰਤ ਸਿੰਘ ਜਵਾਹਰਕੇ ਨੇ ਕਿਹਾ ਕਿ ਮਾਨਸਾ ਪੁਲਸ ਪ੍ਰਸ਼ਾਸਨ ਦੀ ਵਾਅਦਾਖਿਲਾਫ਼ੀ ਖਿਲਾਫ਼ ਲੋਕਾਂ ਵਿੱਚ ਰੋਸ ਵਧਦਾ ਜਾ ਰਿਹਾ ਹੈ। ਪਰਵਿੰਦਰ ਸਿੰਘ ਝੋਟਾ ਦੇ ਕੇਸ ਨੂੰ ਹਮਦਰਦੀ ਨਾਲ ਵਿਚਾਰਨ ਦਾ ਵਾਅਦਾ ਕਰਕੇ ਉਸ ਨੂੰ ਜੇਲ੍ਹ ਤਬਦੀਲ ਕਰਕੇ ਮੁਕਤਸਰ ਭੇਜ ਦਿੱਤਾ ਗਿਆ ਹੈ। ਆਗੂਆਂ ਨੇ ਕਿਹਾ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਚਾਹੀਦਾ ਤਾਂ ਇਹ ਸੀ ਕਿ ਉਹ ਇਸ ਅਲਾਮਤ ਦੇ ਖਿਲਾਫ਼ ਲੜਾਈ ਵਿਚ ਸਹਿਯੋਗ ਕਰਦੇ ਇਸ ਦੇ ਉਲਟ ਉਹ ਆਪਣੇ ਫੀਲਿਆਂ ਰਾਹੀਂ ਇਸ ਸ਼ਾਂਤਮਈ ਸੰਘਰਸ਼ ਨੂੰ ਸਾਬੋਤਾਜ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੇ ਹਨ। ਕਮੇਟੀ ਵੱਲੋਂ ਅੱਜ ਟੀਮਾਂ ਤਿਆਰ ਕੀਤੀਆਂ ਗਈਆਂ ਹਨ, ਜੋ ਪਿੰਡ ਪਿੰਡ ਜਾ ਕੇ ਲੋਕਾਂ ਨੂੰ ਪ੍ਰਸ਼ਾਸਨ ਦੀ ਇਸ ਵਾਅਦਾਖਿਲਾਫ਼ ਖਿਲਾਫ਼ ਲਾਮਬੰਦ ਕਰਨਗੀਆਂ। ਸਮੂਹ ਬੁਲਾਰਿਆਂ ਵਲੋਂ ਪੰਜਾਬ ਨੂੰ ਇਸ ਸ਼ਾਂਤਮਈ ਸੰਘਰਸ਼ ਨਾਲ ਨਸ਼ਾ ਮੁਕਤ ਕਰਨ ਦੇ ਸੰਕਲਪ ਨੂੰ ਦੁਹਰਾਇਆ ਗਿਆ।

# ਕੈਬਨਿਟ ਮੰਤਰੀ ਨੇ ਸਬ-ਤਹਿਸੀਲ ਕੰਪਲੈਕਸ ਚੀਮਾ ਦਾ ਨਿਰਮਾਣ ਕਾਰਜ ਕਰਵਾਇਆ ਸ਼ੁਰੂ



ਚੀਮਾ/ਸੁਨਾਮ ਊਧਮ ਸਿੰਘ ਵਾਲਾ, (ਪ੍ਰਵੀਨ ਸਿੰਘ)-ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਬੀਤੇ ਦਿਨੀਂ ਸਬ ਤਹਿਸੀਲ ਕੰਪਲੈਕਸ ਚੀਮਾ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਸੁਨਾਮ ਦੇ ਬਹੁ ਪੱਖੀ ਵਿਕਾਸ ਨੂੰ ਤਰਜੀਹੀ ਅਧਾਰ 'ਤੇ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੇ ਰੋਜ਼ਾਨਾ ਦੇ ਪ੍ਰਸ਼ਾਸਕੀ ਕੰਮਾਂ ਨੂੰ ਨੇਪਰੇ ਚੜ੍ਹਾਉਣ ਲਈ ਸੂਬੇ ਵਿੱਚ ਵੱਖ ਵੱਖ ਥਾਈਂ ਸਬ ਡਵੀਜ਼ਨਲ, ਤਹਿਸੀਲ ਤੇ ਸਬ ਤਹਿਸੀਲ ਕੰਪਲੈਕਸਾਂ ਦੀ ਉਸਾਰੀ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਚੀਮਾ ਵਿਖੇ 4.46 ਕਰੋੜ ਰੁਪਏ ਦੀ ਲਾਗਤ ਨਾਲ ਸਬ ਤਹਿਸੀਲ ਕੰਪਲੈਕਸ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਆਪਣੀ ਨਿਗਰਾਨੀ ਹੇਠ ਉਸਾਰੀ ਕਾਰਜਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਸਮੇਂ ਸਿਰ ਨੇਪਰੇ ਚੜ੍ਹਾਉਣ ਲਈ ਕਾਰਜਸ਼ੀਲ ਰਹਿਣ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸਬ ਤਹਿਸੀਲ ਕੰਪਲੈਕਸ ਬਣਨ ਨਾਲ ਚੀਮਾ ਇਲਾਕੇ ਦੇ ਪਿੰਡਾਂ ਦੇ ਕਰੀਬ 50 ਹਜ਼ਾਰ ਲੋਕਾਂ ਨੂੰ ਬਹੁ ਗਿਣਤੀ ਪ੍ਰਸ਼ਾਸਨਿਕ ਸੇਵਾਵਾਂ ਇਕੋ ਛੱਤ ਹੇਠਾਂ ਮਿਲ ਸਕਣਗੀਆਂ ਜਿਸ ਨਾਲ ਲੋਕਾਂ ਦੇ ਕੀਮਤੀ ਸਮੇਂ ਦੀ ਬੱਚਤ ਹੋਵੇਗੀ। ਉਨ੍ਹਾ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਮੌਕੇ ਇਲਾਕਾ ਵਾਸੀਆਂ ਨੂੰ ਮੁਬਾਰਕਬਾਦ ਭੇਟ ਕੀਤੀ ਅਤੇ ਵਿਸ਼ਵਾਸ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੁਨਾਮ, ਲੌਂਗੋਵਾਲ ਤੇ ਚੀਮਾ ਨਿਵਾਸੀਆਂ ਦਾ ਪ੍ਰਮੁੱਖ ਲੋੜਾਂ ਨੂੰ ਤਰਜੀਹੀ ਆਧਾਰ 'ਤੇ ਮੁਕੰਮਲ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਦਰਸ਼ਨ ਸਿੰਘ ਗੀਤੀ ਮਾਨ ਚੇਅਰਮੈਨ ਮਾਰਕੀਟ ਕਮੇਟੀ, ਬੀਰਬਲ ਸਿੰਘ, ਨਿਰਭੈ ਸਿੰਘ, ਕੁਲਦੀਪ ਸਿੰਘ, ਦਰਸ਼ਨ ਸਿੰਘ ਵੀ ਹਾਜ਼ਰ ਸਨ।

# ਪੱਤਰਕਾਰ ਭਾਈਚਾਰੇ ਵੱਲੋਂ ਰੋਸ ਮਾਰਚ ਭਲਕੇ

ਜਲਾਲਾਬਾਦ (ਪਰਮਜੀਤ ਢਾਬਾਂ) ਅਜ਼ਾਦੀ ਦਿਹਾੜੇ ਦੇ ਮੌਕੇ ਮਲਟੀਪਰਪਜ ਖੇਡ ਸਟੇਡੀਅਮ ਦਾ ਤਹਿਸੀਲ ਪੱਧਰੀ ਪ੍ਰੋਗਰਾਮ ਆਯੋਜਤ ਕੀਤਾ ਗਿਆ ਸੀ, ਜਿਸ ਵਿੱਚ ਪੱਤਰਕਾਰ ਭਾਈਚਾਰੇ ਨੂੰ ਕਵਰੇਜ ਕਰਨ ਲਈ ਸੱਦਾ ਪੱਤਰ ਭੇਜਿਆ ਗਿਆ ਸੀ। ਇਸ ਸਰਕਾਰੀ ਸਮਾਗਮ ਵਿੱਚ ਪਹੁੰਚੇ ਪੱਤਰਕਾਰ ਭਾਈਚਾਰੇ ਨੂੰ ਉਸ ਸਮੇਂ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ, ਜਦੋਂ ਉਨ੍ਹਾਂ ਦੇ ਬੈਠਣ ਲਈ ਬਣਾਈ ਗਈ ਪ੍ਰੈੱਸ ਗੈਲਰੀ ਵਿੱਚ ਸੱਤਾਧਾਰੀ ਤੇ ਸਿਵਲ ਪ੍ਰਸ਼ਾਸਨ ਵੱਲੋਂ ਆਪਣੇ ਚਹੇਤਿਆਂ ਨੂੰ ਬਿਠਾਇਆ ਗਿਆ ਸੀ।

ਵਿਧਾਇਕ ਤੇ ਐਸ.ਡੀ.ਐਮ ਨੂੰ ਬੇਨਤੀ ਕੀਤੀ ਤਾਂ ਮੌਜੂਦਾ ਸਿਵਲ ਪ੍ਰਸ਼ਾਸਨ ਦੇ ਕੁੱਝ ਅਧਿਕਾਰੀਆਂ ਵੱਲੋਂ ਪ੍ਰੈਸ ਨੂੰ ਭੁੰਜੇ ਬੈਠਣ ਲਈ ਆਖਿਆ ਗਿਆ, ਜਿਸ ਦੇ ਰੋਸ ਵਜੋਂ ਪੱਤਰਕਾਰ ਭਾਈਚਾਰੇ ਵੱਲੋਂ ਆਜਾਦੀ ਦਿਹਾੜੇ ਦਾ ਬਾਈਕਾਟ ਕੀਤਾ ਗਿਆ। ਆਜ਼ਾਦੀ ਦਿਹਾੜੇ ਦੇ ਕਈ ਦਿਨ ਬੀਤ ਜਾਣ ਮਗਰੋਂ ਵੀ ਜਦੋਂ ਸੱਤਾਧਾਰੀ ਧਿਰ ਪੁਲਸ ਤੇ ਸਿਵਲ ਪ੍ਰਸ਼ਾਸਨ ਵੱਲੋਂ ਪੱਤਰਕਾਰ ਭਾਈਚਾਰੇ ਨਾਲ ਕੋਈ ਰਾਬਤਾ ਕਾਇਮ ਨਹੀਂ ਕੀਤਾ ਗਿਆ ਤਾਂ ਪੱਤਰਕਾਰ ਭਾਈਚਾਰੇ ਵੱਲੋਂ ਸਰਬਸੰਮਤੀ ਨਾਲ ਇਹ ਮਤਾ ਪਾਸ ਕੀਤਾ ਗਿਆ ਕਿ ਸੱਤਾਧਾਰੀ ਪਾਰਟੀ ਪੁਲਿਸ ਪ੍ਰਸ਼ਾਸਨ ਤੇ ਸਿਵਲ ਪ੍ਰਸ਼ਾਸਨ ਦੇ ਵਿਰੁੱਧ 25 ਅਗਸਤ ਸਵੇਰੇ 10 ਵਜੇ ਰੋਸ ਮਾਰਚ ਕੀਤਾ ਜਾਵੇਗਾ, ਜੋ ਸ਼ਹਿਰ ਦੇ ਵੱਖ-ਵੱਖ ਬਜ਼ਾਰ ਵਿਚੋਂ ਹੁੰਦਾ ਹੋਇਆ ਸ਼ਹੀਦ ਊਧਮ ਸਿੰਘ ਚੌਕ ਦੇ ਕੋਲ ਆਪਣਾ ਰੋਸ ਪ੍ਰਦਰਸ਼ਨ ਕਰੇਗਾ, ਜਿਸ ਵਿੱਚ ਪ੍ਰਿੰਟ ਮੀਡੀਆ ਅਤੇ ਵੱਖ-ਵੱਖ ਕਮੇਟੀਆਂ ਦੇ ਪੱਤਰਕਾਰਾਂ ਵੱਲੋਂ ਏਕਤਾ ਦਾ ਸਬੂਤ ਦਿੱਤਾ ਜਾਵੇਗਾ।



## ਕਾਤਰਾਂ

### ਵਿਸ਼ਵ ਸੀਨੀਅਰ ਸਿਟੀਜ਼ਨ ਦਿਵਸ ਮਨਾਇਆ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) -ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਰੁਣ ਗੁਪਤਾ ਦੀ ਅਗਵਾਈ ਹੇਠ ਮਨਪ੍ਰੀਤ ਕੌਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵਿਸ਼ਵ ਸੀਨੀਅਰ ਸਿਟੀਜ਼ਨ ਦਿਵਸ ਦੇ ਮੌਕੇ ਓਲਡ ਏਜ ਹੋਮ ਬਸੀ ਪਠਾਣਾਂ ਦਾ ਦੌਰਾ ਕੀਤਾ ਗਿਆ ਅਤੇ ਉਥੇ ਮੌਜੂਦ ਬਜ਼ੁਰਗਾਂ ਨਾਲ ਸੀਨੀਅਰ ਸਿਟੀਜ਼ਨ ਦਿਵਸ ਮਨਾਇਆ ਗਿਆ। ਉਨ੍ਹਾਂ ਓਲਡ ਏਜ ਹੋਮ ਵਿਖੇ ਰਹਿੰਦੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਦੁੱਖ ਤਕਲੀਫਾਂ ਬਾਰੇ ਪੁੱਛਿਆ। ਉਨ੍ਹਾਂ ਬਜ਼ੁਰਗਾਂ ਦੇ ਰਹਿਣ ਅਤੇ ਖਾਣ ਪੀਣ ਵਿੱਚ ਆਉਂਦੀ ਕਿਸੇ ਪ੍ਰਕਾਰ ਦੀ ਕਮੀ ਬਾਰੇ ਪੁੱਛਿਆ ਗਿਆ । ਮਨਪ੍ਰੀਤ ਕੌਰ ਨੇ ਬਜ਼ੁਰਗਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਆਉਣ 'ਤੇ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸੰਪਰਕ ਕਰਨ ਲਈ ਆਖਿਆ । ਉਨ੍ਹਾਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਵੱਖ ਵੱਖ ਭਲਾਈ ਸਕੀਮਾਂ ਅਤੇ ਆਉਣ ਵਾਲੀ ਕੌਮੀ ਲੋਕ ਅਦਾਲਤ ਬਾਰੇ ਵੀ ਜਾਣਕਾਰੀ ਦਿੱਤੀ।

### ਜਗ੍ਹਾ-ਜਗ੍ਹਾ ਗੰਦਗੀ ਦੇ ਲੱਗੇ ਢੇਰਾਂ ਕਾਰਨ ਫੈਲ ਰਹੀਆਂ ਹਨ ਬਿਮਾਰੀਆਂ : ਸੋਨੂੰ



ਸੰਗਰੂਰ (ਪ੍ਰਵੀਨ ਸਿੰਘ)-ਸੰਗਰੂਰ ਸ਼ਹਿਰ ਵਿੱਚ ਜਗ੍ਹਾ ਜਗ੍ਹਾ 'ਤੇ ਲੱਗੇ ਕੂੜੇ ਦੇ ਢੇਰਾਂ ਨਾਲ ਬਿਮਾਰੀਆਂ ਫੈਲ ਰਹੀਆਂ ਹਨ ਅਤੇ ਸ਼ਹਿਰ ਅੰਦਰ ਹਰ ਘਰ ਵਿੱਚ ਡੇਂਗੂ ਦੀ ਬਿਮਾਰੀ ਨਾਲ ਲੋਕ ਪੀੜਤ ਹਨ। ਮੁੱਖ ਮੰਤਰੀ ਸਾਹਿਬ ਦਾ ਆਪਣਾ ਹਲਕਾ ਹੋਣ ਦੇ ਬਾਵਜੂਦ ਇਸ ਵੱਲ ਨਾ ਤਾਂ ਸੰਗਰੂਰ ਹਲਕੇ ਦੇ ਐੱਮ ਐੱਲ ਏ ਅਤੇ ਨਾ ਹੀ ਪ੍ਰਸ਼ਾਸਨ ਵੱਲੋਂ ਕੋਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ। ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਓ ਬੀ ਸੀ ਡਿਪਾਰਟਮੈਂਟ ਦੇ ਵਾਈਸ ਚੇਅਰਮੈਨ ਅਤੇ ਜ਼ਿਲ੍ਹਾ ਕਾਂਗਰਸ ਦੇ ਮੁੱਖ ਬੁਲਾਰੇ ਹਰਪਾਲ ਸੋਨੂੰ ਵੱਲੋਂ ਸਰਕਾਰ ਨੂੰ ਸਵਾਲਾਂ ਦੇ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਕਿਹਾ ਕਿ ਕਈ ਵਾਰ ਉਨ੍ਹਾਂ ਵੱਲੋਂ ਆਪਣੇ ਪੱਧਰ 'ਤੇ ਵੀ ਮਿਊਂਸਪਲ ਕਮੇਟੀ ਦੇ ਈ ਓ ਸਾਬ੍ਹ ਨੂੰ ਵੀ ਗੰਦਗੀ ਅਤੇ ਕੂੜੇ ਦੇ ਲੱਗੇ ਢੇਰ ਸਾਫ ਕਰਵਾਉਣ ਲਈ ਗੁਹਾਰ ਲਗਾਈ ਗਈ, ਪਰ ਉਨ੍ਹਾਂ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕ ਰਹੀ ਅਤੇ ਮਿਊਂਸਪਲ ਕਮੇਟੀ ਦੇ ਅਧਿਕਾਰੀ ਸਿਰਫ ਸਰਕਾਰ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਰਹਿ ਗਏ ਹਨ, ਜਿਨਾਂ ਨੂੰ ਨਾ ਤਾਂ ਕਿਸੇ ਹੋਰ ਪਾਰਟੀ ਦੇ ਆਗੂ ਅਤੇ ਨਾ ਹੀ ਆਮ ਲੋਕਾਂ ਦੀ ਫਰਿਆਦ ਸੁਣਾਈ ਦਿੰਦੀ ਹੈ। ਉਨ੍ਹਾ ਕਿਹਾ ਕਿ ਸੱਤਾ ਹਾਸਲ ਕਰਨ ਵਾਲੇ ਲੋਕ ਅੱਜ ਲੋਕਾਂ ਨੂੰ ਰੋਜ਼ਾਨਾ ਦੀਆਂ ਸਹੂਲਤਾਂ ਦੇਣ ਤੋਂ ਵੀ ਮੁਨਕਰ ਹੋ ਗਏ ਹਨ ਅਤੇ ਲੋਕਾਂ ਦੇ ਕੰਮ ਕਰਨ ਦੀ ਬਜਾਏ ਸੱਤਾ ਦਾ ਸੁੱਖ ਭੋਗਣ ਵਿੱਚ ਮਗਨ ਹੋ ਰਹੇ ਹਨ। ਜਿਸ ਦਾ ਜਵਾਬ ਸੂਬੇ ਦੇ ਲੋਕ ਆਉਣ ਵਾਲੀਆਂ ਮਿਊਂਸਪਲ ਅਤੇ ਪੰਚਾਇਤੀ ਚੋਣਾਂ ਵਿੱਚ ਤਖਤਾ ਪਲਟ ਕਰਕੇ ਦੇਣਗੇ।

### ਝਾੜ ਸਾਹਿਬ ਕਾਲਜ ਦਾ ਬੀ.ਏ. ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ



ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ) ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮਨ ਝਾੜ ਸਾਹਿਬ, ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਰਪ੍ਰਸਤੀ ਹੇਠ ਚੱਲ ਰਿਹਾ ਹੈ, ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਏ. ਸਮੈਸਟਰ ਦੂਜਾ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਵਿਦਿਆਰਥਣ ਸੰਦੀਪ ਕੌਰ ਨੇ 82.61 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ 'ਚੋਂ ਪਹਿਲਾ, ਸੁਖਵੀਰ ਕੌਰ ਨੇ 80.88 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ, ਸੰਗੀਤਾ ਰਾਣੀ ਨੇ 80.61 ਪ੍ਰਤੀਸ਼ਤ ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ। ਬੀ.ਏ. ਸਮੈਸਟਰ ਦੂਜਾ ਦਾ ਸਮੁੱਚਾ ਨਤੀਜਾ ਸੌ ਫ਼ੀਸਦੀ ਰਿਹਾ ਹੈ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਸਮੂਹ ਸਟਾਫ਼, ਵਿਦਿਆਰਥਣਾਂ ਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਹੀ ਯਤਨਸ਼ੀਲ ਰਹਿੰਦੀ ਹੈ। ਕਾਲਜ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਅਕਾਦਮਿਕ ਪੱਧਰ 'ਤੇ ਅਜਿਹੀ ਮਿਆਰੀ ਸਿੱਖਿਆ ਦੇਣਾ ਹੈ, ਜਿਸ ਨਾਲ ਮੁਕਾਬਲੇ ਦੇ ਅਜੋਕੇ ਦੌਰ ਵਿਚ ਉਹ ਆਪਣੀ ਵਿਲੱਖਣ ਹੋਂਦ ਸਥਾਪਤ ਕਰ ਸਕਣ।

# ਟ੍ਰੈਫਿਕ ਨਿਯਮਾਂ ਸੰਬੰਧੀ ਪਬਲਿਕ ਸਕੂਲ ਗੁਰੂ ਹਰਸਹਾਏ ਦੇ ਵਿਦਿਆਰਥੀਆਂ ਤੇ ਵਾਹਨ ਚਾਲਕਾਂ ਨੂੰ ਕੀਤਾ ਜਾਗਰੂਕ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਪੰਜਾਬ ਪੁਲਸ ਫਿਰੋਜ਼ਪੁਰ ਤੇ ਐਸ.ਐਸ.ਪੀ. ਦੀਪਕ ਹਿਲੋਰੀ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਫਿਰੋਜ਼ਪੁਰ 'ਚ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਸੰਬੰਧੀ ਚਲਾਈ ਗਈ ਮੁਹਿੰਮ ਦੇ ਤਹਿਤ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਗੁਰੂਹਰਸਹਾਏ 'ਚ ਟ੍ਰੈਫਿਕ ਨਿਯਮਾਂ ਦੇ ਬਾਰੇ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਏ.ਐਸ.ਆਈ ਲਖਵੀਰ ਸਿੰਘ, ਗੁਰਮੇਜ ਸਿੰਘ, ਬਲਕਰਨ ਸਿੰਘ ਸੀਨੀਅਰ ਹਵਲਦਾਰ, ਸਮੂਹ ਟ੍ਰੈਫਿਕ ਸਟਾਫ ਗੁਰੂਹਰਸਹਾਏ ਹਾਜ਼ਰ ਸਨ। ਲਖਵੀਰ ਸਿੰਘ ਨੇ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਗੁਰੂਹਰਸਹਾਏ ਦੇ ਸੱਤਵੀਂ ਤੋਂ ਲੈ ਕੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਤੇ ਸਕੂਲ ਦੇ ਵਾਹਨ ਚਾਲਕਾਂ ਨੂੰ ਸੰਬੋਧਿਤ ਕਰਦੇ ਹੋਏ ਟ੍ਰੈਫਿਕ ਨਿਯਮਾਂ ਸੰਬੰਧੀ ਜਾਣਕਾਰੀ ਦਿੰਦੇ ਹੋਏ ਬੱਚਿਆਂ ਨੂੰ ਵਾਹਨ ਚਲਾਉਣ ਦੇ ਨਿਯਮਾਂ ਤੋਂ ਜਾਣੂ ਕਰਵਾਇਆ ਤੇ ਨਾਲ ਹੀ ਨਾਲ ਇਹ ਜਾਣਕਾਰੀ ਦਿੱਤੀ ਕਿ ਨਾਬਾਲਗ ਅਵਸਥਾ ਵਿੱਚ ਵਾਹਨ ਚਲਾਉਣਾ ਅਪਰਾਧ ਹੈ। ਉਨ੍ਹਾ ਕਿਹਾ ਕਿ ਹਰੇਕ ਬਾਲਗ ਵਿਦਿਆਰਥੀ ਲਈ ਵਾਹਨ ਚਲਾਉਣ ਲਈ ਲਾਇਸੈਂਸ ਹੋਣਾ ਜ਼ਰੂਰੀ ਹੈ ਅਤੇ ਆਪਣੇ ਵਾਹਨ ਨੂੰ ਸ਼ਹਿਰ 'ਚ 35 ਤੋਂ 40 ਕਿਲੋਮੀਟਰ ਗਤੀ 'ਚ ਚਲਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਨੌਜਵਾਨ ਪੀੜ੍ਹੀ ਨੂੰ ਸੜਕ 'ਤੇ ਚੱਲਦੇ ਹੋਏ, ਵਾਹਨ ਚਲਾਉਂਦੇ ਹੋਏ ਮੋਬਾਈਲ ਨਾ ਇਸਤੇਮਾਲ ਕਰਨ ਅਤੇ ਹੈਲਮਟ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾ ਸਕੂਲ ਦੇ ਵਾਹਨ ਚਾਲਕਾਂ ਨੂੰ ਆਪਣੀ ਵਰਦੀ ਅਤੇ ਆਪਣਾ ਪਹਿਚਾਣ ਪੱਤਰ ਪਾਉਣ ਦੀ ਸਖਤ ਹਦਾਇਤ ਦਿੱਤੀ। ਸਕੂਲ ਪ੍ਰਿੰਸੀਪਲ ਪੰਕਜ ਧਮੀਜਾ ਅਤੇ ਸਮੂਹ ਸਕੂਲ ਸਟਾਫ ਵੱਲੋਂ ਗੁਰੂਹਰਸਹਾਏ ਦੀ ਆਈ ਟ੍ਰੈਫਿਕ ਟੀਮ ਨੂੰ ਸਨਮਾਨਤ ਕੀਤਾ।

# 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ : ਸਿਵਲ ਸਰਜਨ

ਸੰਗਰੂਰ, (ਪ੍ਰਵੀਨ ਸਿੰਘ)-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿਵਲ ਸਰਜਨ ਡਾ. ਪਰਮਿੰਦਰ ਕੌਰ ਨੇ ਦੱਸਿਆ ਕਿ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਸੂਬੇ ਅੰਦਰ "ਹਰ ਸ਼ੁੱਕਰਵਾਰ- ਡੇਂਗੂ 'ਤੇ ਵਾਰ" ਮੁਹਿੰਮ ਵਿੱਢੀ ਗਈ ਹੈ, ਜਿਸ ਦਾ ਸਾਰਥਕ ਅਸਰ ਜ਼ਿਲ੍ਹਾ ਸੰਗਰੂਰ ਵਿੱਚ ਵੀ ਦੇਖਣ ਨੂੰ ਮਿਲ ਰਿਹਾ ਹੈ। ਉਨ੍ਹਾ ਕਿਹਾ ਕਿ ਆਮ ਲੋਕਾਂ ਦੇ ਸਹਿਯੋਗ ਨਾਲ ਸਿਹਤ ਵਿਭਾਗ ਦੀਆਂ ਟੀਮਾਂ ਡੇਂਗੂ ਨੂੰ ਕੰਟਰੋਲ ਕਰਨ ਵਿੱਚ ਸਰਗਰਮ ਹਨ।

ਡਾ. ਪਰਮਿੰਦਰ ਕੌਰ ਨੇ ਦੱਸਿਆ ਕਿ ਡੇਂਗੂ ਦੀ ਸਥਿਤੀ ਨੂੰ ਹੋਰ ਕਾਬੂ ਵਿੱਚ ਲਿਆਉਣ ਲਈ ਸਿਹਤ ਵਿਭਾਗ ਵੱਲੋਂ ਕਿਸੇ ਵੀ ਇਲਾਕੇ ਵਿੱਚ ਡੇਂਗੂ ਪਾਜ਼ਟਿਵ ਕੇਸ ਨਿਕਲਣ 'ਤੇ ਉਸ ਘਰ ਦੇ ਆਲੇ ਦੁਆਲੇ ਦੇ 50 ਤੋਂ 100 ਘਰਾਂ ਵਿੱਚ ਕੀਟਨਾਸ਼ਕ ਸਪਰੇਅ ਕਰਵਾਈ ਜਾਵੇਗੀ ਤਾਂ ਕਿ ਡੇਂਗੂ ਨੂੰ ਹੋਰ ਫੈਲਣ ਤੋਂ ਰੋਕਿਆ ਜਾ ਸਕੇ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਉਪਾਸਨਾ ਬਿੰਦਰਾ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਜਿੱਥੇ ਮੱਛਰ ਦਾ ਲਾਰਵਾ ਮਿਲਦਾ ਹੈ ਉਨ੍ਹਾਂ ਵੱਲੋਂ ਉਸ ਲਾਰਵੇ ਨੂੰ ਤੁਰੰਤ ਨਸ਼ਟ ਕਰਵਾਇਆ ਜਾਂਦਾ ਹੈ ਅਤੇ ਖੜ੍ਹੇ ਪਾਣੀ ਦੇ ਕੰਟੇਨਰਾਂ ਨੂੰ ਤੁਰੰਤ ਖਾਲੀ ਕਰਵਾਇਆ ਜਾਂਦਾ ਹੈ।

ਸ਼ਹਿਰੀ ਖੇਤਰ ਵਿੱਚ ਜਿਹੜੇ ਘਰਾਂ ਵਿੱਚੋਂ ਮੱਛਰ ਦਾ ਲਾਰਵਾ ਮਿਲਦਾ ਹੈ ਤਾਂ ਇਸ ਦੀ ਮਿਊਂਸੀਪਲ ਕਮੇਟੀ ਨੂੰ ਸੂਚਨਾ ਦਿੱਤੀ ਜਾਂਦੀ ਹੈ ਅਤੇ ਉੱਥੇ ਐਮ ਸੀ ਐਕਟ ਤਹਿਤ ਲਾਰਵਾ ਮਿਲਣ ਵਾਲੇ ਘਰਾਂ ਦਾ ਚਲਾਨ ਕੀਤਾ ਜਾਂਦਾ ਹੈ।

# ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ ਦਿੱਲੀ ਵਿਖੇ ਵਿਸ਼ਾਲ ਕਨਵੈਨਸ਼ਨ ਅੱਜ



ਧੂਰੀ ( ਸੁਖਦੇਵ ਧੂਰੀ ) ਕੇਂਦਰੀ ਟਰੇਡ ਯੂਨੀਅਨਾਂ ਦੇ ਸੱਦੇ 'ਤੇ 24 ਅਗਸਤ ਨੂੰ ਦਿੱਲੀ ਵਿਖੇ ਕੀਤੀ ਜਾ ਰਹੀ ਵਿਸ਼ਾਲ ਕਨਵੈਨਸ਼ਨ ਵਿੱਚ ਧੂਰੀ ਇਲਾਕੇ ਤੋਂ ਏਟਕ ਦੇ ਵਰਕਿੰਗ ਪ੍ਰਧਾਨ ਕਾਮਰੇਡ ਸੁਖਦੇਵ ਸ਼ਰਮਾ ਦੀ ਅਗਵਾਈ ਵਿੱਚ ਧੂਰੀ ਤੋਂ ਜਾ ਰਹੇ ਕਾਫਲੇ ਨੂੰ ਸਥਾਨਕ ਰੇਲਵੇ ਸਟੇਸ਼ਨ ਵਿਖੇ ਇਨਕਲਾਬੀ ਨਾਹਰਿਆਂ ਦੀ ਗੂੰਜ ਨਾਲ ਵਿਦਾ ਕੀਤਾ ਗਿਆ।

ਦਿੱਲੀ ਦੀ ਕਨਵੈਨਸ਼ਨ ਮੁੱਖ ਤੌਰ 'ਤੇ ਪਬਲਿਕ ਸੈਕਟਰ ਨੂੰ ਬਚਾਉਣ, ਕੱਚੇ ਕਾਮਿਆਂ ਨੂੰ ਪੱਕੇ ਕਰਾਉਣ, ਵਧ ਰਹੀ ਮਹਿੰਗਾਈ ਨੂੰ ਨੱਥ ਪਾਉਣ, ਗੈਰ ਜਥੇਬੰਦ ਕਿਰਤੀਆਂ ਲਈ ਕਿਰਤ ਕਾਨੂੰਨ ਬਣਾਉਣ, ਸਾਰੀਆਂ ਫਸਲਾਂ 'ਤੇ ਐਮ ਐਸ ਪੀ ਦੇਣ ਦੇ ਨਾਲ ਨਾਲ ਦੇਸ਼ ਵਿੱਚ ਵਧ ਰਹੀ ਫਿਰਕਾਪ੍ਰਸਤੀ ਨੂੰ ਕਾਬੂ ਕਰਨ ਲਈ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਾਰੇ ਫਰੰਟਾਂ 'ਤੇ ਸਰਕਾਰ ਦੀ ਨਾਕਾਮੀ ਵਿਰੁੱਧ ਲਾਮਬੰਦੀ ਇਸ ਕਨਵੈਨਸ਼ਨ ਦਾ ਮੁੱਖ ਮੰਤਵ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਲੀਲਾ ਖਾਂ, ਗੁਰਮੇਲ ਸਿੰਘ ਘਨੌਰੀ, ਖੁਸ਼ੀਆ ਸਿੰਘ ਬਰਨਾਲਾ, ਜਗਤਾਰ ਸਿੰਘ ਬਿਜਲੀ ਬੋਰਡ, ਸੁਰਜੀਤ ਸਿੰਘ ਵੜੈਚ, ਇੰਦਰ ਸਿੰਘ ਸਮੇਤ ਅਨੇਕਾਂ ਔਰਤ ਆਗੂ ਹਾਜ਼ਰ ਸਨ।

# ਤੀਆਂ ਦੇ ਤਿਉਹਾਰ ਮੌਕੇ ਕੀਤਾ ਪੰਜਾਬੀ ਵਿਰਸੇ ਨੂੰ ਯਾਦ

ਬਾਘਾ ਪੁਰਾਣਾ, (ਮਨੀ ਸਿੰਗਲਾ)- ਤੀਆਂ ਦੇ ਤਿਉਹਾਰ ਨੂੰ ਮੱਦੇਨਜ਼ਰ ਰੱਖਦੇ ਹੋਏ ਲਾਰੈਂਸ



ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿਖੇ ਜਿੱਥੇ ਲੜਕੀਆਂ ਲਈ ਤੀਆਂ ਦਾ ਪ੍ਰੋਗਰਾਮ ਕਰਾਇਆ ਗਿਆ, ਉਥੇ ਹੀ ਲੜਕਿਆਂ ਦੇ ਮਨੋਰੰਜਨ ਲਈ ਕ੍ਰਿਕਟ, ਖੋ-ਖੋ ਅਤੇ ਫੁੱਟਬਾਲ ਦੇ ਮੈਚ ਕਰਾਏ ਗਏ, ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਬੜੀ ਹੀ ਦਿਲਚਸਪੀ ਨਾਲ ਹਿੱਸਾ ਲਿਆ। ਵਿਦਿਆਰਥਣਾਂ ਦਾ ਮਹਿੰਦੀ ਮੁਕਾਬਲਾ, ਪੰਜਾਬੀ ਡਰੈਸ ਮੁਕਾਬਲਾ ਅਤੇ ਮਾਡਲਿੰਗ ਆਦਿ ਕਰਾਈ ਗਈ। ਮਹਿੰਦੀ ਲਾਉਣ ਦਾ ਮੁਕਾਬਲਾ ਜ਼ੋਨ ਮੁਤਾਬਕ ਕਰਾਇਆ ਗਿਆ, ਜਿਸ ਵਿੱਚ ਆਰੀਅਨ ਨੇ ਪਹਿਲਾ, ਨਾਈਟ ਨੇ ਦੂਜਾ ਤੇ ਸਪਾਰਟ ਅਤੇ ਵਾਈਕਿੰਗ ਦੀਆਂ ਵਿਦਿਆਰਥਣਾਂ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਮਨੋਜ ਕੁਮਾਰ ਤੇ ਮੈਡਮ ਜੀਨਮ ਗਰਗ ਨੇ ਸਾਰਿਆਂ ਨੂੰ ਤੀਜ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਬੱਚਿਆਂ ਵਿੱਚ ਸੰਸਕ੍ਰਿਤੀ ਅਤੇ ਸੱਭਿਆਚਾਰ ਨੂੰ ਜ਼ਿੰਦਾ ਰੱਖਦੇ ਹਨ ਅਤੇ ਊਰਜਾ ਦਾ ਸੰਚਾਰ ਕਰਦੇ ਹਨ। ਉਨ੍ਹਾਂ ਕਿਹਾ ਕਿ ਤੀਜ ਦਾ ਤਿਉਹਾਰ ਔਰਤਾਂ ਲਈ ਬਹੁਤ ਖਾਸ ਹੁੰਦਾ ਹੈ। ਇਸ ਸਮੇਂ ਚਾਰੇ ਪਾਸੇ ਹਰਿਆਲੀ ਹੁੰਦੀ ਹੈ, ਇਸ ਲਈ ਇਸ ਨੂੰ ਹਰਿਆਲੀ ਤੀਜ ਵੀ ਕਿਹਾ ਜਾਂਦਾ ਹੈ। ਚੇਅਰਮੈਨ ਤਰਸੇਮ ਲਾਲ ਗਰਗ ਨੇ ਕਿਹਾ ਕਿ ਜਿਸ ਤਰ੍ਹਾਂ ਅੱਜ ਦੇ ਯੁੱਗ ਵਿੱਚ ਜ਼ਿਆਦਾਤਰ ਬੱਚੇ ਪੁਰਾਣੇ ਵਿਰਸੇ ਨੂੰ ਭੁੱਲਦੇ ਜਾ ਰਹੇ ਹਨ ਇਹੋ ਜਿਹੇ ਸੱਭਿਆਚਾਰਕ ਪ੍ਰੋਗਰਾਮ ਵਿਰਸੇ ਨੂੰ ਉਨ੍ਹਾਂ ਦੇ ਮਨ ਵਿਚ ਜੀਵਤ ਰੱਖਦੇ ਹਨ। ਇਸ ਮੌਕੇ ਕੋਆਰਡੀਨੇਟਰ ਮੈਡਮ ਪ੍ਰਵੀਨ ਕੁਮਾਰੀ ਦੇ ਇਲਾਵਾ ਸਕੂਲ ਸਟਾਫ਼ ਹਾਜ਼ਰ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ 'ਚ ਵਿਖੇ ਪੁਨੀਤ ਸਾਗਰ ਮੁਹਿੰਮ ਚਲਾਈ




ਦੋਰਾਹਾ (ਹਰਮਿੰਦਰ ਸੇਠ) ਗੁਰੂ ਨਾਨਕ ਨੈਸ਼ਨਲ ਕਾਲਜ ਦੇ ਐੱਨ.ਐੱਨ.ਸੀ. ਯੂਨਿਟ ਵੱਲੋਂ 19 ਪੰਜਾਬ ਬਟਾਲੀਅਨ ਦੇ ਕਰਨਲ ਪਰਵੀਨ ਧੀਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੁਨੀਤ ਸਾਗਰ ਮੁਹਿੰਮ ਚਲਾਈ ਗਈ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਦੱਸਿਆ ਕਿ ਪੁਨੀਤ ਸਾਗਰ ਅਭਿਆਨ ਅਧੀਨ ਰੇਲਵੇ ਫਾਟਕ ਦੋਰਾਹਾ ਨਹਿਰ ਦੇ ਆਲੇ-ਦੁਆਲੇ ਪਲਾਸਟਿਕ ਤੇ ਹੋਰ ਕੂੜੇ ਦੇ ਪਦਾਰਥਾਂ ਦੀ ਸਫ਼ਾਈ ਕੀਤੀ ਗਈ। ਪੁਨੀਤ ਸਾਗਰ ਅਭਿਆਨ ਭਾਰਤ ਸਰਕਾਰ ਦੁਆਰਾ ਨਦੀਆਂ ਝੀਲਾਂ ਤੇ ਹੋਰ ਜਲ ਸਰੋਤਾਂ ਨੂੰ ਸਾਫ਼ ਕਰਨ ਦੀ ਦੇਸ਼ ਵਿਆਪੀ ਮੁਹਿੰਮ ਹੈ। ਇਸ ਮੌਕੇ ਸੀਨੀਅਰ ਕੈਡਿਟ ਅਨੂ ਤਿਵਾਰੀ ਤੇ ਬਜਰੰਗੀ ਪ੍ਰਜਾਪਤੀ ਨੇ ਪੁਨੀਤ ਸਾਗਰ ਮੁਹਿੰਮ ਦੀ ਮਹੱਤਤਾ ਤੇ ਨਦੀਆਂ ਦੇ ਪਾਣੀ ਨੂੰ ਸਾਫ਼ ਤੇ ਸਵੱਛ ਰੱਖਣ ਲਈ ਕੈਡਿਟਾਂ ਨੂੰ ਪ੍ਰੇਰਿਆ। ਇਸ ਮੁਹਿੰਮ ਦੌਰਾਨ ਐੱਨ. ਸੀ. ਸੀ. ਇੰਚਾਰਜ ਪ੍ਰੋ. ਸ਼ਵੇਤਾ ਥਾਪਾ ਦੀ ਅਗਵਾਈ ਅਧੀਨ ਕੈਡਿਟ ਅਨੂ ਤਿਵਾੜੀ, ਸਾਕਸ਼ੀ ਨਿਸ਼ਾਨੀ ਅਤੇ ਦੀਪਕ ਕੁਮਾਰ ਨੇ ਮੁੱਖ ਭੂਮਿਕਾ ਨਿਭਾਈ।

ਇਸ ਮੁਹਿੰਮ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਸਮੁੱਚੀ ਟੀਮ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮੁਬਾਰਕਬਾਦ ਦਿੱਤੀ।

# ਸੀ ਬੀ ਸੀ ਵੱਲੋਂ ਅਗਨੀਪੱਥ ਯੋਜਨਾ ਬਾਰੇ ਜਾਗਰੂਕਤਾ ਪ੍ਰੋਗਰਾਮ



ਮੋਗਾ- ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ (ਸੀ ਬੀ ਸੀ) ਵੱਲੋਂ ਅੱਜ ਇੱਥੇ ਕੈਂਬਰਿਜ ਸਕੂਲ ਵਿੱਚ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਦਾ ਮੰਤਵ ਨੌਜਵਾਨ ਪੀੜ੍ਹੀ ਨੂੰ ਅਗਨੀਪਥ ਸਕੀਮ ਬਾਰੇ ਜਾਗਰੂਕ ਕਰਨਾ ਸੀ। ਇਹ ਪ੍ਰੋਗਰਾਮ ਭਾਰਤੀ ਫੌਜ ਅਤੇ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਦੇ ਤਾਲਮੇਲ ਨਾਲ ਕਰਵਾਇਆ ਗਿਆ। ਇਸ ਸਕੀਮ ਬਾਰੇ ਜਾਣਕਾਰੀ ਇਕੱਠੀ ਕਰਨ ਲਈ ਸਕੂਲਾਂ, ਕਾਲਜਾਂ, ਆਈ.ਟੀ.ਆਈਜ਼ ਅਤੇ ਪੌਲੀਟੈਕਨਿਕਾਂ ਨਾਲ ਸੰਬੰਧਤ ਸੈਂਕੜੇ ਵਿਦਿਆਰਥੀ ਆਨਲਾਈਨ ਮਾਧਿਅਮ ਰਾਹੀਂ ਸ਼ਾਮਲ ਹੋਏ ਅਤੇ ਇਹ ਜਾਣਨ ਦਾ ਯਤਨ ਕੀਤਾ ਕਿ ਕਿਸ ਤਰ੍ਹਾਂ ਨਾਲ ਥਲ ਸੈਨਾ, ਜਲ ਸੈਨਾ ਅਤੇ ਹਵਾਈ ਸੈਨਾ, ਤਿੰਨੋਂ ਵਿੰਗਾਂ ਵਿੱਚ ਅਗਨੀਵੀਰ ਦੇ ਤੌਰ ਉੱਤੇ ਕੌਣ ਅਤੇ ਕਿਵੇਂ ਭਾਰਤੀ ਸੈਨਾ ਵਿੱਚ ਸ਼ਾਮਲ ਹੋ ਸਕਦਾ ਹੈ। ਵਿਦਿਅਕ ਸੰਸਥਾਵਾਂ ਨੂੰ ਕੌਮੀ ਸੂਚਨਾ ਵਿਗਿਆਨ ਕੇਂਦਰ, ਮੋਗਾ ਦੇ ਸਹਿਯੋਗ ਨਾਲ ਜੋੜਿਆ ਗਿਆ ਸੀ। ਏ.ਡੀ.ਸੀ ਅਨੀਤਾ ਦਰਸੀ ਨੇ ਇਸ ਜਾਗਰੂਕਤਾ ਪ੍ਰੋਗਰਾਮ ਕਰਵਾਉਣ ਲਈ ਵਿਸ਼ੇਸ਼ ਪਹਿਲ ਕੀਤੀ। ਭਾਰਤੀ ਫੌਜ ਦੇ ਕੈਪਟਨ ਕੇਵਿਨ ਮੈਥਿਊ ਅਤੇ ਕੈਪਟਨ ਸੁਸੋਭਨ ਤਿਆਗੀ ਨੇ ਵਿਦਿਆਰਥੀਆਂ ਅਤੇ ਹੋਰ ਨੌਜਵਾਨਾਂ ਨੂੰ ਅਗਨੀਪਥ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਨਾਲ ਹੀ ਐਨ.ਡੀ.ਏ., ਟੀ.ਈ.ਐਸ., ਆਈ.ਐਮ.ਏ ਅਤੇ ਓ.ਟੀ.ਏ. ਰਾਹੀਂ ਅਫਸਰ ਗ੍ਰੇਡ ਵਿੱਚ ਦਾਖਲਾ ਲੈਣ ਬਾਰੇ ਜਾਗਰੂਕ ਕੀਤਾ। ਸੀ ਬੀ ਸੀ ਫੀਲਡ ਪਬਲੀਸਿਟੀ ਅਫਸਰ ਰਾਜੇਸ਼ ਬਾਲੀ ਨੇ ਕਿਹਾ ਕਿ ਭਾਰਤੀ ਫੌਜ ਇੱਕ ਅਜਿਹੀ ਸੰਸਥਾ ਹੈ ਜੋ ਨੌਜਵਾਨਾਂ ਵਿੱਚ ਲੀਡਰਸ਼ਿਪ ਦੇ ਗੁਣ ਪੈਦਾ ਕਰਦੀ ਹੈ ਅਤੇ ਉਨ੍ਹਾਂ ਨੂੰ ਦੇਸ਼ ਲਈ ਕੰਮ ਕਰਨ ਦੀ ਸਿਖਲਾਈ ਦਿੰਦੀ ਹੈ।

# ਐਡਵੋਕੇਟ ਅਸ਼ੋਕ ਗਿਰਧਰ ਨੂੰ ਸਦਮਾ, ਵੱਡੇ ਭੈਣ ਸਵਰਗਵਾਸ



ਸ੍ਰੀ ਮੁਕਤਸਰ ਸਾਹਿਬ : (ਸ਼ਮਿੰਦਰਪਾਲ /ਪੂਜਾ)- ਪਿਛਲੇ ਲੰਮੇ ਸਮੇਂ ਤੋਂ ਲਗਾਤਾਰ ਮਿਸ਼ਨ ਸਹਿਯੋਗੀ ਚੱਲੇ ਆ ਰਹੇ ਸੀਨੀਅਰ ਐਡਵੋਕੇਟ ਅਸ਼ੋਕ ਗਿਰਧਰ ਦੇ ਫਾਜ਼ਿਲਕਾ ਨਿਵਾਸੀ ਵੱਡੇ ਭੈਣ ਜੀ ਰਾਜ ਰਾਣੀ ਕਾਠਪਾਲ (70) ਧਰਮਪਤਨੀ ਕੇਵਲ ਕ੍ਰਿਸ਼ਨ ਕਾਠਪਾਲ ਸੰਖੇਪ ਬਿਮਾਰੀ ਪਿੱਛੋਂ ਅਕਾਲ ਚਲਾਣਾ ਕਰ ਗਏ। ਉਹ ਆਪਣੇ ਪਿੱਛੇ ਪਤੀ, ਸ਼ਾਦੀਸ਼ੁਦਾ ਪੁੱਤਰ ਦਾਨਸ ਕਾਠਪਾਲ ਅਤੇ ਸ਼ਾਦੀਸ਼ੁਦਾ ਪੁੱਤਰੀ ਬਿੰਦੀਆ ਸਮੇਤ ਪੋਤੇ-ਪੋਤਰੀਆਂ ਅਤੇ ਦੋਹਤੇ ਦੋਹਤੀਆਂ ਦਾ ਭਰਿਆ ਪੂਰਾ ਪਰਵਾਰ ਛੱਡ ਗਏ ਹਨ। ਸਵ: ਰਾਜ ਰਾਣੀ ਮਿਸ਼ਨ ਦੇ ਸੀਨੀਅਰ ਮੈਂਬਰ ਮਿਸ਼ਨ ਸੇਵਕ ਰਾਜਿੰਦਰ ਖੁਰਾਣਾ ਦੇ ਸਕੇ ਮਾਸੀ ਜੀ ਹਨ। ਸਮਾਜ ਦੇ ਭਲੇ ਅਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਚੇਅਰਮੈਨ ਇੰਜ. ਅਸ਼ੋਕ ਕੁਮਾਰ ਭਾਰਤੀ, ਸੀਨੀਅਰ ਮੀਤ ਪ੍ਰਧਾਨ ਨਿਰੰਜਣ ਸਿੰਘ ਰੱਖਰਾ ਸਮੇਤ ਡਾ. ਸੁਰਿੰਦਰ ਗਿਰਧਰ, ਜਗਦੀਸ਼ ਚੰਦਰ ਧਵਾਲ, ਆਰ.ਕੇ. ਗਾਬਾ (ਗਾਬਾ ਫੋਟੋ ਸਟੇਟ), ਪ੍ਰਸ਼ੋਤਮ ਗਿਰਧਰ, ਐਡਵੋਕੇਟ ਪੰਕਜ ਗਿਰਧਰ, ਸਾਹਿਲ ਕੁਮਾਰ ਹੈਪੀ, ਡਾ. ਜਸਵਿੰਦਰ ਸਿੰਘ, ਡਾ. ਸੰਜੀਵ ਮਿੱਡਾ ਅਤੇ ਪ੍ਰਦੀਪ ਧੁੜੀਆ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਗਿਰਧਰ ਅਤੇ ਖੁਰਾਣਾ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸਵ: ਰਾਜ ਰਾਣੀ ਕਾਠਪਾਲ ਨਮਿਤ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ 24 ਅਗਸਤ ਨੂੰ ਉਨ੍ਹਾਂ ਦੇ ਗ੍ਰਹਿ ਨਿਵਾਸ ਫਾਜ਼ਿਲਕਾ ਦੇ ਗੁਰਦੁਆਰਾ ਸ੍ਰੀ ਸਿੰਘ ਸਭਾ ਵਿਖੇ ਦੁਪਹਿਰ ਦੇ 12:00 ਤੋਂ 1:00 ਵਜੇ ਤੱਕ ਪਵੇਗਾ।

# ਸੁਖਬੀਰ ਬਾਦਲ ਨੇ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਕੀਤਾ ਦੌਰਾ

ਮਮਦੋਟ (ਹਰਪਾਲ ਸਿੰਘ ਸੋਢੀ) ਲੋਕ ਸਭਾ ਹਲਕਾ ਫ਼ਿਰੋਜ਼ਪੁਰ ਤੋਂ ਮੈਂਬਰ ਪਾਰਲੀਮੈਂਟ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਦੇ ਦਰਿਆ ਦੇ ਪਾਣੀ ਨਾਲ ਹੜ੍ਹਾਂ



ਦੀ ਮਾਰ ਹੇਠਾਂ ਆਏ ਕਈ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਪ੍ਰਧਾਨ ਵਰਦੇਵ ਸਿੰਘ ਨੋਨੀ ਮਾਨ, ਐਸ ਜੀ ਪੀ ਸੀ ਮੈਂਬਰ ਪ੍ਰੀਤਮ ਸਿੰਘ ਮਲਸੀਆਂ, ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ, ਗੁਰਪ੍ਰੀਤ ਸਿੰਘ ਲੱਖੋ ਕੇ ਸਾਬਕਾ ਚੇਅਰਮੈਨ, ਯੂਥ ਵਿੰਗ ਦੇ ਪ੍ਰਧਾਨ ਸੁਰਿੰਦਰ ਸਿੰਘ ਬੱਬੂ, ਸਰਕਲ ਜਥੇਦਾਰ ਚਮਕੌਰ ਸਿੰਘ ਟਿੱਬੀ, ਸਾਬਕਾ ਚੇਅਰਮੈਨ ਜੋਗਾ ਸਿੰਘ, ਮਨਪ੍ਰੀਤ ਸਿੰਘ ਸਿੱਧੂ, ਬਲਜੀਤ ਸਿੰਘ ਸਿੱਧੂ, ਅਵਤਾਰ ਸਿੰਘ ਲੋਧਰਾ ਨਾਲ ਮੌਜੂਦ ਸਨ। ਇਲਾਕੇ ਦੇ ਪਿੰਡਾਂ ਚੱਕ ਭੰਗੇ ਵਾਲਾ, ਗੱਟੀ ਚੱਕ ਜਦੀਦ, ਦੋਨਾ ਤੇਲੂ ਮੱਲ ਤੇ ਭੰਬਾ ਹਾਜੀ ਆਦਿ ਦਾ ਦੌਰਾ ਕੀਤਾ ਗਿਆ। ਇਸ ਮੌਕੇ ਪਿੰਡ ਚੱਕ ਭੰਗੇ ਵਾਲਾ ਅਤੇ ਗੱਟੀ ਚੱਕ ਜਦੀਦ ਦੇ ਹੜ੍ਹ ਪ੍ਰਭਾਵਤ ਕੋਈ ਸੈਂਕੜੇ ਏਕੜ ਫਸਲ ਨੂੰ ਦੇਖਦਿਆਂ ਤੇ ਕਿਸਾਨਾਂ ਦੀਆਂ ਮੁਸਕਿਲਾਂ ਸੁਨਣ ਉਪਰੰਤ ਉਹਨਾਂ ਵੱਲੋਂ ਕਿਸਾਨਾਂ ਨੂੰ ਹਰਾ ਅਤੇ ਸੁੱਕਾ ਚਾਰਾ ਮੁਹੱਈਆ ਕਰਾਉਣ ਦਾ ਐਲਾਨ ਕੀਤਾ ਗਿਆ। ਇਸ ਤੋਂ ਅੱਗੇ ਪਿੰਡ ਦੋਨਾ ਤੇਲੂ ਮੱਲ ਅਤੇ ਲੱਖਾ ਹਾਜੀ ਵਿਖੇ ਜਿੱਥੇ ਕਿਸਾਨਾਂ ਨੂੰ ਖੇਤੀ ਕਰਨ ਲਈ ਸਤਲੁਜ ਦਰਿਆ ਤੋਂ ਪਾਰ ਜਾਣਾ ਪੈਂਦਾ ਹੈ, ਉਹਨਾਂ ਵੱਲੋ ਕਿਸਾਨਾਂ ਨੂੰ ਬੇੜਾ ਭੇਟ ਕੀਤਾ ਗਿਆ। ਸੁਖਬੀਰ ਸਿੰਘ ਬਾਦਲ ਵੱਲੋਂ ਪੰਜਾਬ ਸਰਕਾਰ ਤੋਂ ਕਿਸਾਨਾਂ ਦੀਆਂ ਫਸਲਾਂ ਅਤੇ ਘਰਾਂ ਅਤੇ ਪਸ਼ੂ ਧੰਨ ਦੇ ਹੋਏ ਨੁਕਸਾਨ ਲਈ ਤੁਰੰਤ ਮੁਆਵਜੇ ਦੀ ਮੰਗ ਕੀਤੀ ਗਈ ਅਤੇ ਉਨ੍ਹਾਂ ਨੇ ਕਿਹਾ ਕਿ ਦਰਿਆ ਤੋਂ ਪਾਰ ਖੇਤੀ ਕਰਨ ਵਾਲੇ ਕਿਸਾਨਾਂ ਦਾ ਪਹਿਲਾ ਬੇੜਾ ਪਾਣੀ ਦੇ ਤੇਜ਼ ਵਹਾਵ ਕਰਕੇ ਰੁੜ ਗਿਆ ਸੀ। ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਸਮਝਦਿਆਂ ਹੋਇਆਂ ਆਪਣੇ ਨਿੱਜੀ ਕੋਟੇ ਵਿੱਚੋ ਕਿਸਾਨਾਂ ਨੂੰ ਨਵਾਂ ਬੇੜਾ ਦਿੱਤਾ ਗਿਆ ਹੈ ਤੇ ਮੁਸੀਬਤ ਦੀ ਘੜੀ ਵਿੱਚ ਸ਼ਿਰੋਮਣੀ ਅਕਾਲੀ ਦਲ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਹੈ।

# ਮਾਊਂਟ ਲਿਟਰਾ ਜ਼ੀ ਸਕੂਲ 'ਚ ਅਕਸ਼ੈ ਊਰਜਾ ਦਿਵਸ ਮਨਾਇਆ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) - ਮਾਊਂਟ ਲਿਟਰਾ ਜ਼ੀ ਸਕੂਲ ਵਿੱਚ ਸਾਇੰਸ ਨਾਲ ਸੰਬੰਧਤ ਅਕਸ਼ੈ ਊਰਜਾ ਦਿਵਸ ਮਨਾਇਆ ਗਿਆ। ਸਕੂਲ ਦੇ ਅੱਠਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਵਿਦਿਆਰਥੀਆਂ ਦੀ ਜਾਣਕਾਰੀ ਵਿੱਚ ਵਾਧਾ ਕਰਨ ਲਈ ਕਈ ਗਤਿਵਿਧੀਆਂ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਕੁਇਜ਼, ਪ੍ਰੋਜੈਕਟ ਆਦਿ ਸ਼ਾਮਲ ਸਨ। ਵਿਦਿਆਰਥੀਆਂ ਨੇ ਮੈਡਮ ਤਮੰਨਾ ਅਤੇ ਸ਼ੇਖਰ ਸਰ ਦੀ ਯੋਗ ਅਗਵਾਈ ਹੇਠ ਪ੍ਰੋਜੈਕਟ ਬਣਾਏ ਜਿਸ ਵਿੱਚ ਗ੍ਰੀਨ ਤਕਨੀਕ ਨਾਲ ਉਪਕਰਣ ਚਲਾਉਣਾ, ਸੋਲਰ ਪੈਨਲ, ਊਰਜਾ ਬਚਾਉਣ ਸੰਬੰਧੀ ਆਦਿ ਪ੍ਰੋਜੈਕਟ ਸ਼ਾਮਲ ਸਨ। ਇਸ ਤੋਂ ਇਲਾਵਾ ਵਿਦਿਆਰਥੀਆਂ ਵੱਲੋਂ ਊਰਜਾ ਦੇ ਸੰਚਾਰ ਅਤੇ ਬਚਾਅ ਦੇ ਵਿਸ਼ੇ ਵਿੱਚ ਪ੍ਰਭਾਵਸ਼ਾਲੀ ਪੇਸ਼ਕਸ਼ ਦਿੱਤੀ। ਸਕੂਲ ਦੇ ਚੇਅਰਮੈਨ ਇੰਜੀ. ਚਮਨ ਲਾਲ ਗੁਲਾਟੀ ਅਤੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਕਿਹਾ ਕਿ ਊਰਜਾ ਦਿਵਸ ਮਨਾਉਣ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਊਰਜਾ ਸਰੋਤਾਂ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ ਤਾਂ ਜੋ ਇਨ੍ਹਾਂ ਦੀ ਸਹੀ ਵਰਤੋਂ ਕੀਤੀ ਜਾ ਸਕੇ। ਚਮਨ ਲਾਲ ਗੁਲਾਟੀ ਨੇ ਕਿਹਾ ਕਿ ਨਵਿਆਉਣਯੋਗ ਸਰੋਤ ਜਿਵੇਂ ਕਿ ਸੋਲਰ, ਪਾਣੀ ਅਤੇ ਹਵਾ ਵਰਗੇ ਸਰੋਤਾਂ ਨੂੰ ਵਧੇਰੇ ਵਰਤੋਂ ਯੋਗ ਬਣਾਉਣਾ ਚਾਹੀਦਾ ਹੈ। ਇਹ ਸਾਡੇ ਵਾਤਾਵਰਣ ਲਈ ਵੀ ਨੁਕਸਾਨਦੇਹ ਨਹੀਂ ਹਨ। ਅੰਤ 'ਚ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ।

# ਗੁਲਾਬੀ ਸੁੰਡੀ ਦੀਆਂ ਰਿਪੋਰਟਾਂ ਮਿਲਣ 'ਤੇ ਟੀਮਾਂ ਖੇਤਾਂ 'ਚ ਪਹੁੰਚੀਆਂ

ਸੰਗਤ ਮੰਡੀ, (ਰਾਜਦੀਪ ਜੋਸ਼ੀ)- ਨਰਮਾ ਪੱਟੀ ਜ਼ਿਲ੍ਹਿਆਂ ਵਿੱਚ ਗੁਲਾਬੀ ਸੁੰਡੀ ਦੇ ਹਮਲੇ ਦੀਆਂ ਰਿਪੋਰਟਾਂ ਮਿਲਣ ਉਪਰੰਤ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਡਾਇਰੈਕਟਰ ਸ਼੍ਰੀ ਗੁਰਵਿੰਦਰ ਸਿੰਘ ਦੀ ਅਗਵਾਈ ਹੇਠ ਡਾਇਰੈਕਟੋਰੇਟ ਦਫ਼ਤਰ ਮੋਹਾਲੀ ਦੇ ਸੀਨੀਅਰ ਅਧਿਕਾਰੀ ਦੀਆਂ ਡਿਊਟੀਆਂ ਨਰਮਾ ਪੱਟੀ ਜ਼ਿਲ੍ਹਿਆਂ ਵਿੱਚ ਗਰਾਊਂਡ ਜ਼ੀਰੋ 'ਤੇ ਜਾ ਕੇ ਸਥਿਤੀ ਨੂੰ ਵਾਚਣ ਲਈ ਲਾਈਆਂ ਗਈਆਂ। ਜਿਸ ਤਹਿਤ ਡਿਪਟੀ ਡਾਇਰੈਕਟਰ (ਕਪਾਹ ਵਿਸਥਾਰ) ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਡਾ. ਗੁਰਜੀਤ ਸਿੰਘ ਬਰਾੜ ਵੱਲੋਂ ਬਠਿੰਡਾ ਜ਼ਿਲ੍ਹੇ ਦੇ ਬਲਾਕਾਂ ਤਲਵੰਡੀ ਸਾਬੋ, ਸੰਗਤ, ਬਠਿੰਡਾ, ਨਥਾਣਾ ਅਤੇ ਰਾਮਪੁਰਾ ਦਾ ਦੌਰਾ ਕੀਤਾ ਗਿਆ। ਸਮੇਤ ਟੀਮ ਨਰਮੇ ਦੀ ਫ਼ਸਲ ਦੀ ਹਾਲਾਤ ਦਾ ਜਾਇਜ਼ਾ ਲੈਣ ਲਈ ਬਲਾਕ ਬਠਿੰਡਾ, ਤਲਵੰਡੀ ਸਾਬੋ, ਸੰਗਤ, ਰਾਮਪੁਰਾ ਤੇ ਨਥਾਣਾ ਦੇ ਵੱਖ-ਵੱਖ ਪਿੰਡਾਂ ਵਿੱਚ ਦੌਰਾ ਕੀਤਾ ਗਿਆ। ਬਲਾਕ ਸੰਗਤ ਦੇ ਪਿੰਡ ਸੇਖੂ ਦੇ ਕਿਸਾਨ ਕ੍ਰਿਸ਼ਨ ਕੁਮਾਰ ਦੇ ਖੇਤ ਦਾ ਦੌਰਾ ਕੀਤਾ ਗਿਆ। ਕਿਸਾਨ ਨੇ ਨਰਮਾ ਕਿਸਮ ਅਜੀਤ-177 ਦੀ ਬਿਜਾਈ ਕੀਤੀ ਹੋਈ ਸੀ, ਜਿਸ ਦੀ ਹਾਲਤ ਬਹੁਤ ਵਧੀਆ ਸੀ।

ਇਸ ਉਪਰੰਤ ਪਿੰਡ ਪੱਕਾ ਕਲਾਂ ਦੇ ਕਿਸਾਨ ਜਗਤਾਰ ਸਿੰਘ, ਪਿੰਡ ਗਹਿਰੀ ਬੁੱਟਰ ਦੇ ਕਿਸਾਨ ਕੁਲਵਿੰਦਰ ਸਿੰਘ ਆਦਿ ਦੇ ਖੇਤਾਂ ਦੌਰਾ ਕੀਤਾ ਗਿਆ। ਇਸ ਮੌਕੇ ਡਾ. ਹਸਨ ਸਿੰਘ ਮੁੱਖ ਖੇਤੀਬਾੜੀ ਅਫ਼ਸਰ, ਬਠਿੰਡਾ, ਡਾ .ਧਰਮਪਾਲ, ਬਲਾਕ ਖੇਤੀਬਾੜੀ ਅਫਸਰ ਸੰਗਤ, ਡਾ.ਬਲਜਿੰਦਰ ਸਿੰਘ ਬਲਾਕ ਖੇਤੀਬਾੜੀ ਅਫਸਰ ਬਠਿੰਡਾ, ਡਾ. ਜਸਕਰਨ ਸਿੰਘ ਬਲਾਕ ਖੇਤੀਬਾੜੀ ਅਫਸਰ ਨਥਾਣਾ, ਡਾ.ਅਸਮਾਨਪ੍ਰੀਤ ਸਿੰਘ ਸਿੱਧੂ ਖੇਤੀਬਾੜੀ ਵਿਕਾਸ ਅਫ਼ਸਰ (ਪੀ.ਪੀ.) ਹੈੱਡਕੁਆਟਰ ਬਠਿੰਡਾ, ਡਾ. ਗੁਰਕੰਵਲ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਤਲਵੰਡੀ ਸਾਬੋ ਤੇ ਜ਼ਿਲ੍ਹੇ ਦੀ ਸਮੁੱਚੀ ਟੀਮ ਵੀ ਹਾਜ਼ਰ ਸੀ।

# ਸਰਬੱਤ ਦਾ ਭਲਾ ਟਰੱਸਟ ਵੱਲੋਂ ਹੜ੍ਹ ਪ੍ਰਭਾਵਤ ਇਲਾਕਿਆਂ 'ਚ ਰਾਹਤ ਕਾਰਜ ਜਾਰੀ



ਫਿਰੋਜ਼ਪੁਰ (ਅਸ਼ੋਕ ਸ਼ਰਮਾ) ਜਦ ਵੀ ਕਦੇ ਲੋਕਾਂ 'ਤੇ ਔਖੀ ਘੜੀ ਆਈ ਤਾਂ ਸਮਾਜ ਸੇਵੀ ਡਾ. ਐੱਸ.ਪੀ.ਸਿੰਘ ਓਬਰਾਏ ਮੁਸ਼ਕਿਲ ਤੇ ਲੋਕਾਂ ਵਿਚਕਾਰ ਚੱਟਾਨ ਬਣ ਕੇ ਖੜ ਗਏ।

ਪਿਛਲੇ ਦਿਨੀਂ ਦਰਿਆਵੀ ਖੇਤਰਾਂ ਵਿੱਚ ਆਏ ਹੜਾਂ ਕਰਕੇ ਵੱਡੀ ਗਿਣਤੀ ਵਿੱਚ ਕਿਸਾਨਾਂ ਦਾ ਭਾਰੀ ਨੁਕਸਾਨ ਹੋ ਗਿਆ।ਇਸੇ ਤਰ੍ਹਾਂ ਹਿੰਦ-ਪਾਕਿ ਸੀਮਾ ਹੁਸੈਨੀਵਾਲਾ ਬਾਰਡਰ ਨੇੜੇ ਸਤਲੁਜ ਦਰਿਆ ਦੇ ਖੇਤਰਾਂ ਵਿੱਚ ਵਸਦੇ ਪਿੰਡਾਂ ਵਿੱਚ ਪਾਣੀ ਨੇ ਵੀ ਭਾਰੀ ਨੁਕਸਾਨ ਕੀਤਾ ਹੈ।

ਵਿਸ਼ਵ ਪ੍ਰਸਿੱਧ ਸਮਾਜ ਸੇਵੀ ਤੇ ਸਰਬੱਤ ਦਾ ਭਲਾ ਟਰੱਸਟ ਦੇ ਬਾਨੀ ਡਾ. ਐੱਸਪੀ ਸਿੰਘ ਓਬਰਾਏ ਵੱਲੋਂ ਹੜ੍ਹ ਪ੍ਰਭਾਵਤ ਇਲਾਕਿਆ ਵਿੱਚ ਰਾਹਤ ਕਾਰਜ ਆਰੰਭ ਕਰ ਦਿੱਤੇ ਹਨ।ਉਨ੍ਹਾਂ ਦੀ ਸੰਸਥਾ ਸਰਬੱਤ ਦਾ ਭਲਾ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ, ਇਸਤਰੀ ਵਿੰਗ ਪ੍ਰਧਾਨ ਅਮਰਜੀਤ ਕੌਰ ਛਾਬੜਾ ਤੇ ਬਲਾਕ ਪ੍ਰਧਾਨ ਬਹਾਦਰ ਸਿੰਘ ਭੁੱਲਰ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਸਤਲੁਜ ਦਰਿਆ ਦੇ ਨੇੜਲੇ ਪਿੰਡਾਂ ਵਿੱਚ ਹੜ੍ਹਾਂ ਦੀ ਭਾਰੀ ਮਾਰ ਪਈ ਹੈ ਤੇ ਇੱਥੋਂ ਦੇ ਵਸਨੀਕਾਂ ਨੂੰ ਖਾਣ-ਪੀਣ ਅਤੇ ਪਸ਼ੂਆਂ ਦੇ ਚਾਰੇ ਦੀ ਕਾਫੀ ਸਮੱਸਿਆ ਆ ਰਹੀ ਹੈ, ਜਿਸ ਨੂੰ ਧਿਆਨ ਵਿੱਚ ਰੱਖਦੇ ਹੋਏ ਡੀਸੀ ਫ਼ਿਰੋਜ਼ਪੁਰ ਰਾਜੇਸ਼ ਧੀਮਾਨ ਤੇ ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ ਦੇ ਸਹਿਯੋਗ ਨਾਲ ਪ੍ਰਭਾਵਤ ਪਿੰਡਾਂ ਦੀ ਪਛਾਣ ਕਰਕੇ ਸੰਸਥਾ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਕਤਨਾ ਦੀ ਨਿਗਰਾਨੀ ਹੇਠ ਲਗਭਗ 335 ਕੁਇੰਟਲ ਪਸ਼ੂ ਚਾਰਾ ਮੱਕੀ ਦਾ ਅਚਾਰ ਵੰਡਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਬੱਤ ਦਾ ਭਲਾ ਟਰੱਸਟ ਦੇ ਮੁਖੀ ਡਾ. ਐੱਸਪੀ ਸਿੰਘ ਓਬਰਾਏ ਵੱਲੋਂ ਹਾਲਾਤ ਨਾਰਮਲ ਹੋਣ ਤੋਂ ਬਾਅਦ ਹੜਾਂ ਵਿੱਚ ਜਿਨ੍ਹਾਂ ਲੋਕਾਂ ਦੇ ਮਕਾਨ ਢਹਿ ਗਏ ਹਨ ਜਾਂ ਜੋ ਰਹਿਣ ਦੇ ਕਾਬਲ ਨਹੀਂ ਰਹੇ, ਉਨ੍ਹਾਂ ਨੂੰ ਨਵੇਂ ਮਕਾਨ ਬਣਾ ਕੇ ਦਿੱਤੇ ਜਾਣਗੇ।

# .ਗਰਮ ਰੁੱਤ ਜ਼ੋਨ ਦੀਆਂ ਖੇਡਾਂ 'ਚ ਜੇਤੂ ਟੀਮਾਂ ਸਨਮਾਨਤ

ਅਮਲੋਹ, (ਲਖਵੀਰ ਸਿੰਘ, ਹਰਚਰਨ ਉੱਪਲ)-ਗਰਮ ਰੁੱਤ ਅਮਲੋਹ ਜ਼ੋਨ ਦੀਆਂ ਖੇਡਾਂ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਈਆਂ। ਇਸ ਟੂਰਨਾਮੈਂਟ ਦੇ ਜੇਤੂ ਖਿਡਾਰੀਆਂ ਨੂੰ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੇ ਭਰਾ ਮਨਿੰਦਰ ਸਿੰਘ ਮਨੀ ਬੜਿੰਗ ਵੱਲੋਂ ਇਨਾਮ ਵੰਡੇ ਗਏ। ਮਨੀ ਬੜਿੰਗ ਨੇ ਕਿਹਾ ਕਿ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਭਾਗ ਜ਼ਰੂਰ ਲੈਣ, ਕਿਉਂਕਿ ਇਨ੍ਹਾਂ ਖੇਡਾਂ ਵਿੱਚੋਂ ਚੰਗੇ ਖਿਡਾਰੀ ਪੈਦਾ ਹੁੰਦੇ ਹਨ। ਪ੍ਰਿੰਸੀਪਲ ਇਕਬਾਲ ਸਿੰਘ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਇਸ ਸਬੰਧੀ ਜ਼ੋਨ ਸਕੱਤਰ ਭੁਪਿੰਦਰ ਸਿੰਘ, ਦਵਿੰਦਰ ਸਿੰਘ ਰਹਿਲ ਤੇ ਧਰਮ ਸਿੰਘ ਰਾਈਏਵਾਲ ਨੇ ਦੱਸਿਆ ਕਿ ਮੁਕਾਬਲਿਆਂ ਵਿੱਚ ਹਾਕੀ ਵਿੱਚ ਉਮਰ ਗੁਟ 14, 17, 19 ਲੜਕੇ ਵਿੱਚੋਂ ਪਹਿਲਾ ਸਥਾਨ ਸਕੂਲ ਆਫ ਐਮੀਨੈਂਸ ਅਮਲੋਹ ਲੜਕੇ, ਦੂਜਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਰਾਇਣਗੜ੍ਹ, ਕਬੱਡੀ 17, 19 ਸਾਲ ਉਮਰ ਗੁੱਟ ਲੜਕੀਆਂ ਵਿੱਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਮਲੋਹ ਪਹਿਲਾ, ਦੂਜਾ ਸਰਕਾਰੀ ਹਾਈ ਸਕੂਲ ਨੂਰਪੁਰਾ, ਕਬੱਡੀ 14 ਸਾਲਾ ਉਮਰ ਗੁੱਟ ਲੜਕੀਆਂ ਸਰਕਾਰੀ ਹਾਈ ਸਕੂਲ ਨੂਰਪੁਰਾ ਪਹਿਲਾ, ਸੀਨੀਅਰ ਕੰਨਿਆ ਸੈਕੰਡਰੀ ਸਕੂਲ ਅਮਲੋਹ ਦੂਜਾ, ਕਬੱਡੀ ਲੜਕੇ ਉਮਰ ਗੁੱਟ 17 ਸਾਲ ਵਿੱਚੋਂ ਸਕੂਲ ਆਫ਼ ਐਮੀਨੈਂਸ ਅਮਲੋਹ ਲੜਕੇ ਪਹਿਲਾ, ਸੀਨੀਅਰ ਸੈਕੰਡਰੀ ਸਕੂਲ ਨਰਾਇਣਗੜ੍ਹ ਦੂਜਾ, ਖੋ-ਖੋ ਲੜਕੀਆਂ ਉਮਰ ਗੁੱਟ 17 ਸਕੂਲ ਆਫ਼ ਐਮੀਨੈਂਸ ਅਮਲੋਹ ਲੜਕੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸੈਕੰਡਰੀ ਸਕੂਲ ਨਰਾਇਣਗੜ੍ਹ ਦੂਜਾ ਸਥਾਨ ਪ੍ਰਾਪਤ ਕੀਤਾ। ਫੁੱਟਬਾਲ ਉਮਰ ਗੁੱਟ 14, 17 ਲੜਕੇ ਵਿੱਚ ਸੇਂਟ ਜੇਵੀਅਰ ਸਕੂਲ ਭੱਦਲਥੂਹਾ ਪਹਿਲੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਲਾਣਾ ਦੂਜੇ ਸਥਾਨ 'ਤੇ ਰਹੇ। ਟੂਰਨਾਮੈਂਟ ਦੀ ਓਵਰਆਲ ਟਰਾਫੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ ਅਮਲੋਹ ਲੜਕੇ ਨੇ ਜਿੱਤੀ । ਇਸ ਮੌਕੇ ਆਮ ਆਦਮੀ ਪਾਰਟੀ ਦੇ ਰਣਜੀਤ ਸਿੰਘ ਪਨਾਗ, ਪੀ ਏ ਰਮਨ, ਦਲਵੀਰ ਸਿੰਘ ਸੰਧੂ, ਅਮਰੀਕ ਸਿੰਘ, ਮਨਿੰਦਰ ਪਟਿਆਲਾ, ਬਲਜੀਤ ਸਲਾਣੀ, ਸੁਖਵਿੰਦਰ ਸਿੰਘ ਨਰੈਣਗੜ੍ਹ, ਪ੍ਰਵੀਨ ਕੁਮਾਰ, ਪ੍ਰੇਮ ਲਤਾ, ਬੂਟਾ ਸਿੰਘ, ਕਿਰਨਦੀਪ ਸਿੰਘ, ਅਮਨਦੀਪ ਕੌਰ, ਨਵਦੀਪ ਕੌਰ, ਸਤਵੀਰ ਕੌਰ ਆਦਿ ਹਾਜ਼ਰ ਸਨ।



# ਡਿਪਟੀ ਕਮਿਸ਼ਨਰ ਨੇ ਹੜ੍ਹ ਪ੍ਰਭਾਵਤ ਲੋਕਾਂ ਲਈ ਰਾਹਤ ਸਮਗਰੀ ਦੀ ਤੀਜੀ ਗੱਡੀ ਕੀਤੀ ਰਵਾਨਾ



**ਹੁਸ਼ਿਆਰਪੁਰ : (ਓ ਪੀ ਰਾਣਾ, ਬਲਬੀਰ ਸਿੰਘ ਸੈਣੀ )**-ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਲਈ ਵੱਡੀ ਰਾਹਤ ਦਾ ਸਬੱਬ ਬਣੀ ਹੋਈ ਹੈ ਅਤੇ ਇਸ ਔਖੀ ਘੜੀ ਵਿਚ ਮੋਹਰੀ ਬਣ ਕੇ ਹੜ੍ਹ ਪੀੜਤਾਂ ਦੀ ਮਦਦ ਕਰ ਰਹੀ ਹੈ। ਇਸੇ ਤਹਿਤ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਕੋਮਲ ਮਿੱਤਲ ਵੱਲੋਂ ਰੈੱਡ ਕਰਾਸ ਦਫ਼ਤਰ ਤੋਂ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਲੋਕਾਂ ਲਈ ਰਾਹਤ ਸਮੱਗਰੀ ਦੀ ਤੀਜੀ ਗੱਡੀ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਬਾਅਦ ਰਾਹਤ ਸਮੱਗਰੀ ਦੀਆਂ ਦੋ ਹੋਰ ਗੱਡੀਆਂ ਰਵਾਨਾ ਕੀਤੀਆਂ ਜਾਣਗੀਆਂ। ਰੈੱਡ ਕਰਾਸ ਦੇ ਮੈਂਬਰਾਂ ਅਤੇ ਹੋਰਨਾਂ ਦਾਨੀ ਸੱਜਣਾਂ ਤੇ ਸੰਸਥਾਵਾਂ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਕੁਦਰਤੀ ਆਫ਼ਤਾਂ ਅਤੇ ਹੰਗਾਮੀ ਹਾਲਾਤ ਨਾਲ ਨਜਿੱਠਣ ਲਈ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹੜ੍ਹ ਪ੍ਰਭਾਵਿਤ ਲੋਕਾਂ ਲਈ ਇਸ ਰਾਹਤ ਸਮੱਗਰੀ ਵਿਚ ਫਰੂਟ ਪੈਕੇਟ, ਬ੍ਰੈੱਡ, ਬਿਸਕੁਟ, ਪਾਣੀ ਦੀਆਂ ਬੋਤਲਾਂ, ਕੰਘੀਆਂ, ਤੇਲ, ਟੁੱਥ ਪੇਸਟ, ਟੁੱਥ ਬਰੱਸ਼, ਸਾਬਣ, ਓਡੋਮੋਸ, ਸ਼ੇਵਿੰਗ ਕਿੱਟਾਂ, ਸੈਨੇਟਰੀ ਪੈਡ, ਮੱਛਰਦਾਨੀਆਂ ਅਤੇ ਗੱਦੇ ਆਦਿ ਭੇਜੇ ਗਏ ਹਨ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਵੱਲੋਂ ਚੱਲ ਰਹੇ ਮਾਤਾ ਚਿੰਤਪੁਰਨੀ ਮੇਲੇ ਦੌਰਾਨ ਵੀ ਆਪਣੀਆਂ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਸੁਸਾਇਟੀ ਵੱਲੋਂ ਚੋਹਾਲ ਵਿਖੇ ਰਿਲਾਇੰਸ ਇੰਡਸਟਰੀ ਦੇ ਬਾਹਰ ਕੈਂਪ ਲਗਾਇਆ ਗਿਆ ਹੈ, ਜਿਥੇ ਮੇਲੇ ਵਿਚ ਪਹੁੰਚੇ ਲੋਕਾਂ ਲਈ ਪਾਣੀ ਦੀਆਂ ਬੋਤਲਾਂ, ਸੈਨੇਟਰੀ ਪੈਡ ਅਤੇ ਡਾਕਟਰੀ ਸਹਾਇਤਾ ਉਪਲਬੱਧ ਕਰਵਾਈ ਜਾ ਰਹੀ ਹੈ। ਇਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ, ਜ਼ਿਲ੍ਹਾ ਰੋਜ਼ਗਾਰ ਦਫ਼ਤਰ ਤੋਂ ਕਰੀਅਰ ਕਾਊਂਸਲਰ ਅਦਿੱਤਿਆ ਰਾਣਾ ਤੋਂ ਇਲਾਵਾ ਸੁਸਾਇਟੀ ਦਾ ਸਟਾਫ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

# ਫੈਡਰੇਸ਼ਨ ਗਰੇਵਾਲ ਨਸ਼ਿਆਂ ਦੇ ਹੱਲੇ ਖਿਲਾਫ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਗਰੂਕਤਾ ਮੁਹਿੰਮ ਕਰੇਗੀ ਆਰੰਭ



**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**- ਅੱਜ ਜਦ ਕਿ ਸਰਕਾਰ ਦੀ ਮਿਲੀਭੁਗਤ ਨਾਲ ਪੰਜਾਬ 'ਚ ਛੇਵਾਂ ਨਸ਼ਿਆਂ ਦਾ ਦਰਿਆ ਵਗਾਇਆ ਜਾ ਰਿਹਾ ਹੈ ਤਾਂ ਸਿੱਖ ਸਟੂਡੈਂਟ ਫੈਡਰੇਸ਼ਨ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਜਥੇਬੰਦੀਆਂ ਦੇ ਵੱਡੇ ਸਹਿਯੋਗ ਨਾਲ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਾਗਰੂਕਤਾ ਮੁਹਿੰਮ ਆਰੰਭ ਕਰੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਜਰਨਲ ਸਕੱਤਰ ਅਤੇ ਸਿੱਖ ਸਟੂਡੈਂਟ ਫੈਡਰੇਸ਼ਨ ਦੇ ਮੁੱਖ ਸੇਵਾਦਾਰ ਭਾਈ ਗੁਰਚਰਨ ਸਿੰਘ ਗਰੇਵਾਲ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਨਤਮਸਤਕ ਹੁੰਦਿਆਂ ਜਥੇਬੰਦੀ ਦੇ ਨੌਜਵਾਨਾਂ ਦੀ ਇਕ ਮੀਟਿੰਗ ਦੌਰਾਨ ਸੰਬੋਧਨ ਹੁੰਦਿਆਂ ਕੀਤਾ। ਭਾਈ ਗਰੇਵਾਲ ਨੇ ਕਿਹਾ ਕਿ ਅੱਜ ਡੇਢ ਸਾਲ ਬੀਤਣ ਪਿੱਛੋਂ ਵੀ 15 ਅਗਸਤ ਸਮੇਂ ਅਗਲੀ 15 ਅਗਸਤ ਤੱਕ ਨਸ਼ੇ ਖਤਮ ਕਰਨ ਦੇ ਦਾਅਵੇ ਦੇ ਐਲਾਨ ਨੇ ਸਪੱਸ਼ਟ ਕਰ ਦਿੱਤਾ ਕਿ ਪੰਜਾਬ ਦੇ ਭਵਿੱਖ ਲਈ ਇਨ੍ਹਾਂ ਲੋਕਾਂ ਦੀ ਸੋਚ ਅਤੇ ਮਨਸਾ ਕੀ ਹੈ। ਅੱਜ ਦੇ ਹਾਲਾਤ ਸਮੇਂ ਪੰਜਾਬ ਦੇ ਵਾਰਸਾਂ ਨੂੰ ਸਮਝਣਾ ਪਵੇਗਾ ਕਿ ਰਾਜਸੀ ਚਿੱਕੜ ਉਛਾਲੀ ਤੋਂ ਉੱਪਰ ਉੱਠ ਕੇ ਇਨ੍ਹਾਂ ਦੇ ਝਾਂਸੇ 'ਚ ਆ ਕੇ ਮੁੱਖ ਮੁੱਦੇ ਨੂੰ ਭੁਲਾਉਣ ਦੀ ਕੋਝੀ ਚਾਲ ਤੋਂ ਬਚਣ ਲਈ ਧੜਿਆਂ ਤੋਂ ਉੱਪਰ ਉੱਠ ਕੇ ਲਾਮਬੰਦੀ ਦੀ ਲੋੜ ਹੈ। ਫੈਡਰੇਸ਼ਨ ਇਸ ਸਾਡੇ ਕਾਰਜ ਲਈ ਹਰ ਜਥੇਬੰਦੀ ਤੱਕ ਪਹੁੰਚ ਕਰੇਗੀ। ਇਸ ਮੀਟਿੰਗ 'ਚ ਨੌਜਵਾਨ ਆਗੂਆਂ ਨੇ ਵੀ ਵਿਚਾਰ ਰੱਖੇ। ਇਸ ਸਮੇਂ ਬਾਬਾ ਦੀਪ ਸਿੰਘ ਗਤਕਾ ਅਖਾੜਾ ਰੋਪੜ ਦੇ ਬੱਚੇ ਮਹਿਕਦੀਪ ਕੌਰ ਅਤੇ ਲਕਸ਼ਪ੍ਰੀਤ ਸਿੰਘ ਵੱਲੋਂ ਨੈਸ਼ਨਲ ਪੱਧਰ 'ਤੇ ਸੋਨਾ ਤੇ ਕਾਂਸੀ ਤਗਮਾ ਜਿੱਤਣ 'ਤੇ ਸਨਮਾਨ ਕੀਤਾ ਗਿਆ। ਇਸ ਸਮੇਂ ਮੀਤ ਪ੍ਰਧਾਨ ਜਥੇਦਾਰ ਗੁਰਦੀਪ ਸਿੰਘ, ਜਥੇਦਾਰ ਰਣਜੋਤ ਸਿੰਘ, ਗਤਕਾ ਕੋਚ ਸਤਨਾਮ ਸਿੰਘ, ਤਰਨਜੀਤ ਸਿੰਘ ਟਰਬਨ ਕਿੰਗ, ਹਰਦੀਪ ਸਿੰਘ, ਕੁਲਬੀਰ ਸਿੰਘ, ਲਵਪ੍ਰੀਤ ਸਿੰਘ, ਅਰਸਪ੍ਰੀਤ ਸਿੰਘ, ਦਰਸਨ ਸਿੰਘ ਰਾਏ, ਨਵਦੀਪ ਸਿੰਘ ਅਸਰੋ, ਦਿਲਬਾਗ ਸਿੰਘ ਬਾਗਾ, ਹਰਸਿਮਰਨ ਸਿੰਘ ਪ੍ਰਧਾਨ, ਪ੍ਰਧਾਨ ਜਤਿੰਦਰ ਸਿੰਘ, ਕਰਨੈਲ ਸਿੰਘ, ਮੋਹਣ ਸਿੰਘ ਜਿੰਦਾਪੁਰ, ਜਸਵੀਰ ਸਿੰਘ, ਹਿੰਮਤ ਸਿੰਘ ਰਾਜਾ ਜ਼ਿਲ੍ਹਾ ਪ੍ਰਧਾਨ, ਮੋਹਣ ਸਿੰਘ ਮੁਹੰਮਦੀਪੁਰ ਕੌਮੀ ਮੀਤ ਪ੍ਰਧਾਨ ਤੇ ਪ੍ਰਧਾਨ ਦਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਲਾਲਪੁਰਾ ਨੇ ਕੀਤਾ ਚੌਧਰੀ ਪਰਵਾਰ ਨਾਲ ਦੁੱਖ ਸਾਂਝਾ



**ਭਲਾਣ (ਹਰਭਜਨ ਢਿੱਲੋਂ)**—ਸਮਾਜ ਸੇਵੀ ਚੌਧਰੀ ਮੋਹਨ ਲਾਲ ਮਹਿਲਵਾਂ ਦੇ ਪਿਤਾ ਚੌਧਰੀ ਪ੍ਰਕਾਸ਼ ਚੰਦ ਦੇ ਅਕਾਲ ਚਲਾਣੇ 'ਤੇ ਭਾਜਪਾ ਦੇ ਜ਼ਿਲ੍ਹਾ ਭਾਜਪਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਉਨ੍ਹਾਂ ਦੇ ਗ੍ਰਹਿ ਪਿੰਡ ਮਹਿਲਵਾਂ ਵਿਖੇ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਪਰਵਾਰ ਦੇ ਮੁਖੀ ਦੇ ਅਚਾਨਕ ਚਲੇ ਜਾਣ ਨਾਲ ਵਾਹਿਗੁਰੂ ਪਵਿਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਅਤੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਮੀਤ ਪ੍ਰਧਾਨ ਕੰਵਰ ਪੌਸਵਲ, ਚੌਧਰੀ ਜੀਵਨ ਕੁਮਾਰ ਭੀਖਾਪੁਰ, ਗੋਹਲਣੀ ਮੰਡਲ ਪ੍ਰਧਾਨ ਬਰਿੰਦਰ ਕੁਮਾਰ ਵਿੱਕੀ, ਅਰਜਿਤ ਸੈਣੀ ਸਹਿਜੋਵਾਲ, ਪਰਮੀਤ ਸਿੰਘ ਬੌਬੀ, ਵਿਜੇ ਬਹਾਦਰ, ਸੁਰਿੰਦਰ ਕੁਮਾਰ, ਬਲਵੀਰ ਕੁਮਾਰ ਸਾਰਦਾ, ਰਾਮ ਕੁਮਾਰ, ਬਾਲੀਰਾਮ ਸਿੰਘ, ਪ੍ਰੇਮ ਕੁਮਾਰ ਸ਼ਰਮਾ, ਮੂਲਰਾਜ ਗੋਗੀ, ਸੋਮ ਨਾਥ, ਰਜਿੰਦਰ ਕੁਮਾਰ, ਛੋਟੂ ਰਾਮ ਪੰਚ ਆਦਿ ਹਾਜਰ ਸਨ।

# ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਤ ਖੇਤਰ 'ਚ ਮੈਡੀਕਲ ਕੈਂਪ ਜਾਰੀ : ਡਾ. ਕਰਨ ਸੈਣੀ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੜ੍ਹ ਪ੍ਰਭਾਵਤ ਮੰਡ ਖੇਤਰ ਦੇ ਲੋਕਾਂ ਨੂੰ ਵੱਖ-ਵੱਖ ਵਿਭਾਗਾ ਵੱਲੋਂ ਹਰ ਤਰ੍ਹਾਂ ਦੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਇਸੇ ਤਹਿਤ ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਡਾ. ਕਰਨ ਕੁਮਾਰ ਸੈਣੀ ਐਸ.ਐਮ.ਓ ਟਾਂਡਾ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ 24 ਘੰਟੇ ਮੈਡੀਕਲ ਕੈਂਪ ਲਗਾ ਕੇ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ । ਜਿਸ ਤਹਿਤ ਟਾਹਲੀ ਮੰਡ, ਫੱਤਾ ਕੁੱਲਾ, ਅਬਦੁੱਲਾਪੁਰ, ਗੰਧੋਵਾਲ ਵਿਖੇ ਕੈਂਪ ਲਗਾ ਕੇ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਜਿਸ ਤਹਿਤ ਹੜ੍ਹਾਂ ਦੇ ਪਾਣੀ ਤੋਂ ਹੋਣ ਵਾਲੀਆਂ ਵੱਖ ਵੱਖ ਬਿਮਾਰੀਆਂ ਤੋਂ ਬਚਾਅ ਲਈ ਜ਼ਰੂਰੀ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਕਲੋਰੀਨ ਦੀਆਂ ਗੋਲੀਆਂ ਪਾਣੀ ਨੂੰ ਸਾਫ ਕਰਨ ਲਈ ਦਿੱਤੀਆ ਜਾ ਰਹੀਆਂ ਹਨ । ਇਸ ਮੌਕੇ ਡਾ. ਕਰਨ ਕੁਮਾਰ ਸੈਣੀ ਨੇ ਅਪੀਲ ਕੀਤੀ ਕਿ ਉਹ ਇਸ ਮੈਡੀਕਲ ਕੈਂਪਾਂ ਦਾ ਵੱਧ ਤੋਂ ਵੱਧ ਫਾਇਦਾ ਉਠਾਉਣ ਤਾ ਜੋ ਬਿਮਾਰੀਆਂ ਤੋਂ ਬਚਿਆ ਜਾ ਸਕੇ। ਇਨ੍ਹਾਂ ਟੀਮਾਂ ਵਿਚ ਡਾ. ਸਰੋਜ ਰਾਣੀ, ਡਾ.ਰਵੀ ਕੁਮਾਰ, ਡਾ. ਦੀਪਕ, ਡਾ.ਬਿਸੰਬਰ ਲਾਲ, ਡਾ.ਵਿਨੈ, ਗੁਰਦੀਪ ਸਿੰਘ, ਬਲਜੀਤ ਸਿੰਘ, ਹਰਜਿੰਦਰ ਸਿੰਘ, ਲਖਨਪਾਲ ਸਿੰਘ, ਗੁਰਜੋਤ ਸਿੰਘ, ਗੁਰਪ੍ਰੀਤ ਸਿੰਘ, ਹਰਵਿੰਦਰ ਸਿੰਘ, ਪਰਦੀਪ ਕੁਮਾਰ, ਰਵਿੰਦਰ ਸਿੰਘ, ਜਤਿੰਦਰ ਸਿੰਘ, ਰੰਜੀਵਪਾਲ ਸਿੰਘ, ਕੁਲਵੀਰ ਸਿੰਘ, ਗੁਰਜੀਤ ਸਿੰਘ, ਅਵਤਾਰ ਸਿੰਘ ਆਦਿ ਹਾਜ਼ਰ ਸਨ।

# ਖੇਡਾਂ ਨਾਲ ਸਰੀਰ ਦੇ ਨਾਲ-ਨਾਲ ਦਿਮਾਗ ਦੀ ਵੀ ਹੁੰਦੀ ਕਸਰਤ-ਚੌਹਾਨ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸਿਹਤਮੰਦ ਨਿਰੋਗ ਅਤੇ ਤਾਕਤਵਰ ਸਰੀਰ ਲਈ ਖੇਡਾਂ ਮਹੱਤਵਪੂਰਨ ਸਥਾਨ ਰੱਖਦੀਆਂ ਹਨ। ਖੇਡਾਂ ਨਾਲ ਸਰੀਰ ਦੇ ਨਾਲ-ਨਾਲ ਦਿਮਾਗ ਦੀ ਵੀ ਕਸਰਤ ਹੁੰਦੀ ਹੈ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੱਖਣ ਲਾਲ ਚੌਹਾਨ ਸਾਬਕਾ ਇੰਚਾਰਜ ਬਹੁਜਨ ਸਮਾਜ ਪਾਰਟੀ ਨੇ ਡਾਕਟਰ ਅੰਬੇਡਕਰ ਪਾਰਕ ਨਵਾਂਸ਼ਹਿਰ ਵਿਖੇ ਟੂਰਨਾਮੈਂਟ ਦੇ ਉਦਘਾਟਨ ਮੌਕੇ ਕੀਤਾ। ਉਨ੍ਹਾਂ ਅੱਗੇ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਨੇ ਜਕੜਿਆ ਹੋਇਆ ਹੈ। ਨਸ਼ਿਆਂ ਦੇ ਵਪਾਰੀਆਂ ਨੂੰ ਵੱਖ ਵੱਖ ਰਾਜਨੀਤਿਕ ਦਲਾਂ ਦਾ ਸਮੇਂ-ਸਮੇਂ 'ਤੇ ਸਹਿਯੋਗ ਮਿਲਦਾ ਰਿਹਾ ਹੈ। ਨਸ਼ਿਆਂ ਤੋਂ ਦੁੱਖੀ ਹੋਏ ਲੋਕਾਂ ਨੇ ਸਰਕਾਰਾਂ ਨੂੰ ਬਦਲ ਕੇ ਵੀ ਦੇਖ ਲਿਆ ਪਰ ਕੋਈ ਵੀ ਸਰਕਾਰ ਠੱਲ੍ਹ ਨਹੀਂ ਪਾ ਸਕੀ। ਲੋਕਾਂ ਨੂੰ ਆਪ ਮੁਹਾਰੇ ਹੋ ਕੇ ਨਸ਼ਿਆਂ ਦੇ ਖਿਲਾਫ ਲੜਾਈ ਲੜਨੀ ਪਵੇਗੀ। ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅੱਗੇ ਆਉਣਾ ਪਵੇਗਾ। ਖੇਡਾਂ ਦੇ ਮੈਦਾਨ ਵੀ ਨਸ਼ਿਆਂ ਤੋਂ ਛੁਟਕਾਰਾ ਪਾਉਣ ਲਈ ਬਹੁਤ ਵਧੀਆ ਯੋਗ ਸਾਧਨ ਹੈ। ਆਪਣੇ ਬੱਚਿਆਂ ਨੂੰ ਚੰਗੇ ਸਾਹਿਤ ਪੜ੍ਹਨ ਦੇ ਨਾਲ ਨਾਲ ਖੇਡਾਂ ਲਈ ਵੀ ਪ੍ਰੇਰਿਤ ਕਰਨਾ ਚਾਹੀਦਾ ਹੈ। ਇਸ ਮੌਕੇ ਹੋਰਾਂ ਤੋਂ ਇਲਾਵਾ ਦੀਪਕ ਰਾਜ, ਨਵਨੀਤ ਕੁਮਾਰ,ਮਾਨਵ ਕੁਮਾਰ,ਆਰੀਅਨ, ਮੁਨੀਸ਼ ਕੁਮਾਰ, ਜੋਬਨ ਕੁਮਾਰ, ਵਿਵੇਕ ਕੁਮਾਰ ਅਤੇ ਧਰਮਵੀਰ ਆਦਿ ਸ਼ਾਮਿਲ ਰਹੇ।

# ਗਾਇਕ ਕੇ ਐੱਸ ਕਰਨ ਦਾ ਨਵਾਂ ਗੀਤ 'ਠੰਢੀ ਹਵਾ' ਯੂਟਿਊਬ ਚੈਨਲ 'ਤੇ ਰਿਲੀਜ਼

**ਕਾਲਾ ਸੰਘਿਆਂ (ਮਨਜੀਤ ਮਾਨ )**-ਗਾਇਕ ਕੇ ਐੱਸ ਕਰਨ ਦੀ ਪਿਆਰੀ ਅਤੇ ਮਿੱਠੀ ਅਵਾਜ਼ ਵਿਚ ਇਕ ਨਵਾਂ ਰੋਮਾਂਟਿਕ ਗੀਤ ਸੀਮਾਰੂ ਪੰਜਾਬੀ ਦੇ ਯੂਟਿਊਬ ਚੈਨਲ 'ਤੇ ਰਿਲੀਜ਼ ਹੋਇਆ ਹੈ ਜਿਸ ਦਾ ਟਾਈਟਲ ਹੈ - "ਠੰਢੀ ਹਵਾ"। "ਠੰਢੀ ਹਵਾ" ਗੀਤ ਨੂੰ ਗੀਤਕਾਰ ਰਾਹੀ ਪੱਤਰ ਦੁਆਰਾ ਲਿਖਿਆ ਗਿਆ ਅਤੇ ਇਸ ਦਾ ਸੰਗੀਤ ਅਤੇ ਪੋਸਟਰ ਡਿਜ਼ਾਇਨ ਵਿਕਰਮ ਵਿੱਕੀ ਦੁਆਰਾ ਤਿਆਰ ਕੀਤਾ ਗਿਆ। ਵੀਡਿਓ ਡਾਇਰੈਕਟਰ ਹੈਰੀ ਕਾਹਲੋਂ ਨੇ ਇਸ ਗਾਣੇ ਦੀ ਵੀਡੀਓ ਸ਼ੂਟ ਕੀਤੀ ਅਤੇ ਐਡੀਟਰ ਸੋਨੂੰ ਸ਼ਰਮਾ ਦੁਆਰਾ ਵੀਡੀਓ ਦੀ ਐਡੀਟਿੰਗ ਦਾ ਕੰਮ ਮੁਕੰਮਲ ਹੋਇਆ। ਇਸ ਗੀਤ ਵਿੱਚ ਐਮ ਕੇ ਮੁਸਕਾਨ ਨੇ ਇਕ ਮਾਡਲ ਵਜੋਂ ਕੰਮ ਕੀਤਾ।



# ਕਿਸਾਨਾਂ 'ਤੇ ਕੀਤਾ ਗਿਆ ਅੰਨ੍ਹੇਵਾਹ ਲਾਠੀਚਾਰਜ ਅਤਿ ਨਿੰਦਣਯੋਗ : ਪ੍ਰਸ਼ੋਤਮ ਅਹੀਰ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**-ਪ੍ਰਸ਼ੋਤਮ ਅਹੀਰ ਸੂਬਾ ਪ੍ਰਧਾਨ ਲੇਬਰ ਵਿੰਗ ਸੰਯੁਕਤ ਸਮਾਜ ਮੋਰਚਾ ਪੰਜਾਬ ਨੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਸੂਬਾ ਸਰਕਾਰ ਦੇ ਤਸ਼ੱਦਦ ਦਾ ਸ਼ਿਕਾਰ ਹੋਏ ਸ਼ਹੀਦ ਕਿਸਾਨ ਪ੍ਰੀਤਮ ਸਿੰਘ ਦੀ ਸ਼ਹੀਦੀ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਆਪਣੇ ਹੱਕਾਂ ਦੀ ਰਾਖੀ ਲਈ ਆਪਣੇ ਹੱਕ ਹਕੂਕ ਬਹਾਲ ਕਰਵਾਉਣ ਲਈ ਹੜ੍ਹ ਪੀੜਤਾਂ ਨੂੰ ਮੁਆਵਜ਼ੇ ਦਿਵਾਉਣ ਲਈ ਗਰੀਬ ਗੁਰਬੇ 'ਤੇ ਹੋ ਰਹੇ ਅੱਤਿਆਚਾਰਾਂ ਵਿਰੁੱਧ ਸੂਬਾ ਅਤੇ ਕੇਂਦਰ ਸਰਕਾਰ ਖਿਲਾਫ ਸ਼ਾਂਤਮਈ ਢੰਗ ਅਪਣਾਉਂਦੇ ਹੋਏ ਅਨੁਸ਼ਾਸਨੀ ਤਰੀਕੇ ਨਾਲ ਆਪਣੀ ਅਵਾਜ਼ ਬੁਲੰਦ ਕਰ ਰਹੇ ਮਿਹਨਤਕਸ਼ ਕਿਸਾਨ ਵੀਰਾਂ ਉਪਰ ਹੋਏ ਲੌਂਗੋਵਾਲ ਵਿਖੇ ਲਾਠੀਚਾਰਜ ਦੀ ਘਟਨਾ ਘੋਰ ਨਿੰਦਣਯੋਗ ਹੈ। ਇਸ ਘਟਨਾ ਨੇ ਸੂਬਾ ਸਰਕਾਰ ਦਾ ਚਿਹਰਾ ਨੰਗਾ ਕੀਤਾ ਹੈ ਕਿ ਇਹ ਕਿਸਾਨ ਤੇ ਜਮਹੂਰੀਅਤ ਵਿਰੋਧੀ ਹੈ, ਤਾਨਾਸ਼ਾਹੀ ਸਰਕਾਰ ਹੈ ਬਲਕਿ ਅਣਮਨੁੱਖੀ ਤੇ ਜ਼ਾਲਮ ਵੀ ਹੈ, ਕਿਸਾਨਾਂ 'ਤੇ ਅੱਤਿਆਚਾਰ ਜਬਰ ਜ਼ੁਲਮ ਦੀ ਅੱਤ ਹੈ।



ਇਸ ਘਟਨਾ ਲਈ ਉਨ੍ਹਾਂ ਸਰਕਾਰ ਪਾਸੋਂ ਲਾਠੀਚਾਰਜ ਕਰਨ ਵਾਲੇ ਜ਼ਿੰਮੇਵਾਰ ਅਫਸਰਾਂ ਉਪਰ ਜਲਦ ਤੋਂ ਜਲਦ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਤੇ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਨੂੰ ਜਲਦ ਤੋਂ ਜਲਦ ਰਿਹਾਅ ਕਰਨ ਦੀ ਮੰਗ ਕੀਤੀ ਹੈ।

# ਦਿਵਿਆਂਗਜਨਾਂ ਦੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਨਾਲ ਵਿਚਾਰਿਆ ਜਾਵੇਗਾ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਸੂਬੇ ਦੇ ਦਿਵਿਆਂਗਜਨਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ। ਇਸੇ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ.ਬਲਜੀਤ ਕੌਰ ਨੇ ਦਿਵਿਆਂਗ ਐਸੋਸੀਏਸ਼ਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਵਿਭਾਗਾਂ, ਕਾਰਪੋਰੇਸ਼ਨਾਂ ਤੇ ਬੋਰਡਾਂ ਵਿੱਚ ਦਿਵਿਆਂਗ ਵਰਗ ਨਾਲ ਸਬੰਧਤ ਖਾਲੀ ਅਤੇ ਬੈਕਲਾਗ ਦੀਆਂ ਅਸਾਮੀਆਂ ਨੂੰ ਭਰਨ, ਦਿਵਿਆਂਗ ਮੁਲਾਜਮਾਂ ਦੀ ਤਰੱਕੀ ਕਰਨ, ਦਿਵਿਆਂਗ ਖਿਡਾਰੀ ਵਰਗ ਨਾਲ ਸਬੰਧਤ ਮੰਗਾਂ, ਦਿਵਿਆਂਗ ਵਰਗ ਦੀਆਂ ਪੈਨਸ਼ਨ ਸਬੰਧੀ ਮੰਗਾਂ, ਦਿਵਿਆਂਗ ਵਰਗ ਦੇ ਇੱਕ ਸਹਿਯੋਗੀ ਨੂੰ ਮੁਫਤ ਬੱਸ ਸਫਰ, ਦਿਵਿਆਂਗਾਂ ਦੇ ਬੱਚਿਆਂ ਦੀ ਫੀਸ ਮਾਫ ਕਰਨਾ ਦੀ ਸਹੂਲਤਾਂ ਤੋਂ ਇਲਾਵਾ ਹੋਰ ਜਾਇਜ਼ ਮੰਗਾਂ ਦਾ ਛੇਤੀ ਹੀ ਹੱਲ ਕੱਢਿਆ ਜਾਵੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ ਦਿਵਿਆਂਗ ਵਰਗ ਦਾ ਜੀਵਨ ਸੁਖਾਲਾ ਬਣਾਉਣ ਲਈ ਵਚਨਬੱਧ ਹੈ।

ਮੰਤਰੀ ਨੇ ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਵਿਸ਼ਵਾਸ਼ ਦਿਵਾਇਆ ਕਿ ਉਹਨਾਂ ਦੀਆਂ ਜਾਇਜ ਮੰਗਾਂ ਤੇ ਵਿਚਾਰ ਕਰਕੇ ਹੱਲ ਕੀਤਾ ਜਾਵੇਗਾ। ਇਸ ਮੌਕੇ ਵਿਸ਼ੇਸ਼ ਮੁੱਖ ਸਕੱਤਰ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਸ੍ਰੀਮਤੀ ਰਾਜੀ ਪੀ. ਸ੍ਰੀਵਾਸਤਵਾ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਸ੍ਰੀਮਤੀ ਮਾਧਵੀ ਕਟਾਰੀਆ, ਐਡੀਸ਼ਨਲ ਡਾਇਰੈਕਟਰ ਚਰਨਜੀਤ ਸਿੰਘ ਹਾਜ਼ਰ ਸਨ।

# ਫਿਰਕੂ ਧਰੁਵੀਕਰਨ ਤੋਂ ਬਿਨਾਂ ਮੋਦੀ 2024 ਦੀਆਂ ਚੋਣਾਂ ਨਹੀਂ ਜਿੱਤੇਗਾ : ਸੇਖੋਂ



**ਨੰਗਲ (ਪੱਤਰ ਪ੍ਰੇਰਕ)**- ਹਿੰਦ ਕਮਿਊਨਿਸਟ ਪਾਰਟੀ ਮਾਰਕਸਵਾਦੀ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਸਥਾਨਕ ਭੜੋਲੀਆਂ ਭਵਨ ਵਿਖੇ ਬਜਿੰਦਰ ਪੰਡਤ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਹਾਜ਼ਰ ਹੋਏ।

ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਵਿਛੜ ਚੁੱਕੇ ਪਾਰਟੀ ਆਗੂ ਬਲਵੀਰ ਸਿੰਘ ਮਹਿੰਦਪੁਰ, ਰਾਜੀਵ ਸ਼ਰਮਾ,ਹਰੀ ਸਿੰਘ ਤਲਵੰਡੀ ਤੋਂ ਇਲਾਵਾ ਹੜ੍ਹਾਂ ਦੀ ਭੇਂਟ ਚੜੇ ਲੋਕਾਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ।

ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੇਸ਼ ਵਿਚ ਫਿਰਕੂ ਧਰੁਵੀਕਰਨ ਤੋਂ ਬਿਨਾਂ 2024 ਦੀਆਂ ਲੋਕ ਸਭਾ ਚੋਣਾਂ ਨਹੀਂ ਜਿੱਤ ਸਕਦੀ। ਇਸੇ ਕਾਰਨ ਮਨੀਪੁਰ ਵਿਚ ਘੱਟ ਗਿਣਤੀ ਲੋਕਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਹਰਿਆਣਾ ਦੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਫਿਰਕੂ ਜਹਿਰ ਵੰਡਿਆ ਜਾ ਰਿਹਾ ਹੈ।

ਉਨ੍ਹਾਂ ਨੇ ਕਿਹਾ ਕਿ ਪਾਰਟੀ ਦੀ ਕੇਂਦਰੀ ਕਮੇਟੀ ਦੇ ਸੱਦੇ ਤੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਪਹਿਲੀ ਸਤੰਬਰ ਤੋਂ ਸੱਤ ਸਤੰਬਰ ਤੱਕ ਜਨਤਕ ਮੁਹਿੰਮ ਚਲਾਈ ਜਾਵੇਗੀ। ਕੇਂਦਰ ਦੀ ਮੋਦੀ ਸਰਕਾਰ ਸੰਘਵਾਦ ਉਪਰ ਹਮਲਾ ਕਰਦੇ ਹੋਏ ਜਨਤਕ ਉਧਾਰ ਲੈਣ ਦੀ ਪ੍ਰੀਭਾਸ਼ਾ ਨੂੰ ਹੀ ਬਦਲ ਦਿੱਤਾ ਹੈ ਜੋ ਰਾਜ ਸਰਕਾਰਾਂ ਦੇ ਵਿੱਤੀ ਆਕਾਰ ਨੂੰ ਹੋਰ ਘਟਾ ਦਿੰਦੀ ਹੈ। ਰਾਜਾਂ ਦੇ ਅਧਿਕਾਰਾਂ ਉਪਰ ਲਗਾਤਾਰ ਹਮਲੇ ਤੇਜ ਹੋ ਰਹੇ ਹਨ। ਗਿਆਨਵਾਪੀ ਮਸਜਿਦ ਕੰਪਲੈਕਸ ਦਾ ਸਰਵੇਖਣ ਇਜਾਜਤ ਦੇ ਦਿੱਤੀ ਗਈ ਹੈ। ਜਦ ਕਿ 1991ਵਿੱਚ ਨਿਆਂ ਪਾਲਿਕਾ ਪੂਜਾ ਸਥਾਨਾਂ ਦੇ ਕਾਨੂੰਨ ਨੂੰ ਸਖਤੀ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ ਹੈ। ਦੇਸ ਵਿਚ ਮਹਿੰਗਾਈ ਲਗਾਤਾਰ ਵੱਧਦੀ ਜਾ ਰਹੀ ਹੈ। ਸੇਖੋਂ ਨੇ ਕਿਹਾ ਕਿ ਪੰਜਾਬ ਸਰਕਾਰ ਫੇਲ ਸਾਬਤ ਹੋ ਗਈ ਹੈ। ਜੋ ਵਾਅਦੇ ਚੋਣ ਤੋਂ ਪਹਿਲਾਂ ਕੀਤੇ ਸਨ ਉਨ੍ਹਾਂ ਕੋਹਾਂ ਦੂਰ ਚੱਲ ਰਹੀ ਹੈ। ਉਨ੍ਹਾਂ ਨੇ ਪੁਲਸ ਵੱਲੋਂ ਕਿਸਾਨਾਂ ਨਾਲ ਕੀਤੀ ਜਾ ਰਹੀ ਧੱਕੇਸ਼ਾਹੀ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਕਿਹਾ ਕਿ ਕਿਸਾਨਾਂ ਦੀਆਂ ਮੁਸ਼ਕਲਾਂ ਤੁਰੰਤ ਹੱਲ ਕੀਤੀਆਂ ਜਾਣ। ਜ਼ਿਲ੍ਹਾ ਸਕੱਤਰ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ ਪਹਿਲੀ ਤੋਂ ਸੱਤ ਸਤੰਬਰ ਤੱਕ ਜਨਤਕ ਮੁਹਿੰਮ ਚਲਾਈ ਜਾਵੇਗੀ। ਜਿਸ ਦੀਆਂ ਤਿਆਰੀਆਂ ਲਈ ਤਹਿਸੀਲ ਕਮੇਟੀਆਂ ਦੀ ਮੀਟਿੰਗਾਂ ਤੈਅ ਕੀਤੀਆਂ ਗਈਆਂ ਹਨ। 26 ਅਗਸਤ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਮੀਟਿੰਗ ਪਚਰੰਡੇ ਵਿਖੇ, ਨੰਗਲ ਦੀ ਮੀਟਿੰਗ 27 ਅਗਸਤ ਨੂੰ ਨੰਗਲ ਵਿਖੇ ਅਤੇ ਰੋਪੜ ਦੀ ਮੀਟਿੰਗ 28 ਅਗਸਤ ਨੂੰ ਹੋਵੇਗੀ। ਮੀਟਿੰਗ ਵਿੱਚ ਪ੍ਰੇਮ ਚੰਦ ਜਟੱਪੁਰ, ਭਜਨ ਸਿੰਘ ਸੰਦੋਆ, ਮਹਿੰਦਰ ਸਿੰਘ ਸੰਗਤਪੁਰ, ਜਸਵਿੰਦਰ ਸਿੰਘ ਭੰਗਲ, ਪ੍ਰੋਮਿਲਾ ਦੇਵੀ, ਗੀਤਾ ਰਾਮ ਕਰਤਾਰਪੁਰ, ਗੁਰਦੇਵ ਸਿੰਘ ਬਾਗੀ, ਕਰਨੈਲ ਸਿੰਘ ਬਜਰੂੜ ਵੀ ਹਾਜਰ ਸਨ।

# 'ਸੈਂਟਰ ਆਫ ਐਕਸੀਲੈਂਸ' ਵਿਖੇ ਗੈਸਟ ਲੈਕਚਰ ਤੇ ਪਲੇਸਮੈਂਟ ਕੈਂਪ



**ਫਗਵਾੜਾ, ( ਡਾ. ਰਮਨ, ਜਸਵਿੰਦਰ ਢੱਡਾ )** : ਪੰਜਾਬ ਹੁਨਰ ਵਿਕਾਸ ਮਿਸ਼ਨ ਵਲੋਂ ਐਸੋਸੀਏਟਡ ਚੈਂਬਰ ਆਫ ਕਾਮਰਸ ਐਂਡ ਇੰਡਸਟਰੀ ਆਫ ਇੰਡਿਆ ਦੇ ਸਹਿਯੋਗ ਨਾਲ ਰਾਜ ਦੇ ਬੇਰੋਜ਼ਗਾਰ ਨੌਜਵਾਨਾਂ ਨੂੰ ਹੁਨਰ ਸਿਖਲਾਈ ਦੇਣ ਦੇ ਮਕਸਦ ਨਾਲ ਰਾਮਗੜ੍ਹੀਆ ਆਈ.ਟੀ.ਆਈ. ਕਾਲਜ ਰਾਮਪੁਰ ਕਲਿਆਣ ,ਫਗਵਾੜਾ ਵਿਖੇ ਇੱਕ ਸਮੇਂ 240 ਪ੍ਰਾਰਥੀਆਂ ਦੀ ਸਮਰੱਥਾ ਵਾਲਾ "ਸੈਂਟਰ ਆਫ ਐਕਸੀਲੈਂਸ" ਚਲਾਇਆ ਜਾ ਰਿਹਾ ਹੈ। ਆਟੋਮੋਟਿਵ ਮਸ਼ੀਨ ਅਪਰੇਟਰ ਅਤੇ ਇਲੈਕਟ੍ਰੀਕਲ ਅਤੇ ਇਲੈਕਟ੍ਰੋਨਿਕਸ ਅਸੈਂਬਲੀ ਫਿਟਰ ਦੇ ਪਹਿਲੇ ਬੈਚ ਦੇ ਵਿਦਿਆਰਥੀਆਂ ਨੂੰ ਗੈਸਟ ਲੈਕਚਰ ਦੇ ਲਈ ਸੋਨਲੀਕਾ ਗਰੁੱਪ ਦੇ ਵਾਈਸ ਪ੍ਰੈਜ਼ੀਡੈਂਟ ਜੇ. ਐਸ. ਚੌਹਾਨ ਅਤੇ ਟ੍ਰੇਨਿੰਗ ਹੈਡ ਪੰਕਜ ਵਸ਼ਿਸ਼ਟ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਉਨਾਂ ਵਲੋਂ ਪ੍ਰਾਰਥੀਆਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਕੋਰਸ ਪੂਰਾ ਹੋਣ ਤੋਂ ਬਾਅਦ ਉਪਲਬਦ ਰੋਜਗਾਰ ਮੌਕਿਆਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੂੰ ਹੁਨਰ ਵਿਕਾਸ ਦੁਆਰਾ ਪ੍ਰਾਈਵੇਟ ਖੇਤਰ ਵਿੱਚ ਆਪਣਾ ਕਰੀਅਰ ਬਣਾਉਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਤੋਂ ਇਲਾਵਾ ਸੈਂਟਰ ਵਿਖੇ ਇੱਕ ਪਲੇਸਮੈਂਟ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਇਲਾਕੇ ਦੀਆਂ ਪ੍ਰਾਈਵੇਟ ਖੇਤਰ ਦੀਆਂ ਨਾਮਵਾਰ ਕੰਪਨੀਆਂ ਜਿਵੇਂ ਜੀ.ਐਨ.ਏ. ਐਕਸਲ, ਫਲੇਅਰ ਗਲਾਸ ਪ੍ਰਾਈਵੇਟ ਲਿਮਿਟਡ ਅਤੇ ਕਾਸਟੈਕ ਪ੍ਰਾਈਵੇਟ ਲਿਮਿਟਡ ਆਦਿ ਵਲੋਂ ਭਾਗ ਲਿਆ ਗਿਆ। ਜ਼ਿਲ੍ਹਾ ਰੋਜ਼ਗਾਰ ਉੱਤਪਤੀ, ਹੁਨਰ ਵਿਕਾਸ ਅਤੇ ਸਿਖਾਲਈ ਅਫਸਰ ਸ਼੍ਰੀਮਤੀ ਨੀਲਮ ਮਹੇ ਵਲੋਂ ਦੱਸਿਆ ਗਿਆ ਕਿ ਇਸ ਕੈਂਪ ਵਿੱਚ ਕੁੱਲ 61 ਪ੍ਰਾਰਥੀਆਂ ਵਲੋਂ ਭਾਗ ਲਿਆ ਗਿਆ ਜਿਸ ਵਿੱਚ ਜੀ.ਐਨ.ਏ ਵਲੋਂ 12 ਲੜਕੇ ਅਤੇ 16 ਲੜਕੀਆਂ , ਕਾਸਟੈਕ ਵਲੋਂ 01 ਲੜਕੇ ਅਤੇ ਫਲੇਅਰ ਗਲਾਸ ਵਲੋਂ 06 ਲੜਕਿਆਂ ਦੀ ਮੌਕੇ 'ਤੇ ਸਿਲੈਕਸ਼ਨ ਕੀਤੀ ਗਈ।

# ਸੰਵਿਧਾਨ ਨੂੰ ਬਚਾਉਣ ਲਈ ਬਾਬਾ ਸਾਹਿਬ ਦੇ ਆਦਰਸ਼ਾਂ 'ਤੇ ਚੱਲਣਾ ਸਮੇਂ ਦੀ ਲੋੜ-ਰਿੰਕੂ

**ਜਲੰਧਰ( ਸੁਰਿੰਦਰ ਕੁਮਾਰ)** ਲੋਕ ਸਭਾ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਨੌਜਵਾਨਾਂ ਨੂੰ ਸਮਾਜ ਵਿੱਚ ਬਰਾਬਰੀ, ਭਾਈਚਾਰਕ ਸਾਂਝ ਅਤੇ ਸੰਵਿਧਾਨ ਨੂੰ ਬਚਾਉਣ ਲਈ ਭਾਰਤ ਰਤਨ ਡਾ.ਬੀ.ਆਰ.ਅੰਬੇਦਕਰ ਦੀ ਵਿਚਾਰਧਾਰਾ 'ਤੇ ਚੱਲਣ ਦਾ ਸੱਦਾ ਦਿੱਤਾ ਹੈ । ਇੱਥੇ ਸਥਾਨਕ ਨਕੋਦਰ ਰੋਡ 'ਤੇ ਸਥਿਤ ਡਾ.ਬੀ.ਆਰ.ਅੰਬੇਦਕਰ ਭਵਨ ਵਿਖੇ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਸੰਸਦ ਮੈਂਬਰ ਨੇ ਕਿਹਾ ਕਿ ਡਾ: ਅੰਬੇਦਕਰ ਦੀ ਵਿਚਾਰਧਾਰਾ ਨੂੰ ਸਮਾਜ ਦੇ ਹਰ ਕੋਨੇ ਤੱਕ ਪਹੁੰਚਾਇਆ ਜਾਣਾ ਚਾਹੀਦਾ ਹੈ ਅਤੇ ਨੌਜਵਾਨ ਇਸ ਮਹੱਤਵਪੂਰਨ ਕਾਰਜ ਵਿਚ ਅਹਿਮ ਭੂਮਿਕਾ ਨਿਭਾ ਸਕਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਲਈ ਬਾਬਾ ਸਾਹਿਬ ਡਾ: ਅੰਬੇਦਕਰ ਵੱਲੋਂ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਇਹੀ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

ਉਨ੍ਹਾਂ ਬਾਬਾ ਸਾਹਿਬ ਨੂੰ ਸਮੁੱਚੀ ਮਾਨਵਤਾ ਦੇ ਆਗੂ ਦੱਸਦਿਆਂ ਕਿਹਾ ਕਿ ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰ ਦੇ ਸੰਵਿਧਾਨ ਦਾ ਖਰੜਾ ਤਿਆਰ ਕਰਨਾ ਬਾਬਾ ਸਾਹਿਬ ਦਾ ਲਾਮਿਸਾਲ ਯੋਗਦਾਨ ਹੈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦਾ ਸਮੁੱਚਾ ਜੀਵਨ ਸਮਾਜਿਕ ਨਿਆਂ, ਸਮਾਨਤਾ ਅਤੇ ਗਰੀਬਾਂ ਅਤੇ ਦੱਬੇ ਕੁਚਲੇ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਸਮਰਪਿਤ ਸੀ। ਇਸ ਤੋਂ ਪਹਿਲਾਂ ਉਨ੍ਹਾਂ ਇੱਥੇ ਸਥਾਪਿਤ ਮਹਾਤਮਾ ਬੁੱਧ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਮਿਸ਼ਨ ਦੇ ਪ੍ਰਧਾਨ ਪ੍ਰੋਫੈਸਰ ਸੋਹਣ ਲਾਲ, ਜਨਰਲ ਸਕੱਤਰ ਜੀ.ਸੀ ਕੌਲ, ਵਿੱਤ ਸਕੱਤਰ ਬਲਦੇਵ ਭਾਰਦਵਾਜ, ਰਾਮਲਾਲ ਜੱਸੀ, ਹਰਮੇਸ਼ ਜੱਸਲ, ਚਰਨ ਦਾਸ ਅਤੇ ਹੋਰ ਅਧਿਕਾਰੀ ਹਾਜਰ ਸਨ।

# ਚਿੱਪ ਵਾਲੇ ਸਮਾਰਟ ਮੀਟਰਾਂ ਵਿਰੁੱਧ ਗਰਜੇ ਚੂਹੜਪੁਰ ਨਿਵਾਸੀ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )**- ਪਾਵਰਕੌਮ ਵੱਲੋਂ ਬਿਜਲੀ ਖਪਤਕਾਰਾਂ ਦੇ ਘਰਾਂ ਦੇ ਸਮਾਰਟ ਮੀਟਰ ਲਾਉਣ ਦੇ ਵਿਰੋਧ 'ਚ ਬਣੇ 'ਸਮਾਰਟ ਮੀਟਰ ਵਿਰੋਧੀ ਫਰੰਟ' ਵੱਲੋਂ 28 ਅਗਸਤ ਨੂੰ ਪਾਵਰਕੌਮ ਦੇ ਨਿਗਰਾਨ ਇੰਜੀਨੀਅਰ ਦੇ ਨਵਾਂਸ਼ਹਿਰ ਦਫਤਰ ਅੱਗੇ ਦਿੱਤੇ ਜਾ ਰਹੇ ਧਰਨੇ ਦੀ ਤਿਆਰੀ ਵਜੋਂ ਅੱਜ ਪਿੰਡ ਚੂਹੜਪੁਰ ਵਿਖੇ ਦੋ ਮੀਟਿੰਗਾਂ ਕੀਤੀਆਂ ਗਈਆਂ। ਇਕ ਮੀਟਿੰਗ ਕਿਸਾਨੀ ਦੀ ਅਤੇ ਦੂਜੀ ਮਜ਼ਦੂਰਾਂ ਦੀ ਸੀ। ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਫਰੰਟ ਦੇ ਆਗੂ ਜਸਬੀਰ ਦੀਪ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਤਹਿਸੀਲ ਪ੍ਰਧਾਨ ਪਰਮਜੀਤ ਸਿੰਘ ਸ਼ਹਾਬਪੁਰ ਨੇ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਇਕ ਨਿੱਜੀ ਕੰਪਨੀ ਦੇ ਸਮਾਰਟ ਮੀਟਰ ਲਾ ਕੇ ਪਾਵਰਕੌਮ ਨੂੰ ਨਿੱਜੀ ਹੱਥਾਂ ਵਿਚ ਦੇਣ ਦੀ ਤਾਕ 'ਚ ਹੈ। ਇਸ ਕੰਪਨੀ ਵੱਲੋਂ ਬਿਜਲੀ ਖਰਚ ਕਰਨ ਤੋਂ ਪਹਿਲਾਂ ਹੀ ਇਨ੍ਹਾਂ ਪ੍ਰੀਪੇਡ ਮੀਟਰਾਂ ਰਾਹੀਂ ਪੈਸੇ ਵਸੂਲ ਕਰ ਲਏ ਜਾਇਆ ਕਰਨਗੇ ਜਦਕਿ ਹੁਣ ਖਪਤਕਾਰ ਬਿਜਲੀ ਦੀ ਵਰਤੋਂ ਪਹਿਲਾਂ ਕਰਦਾ ਹੈ ਅਤੇ ਇਸ ਦੇ ਪੈਸੇ ਦੋ ਮਹੀਨੇ ਬਾਅਦ ਦਿੰਦਾ ਹੈ। ਇਨ੍ਹਾਂ ਮਹਿੰਗੇ ਸਮਾਰਟ ਮੀਟਰਾਂ ਦੀ ਕੀਮਤ ਦਾ ਬੋਝ ਵੀ ਬਿਜਲੀ ਖਪਤਕਾਰਾਂ ਉੱਤੇ ਪਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਮਾਰਟ ਮੀਟਰਾਂ ਦਾ ਸੰਚਾਲਨ ਨਿੱਜੀ ਕੰਪਨੀ ਕੋਲ ਜਾਣ ਨਾਲ ਲੋਕਾਂ ਦੀ ਮੁਫਤ ਅਤੇ ਸਸਤੀ ਬਿਜਲੀ ਦੀ ਸਹੂਲਤ ਖਤਮ ਕਰ ਦਿੱਤੀ ਜਾਵੇਗੀ। ਆਗੂਆਂ ਕਿਹਾ ਕਿ ਲੋਕ ਇਨ੍ਹਾਂ ਸਮਾਰਟ ਮੀਟਰਾਂ ਦਾ ਤਿੱਖਾ ਵਿਰੋਧ ਕਰ ਰਹੇ ਹਨ। ਚੂਹੜਪੁਰ ਦੇ ਲੋਕਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ 28 ਅਗਸਤ ਦੇ ਧਰਨੇ ਵਿਚ ਭਾਰੀ ਗਿਣਤੀ ਵਿਚ ਸ਼ਮੂਲੀਅਤ ਕਰਨਗੇ। ਇਨ੍ਹਾਂ ਮੀਟਿੰਗਾਂ ਵਿਚ ਔਰਤਾਂ ਨੇ ਵੀ ਭਰਵੀਂ ਸ਼ਮੂਲੀਅਤ ਕੀਤੀ। ਇਸ ਮੌਕੇ ਸਾਧੂ ਸਿੰਘ, ਸਰਬਣ ਸਿੰਘ ਸਾਬਕਾ ਸਰਪੰਚ, ਸੁਰਿੰਦਰ ਸਿੰਘ ਸਰਪੰਚ, ਗੁਰਨੇਕ ਸਿੰਘ, ਪਲਵਿੰਦਰ ਸਿੰਘ, ਪਾਖਰ ਰਾਮ ਅਤੇ ਹੋਰ ਸਥਾਨਕ ਆਗੂ ਵੀ ਮੌਜੂਦ ਸਨ।

# ਪੰਜ ਜ਼ਿਲ੍ਹਿਆਂ ਦੇ ਐੱਨ ਪੀ ਐੱਸ ਮੁਲਾਜ਼ਮ 27 ਨੂੰ ਦੇਣਗੇ ਮੰਗ ਪੱਤਰ



**ਸ੍ਰੀ ਅਨੰਦਪੁਰ ਸਾਹਿਬ .(ਅਰਵਿੰਦਰ ਸਿੰਘ ਬਿੰਦੀ)**-27 ਅਗਸਤ ਨੂੰ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਪੁਰਾਣੀ ਪੈਨਸ਼ਨ ਬਹਾਲੀ ਦੇ ਲਈ ਐਸ ਓ ਪੀ ਜਾਰੀ ਕਰਵਾਉਣ ਦੇ ਲਈ ਜ਼ਿਲ੍ਹਾ ਰੂਪਨਗਰ,ਸ਼ਹੀਦ ਭਗਤ ਸਿੰਘ ਨਗਰ,ਫਗਵਾੜਾ,ਹੁਸ਼ਿਆਰਪੁਰ ,ਜਲੰਧਰ ਦੇ ਸੈਂਕੜੇ ਐੱਨ ਪੀ ਐੱਸ ਮੁਲਾਜਮ ਮੰਗ ਪੱਤਰ ਦੇਣਗੇ। ਇਸ ਸਬੰਧ ਵਿੱਚ ਸੂਬਾ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਜਸਵੀਰ ਤਲਵਾੜਾ, ਸੂਬਾ ਪ੍ਰੈਸ ਸਕੱਤਰ ਪ੍ਰੇਮ ਸਿੰਘ ਠਾਕੁਰ,ਗੁਰਿੰਦਰਪਾਲ ਸਿੰਘ ਖੇੜੀ ,ਗੁਰਦਿਆਲ ਮਾਨ ,ਸੱਤ ਪ੍ਰਕਾਸ਼ ਅਤੇ ਵਰਿੰਦਰ ਵਿੱਕੀ ਨੇ ਦੱਸਿਆ ਕਿ ਬੇਸ਼ੱਕ ਪੰਜਾਬ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਬਹਾਲੀ ਸਬੰਧੀ ਐਲਾਨ ਕਰ ਦਿੱਤਾ ਹੈ ਪਰ ਉਸ ਤੋਂ ਬਾਦ ਲੰਬਾ ਸਮਾਂ ਬੀਤ ਜਾਣ 'ਤੇ ਵੀ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਪੁਰਾਣੀ ਪੈਨਸ਼ਨ ਬਹਾਲੀ ਲਈ ਐਸ ਓ ਪੀ ਜਾਰੀ ਨਹੀਂ ਕੀਤੀ ਗਈ ਜਿਸ ਦੇ ਕਾਰਨ ਪੰਜਾਬ ਦੇ ਲੱਖਾਂ ਐਨ ਪੀ ਐਸ ਮੁਲਾਜਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਪੈਨਸ਼ਨ ਬਹਾਲੀ ਸਬ ਕਮੇਟੀ ਦੇ ਮੈਂਬਰ ਹਨ ਇਸ ਲਈ 27 ਅਗਸਤ ਨੂੰ ਉਪਰੋਕਤ ਜ਼ਿਲ੍ਹਿਆਂ ਦੇ ਸਾਥੀ ਵੱਡੇ ਇਕੱਠ ਦੇ ਵਿੱਚ ਬੈਂਸ ਨੂੰ ਮੰਗ ਪੱਤਰ ਦੇ ਕੇ ਜਲਦੀ ਐਸ ਓ ਪੀ ਜਾਰੀ ਕਰਨ ਲਈ ਕਹਿਣਗੇ ।

ਇਸ ਮੌਕੇ ਉਪਰੋਕਤ ਦੇ ਇਲਾਵਾ ਬਲਵਿੰਦਰ ਸਿੰਘ ਰੈਲੋ ,ਗਰਨ ਰਾਣਾ ,ਓਮ ਪ੍ਰਕਾਸ਼ ,ਜਰਨੈਲ ਸਿੰਘ ,ਹਰਭਜਨ ਸਿੰਘ ,ਦਿਲਾਵਰ ਸਿੰਘ ,ਅਮਨਦੀਪ ਸਿੰਘ ,ਮਨਜੀਤ ਸਿੰਘ ਰਾਣਾ , ਗਰਪ੍ਰੀਤ ਸਿੰਘ ਬੇਦੀ ,ਹਰਪ੍ਰੀਤ ਸਿੰਘ ,ਰਵੀ ਕੁਮਾਰ ,ਯੋਗੇਸ਼ ਕੁਮਾਰ ,ਰਾਜੀਵ ਕੁਮਾਰ,ਸਰਬਜੀਤ ਸਿੰਘ ,ਬਖਸ਼ੀਸ਼ ਸਿੰਘ ,ਹਰਨੇਕ ਸਿੰਘ ,ਰਾਜਵੀਰ ਸਿੰਘ ਚੌਤਾ,ਮਹਿੰਦਰ ਪਾਲ ਸਿੰਘ ਖੇੜੀ,ਗੁਰਚਰਨ ਸਿੰਘ ,ਅਨਿਲ ਮੋਰਿੰਡਾ ,ਅਜੇ ਕੁਮਾਰ ,ਮਨੀਸ਼ ਕੁਮਾਰ,ਅਮਰਜੀਤਪਾਲ ਸਿੰਘ ਆਦਿ ਹਾਜਰ ਸਨ ।

# ਗੰਦਗੀ ਕੋਲੋਂ ਸਕੂਲੀ ਬੱਚੇ ਮੂੰਹ ਢਕ ਕੇ ਲੰਘਣ ਲਈ ਮਜਬੂਰ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਚਮਕੌਰ ਸਾਹਿਬ ਸ਼ਹਿਰ 'ਚ ਪਿਛਲੇ ਇੱਕ ਮਹੀਨੇ ਤੋਂ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਸ਼ਹਿਰ ਦੇ 13 ਵਾਰਡਾਂ 'ਚ ਲੋਕਾਂ ਵੱਲੋਂ ਸੁੱਟੀ ਗੰਦਗੀ ਚੁੱਕ ਕੇ ਬੱਸ ਸਟੈਂਡ ਦੇ ਪਿਛਲੇ ਪਾਸੇ ਸੁੱਟੀ ਜਾ ਰਹੀ ਹੈ ਜੋ ਕਿ ਦਿਨੋ ਦਿਨ ਵਧਦੀ ਜਾ ਰਹੀ ਪਰ ਨਗਰ ਕੌਂਸਲ ਦੇ ਅਧਿਕਾਰੀ ਇਸ ਪਈ ਗੰਦਗੀ ਨੂੰ ਡੰਪ ਵਿਚ ਸੁੱਟਣ ਤੋਂ ਅਸਮਰੱਥ ਜਾਪ ਰਹੇ ਹਨ ਸਗੋਂ ਕਿਸੇ ਬਿਮਾਰੀ ਫੈਲਣ ਦਾ ਇੰਤਜ਼ਾਰ ਕਰ ਰਹੇ ਹਨ । ਇਸ ਗੰਦਗੀ ਕੋਲੋਂ ਲੰਘਣਾ ਬਹੁਤ ਮੁਸ਼ਕਲ ਹੋਇਆ ਪਿਆ ਹੈ। ਗਰਮੀ ਹੋਣ ਕਾਰਨ ਗੰਦਗੀ ਵਿਚੋਂ ਭਾਰੀ ਬਦਬੂ ਆ ਰਹੀ ਹੈ, ਜਿਸ ਕਾਰਨ ਸਕੂਲੀ ਵਿਦਿਆਰਥੀਆਂ ਅਤੇ ਰਾਹਗੀਰਾਂ ਨੂੰ ਕੋਲੋਂ ਲੰਘਦੇ ਸਮੇਂ ਮੂੰਹ 'ਤੇ ਰੁਮਾਲ ਰੱਖ ਕੇ ਜਾਣਾ ਪੈਂਦਾ ਹੈ। ਜਿਸ ਥਾਂ 'ਤੇ ਗੰਦਗੀ ਦੇ ਢੇਰ ਲੱਗੇ ਹੋਏ ਹਨ, ਉੱਥੋਂ ਕੁਝ ਦੂਰੀ 'ਤੇ ਜਲ ਸਪਲਾਈ ਦੇ ਦਫਤਰ ਸਮੇਤ ਪ੍ਰਾਇਮਰੀ ਤੇ ਸਰਕਾਰੀ ਕੰਨਿਆ ਸਕੂਲ ਸਮੇਤ ਗੁਰਦੁਆਰਾ ਭਾਈ ਹਿੰਮਤ ਸਿੰਘ ਸਥਿਤ ਹਨ ਪਰ ਦਿਨੋ ਦਿਨ ਗੰਦਗੀ ਦੇ ਢੇਰ ਵਧਦੇ ਹੀ ਜਾ ਰਹੇ ਹਨ, ਜਿਸ ਕਾਰਨ ਇਨ੍ਹਾਂ ਗੰਦਗੀ ਦੇ ਢੇਰਾਂ ਦੀ ਬਦਬੂ ਸਕੂਲਾਂ ਤੱਕ ਵੀ ਪਹੁੰਚ ਰਹੀ ਹੈ । ਸਕੂਲੀ ਵਿਦਿਆਰਥੀ ਅਤੇ ਅਧਿਆਪਕਾਂ ਸਮੇਤ ਹੋਰ ਮੁਲਾਜ਼ਮ ਵੀ ਇਸ ਰਸਤੇ ਰਾਹੀਂ ਹੀ ਲੰਘਣ ਲਈ ਮਜਬੂਰ ਹਨ, ਕਿਉਂਕਿ ਉਨ੍ਹਾਂ ਦੇ ਦਫਤਰਾਂ ਤੇ ਸਕੂਲਾਂ ਨੂੰ ਇਹੀ ਰਸਤਾ ਜਾਂਦਾ ਹੈ। ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਦਾ ਰੈਣ ਬਸੇਰਾ ਵੀ ਇਸ ਗੰਦਗੀ ਦੇ ਢੇਰਾਂ ਦੇ ਨਜ਼ਦੀਕ ਹੀ ਹੈ। ਜਦੋਂ ਇਸ ਸੰਬੰਧੀ ਨਗਰ ਕੌਂਸਲ ਦੇ ਸੈਨੇਟਰੀ ਇੰਸਪੈਕਟਰ ਰਾਜਿੰਦਰਪਾਲ ਨਾਲ ਗੱਲ ਕੀਤੀ ਤਾਂ ਉਨ੍ਹਾ ਦੱਸਿਆ ਕਿ ਜਿੱਥੇ ਕੂੜਾ ਡੰਪ ਬਣਿਆ ਹੋਇਆ ਹੈ, ਉੱਥੇ ਮੀਂਹ ਦਾ ਪਾਣੀ ਪਿਛਲੇ ਮਹੀਨੇ ਆਏ ਹੜ੍ਹਾਂ ਕਾਰਨ ਜਮ੍ਹਾਂ ਹੋਣ ਕਾਰਕੇ ਗੱਡੀਆਂ ਤੇ ਟਰੈਕਟਰ ਟਰਾਲੀਆਂ ਨਹੀਂ ਜਾ ਸਕੀਆਂ, ਕਿਉਂਕਿ ਪਾਣੀ ਜ਼ਿਆਦਾ ਹੋਣ ਕਾਰਨ ਗੱਡੀਆਂ ਫਸ ਜਾਂਦੀਆਂ ਹਨ, ਜਿਸ ਕਾਰਨ ਉਕਤ ਥਾਂ 'ਤੇ ਕੂੜਾ ਸੁਟਾਇਆ ਗਿਆ ਸੀ । ਉਹ ਇਸ ਪਏ ਕੂੜੇ ਨੂੰ ਜਲਦੀ ਹੀ ਸਾਫ ਕਰਵਾ ਕੇ ਉਕਤ ਡੰਪ 'ਤੇ ਸੁਟਵਾ ਦੇਣਗੇ ।

# ਅੰਨਦਾਤੇ 'ਤੇ ਪੰਜਾਬ ਸਰਕਾਰ ਦਾ ਜ਼ੁਲਮ ਨਾ-ਸਹਿਣਯੋਗ : ਦਸੂਹਾ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**- ਪੰਜਾਬ ਦੇ ਅੰਨਦਾਤੇ 'ਤੇ ਪੰਜਾਬ ਸਰਕਾਰ ਦਾ ਜ਼ੁਲਮ ਨਾ ਸਹਿਣਯੋਗ ਹੈ, ਇਸ ਦੀ ਜਿੰਨੀ ਨਿਖੇਧੀ ਕੀਤੀ ਜਾਏ ਓਨੀ ਘੱਟ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਉੜਮੁੜ ਟਾਂਡਾ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਇੰਚਾਰਜ ਤੇ ਉੱਘੇ ਸਮਾਜ ਸੇਵੀ ਮਨਜੀਤ ਸਿੰਘ ਦਸੂਹਾ ਨੇ ਅੱਜ ਪ੍ਰੈੱਸ ਨਾਲ ਵਿਸ਼ੇਸ਼ ਗੱਲਬਾਤ ਦੌਰਾਨ ਕੀਤਾ। ਉਨ੍ਹਾ ਕਿਹਾ ਕਿ ਜੇਕਰ ਪੰਜਾਬ ਦਾ ਕਿਸਾਨ ਆਪਣੀਆਂ ਹੱਕੀ ਮੰਗਾਂ ਸੰਬੰਧੀ ਰੋਸ ਪ੍ਰਦਰਸ਼ਨ ਕਰ ਰਹੇ ਹਨ ਤਾਂ ਕੀ ਮਤਲਬ ਹੈ ਕਿ ਉਨ੍ਹਾਂ 'ਤੇ ਲਾਠੀਆਂ ਵਰ੍ਹਾ ਕੇ ਕਿਸਾਨਾਂ ਦਾ ਕਤਲ ਕਰ ਦਿੱਤਾ ਜਾਵੇ। ਉਨ੍ਹਾ ਕਿਹਾ ਕਿ ਜੇਕਰ ਪੰਜਾਬ ਸਰਕਾਰ ਕਿਸਾਨਾਂ 'ਤੇ ਝੂਠੇ ਕੀਤੇ ਪਰਚੇ ਰੱਦ ਨਹੀਂ ਕਰਦੀ ਤੇ ਕਿਸਾਨਾਂ ਨੂੰ ਬਿਨਾਂ ਦੇਰੀ ਰਿਹਾਅ ਨਹੀਂ ਕਰਦੀ ਤਾਂ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਕਿਸਾਨਾਂ ਨਾਲ ਹਿੱਕ ਢਾਹ ਕੇ ਅੱਗੇ ਹੋ ਕੇ ਖੜ੍ਹੇਗਾ। ਉਨ੍ਹਾ ਕਿਹਾ ਕਿ ਅੱਜ ਤੱਕ ਕਿਸੇ ਹੜ੍ਹ ਪੀੜਤ ਕਿਸਾਨ ਤੇ ਮਜ਼ਦੂਰ ਨੂੰ ਪੰਜਾਬ ਸਰਕਾਰ ਦੀ ਤਰਫੋਂ ਕੋਈ ਵੀ ਰਾਹਤ ਤੇ ਮੁਆਵਜ਼ਾ ਨਹੀਂ ਮਿਲਿਆ। ਉਨ੍ਹਾ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਪੁੱਠੀ ਗਿਣਤੀ ਸ਼ੁਰੂ ਹੋ ਗਈ ਹੈ ਤੇ ਹੁਣ ਪੰਜਾਬ ਦੇ ਲੋਕਾਂ ਨੂੰ ਵੀ ਝੂਠੇ ਇਨਕਲਾਬੀਆਂ ਦੀ ਅਸਲੀਅਤ ਦਾ ਪਤਾ ਲੱਗ ਗਿਆ ਹੈ। ਇਸ ਮੌਕੇ ਸਾਬਕਾ ਜਿਲਾ ਪ੍ਰੀਸ਼ਦ ਮੈਂਬਰ ਹੁਸ਼ਿਆਰਪੁਰ ਸੁਖਵਿੰਦਰ ਸਿੰਘ ਮੂਨਕ, ਯੂਥ ਆਗੂ ਕਿਰਪਾਲ ਸਿੰਘ ਜਾਜਾ, ਡਾ. ਜਸਵੀਰ ਸਿੰਘ ਢਡਿਆਲਾ, ਮੈਨੇਜਰ ਕਸ਼ਮੀਰ ਸਿੰਘ, ਪ੍ਰਧਾਨ ਫਤਹਿ ਸਿੰਘ, ਰਣਦੀਪ ਸਿੰਘ ਚੌਹਾਨ, ਅਮੋਲਕ ਸਿੰਘ ਕਲੋਆ, ਮਨੀ ਸਿੰਘ ਕਲੋਆ, ਰਤਨ ਸਿੰਘ ਖੋਖਰ, ਅਮਰਜੀਤ ਸਿੰਘ ਖੋਖਰ, ਮਹਿੰਦਰ ਸਿੰਘ ਜੀਆ ਨੱਥਾ, ਗੁਰਦੇਵ ਸਿੰਘ ਆਦਿ ਹਾਜ਼ਰ ਸਨ।

# ਆਜ਼ਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਨੇ ਡੀ ਸੀ ਨੂੰ ਦਿੱਤਾ ਮੰਗ ਪੱਤਰ



**ਹੁਸ਼ਿਆਰਪੁਰ,, (ਬਲਬੀਰ ਸਿੰਘ ਸੈਣੀ, ਓ ਪੀ ਰਾਣਾ)**-ਪਿਛਲੇ ਸਮੇਂ ਦੌਰਾਨ ਗੁਜਰਾਂ ਵੱਲੋਂ ਪਸ਼ੂਆਂ ਨੂੰ ਖੁੱਲ੍ਹੇਆਮ ਸੜਕਾਂ ਅਤੇ ਪਿੰਡਾਂ ਦੇ ਰਸਤਿਆਂ ਵਿੱਚ ਚਰਾਉਣ ਨਾਲ ਆਮ ਲੋਕਾਂ ਅਤੇ ਜੰਗਲਾਤ ਵਿਭਾਗ ਦੀ ਸੰਪਤੀ ਦੇ ਹੋਏ ਭਾਰੀ ਨੁਕਸਾਨ ਸਬੰਧੀ ਆਈ ਸਮੱਸਿਆ ਨੂੰ ਹੱਲ ਕਰਨ ਲਈ ਉਸ ਸਮੇਂ ਦੇ ਡੀ.ਸੀ ਵੱਲੋਂ ਗੁੱਜਰਾਂ 'ਤੇ ਪਸ਼ੂਆਂ ਨੂੰ ਖੁੱਲ੍ਹੇ ਆਮ ਚਲਾਉਣ 'ਤੇ ਪਾਬੰਦੀ ਲਗਾਈ ਗਈ ਸੀ। ਪਰ ਇਸ ਪਾਬੰਦੀ ਦਾ ਨਾ ਤਾਂ ਗੁਜਰਾਂ ਉੱਪਰ ਕੋਈ ਅਸਰ ਹੈ ਨਾ ਹੀ ਸੰਬੰਧਿਤ ਪੁਲਸ ਥਾਣੇ ਦੇ ਅਧਿਕਾਰੀ ਇਹਨਾਂ ਖਿਲਾਫ ਕੋਈ ਕਾਨੂੰਨੀ ਕਾਰਵਾਈ ਕਰਦੇ ਹਨ। ਇਸ ਸਮੱਸਿਆ ਨੂੰ ਹੱਲ ਕਰਨ ਲਈ ਪਸ਼ੂਆਂ ਨੂੰ ਖੁੱਲੇ ਵਿੱਚ ਚਰਾਉਣ ਤੇ ਲੱਗੀ ਪਾਬੰਦੀ ਦੇ ਹੁਕਮ ਲਾਗੂ ਕਰਵਾਉਣ ਲਈ ਆਜਾਦ ਕਿਸਾਨ ਸੰਘਰਸ਼ ਕਮੇਟੀ ਲਾਚੋਵਾਲ ਦੇ ਪ੍ਰਧਾਨ ਪਰਮਿੰਦਰ ਸਿੰਘ ਲਾਚੋਵਾਲਾ ਦੀ ਅਗਵਾਈ ਹੇਠ ਇੱਕ ਵਫਦ ਏ ਡੀ ਸੀ ਰਾਹੁਲ ਚਾਬਾ ਨੂੰ ਮਿਲਿਆ। ਵਫਦ ਨੇ ਕਿਹਾ ਕਿ ਸਰਕਾਰੀ ਹੁਕਮ ਹੋਣ 'ਤੇ ਵੀ ਗੁੱਜਰ ਖੁੱਲ੍ਹੇ ਵਿੱਚ ਪਸ਼ੂ ਚਰਾ ਕੇ ਜਿੱਥੇ ਆਮ ਲੋਕਾਂ ਦਾ ਵੱਡਾ ਨੁਕਸਾਨ ਕਰ ਰਹੇ ਹਨ ਓਥੇ ਜੰਗਲਾਤ ਮਹਿਕਮੇ ਵੱਲੋਂ ਹਰ ਸਾਲ ਬਹੁਤ ਮਿਹਨਤ ਨਾਲ ਲਗਾਏ ਜਾਂਦੇ ਬੂਟਿਆਂ ਦਾ ਵੱਡੀ ਪੱਧਰ 'ਤੇ ਨੁਕਸਾਨ ਕਰਦੇ ਹਨ। ਇਸ ਕਰਕੇ ਖੁੱਲ੍ਹੇ ਵਿੱਚ ਪਸ਼ੂਆਂ ਨੂੰ ਚੁਰਾਉਣ 'ਤੇ ਲੱਗੇ ਪਾਬੰਦੀ ਦੇ ਹੁਕਮਾਂ ਨੂੰ ਤੁਰੰਤ ਲਾਗੂ ਕਰਵਾਇਆ ਜਾਵੇ। ਆਗੂਆਂ ਨੇ ਸਰਕਾਰ ਵੱਲੋਂ ਸੰਗਰੂਰ ਵਿਖੇ ਕਿਸਾਨਾਂ 'ਤੇ ਕਰਵਾਏ ਗਏ ਲਾਠੀਚਾਰਜ ਦੀ ਸਖਤ ਨਿਖੇਧੀ ਕੀਤੀ। ਇਸ ਸਮੇਂ ਰਣਧੀਰ ਸਿੰਘ ਅਸਲਪੁਰ, ਹਰਪ੍ਰੀਤ ਸਿੰਘ ਲਾਲੀ, ਅਕਬਰ ਸਿੰਘ ਬੂਰੇ ਜੱਟਾਂ, ਸਤਵੰਤ ਸਿੰਘ ਮਰਾਦਪੁਰ, ਮਾਸਟਰ ਧਰਮਪਾਲ ਸਿੰਘ ਖੁਣਖੁਣ, ਜਸਪਾਲ ਸਿੰਘ ਰਾਜਾ, ਕਰਨੈਲ ਸਿੰਘ ਢੱਡੇ ਫਤਿਹ ਸਿੰਘ, ਬਿੱਕਰ ਸਿੰਘ ਸ਼ੇਰਪੁਰ, ਸਰਪੰਚ ਰਾਜ ਕੁਮਾਰ ਪੰਡੋਰੀ ਖਜੂਰ ਗੁਰਬਖਸ਼ ਸਿੰਘ ਮੁਰਾਦਪੁਰ ਤੇ ਪ੍ਰੀਤਮ ਸਿੰਘ ਆਦਿ ਹਾਜਰ ਸਨ।

# ਬੱਚਿਆਂ ਤੇ ਗਰਭਵਤੀ ਔਰਤਾਂ ਦੇ ਸੰਪੂਰਨ ਟੀਕਾਕਰਨ ਨੂੰ ਯਕੀਨੀ ਬਣਾਇਆ ਜਾਵੇ : ਡਿਪਟੀ ਕਮਿਸ਼ਨਰ



**ਨਵਾਂਸ਼ਹਿਰ, (ਮਨੋਜ ਲਾਡੀ)**-ਡਿਪਟੀ ਕਮਿਸਨਰ ਨਵਜੋਤ ਪਾਲ ਸਿੰਘ ਰੰਧਾਵਾ ਵੱਲੋਂ ਜ਼ਿਲ੍ਹੇ ਵਿੱਚ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਦੇ ਟੀਕਾਕਰਨ ਵਿੱਚ ਪਏ ਪਾੜੇ ਨੂੰ ਭਰਨ ਅਤੇ ਬੱਚਿਆਂ ਤੇ ਗਰਭਵਤੀ ਔਰਤਾਂ ਦੇ ਸੰਪੂਰਨ ਟੀਕਾਕਰਨ ਨੂੰ ਯਕੀਨੀ ਬਣਾਉਣ ਲਈ 11 ਸਤੰਬਰ ਤੋਂ ਸ਼ੁਰੂ ਹੋ ਰਹੇ ਮਿਸ਼ਨ ਇੰਦਰਧਨੁਸ਼ ਸੰਬੰਧੀ ਆਮ ਲੋਕਾਂ 'ਚ ਜਾਗਰੂਕਤਾ ਫੈਲਾਉਣ ਲਈ ਜਾਗਰੂਕਤਾ ਪੋਸਟਰ ਰਿਲੀਜ਼ ਕੀਤਾ ਗਿਆ। ਡਿਪਟੀ ਕਮਿਸਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਯੋਜਿਤ ਵਿਸ਼ੇਸ਼ ਮੀਟਿੰਗ 'ਚ ਸਿਹਤ ਵਿਭਾਗ ਸਮੇਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਜ਼ੀਰੋ ਤੋਂ ਪੰਜ ਸਾਲ ਤੱਕ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ 100 ਫੀਸਦੀ ਟੀਕਾਕਰਨ ਲਈ ਤਿੰਨ ਗੇੜਾਂ ਵਿੱਚ ਤੀਬਰ ਮਿਸ਼ਨ ਇੰਦਰਧਨੁਸ਼ ਚਲਾਇਆ ਜਾਵੇਗਾ। ਪਹਿਲੇ ਗੇੜ ਦਾ ਆਗਾਜ਼ 11 ਸਤੰਬਰ ਤੋਂ ਹੋਵੇਗਾ। ਦੂਜਾ ਗੇੜ 9 ਅਕਤੂਬਰ ਤੋਂ ਚਲਾਇਆ ਜਾਵੇਗਾ ਜੋ ਕਿ 14 ਅਕਤੂਬਰ ਤੱਕ ਜਾਰੀ ਰਹੇਗਾ। ਤੀਜਾ ਗੇੜ ਨਵੰਬਰ ਮਹੀਨੇ ਦੇ ਚੌਥੇ ਹਫਤੇ 20 ਨਵੰਬਰ ਤੋਂ 25 ਨਵੰਬਰ ਤੱਕ ਚੱਲੇਗਾ। ਇਸ ਮਿਸ਼ਨ ਦਾ ਮੁੱਖ ਮੰਤਵ ਬੱਚਿਆਂ ਤੇ ਗਰਭਵਤੀ ਔਰਤਾਂ ਦੇ ਸੰਪੂਰਨ ਟੀਕਾਕਰਨ ਨੂੰ ਯਕੀਨੀ ਬਣਾਉਣਾ ਹੈ ਤਾਂ ਜੋ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਸੰਪੂਰਨ ਟੀਕਾਕਰਨ ਕਰਕੇ ਬਾਲ ਅਤੇ ਮਾਤਰੀ ਮੌਤ ਦਰ ਨੂੰ ਘਟਾਇਆ ਜਾ ਸਕੇ। ਉਨ੍ਹਾਂ ਮਿਸ਼ਨ ਇੰਦਰਧਨੁਸ਼ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਸੰਬੰਧਤ ਵਿਭਾਗਾਂ ਨੂੰ ਜ਼ਿਲ੍ਹਾ ਸਿਹਤ ਵਿਭਾਗ ਨਾਲ ਹਰ ਪੱਖੋਂ ਸਹਿਯੋਗ ਕਰਨ ਲਈ ਕਿਹਾ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਪੰਜ ਸਾਲ ਤੱਕ ਦੀ ਉਮਰ ਦੇ ਜਿਹੜੇ ਬੱਚੇ ਕਿਸੇ ਵਜ੍ਹਾ ਨਾਲ ਕਿਸੇ ਟੀਕਾਕਰਨ ਤੋਂ ਵਾਂਝੇ ਰਹਿ ਗਏ ਜਾਂ ਫਿਰ ਅਧੂਰਾ ਟੀਕਾਕਰਨ ਹੋਇਆ ਹੈ, ਉਨ੍ਹਾਂ ਨੂੰ ਮਿਸ਼ਨ ਇੰਦਰਧਨੁਸ਼ ਅਧੀਨ ਫਿਕਸ, ਆਊਟਰੀਚ ਕੈਂਪਾਂ ਅਤੇ ਮੋਬਾਈਲ ਟੀਮਾਂ ਰਾਹੀਂ ਕਵਰ ਕੀਤਾ ਜਾਵੇ। ਇਸ ਤੋਂ ਇਲਾਵਾ ਜਿਹੜੇ ਬੱਚੇ ਘਰਾਂ ਵਿਚ ਪੈਦਾ ਹੁੰਦੇ ਹਨ ਅਤੇ ਉਨ੍ਹਾਂ ਬੱਚਿਆਂ ਦੀਆਂ ਜਨਮ ਖੁਰਾਕਾਂ ਵੀ ਰਹਿ ਜਾਂਦੀਆਂ ਹਨ, ਉਹ ਬੱਚੇ ਵੀ ਇਸ ਮੁਹਿੰਮ ਵਿਚ ਕਵਰ ਕੀਤੇ ਜਾਣ। ਜ਼ਿਲ੍ਹੇ ਦੇ ਜਿਨ੍ਹਾਂ ਇਲਾਕਿਆਂ ਵਿੱਚ ਮੀਜ਼ਲ ਜਾਂ ਹੋਰ ਬਿਮਾਰੀਆਂ ਦਾ ਆਊਟਬ੍ਰੇਕ ਹੋਇਆ ਹੈ, ਉਨ੍ਹਾਂ ਇਲਾਕਿਆਂ ਨੂੰ ਵੀ ਟੀਕਾਕਰਨ ਲਈ ਮਾਈਕ੍ਰੋਪਲਾਨ ਵਿਚ ਸ਼ਾਮਲ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਵੱਖ-ਵੱਖ ਬਿਮਾਰੀਆਂ ਦੀ ਰੋਕਥਾਮ ਲਈ ਸਾਨੂੰ ਪੂਰੀ ਤਰ੍ਹਾਂ ਚੌਕਸ ਰਹਿਣ ਦੀ ਲੋੜ ਹੈ। ਇਸ ਲਈ ਸ਼ਹਿਰੀ ਤੇ ਪੇਂਡੂ ਇਲਾਕਿਆਂ ਦੇ ਨਾਲ-ਨਾਲ ਹਾਈ ਰਿਸਕ ਖੇਤਰਾਂ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਦੇ ਸੰਪੂਰਨ ਟੀਕਾਕਰਨ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਜਾਵੇ। ਇਹ ਮਿਸ਼ਨ ਉਨ੍ਹਾਂ ਖੇਤਰਾਂ ਵਿੱਚ ਵੀ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾਵੇ, ਜਿੱਥੇ ਨਿਯਮਤ ਟੀਕਾਕਰਨ ਵਿੱਚ ਮੁਸ਼ਕਲਾਂ ਆਉਂਦੀਆਂ ਹਨ। ਇਸ ਮਿਸ਼ਨ ਤਹਿਤ ਟੀਕਾਕਰਨ ਲਈ ਜ਼ਿਲ੍ਹੇ ਦੀਆਂ ਝੁੱਗੀਆਂ-ਝੌਂਪੜੀਆਂ, ਇੱਟਾਂ ਦੇ ਭੱਠਿਆਂ, ਸ਼ੈੱਲਰਾਂ, ਦਾਣਾ ਮੰਡੀਆਂ, ਉਸਾਰੀ ਅਧੀਨ ਇਮਾਰਤਾਂ ਵਿਚ ਰਹਿੰਦੇ ਪ੍ਰਵਾਸੀ ਮਜ਼ਦੂਰਾਂ ਦੇ ਬੱਚਿਆਂ, ਖੇਤੀਬਾੜੀ ਦੇ ਕੰਮਾਂ ਵਿਚ ਲੱਗੀ ਪ੍ਰਵਾਸੀ ਆਬਾਦੀ ਦੇ ਬੱਚਿਆਂ ਅਤੇ ਗਰਭਵਤੀ ਔਰਤਾਂ ਤੱਕ ਮੋਬਾਇਲ ਟੀਮਾਂ ਰਾਹੀਂ ਵਿਸ਼ੇਸ਼ ਪਹੁੰਚ ਬਣਾਉਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਤਿੰਨ ਗੇੜਾਂ ਦੇ ਲਾਭਪਾਤਰੀਆਂ ਨੂੰ ਯੂ-ਵਿਨ ਪੋਰਟਲ ਰਾਹੀਂ ਰਜਿਸਟਰ 'ਤੇ ਵੈਕਸੀਨੇਟ ਕੀਤਾ ਜਾਵੇ। ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਮਨਦੀਪ ਕਮਲ, ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ, ਈ ਪੀ ਆਈ ਸਹਾਇਕ ਸੁਸ਼ੀਲ ਕੁਮਾਰ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਵਿਦਿਆਰਥੀ ਯੂਨੀਅਨ ਸੀ ਵਾਈ ਐੱਸ ਐੱਸ ਦੇ ਸੰਗਠਨ ਦਾ ਕੀਤਾ ਵਿਸਥਾਰ



**ਚੰਡੀਗੜ੍ਹ, (ਗੁਰਜੀਤ ਬਿੱਲਾ )**-ਪੰਜਾਬ ਯੂਨੀਵਰਸਿਟੀ ਵਿਦਿਆਰਥੀ ਯੂਨੀਅਨ ਦੀਆਂ ਚੋਣਾਂ ਦੇ ਮੱਦੇਨਜਰ ਆਮ ਆਦਮੀ ਪਾਰਟੀ ਨੇ ਆਪਣੀ ਵਿਦਿਆਰਥੀ ਜਥੇਬੰਦੀ ਛਾਤਰ ਯੁਵਾ ਸੰਘਰਸ਼ ਸਮਿਤੀ (ਸੀਵਾਈਐਸਐਸ) ਦਾ ਵਿਸਥਾਰ ਕੀਤਾ ਹੈ। ਆਮ ਆਦਮੀ ਪਾਰਟੀ ਪੰਜਾਬ ਦੇ ਯੂਥ ਵਿੰਗ ਦੇ ਇੰਚਾਰਜ ਅਤੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੌਂਸ ਅਤੇ ਸਹਿ ਇੰਚਾਰਜ ਪਰਮਿੰਦਰ ਗੋਲਡੀ ਨੇ ਵਿਦਿਆਰਥੀਆਂ ਦਾ 14 ਮੈਂਬਰੀ ਪੈਨਲ ਨਿਯੁਕਤ ਕੀਤਾ। ਆਲਮ ਢਿੱਲੋਂ ਪ੍ਰਧਾਨ, ਰਜਿੰਦਰ ਟੂੰਬ ਪਾਰਟੀ ਪ੍ਰਧਾਨ, ਬਲਵਿੰਦਰ ਬਿੱਲਾ ਪ੍ਰਧਾਨ, ਚਿਰਾਗ ਦੂਹਾਂ ਕੈਂਪਸ ਪ੍ਰਧਾਨ, ਮਨਕੀਰਤ ਮਾਨ ਪਾਰਟੀ ਇੰਚਾਰਜ, ਦਿਪਾਂਸ਼ੂ ਮੀਤ ਪ੍ਰਧਾਨ, ਜਗਜੀਤ ਵਾਈਸ ਚੇਅਰਮੈਨ, ਦਕਸ਼ ਕੋਹਲੀ ਪਾਰਟੀ ਕੋਆਰਡੀਨੇਟਰ, ਸ਼ਿਵਾਨੀ ਪਾਰਟੀ ਕਨਵੀਨਰ, ਸ਼੍ਰੇਆ ਗੁਪਤਾ ਜਨਰਲ ਸਕੱਤਰ, ਅਭਿਸ਼ੇਕ ਉਪ ਪ੍ਰਧਾਨ, ਅਨਮੋਲ ਬੰਡੂ ਦੱਖਣੀ ਕੈਂਪਸ ਇੰਚਾਰਜ, ਗੁਰਪ੍ਰੀਤ ਸਿੰਘ ਉੱਤਰੀ ਕੈਂਪਸ ਇੰਚਾਰਜ ਅਤੇ ਇੰਦਰ ਕੈਂਪਸ ਕੋਆਰਡੀਨੇਟਰ ਵਜੋਂ ਸ਼ਾਮਲ ਹੋਏ। ਚੋਣ ਇੰਚਾਰਜ ਸੀਵਾਈਐਸਐਸ ਸੁਮਿਤ ਰਾਹੁਲ, ਸੂਬਾ ਪ੍ਰਧਾਨ ਚੰਡੀਗੜ੍ਹ ਸੰਜੀਵ ਚੌਧਰੀ, ਜਨਰਲ ਸਕੱਤਰ ਪਾਰਸ ਰਤਨ, ਜੁਆਇੰਟ ਸਕੱਤਰ ਨਵੀਨ ਚੌਧਰੀ, ਸੀਵਾਈਐਸਐਸ ਚੰਡੀਗੜ੍ਹ ਦੇ ਪ੍ਰਧਾਨ ਨਵਲਦੀਪ ਸਿੰਘ, ਕਮਲਪ੍ਰੀਤ ਅਤੇ ਅਰਸ਼ ਮਾਂਗਟ ਹਾਜ਼ਰ ਸਨ।

# ਮੁੱਖ ਮੰਤਰੀ 29 ਨੂੰ ਬਠਿੰਡਾ ਵਿਖੇ ਖੇਡਾਂ ਦਾ ਕਰਨਗੇ ਉਦਘਾਟਨ : ਮੀਤ ਹੇਅਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ 29 ਅਗਸਤ ਨੂੰ ਕੌਮੀ ਖੇਡ ਦਿਵਸ ਵਾਲੇ ਦਿਨ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਸੀਜ਼ਨ-2 ਦਾ ਉਦਘਾਟਨ ਕਰਨਗੇ। ਇਸ ਵਾਰ ਖੇਡਾਂ ਵਤਨ ਪੰਜਾਬ ਦੀਆਂ-2023 ਵਿੱਚ 5 ਨਵੀਆਂ ਖੇਡਾਂ ਸਾਈਕਲਿੰਗ, ਘੋੜਸਵਾਰੀ, ਰਗਬੀ, ਵੁਸ਼ੂ ਤੇ ਵਾਲੀਬਾਲ (ਸ਼ੂਟਿੰਗ) ਸ਼ਾਮਲ ਕੀਤੀਆਂ ਗਈਆਂ ਹਨ ਅਤੇ ਉਮਰ ਵਰਗਾਂ ਦੀ ਗਿਣਤੀ ਵੀ ਛੇ ਤੋਂ ਵਧਾ ਕੇ ਅੱਠ ਕਰ ਦਿੱਤੀ ਹੈ। ਖਿਡਾਰੀਆਂ ਦੀ ਰਜਿਸਟ੍ਰੇਸ਼ਨ ਲਈ ਮੁੱਖ ਮੰਤਰੀ ਵੱਲੋਂ ਪੋਰਟਲ ਲਾਂਚ ਕੀਤਾ ਗਿਆ ਹੈ ਜਿਸ ਉਤੇ ਖਿਡਾਰੀ ਰਜਿਸਟ੍ਰੇਸ਼ਨ ਕਰਵਾ ਰਹੇ ਹਨ। ਇਥੇ ਜਾਰੀ ਪ੍ਰੈਸ ਬਿਆਨ ਵਿੱਚ ਜਾਣਕਾਰੀ ਦਿੰਦਿਆਂ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਦੱਸਿਆ ਕਿ ਇਸ ਵਾਰ 35 ਖੇਡਾਂ ਵਿੱਚ ਅੱਠ ਉਮਰ ਵਰਗਾਂ ਦੇ ਮੁਕਾਬਲੇ ਕਰਵਾਏ ਜਾਣਗੇ।

ਖੇਡਾਂ ਦੇ ਉਦਘਾਟਨੀ ਸਮਾਰੋਹ ਵਿਖੇ ਜਲਾਈ ਜਾਣ ਵਾਲੀ ਮਸ਼ਾਲ ਮਾਰਚ ਦੀ ਯਾਤਰਾ ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਤੋਂ ਸ਼ੁਰੂ ਹੋ ਗਈ ਜਿੱਥੇ ਪਹਿਲੇ ਸੀਜ਼ਨ ਦੀਆਂ ਖੇਡਾਂ ਦਾ ਸਮਾਪਤੀ ਸਮਾਰੋਹ ਹੋਇਆ ਸੀ। ਖੇਡ ਮੰਤਰੀ ਨੇ ਅੱਗੇ ਦੱਸਿਆ ਕਿ ਇਸ ਵਾਰ ਅੱਠ ਉਮਰ ਵਰਗ ਅੰਡਰ 14, ਅੰਡਰ 17, ਅੰਡਰ 21, 21-30 ਸਾਲ, 31-40 ਸਾਲ, 41-55 ਸਾਲ, 56-65 ਸਾਲ ਅਤੇ 65 ਸਾਲ ਤੋਂ ਉਮਰ ਵਰਗ ਸ਼ਾਮਲ ਹਨ। ਅਥਲੈਟਿਕਸ, ਹਾਕੀ, ਫੁਟਬਾਲ, ਵਾਲੀਬਾਲ (ਸ਼ੂਟਿੰਗ ਤੇ ਸਮੈਸ਼ਿੰਗ), ਕਬੱਡੀ (ਸਰਕਲ ਤੇ ਨੈਸ਼ਨਲ ਸਟਾਈਲ), ਹੈਂਡਬਾਲ, ਮੁੱਕੇਬਾਜ਼ੀ, ਬਾਸਕਟਬਾਲ, ਕੁਸ਼ਤੀ, ਜੂਡੋ, ਤੀਰਅੰਦਾਜ਼ੀ, ਨਿਸ਼ਾਨੇਬਾਜ਼ੀ, ਪਾਵਰ ਲਿਫਟਿੰਗ, ਲਾਅਨ ਟੈਨਿਸ, ਬੈਡਮਿੰਟਨ, ਕਿੱਕ ਬਾਕਸਿੰਗ, ਕਾਈਕਿੰਗ ਤੇ ਕੈਨੋਇੰਗ, ਖੋ ਖੋ, ਜਿਮਨਾਸਟਕ, ਤੈਰਾਕੀ, ਨੈਟਬਾਲ, ਗੱਤਕਾ, ਸਤਰੰਜ਼, ਟੇਬਲ ਟੈਨਿਸ, ਰੋਲਰ ਸਕੇਟਿੰਗ, ਵੇਟਲਿਫਟਿੰਗ, ਸਾਫਟਬਾਲ, ਰੋਇੰਗ, ਘੋੜਸਵਾਰੀ, ਸਾਈਕਲਿੰਗ, ਵੁਸ਼ੂ, ਰਗਬੀ ਤੇ ਤਲਵਾਰਬਾਜ਼ੀ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਮੀਤ ਹੇਅਰ ਨੇ ਅੱਗੇ ਦੱਸਿਆ ਕਿ ਬਲਾਕ ਪੱਧਰੀ ਮੁਕਾਬਲੇ 1 ਤੋਂ 10 ਸਤੰਬਰ ਤੱਕ, ਜ਼ਿਲ੍ਹਾ ਪੱਧਰੀ ਮੁਕਾਬਲੇ 16 ਤੋਂ 26 ਸਤੰਬਰ ਤੱਕ ਅਤੇ ਸੂਬਾ ਪੱਧਰੀ ਮੁਕਾਬਲੇ 1 ਤੋਂ 20 ਅਕਤੂਬਰ ਤੱਕ ਕਰਵਾਏ ਜਾਣਗੇ। ਸੂਬਾ ਪੱਧਰ ਉਤੇ ਪਹਿਲੇ, ਦੂਜੇ ਤੇ ਤੀਜੇ ਸਥਾਨ ਉਤੇ ਆਉਣ ਵਾਲਿਆਂ ਨੂੰ ਕ੍ਰਮਵਾਰ 10, 7 ਤੇ 5 ਹਜ਼ਾਰ ਰੁਪਏ ਦੇ ਇਨਾਮ ਮਿਲਣਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚ ਖੇਡਾਂ ਦਾ ਸੱਭਿਆਚਾਰ ਪੈਦਾ ਕਰਨ ਅਤੇ ਪੰਜਾਬ ਨੂੰ ਖੇਡਾਂ ਵਿੱਚ ਦੇਸ਼ ਦਾ ਨੰਬਰ ਇਕ ਸੂਬਾ ਪੈਦਾ ਕਰਨ ਦੇ ਸੁਫ਼ਨੇ ਨੂੰ ਹਕੀਕੀ ਰੂਪ ਦੇਣ ਲਈ ਉਲੀਕੀਆਂ ਗਈਆਂ ਖੇਡਾਂ ਵਤਨ ਪੰਜਾਬ ਦੀਆਂ ਪਹਿਲੇ ਸਾਲ ਦੀ ਸਫਲਤਾ ਤੋਂ ਬਾਅਦ ਇਸ ਸਾਲ ਦੂਜੀਆਂ ਖੇਡਾਂ ਵਤਨ ਪੰਜਾਬ ਦੀਆਂ ਕਰਵਾਉਣਲਈ ਵਿਭਾਗ ਵੱਲੋਂ ਪੂਰੀ ਤਿਆਰੀ ਕੀਤੀ ਜਾ ਰਹੀ ਹੈ।

# ਕਿਰਤੀ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਤਿੱਖੇ ਸੰਘਰਸ਼ਾਂ ਦਾ ਹਿੱਸਾ ਬਣਨ : ਨਿਰਾਲਾ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ )** ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ (ਇਫਟੂ) ਵਲੋਂ 27 ਅਗਸਤ ਤੱਕ ਮਨਾਏ ਜਾ ਰਹੇ ਦੇਸ਼ ਵਿਆਪੀ ਸਪਤਾਹ ਦੇ ਸੱਦੇ ਤਹਿਤ ਬੀਤੀ ਸ਼ਾਮ ਪਿੰਡ ਸਲੋਹ ਵਿਖੇ ਉਸਾਰੀ ਮਿਸਤਰੀ ਮਜਦੂਰ ਯੂਨੀਅਨ ਵਲੋਂ ਮੀਟਿੰਗ ਕੀਤੀ ਗਈ। ਇਸ ਮੀਟਿੰਗ ਨੂੰ ਇਫਟੂ ਦੇ ਜ਼ਿਲ੍ਹਾ ਸਕੱਤਰ ਪਰਵੀਨ ਕੁਮਾਰ ਨਿਰਾਲਾ, ਓਮ ਪ੍ਰਕਾਸ਼ ਅਤੇ ਬਬਲੂ ਸਲੋਹ ਨੇ ਸੰਬੋਧਨ ਕੀਤਾ। ਆਗੂਆਂ ਨੇ ਕਿਹਾ ਕਿ ਬੀਤੇ ਦਿਨੀਂ ਇਫਟੂ ਦੇ ਕੌਮੀ ਜਨਰਲ ਸਕੱਤਰ ਟੀ ਸ਼੍ਰੀਨਿਵਾਸ ਦੀ ਅਗਵਾਈ ਵਿਚ ਇਫਟੂ ਦੀ ਪੰਜਾਬ ਕਮੇਟੀ ਦੀ ਮੀਟਿੰਗ ਜਲੰਧਰ ਵਿਖੇ ਹੋਈ ਸੀ ਜਿਸ ਵਿਚ ਫੈਸਲਾ ਕੀਤਾ ਗਿਆ ਸੀ ਕਿ ਪੰਜਾਬ ਭਰ ਵਿਚ ਇਸ ਮੁਹਿੰਮ ਨੂੰ ਸਫਲ ਬਣਾਇਆ ਜਾਵੇਗਾ। ਸਲੋਹ ਵਿਖੇ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਸਰਕਾਰਾਂ ਦੀਆਂ ਮਜਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਨੀਤੀਆਂ ਕਾਰਨ ਮਜਦੂਰਾਂ ਦੀ ਹਾਲਤ ਦਿਨ ਪ੍ਰਤੀ ਦਿਨ ਮਾੜੀ ਹੁੰਦੀ ਜਾ ਰਹੀ ਹੈ।ਦੇਸ਼ ਦੇ 96 ਫੀਸਦੀ ਮਜਦੂਰ ਅਸੰਗਠਿਤ ਖੇਤਰ ਵਿਚ ਕੰਮ ਕਰਦੇ ਹਨ ਜਿਹਨਾਂ ਦੀ ਨਾ ਕੰਮ ਦੀ ਗਰੰਟੀ ਹੈ,ਨਾ ਘੱਟੋ ਘੱਟ ਉਜਰਤ ਦੀ ਉਪਰੋਂ ਮਹਿੰਗਾਈ ਦਾ ਬੋਝ ਉਹਨਾਂ ਨੂੰ ਹੋਰ ਪ੍ਰੇਸ਼ਾਨ ਕਰ ਰਿਹਾ ਹੈ। ਨਾ ਤਾਂ ਉਹਨਾਂ ਦੇ ਬੱਚਿਆਂ ਲਈ ਚੰਗੀ ਵਿਦਿਆ ਦਾ ਪ੍ਰਬੰਧ ਹੈ ਅਤੇ ਨਾ ਹੀ ਉਹਨਾਂ ਦੇ ਪਰਿਵਾਰਾਂ ਲਈ ਸਿਹਤ ਸਹੂਲਤਾਂ ਹਨ। ਉਸਾਰੀ ਵਿਚ ਲੱਗੇ ਕਿਰਤੀਆਂ ਨੂੰ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਭਲਾਈ ਬੋਰਡ ਮਜਦੂਰ ਭਲਾਈ ਸਕੀਮਾਂ ਨੂੰ ਲਾਗੂ ਨਹੀਂ ਕਰ ਰਿਹਾ। ਉਹਨਾਂ ਕਿਰਤੀਆਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਤਿੱਖੇ ਸੰਘਰਸ਼ਾਂ ਦਾ ਹਿੱਸਾ ਬਣਨ।

# ਹੜ੍ਹ ਪ੍ਰਭਾਵਤ ਨੱਲ ਵਿਖੇ ਦਾਣਾ ਮੰਡੀ 'ਚ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ)**- ਹੜ੍ਹ ਪ੍ਰਭਾਵਿਤ ਲੋਕਾਂ ਲਈ ਪਿੰਡ ਨੱਲ੍ਹ ਦੀ ਦਾਣਾ ਮੰਡੀ ਵਿਖੇ ਲਗਾਏ ਗਏ ਆਰਜੀ ਰਿਹਾਇਸ਼ ਲਈ ਟੈਂਟਾਂ ਵਿਖੇ ਜਾ ਕੇ ਸਿਵਲ ਸਰਜਨ ਡਾ. ਰਮਨ ਸ਼ਰਮਾ ਅਤੇ ਜ਼ਿਲ੍ਹਾ ਪਰਵਾਰ ਭਲਾਈ ਅਫਸਰ ਡਾ. ਰਮਨ ਗੁਪਤਾ ਵੱਲੋਂ ਲੋਕਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ ਗਿਆ । ਵਰਨਣਯੋਗ ਹੈ ਕਿ ਪਿੰਡ ਨੱਲ ਦੀ ਦਾਣਾ ਮੰਡੀ ਵਿੱਚ ਕੁੱਲ 93 ਟੈਂਟ ਲੱਗੇ ਹੋਏ ਹਨ ਅਤੇ ਇਨ੍ਹਾਂ ਵਿਚੋਂ 87 ਟੈਂਟਾਂ ਵਿੱਚ ਕੁੱਲ 202 ਲੋਕਾਂ ਦੀ ਆਬਾਦੀ ਹੈ । ਸਿਵਲ ਸਰਜਨ ਨੇ ਦਾਣਾ ਮੰਡੀ ਵਿਖੇ ਟੈਂਟਾਂ ਵਿੱਚ ਰਹਿ ਰਹੇ ਲੋਕਾਂ ਦੇ ਹਾਲ ਬਾਰੇ ਜਾਣਕਾਰੀ ਲਈ ਗਈ ਅਤੇ ਸਿਹਤ ਟੀਮਾਂ ਵੱਲੋਂ ਉਨ੍ਹਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਜਾਇਜ਼ਾ ਲਿਆ। ਉਨਾਂ ਕਿਹਾ ਕਿ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਰੋਜਾਨਾ ਦੇ ਆਧਾਰ 'ਤੇ ਲੋਕਾਂ ਨੂੰ ਸਿਹਤ ਸਹੂਲਤਾਂ , ਦਵਾਈਆਂ ਤੇ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਕੀਤੇ ਜਾ ਰਹੇ ਯਤਨਾਂ ਬਾਰੇ ਰਿਪੋਰਟ ਲਈ ਜਾ ਰਹੀ ਹੈ। ਉਨ੍ਹਾਂ ਵੱਲੋਂ ਲੋਕਾਂ ਨੂੰ ਮੌਸਮੀ ਬਿਮਾਰੀਆਂ ਡੇਂਗੂ, ਡਾਇਰੀਆ, ਦਸਤ ਅਤੇ ਚਮੜੀ ਦੀਆਂ



ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਰਹਿਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਲੋਕਾਂ ਨੂੰ ਸਿਹਤ ਵਿਭਾਗ ਵੱਲੋਂ ਲਗਾਈ ਗਈ ਮੈਡੀਕਲ ਟੀਮ ਤੋਂ ਆਪਣੀ ਜਾਂਚ ਕਰਵਾ ਕੇ ਦਵਾਈਆਂ ਲੈਣ ਲਈ ਕਿਹਾ ਗਿਆ। ਸਿਵਲ ਸਰਜਨ ਵੱਲੋਂ ਮੌਕੇ 'ਤੇ ਹੀ ਐਸ.ਐਮ.ਓ. ਲੋਹੀਆਂ ਡਾ. ਸੋਨੂ ਪਾਲ ਦੇ ਨਾਲ ਵੱਖ-ਵੱਖ ਟੈਂਟਾਂ ਵਿੱਚ ਜਾ ਕੇ ਲੋਕਾਂ ਨਾਲ ਰੂਬਰੂ ਹੋਏ ਅਤੇ ਸਿਹਤ ਸੰਭਾਲ ਸੰਬੰਧੀ ਜਾਣਕਾਰੀ ਦਿੱਤੀ ਗਈ। ਡਾ. ਰਮਨ ਸ਼ਰਮਾ ਵੱਲੋਂ ਕਿਹਾ ਗਿਆ ਕਿ ਜੇਕਰ ਕਿਸੇ ਨੂੰ ਸਿਹਤ ਸੰਬੰਧੀ ਕੋਈ ਪ੍ਰੇਸ਼ਾਨੀ ਹੁੰਦੀ ਹੈ ਤਾਂ ਉਹ ਨੇੜੇ ਦੇ ਸਿਹਤ ਕੇਂਦਰ ਸੀ.ਐਚ.ਸੀ. ਲੋਹੀਆਂ ਵਿਖੇ ਇਲਾਜ ਲਈ ਸੰਪਰਕ ਕਰ ਸਕਦਾ ਹੈ ਅਤੇ ਮੁਫਤ ਸਿਹਤ ਸੇਵਾਵਾਂ ਲੈ ਸਕਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਸਿਹਤ ਸਹੂਲਤ ਲੈਣ ਲਈ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਨ੍ਹਾਂ ਨਾਲ ਸਿੱਧੇ ਤੌਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਮੂਹ ਆਸ਼ਾ ਫੈਸਿਲੀਟੇਟਰਜ਼ ਤੇ ਆਸ਼ਾ ਵਰਕਰਜ਼ ਦੀ ਮੀਟਿੰਗ ਹੋਈ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਬਲਾਕ ਚਮਕੌਰ ਸਾਹਿਬ ਦੀਆਂ ਸਮੂਹ ਆਸ਼ਾ ਫੈਸਿਲੀਟੇਟਰਜ਼ ਤੇ ਸਮੂਹ ਆਸ਼ਾ ਵਰਕਰਜ਼ ਦੀ ਮੀਟਿੰਗ ਹੋਈ। ਇਸ ਮੀਟਿੰਗ ਵਿੱਚ ਡਾ.ਗੋਬਿੰਦ ਟੰਡਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੀਜ਼ਲ ਰੁਬੇਲਾ ਦੇ ਖਾਤਮੇ ਲਈ ਦਸੰਬਰ 2023 ਤੱਕ ਟੀਚਾ ਮਿਥਿਆ ਗਿਆ। ਉਨ੍ਹਾਂ ਸਮੂਹ ਆਸ਼ਾ ਵਰਕਰਜ਼ ਨੂੰ ਹੈਡ ਕਾਊਂਟ ਸਰਵੇ ਪੂਰਾ ਕਰਨ ਦੀ ਹਦਾਇਤ ਕੀਤੀ ਤੇ ਕਿਹਾ ਪ੍ਰਵਾਸੀ ਮਜਦੂਰਾਂ ਦੀ ਆਬਾਦੀ ਵਾਲੇ ਖੇਤਰ, ਭੱਠਿਆਂ, ਨਿਰਮਾਣ ਅਧੀਨ ਇਮਾਰਤਾਂ, ਝੁਗੀਆਂ ਆਦਿ ਵਿੱਚ ਗਰਭਵਤੀ ਮਹਿਲਾਂਵਾ ਅਤੇ 0 ਤੋਂ 5 ਸਾਲ ਤੱਕ ਦੇ ਉਹ ਬੱਚੇ ਜੋ ਟੀਕਾਕਰਨ ਤੋਂ ਵਾਂਝੇ ਰਹਿ ਗਏ ਹਨ ਜਾ ਜਿਨ੍ਹਾਂ ਦਾ ਟੀਕਾਕਰਨ ਸਾਰਣੀ ਅਨੁਸਾਰ ਟੀਕਾਕਰਨ ਸਮੇਂ ਸਿਰ ਨਹੀਂ ਹੋਇਆ ਹੈ ਦੀਆਂ ਲਿਸਟਾਂ ਬਣਾਈਆਂ ਜਾਣ ਤਾਂ ਜੋ ਮਿਸ਼ਨ ਇੰਦਰਧਨੁਸ਼ ਮੁਹਿੰਮ ਵਿੱਚ ਉਨ੍ਹਾਂ ਦਾ ਟੀਕਾਕਰਨ ਕਰਕੇ ਟੀਚੇ ਨੂੰ ਪੂਰਾ ਕੀਤਾ ਜਾ ਸਕੇ। ਹਰਵਿੰਦਰ ਸਿੰਘ ਬੀ.ਈ.ਈ ਨੇ ਨੈਸ਼ਨਲ



ਹੈਲਥ ਮਿਸ਼ਨ ਅਧੀਨ ਚੱਲ ਰਹੇ ਮਾਂ ਪ੍ਰੋਗਰਾਮ, ਸਾਂਸ ਪ੍ਰੋਗਰਾਮ, ਮਮਤਾ ਦਿਵਸ, ਪ੍ਰਧਾਨ ਮੰਤਰੀ ਸੁੱਰਖਿਅਤ ਮਾਤਰਤਵ ਅਭਿਆਨ, ਜੇ.ਐਸ.ਵਾਈ, ਜਨਨੀ ਸ਼ਿਸ਼ੂ ਸੁੱਰਖਿਆ ਕਾਰਯਕ੍ਰਮ, ਅਨੀਮੀਆ ਮੁਕਤ ਭਾਰਤ, ਟੀਕਾਕਰਨ ਪ੍ਰੋਗਰਾਮ ਆਦਿ ਦੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ 11 ਸਤੰਬਰ ਤੋਂ 16 ਸਤੰਬਰ ਤੱਕ ਮਿਸ਼ਨ ਇੰਦਰਧਨੁਸ਼ ਦਾ ਪਹਿਲਾ ਰਾਊਂਡ, 9 ਅਕਤੂਬਰ ਤੋਂ 14 ਅਕਤੂਬਰ ਤੱਕ ਦੂਜਾ ਅਤੇ 20 ਨਵੰਬਰ ਤੋਂ 25 ਨਵੰਬਰ ਤੱਕ ਤੀਜਾ ਰਾਊਂਡ ਹੋਵੇਗਾ। ਜਿਸ ਵਿੱਚ ਮਾਈਗ੍ਰੇਟਰੀ ਆਬਾਦੀ ਵਿੱਚ ਗਰਭਵਤੀ ਮਹਿਲਾਂਵਾ ਤੇ 0 ਤੋਂ 5 ਸਾਲ ਦੇ ਬੱਚੇ ਜੋ ਸਮੇਂ ਸਿਰ ਟੀਕਾਕਰਨ ਤੋਂ ਵਾਂਝੇ ਰਹਿ ਗਏ ਨੇ ਉਨ੍ਹਾਂ ਦਾ ਟੀਕਾਕਰਨ ਕੀਤਾ ਜਾਵੇਗਾ। ਪਰਮਜੀਤ ਕੌਰ ਐਨ.ਐਮ.ਐਸ ਰੂਪਨਗਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਚਮੜੀ ਤੇ ਹਲਕੇ ਤਾਂਬੇ ਰੰਗ ਦੇ ਸੁੰਨ ਧੱਬੇ ਹੋਣ ਤਾਂ ਇਹ ਕੁਸ਼ਟ ਰੋਗ ਹੋ ਸਕਦਾ ਹੈ। ਕੁਸ਼ਟ ਰੋਗ ਤੋਂ ਪ੍ਰਭਾਵਿਤ ਹਿੱਸੇ ਤੇ ਮਰੀਜ ਨੂੰ ਠੰਡੇ ਤੱਤੇ ਅਤੇ ਕਿਸੇ ਵੀ ਤਰ੍ਹਾਂ ਦੀ ਸੱਟ ਲੱਗਣ ਦਾ ਪਤਾ ਨਹੀਂ ਲੱਗਦਾ ਜਿਸ ਕਾਰਨ ਸਰੀਰ ਦੀ ਕਰੂਪਤਾ ਜਾਂ ਅੰਗਹੀਣਤਾ ਹੋ ਜਾਂਦੀ ਹੈ। ਅੱਖਾਂ ਵਿੱਚ ਇਹ ਬਿਮਾਰੀ ਹੋਣ 'ਤੇ ਅੱਖ ਪੂਰੀ ਤਰ੍ਹਾਂ ਬੰਦ ਨਹੀਂ ਹੁੰਦੀ ਜਿਸ ਕਾਰਣ ਅੱਖਾਂ ਵਿੱਚ ਚਿੱਟਾ ਪੈ ਜਾਂਦਾ ਹੈ ਤੇ ਮਰੀਜ਼ ਦੇ ਦੇਖਣ ਦੀ ਸ਼ਕਤੀ 'ਤੇ ਬੁਰਾ ਅਸਰ ਪੈਂਦਾ ਹੈ। ਜੇਕਰ ਕੋਈ ਵੀ ਅਜਿਹਾ ਮਰੀਜ ਮਿਲਦਾ ਹੈ ਤਾਂ ਉਸਨੂੰ ਸਰਕਾਰੀ ਹਸਪਤਾਲ ਰੂਪਨਗਰ ਸਕਿਨ ਸਪੈਸ਼ਲਿਸਟ ਡਾਕਟਰ ਕੋਲ ਭੇਜਿਆ ਜਾਵੇ। ਸਰਕਾਰੀ ਹਸਪਤਾਲ ਰੂਪਨਗਰ ਵਿੱਚ ਕੁਸ਼ਟ ਰੋਗ ਦਾ ਇਲਾਜ਼ ਐਮ.ਡੀ.ਟੀ (ਬਹੁ-ਔਸ਼ਧੀ ਇਲਾਜ਼) ਰਾਹੀਂ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ 'ਤੇ ਡਾ.ਸਚਿਨ ਕੁਮਾਰ ਆਰ.ਬੀ.ਐਸ.ਕੇ ਨੇ ਨੈਸ਼ਨਲ ਹੈਲਥ ਮਿਸ਼ਨ ਅਧੀਨ ਸਕੂਲ ਹੈਲਥ ਪ੍ਰੋਗਰਾਮਾਂ ਬਾਰੇ ਵਿਸਥਾਰਪੂਰਨ ਜਾਣਕਾਰੀ ਦਿੱਤੀ। ਇਸ ਮੌਕੇ 'ਤੇ ਨਾਗਰ ਸਿੰਘ ਐਸ.ਆਈ, ਹਰਵਿੰਦਰ ਸਿੰਘ ਅਤੇ ਸਮੂਹ ਆਸ਼ਾ ਵਰਕਰਜ਼ ਹਾਜ਼ਰ ਸਨ। 2 (ਕੁਲਵਿੰਦਰ ਕਾਲਾ)

# ਐੱਸ ਏ ਐੱਸ ਨਗਰ ਮਸ਼ਾਲ ਮਾਰਚ ਦਾ ਸੁਆਗਤ ਕਰੇਗਾ : ਡੀ ਸੀ

**ਐਸ.ਏ.ਐਸ.ਨਗਰ, ( ਗੁਰਜੀਤ ਬਿੱਲਾ )**-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਐਸ.ਏ.ਐਸ.ਨਗਰ ਵਿੱਚ 26 ਅਗਸਤ ਨੂੰ 'ਖੇਡਾਂ ਵਤਨ ਪੰਜਾਬ ਦੀਆ' ਸੀਜਨ-2 ਦੇ ਮੱਦੇਨਜਰ "ਮਸ਼ਾਲ ਮਾਰਚ" ਕੱਢਿਆ ਜਾਵੇਗਾ। ਐਸ.ਏ.ਐਸ.ਨਗਰ ਤੋਂ ਫਤਹਿਗੜ੍ਹ ਸਾਹਿਬ ਜਾਣ ਵਾਲੇ ਮਸ਼ਾਲ ਮਾਰਚ ਦੇ ਰੂਟ ਦੀ ਯੋਜਨਾ ਬਣਾਉਣ ਲਈ ਜ਼ਿਲ੍ਹਾ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਖਿਡਾਰੀਆਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਣ ਦੇ ਆਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਮਸ਼ਾਲ ਮਾਰਚ 25 ਅਗਸਤ ਦੀ ਸ਼ਾਮ ਨੂੰ ਰੂਪਨਗਰ ਤੋਂ ਜ਼ਿਲ੍ਹੇ ਵਿੱਚ ਪੁੱਜੇਗਾ। ਮੀਟਿੰਗ ਵਿੱਚ ਏ ਡੀ ਸੀ (ਜ) ਵੀਰਾਜ ਐਸ ਤਿੜਕੇ, ਏ ਡੀ ਸੀ (ਯੂ ਡੀ) ਦਮਨਜੀਤ ਸਿੰਘ ਮਾਨ ਤੋਂ ਇਲਾਵਾ ਏ ਸੀ (ਯੂ ਟੀ) ਡੇਵੀ ਗੋਇਲ ਅਤੇ ਖੇਡ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਐਸ.ਏ.ਐਸ.ਨਗਰ ਜਿਮਨਾਸਟਿਕ, ਤੈਰਾਕੀ ਅਤੇ ਕਿੱਕ ਬਾਕਸਿੰਗ ਦੇ ਫਾਈਨਲ ਮੁਕਾਬਲਿਆਂ ਤੋਂ ਇਲਾਵਾ ਜ਼ਿਲ੍ਹਾ ਪੱਧਰੀ ਅਤੇ ਬਲਾਕ ਪੱਧਰੀ ਮੁਕਾਬਲੇ ਕਰਵਾਏਗਾ। ਰਾਜ ਪੱਧਰੀ ਮੁਕਾਬਲੇ ਅਕਤੂਬਰ ਮਹੀਨੇ ਵਿੱਚ ਬਹੁਮੰਤਵੀ ਖੇਡ ਕੰਪਲੈਕਸ ਸੈਕਟਰ 63 ਅਤੇ 78



ਮੁਹਾਲੀ ਵਿਖੇ ਹੋਣਗੇ ਜਦਕਿ ਜ਼ਿਲ੍ਹਾ ਪੱਧਰੀ ਮੁਕਾਬਲੇ ਬਹੁਮੰਤਵੀ ਖੇਡ ਕੰਪਲੈਕਸ ਸੈਕਟਰ 63 ਅਤੇ 78 ਮੁਹਾਲੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 3ਬੀ1 ਮੁਹਾਲੀ, ਲਰਨਿੰਗ ਪਾਥ ਸਕੂਲ ਸੈਕਟਰ 67, ਮੋਹਾਲੀ, ਸੈਮਰੌਕ ਸਕੂਲ ਸੈਕਟਰ 69, ਮੋਹਾਲੀ ਵਿਖੇ ਹੋਣਗੇ। ਬਲਾਕ ਪੱਧਰੀ ਟੂਰਨਾਮੈਂਟ ਡੇਰਾਬੱਸੀ ਬਲਾਕ ਲਈ ਸਰਕਾਰੀ ਕਾਲਜ ਡੇਰਾਬੱਸੀ ਅਤੇ ਲਾਲੜੂ ਸਟੇਡੀਅਮ, ਜਦਕਿ ਮਾਜਰੀ ਬਲਾਕ ਲਈ ਸਪੋਰਟਸ ਸਟੇਡੀਅਮ ਸਿੰਘਪੁਰਾ ਰੋਡ ਕੁਰਾਲੀ ਅਤੇ ਖਾਲਸਾ ਸਕੂਲ ਕੁਰਾਲੀ ਵਿਖੇ ਕਰਵਾਏ ਜਾਣਗੇ। ਮੋਹਾਲੀ ਬਲਾਕ ਦੇ ਮੁਕਾਬਲੇ ਬਹੁਮੰਤਵੀ ਖੇਡ ਕੰਪਲੈਕਸ ਸੈਕਟਰ 78, ਮੋਹਾਲੀ ਵਿਖੇ ਕਰਵਾਏ ਜਾਣਗੇ। ਇਸੇ ਤਰ੍ਹਾਂ ਖਰੜ ਲਈ ਬਲਾਕ ਪੱਧਰੀ ਖੇਡ ਮੁਕਾਬਲੇ ਸਹੀਦ ਕਾਂਸ਼ੀ ਰਾਮ ਕਾਲਜ ਆਫ ਫਿਜੀਕਲ ਐਜੂਕੇਸ਼ਨ ਭਾਗੋ ਮਾਜਰਾ ਅਤੇ ਐਮ.ਸੀ ਸਟੇਡੀਅਮ ਖਰੜ ਵਿਖੇ ਕਰਵਾਏ ਜਾਣਗੇ। ਬਲਾਕ ਪੱਧਰੀ ਟੂਰਨਾਮੈਂਟ ਲਈ ਤਿਆਰ ਕੀਤੇ ਗਏ ਖੇਡ ਕੈਲੰਡਰ ਅਨੁਸਾਰ ਇਹ 4 ਸਤੰਬਰ ਤੋਂ ਸ਼ੁਰੂ ਹੋ ਕੇ 9 ਸਤੰਬਰ ਤੱਕ ਮੁਕੰਮਲ ਕੀਤਾ ਜਾਵੇਗਾ ਜਦਕਿ ਜ਼ਿਲ੍ਹਾ ਪੱਧਰੀ ਖੇਡਾਂ 16 ਤੋਂ 26 ਸਤੰਬਰ, 2023 ਤੱਕ ਕਰਵਾਈਆਂ ਜਾਣਗੀਆਂ।

# ਕਿਸਾਨ ਆਗੂ ਸ਼ਹੀਦ ਪ੍ਰੀਤਮ ਸਿੰਘ ਨੂੰ ਦਿੱਤੀ ਸ਼ਰਧਾਂਜਲੀ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੁਲ ਹਿੰਦ ਕਿਸਾਨ ਸਭਾ, ਜਮਹੂਰੀ ਕਿਸਾਨ ਸਭਾ ਪੰਜਾਬ, ਕਿਰਤੀ ਕਿਸਾਨ ਯੂਨੀਅਨ ਕਿਸਾਨ ਕਮੇਟੀ ਦੁਆਬਾ ਪੰਜਾਬ ਬੀ.ਕੇ.ਯੂ ਦੁਆਬਾ ਬੀ.ਕੇ.ਯੂ ਕਾਦੀਆਂ ਦੀ ਹੰਗਾਮੀ ਮੀਟਿੰਗ ਕਾਮਰੇਡ ਗੁਰਬਖਸ਼ ਸਿੰਘ ਸੂਸ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਲੌਂਗੋਵਾਲ ਵਿਖੇ ਵਾਪਰੀ ਮੰਦਭਾਗੀ ਘਟਨਾ ਤੇ ਅਫਸੋਸ ਪ੍ਰਗਟ ਕਰਦਿਆਂ ਕਿਸਾਨ ਆਗੂ ਸ਼ਹੀਦ ਪ੍ਰੀਤਮ ਸਿੰਘ ਨੂੰ ਸ਼ਰਧਾਂਜਲੀ ਦਿੱਤੀ ਤੇ ਕਿਸਾਨਾਂ ਉਪਰ ਪੁਲਸੀਆ ਕਾਰਵਾਈ ਦੀ ਨਿਖੇਧੀ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਆਪ ਸਰਕਾਰ ਨੇ ਹਰ ਵਰਗ ਤੇ ਮੁਲਜ਼ਮਾਨਾ ਕਾਰਵਾਈਆਂ ਸ਼ੁਰੂ ਕੀਤੀਆਂ ਹੋਈਆਂ ਹਨ ਉਸ ਤੇ ਲੋਕਾ ਵਿੱਚ ਸਰਕਾਰ ਪ੍ਰਤੀ ਰੋਸ ਵੱਧ ਰਿਹਾ ਹੈ। ਕਿਸਾਨਾਂ ਨੂੰ ਅਜੇ ਤੱਕ ਕਿਸੇ ਕਿਸਮ ਦਾ ਕੋਈ ਵੀ ਮੁਆਵਜਾ ਨਹੀ ਮਿਲਿਆ ਭਾਵੇਂ ਉਹ ਮੁਆਵਜਾ ਨਰਮੇ ਦੀ ਗੁਲਾਬੀ ਸੁੰਡੀ ਦਾ ਹੋਵੇ ਭਾਵੇਂ ਕਣਕ ਦੇ ਗੜੇਮਾਰੀ ਦਾ ਹੋਵੇ ਭਾਵੇਂ ਜੁਲਾਈ ਵਿੱਚ ਆਏ ਹੜ੍ਹਾਂ ਜਾਂ ਫਿਰ ਪਿਛਲੇ ਸਾਲ ਲਿੰਪੀ ਸਕਿਨ ਨਾਲ ਮਰੇ ਹੋਏ ਪਸ਼ੂਆਂ ਦਾ ਹੋਵੇ। ਜੱਥੇਬੰਦੀਆਂ ਨੇ ਮੰਗ ਕੀਤੀ ਕਿ ਪ੍ਰੀਤਮ ਸਿੰਘ ਦੇ ਪਰਵਾਰ ਨੂੰ ਯੋਗ ਮੁਆਵਜਾ ਅਤੇ ਇਕ ਜੀਅ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ। ਕਿਸਾਨ ਲੀਡਰਾਂ ਦੀ ਫੜੋ-ਫੜਾਈ ਬੰਦ ਕੀਤੀ ਜਾਵੇ। ਇਸ ਸਮੇਂ ਕੁਲ ਹਿੰਦ ਕਿਸਾਨ ਸਭਾ ਵਲੋਂ ਗੁਰਮੇਸ਼ ਸਿੰਘ, ਗੁਰਨੇਕ ਸਿੰਘ ਭੱਜਲ, ਸੁਚਾ ਸਿੰਘ, ਪ੍ਰਸਣ ਸਿੰਘ, ਜਮਹੂਰੀ ਕਿਸਾਨ ਸਭਾ ਵਲੋਂ ਦਵਿੰਦਰ ਸਿੰਘ ਕੱਕੋਂ, ਸਰਬਜੀਤ ਸਿੰਘ ਕੱਕੋਂ, ਮਨਜੀਤ ਸਿੰਘ ਬਾਜਵਾ, ਕਿਰਤੀ ਕਿਸਾਨ ਯੂਨੀਅਨ ਵਲੋਂ ਜਗਤਾਰ ਸਿੰਘ ਭਿੰਡਰ, ਕਿਸਾਨ ਕਮੇਟੀ ਦੁਆਬਾ ਪੰਜਾਬ ਵਲੋਂ ਸੁਖਪਾਲ ਸਿੰਘ ਕਾਹਰੀ (ਫੌਜੀ), ਰਘਵਿੰਦਰ ਸਿੰਘ ਕਾਹਰੀ, ਬੀ.ਕੇ.ਯੂ. ਦੁਆਬਾ ਵਲੋਂ ਗੁਰਵਿੰਦਰ ਸਿੰਘ ਖੰਗੂੜ, ਬੀ.ਕੇ.ਯੂ. ਕਾਦੀਆਂ ਵਲੋਂ ਪਵਿੱਤਰ ਸਿੰਘ ਧੁੱਗਾ ਅਤੇ ਹੋਰ ਸ਼ਾਮਲ ਸਨ।

# ਪੰਕਜ ਵਰਮਾ ਸਵਰਨਕਾਰ ਸੰਘ ਦੇ ਕਾਰਜਕਾਰੀ ਮੈਂਬਰ ਨਿਯੁਕਤ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਅਖਿਲ ਭਾਰਤੀ ਸਵਰਨਕਾਰ ਸੰਘ ਦੇ ਰਾਸ਼ਟਰੀ ਸਚਿਵ ਅਤੇ ਸਵਰਨਕਾਰ ਸੰਘ ਪੰਜਾਬ ਦੇ ਸੈਕਟਰੀ ਤੇ ਜ਼ਿਲ੍ਹਾ ਰੂਪਨਗਰ ਦੇ ਜਰਨਲ ਸਕੱਤਰ ਅਸ਼ੋਕ ਕੁਮਾਰ ਦਾਰਾ ਨੇ ਤਹਿਸੀਲ ਸ੍ਰੀ ਚਮਕੌਰ ਸਾਹਿਬ ਦੇ ਪੰਕਜ ਵਰਮਾ ਨੂੰ ਕਾਰਜਕਾਰਨੀ ਮੈਂਬਰ ਨਿਯੁਕਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕ੍ਰਿਸ਼ਨ ਲਾਲ, ਅਖਿਲ ਭਾਟੀਆ, ਸੰਜੇ ਵਰਮਾ ਬੇਲਾ, ਲਲਿਤ ਨਾਮੀ, ਜੀਤ ਰਾਮ, ਮਿੰਟੂ ਸਰਾਫ ਹਾਜ਼ਰ ਹੋਏ।



# ਐੱਨ ਜੀ ਓ/ਐੱਨ ਪੀ ਓਜ਼ ਨੂੰ ਅੱਤਵਾਦੀ ਫੰਡਿੰਗ ਜਿਹੀ ਦੁਰਵਰਤੋਂ ਤੋਂ ਬਚਾਉਣ ਲਈ ਵਰਕਸ਼ਾਪ

**ਚੰਡੀਗੜ੍ਹ,: (ਗੁਰਜੀਤ ਬਿੱਲਾ)**— ਗੈਰ-ਸਰਕਾਰੀ ਸੰਸਥਾਵਾਂ (ਐਨ.ਜੀ.ਓਜ਼)/ਗੈਰ-ਮੁਨਾਫ਼ਾ ਸੰਸਥਾਵਾਂ (ਐਨ.ਪੀ.ਓ.) ਨੂੰ ਟੈਰਰ ਫੰਡਿੰਗ ਜਾਂ ਮਨੀ ਲਾਂਡਰਿੰਗ ਜਹੀ ਦੁਰਵਰਤੋਂ ਤੋਂ ਬਚਾਉਣ ਲਈ, ਪੰਜਾਬ ਪੁਲਸ ਨੇ ਵਿੱਤੀ ਐਕਸ਼ਨ ਟਾਸਕ ਫੋਰਸ (ਐਫਏਟੀਐਫ) ਅਤੇ ਸੈਂਟਰਲ ਬੋਰਡ ਆਫ਼ ਡਾਇਰੈਕਟ ਟੈਕਸੇਸ਼ਨ (ਸੀਬੀਡੀਟੀ) ਦੇ ਸਹਿਯੋਗ ਨਾਲ ਮੋਹਾਲੀ ਦੀ ਐਮਿਟੀ ਯੂਨੀਵਰਸਿਟੀ ਵਿਖੇ ਇੱਕ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ। ਐਫਏਟੀਐਫ ਇੱਕ ਅੰਤਰ-ਸਰਕਾਰੀ ਸੰਗਠਨ ਹੈ ਜੋ ਮਨੀ ਲਾਂਡਰਿੰਗ ਅਤੇ ਅੱਤਵਾਦੀ ਫੰਡਿੰਗ ਦਾ ਮੁਕਾਬਲਾ ਕਰਨ ਲਈ ਨੀਤੀਆਂ ਨੂੰ ਉਤਸ਼ਾਹਿਤ ਕਰਦਾ ਹੈ। ਇਸ ਵਰਕਸ਼ਾਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ 100 ਗੈਰ ਸਰਕਾਰੀ ਸੰਸਥਾਵਾਂ ਦੇ 130 ਮੈਂਬਰਾਂ ਨੇ ਭਾਗ ਲਿਆ। ਆਈਜੀਪੀ ਅੰਦਰੂਨੀ ਸੁਰੱਖਿਆ ਨੀਲਭ ਕਿਸ਼ੋਰ, ਓਐਸਡੀ ਐਫਏਟੀਐਫ ਸੈੱਲ ਰਿਮਝਿਮ ਪਾਂਡੇ, ਇਨਕਮ ਟੈਕਸ ਅਧਿਕਾਰੀ ਅਭਿਨੀਤ ਅਤੇ ਕੇਂਦਰੀ ਗ੍ਰਹਿ ਮੰਤਰਾਲੇ ਦੇ ਜੁਆਇੰਟ ਡਿਪਟੀ ਡਾਇਰੈਕਟਰ ਅਸ਼ਵਨੀ ਰਾਠੌਰ ਪਤਵੰਤਿਆਂ ਵਿੱਚ ਸ਼ਾਮਲ ਉਹਨਾਂ ਸਨ, ਜਿਨ੍ਹਾਂ ਨੇ ਭਾਈਵਾਲਾਂ ਨੂੰ ਅੱਤਵਾਦ ਫੰਡਿੰਗ ਤੋਂ ਬਚਾਉਣ ਲਈ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ। ਆਈਜੀਪੀ ਨੀਲਭ ਕਿਸ਼ੋਰ ਨੇ ਕਿਹਾ ਕਿ ਇਸ ਵਰਕਸ਼ਾਪ ਦਾ ਆਯੋਜਨ ਕਰਨ ਦਾ ਉਦੇਸ਼ ਗੈਰ ਸਰਕਾਰੀ ਸੰਗਠਨਾਂ ਨੂੰ ਚੈਰੀਟੇਬਲ ਸੰਸਥਾਵਾਂ ਨਾਲ ਸਬੰਧਤ ਐਫਏਟੀਐਫ ਅਤੇ ਇਨਕਮ ਟੈਕਸ ਦੀਆਂ ਵੱਖ-ਵੱਖ ਵਿਵਸਥਾਵਾਂ ਬਾਰੇ ਜਾਗਰੂਕ ਕਰਨਾ ਸੀ ਤਾਂ ਜੋ ਉਨ੍ਹਾਂ ਨੂੰ ਟੈਰਰ ਫੰਡਿੰਗ (ਟੀਐਫ) ਮਨੀ ਲਾਂਡਰਿੰਗ ਵਰਗੀ ਦੁਰਵਰਤੋਂ ਤੋਂ ਬਚਾਇਆ ਜਾ ਸਕੇ। ਜ਼ਿਕਰਯੋਗ ਹੈ ਕਿ ਐਨ.ਜੀ.ਓਜ਼ ਦੇ ਸਾਰੇ ਮੈਂਬਰਾਂ ਨੇ ਵਰਕਸ਼ਾਪ ਵਿੱਚ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਪੰਜਾਬ ਪਲਿਸ ਅਤੇ ਵਿੱਤ ਮੰਤਰਾਲੇ ਦਾ ਉਹਨਾਂ ਨੂੰ ਅੱਤਵਾਦੀ ਸੰਗਠਨਾਂ ਦੁਆਰਾ ਦੁਰਵਰਤੋਂ ਦੇ ਇਸ ਪਹਿਲੂ ਬਾਰੇ ਜਾਗਰੂਕ ਕਰਨ ਲਈ ਧੰਨਵਾਦ ਕੀਤਾ।



# ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਧਰਨਿਆਂ ਦਾ ਐਲਾਨ



**ਜਲੰਧਰ- (ਸ਼ੈਲੀ ਐਲਬਰਟ)**-:ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਮਜ਼ਦੂਰਾਂ ਦੇ ਬੁਨਿਆਦੀ ਮੁੱਦਿਆਂ ਉੱਪਰ ਘੋਲ ਨੂੰ ਨਵੀਂ ਦਿਸ਼ਾ ਦੇਣ ਲਈ ਪਿਛਲੇ ਘੋਲਾਂ ਦੀਆਂ ਜਿੱਤ ਅਤੇ ਘਾਟਾ ਤੋਂ ਸਬਕ ਲੈਂਦੇ ਹੋਏ ਜ਼ਮੀਨ, ਪਲਾਟ,ਲਾਲ ਲਕੀਰ ਦੇ ਮਾਲਕੀ ਹੱਕ, ਰੁਜ਼ਗਾਰ,ਦਿਹਾੜੀ ਚ ਵਾਧੇ ਦੀ ਪ੍ਰਾਪਤੀ, ਕਰਜ਼ਾ ਮੁਆਫ਼ੀ ਅਤੇ ਸਮਾਜਿਕ ਜ਼ਬਰ ਦੇ ਖਾਤਮੇ ਲਈ 20 ਸਤੰਬਰ ਨੂੰ ਤਹਿਸੀਲ ਪੱਧਰੀ ਧਰਨੇ ਮੁਜ਼ਾਹਰੇ ਕਰਨ ਦਾ ਐਲਾਨ ਕੀਤਾ ਗਿਆ। ਇਸ ਦੀ ਰੂਪਰੇਖਾ ਉਲੀਕਣ ਲਈ ਜ਼ਿਲ੍ਹਾ ਪੱਧਰੀ ਵਿਸਥਾਰੀ ਮੀਟਿੰਗ ਕੀਤੀ ਗਈ। ਧਰਨੇ ਮੁਜ਼ਾਹਰੇ ਦੀਆਂ ਤਿਆਰੀਆਂ ਲਈ ਪਿੰਡਾਂ ਵਿੱਚ ਰੈਲੀਆਂ,ਜਥਾ ਮਾਰਚ ਕਰਨ ਦਾ ਫ਼ੈਸਲਾ ਵੀ ਕੀਤਾ ਗਿਆ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਜ਼ਿਲ੍ਹਾ ਪ੍ਰਧਾਨ ਹੰਸ ਰਾਜ ਪੱਬਵਾਂ ਨੇ ਇਹ ਜਾਣਕਾਰੀ ਦਿੰਦਿਆਂ ਭਗਵੰਤ ਸਿੰਘ ਮਾਨ ਨੂੰ ਮਜ਼ਦੂਰਾਂ ਵਿਰੋਧੀ ਕਰਾਰ ਦਿੱਤਾ । ਉਨ੍ਹਾਂ ਕਿਹਾ ਕਿ 77 ਸਾਲਾਂ ਦੀ ਰਸਮੀਂ ਆਜ਼ਾਦੀ ਦੇ ਬਾਅਦ ਵੀ ਜ਼ਮੀਨ, ਜ਼ਾਇਦਾਦ ਦੀ ਕਾਣੀ ਵੰਡ ਖ਼ਤਮ ਕਰਕੇ ਸੀਲਿੰਗ ਤੋਂ ਵਾਧੂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ,ਕਿਸਾਨਾਂ ਨੂੰ ਨਹੀਂ ਵੰਡੀਆਂ ਜਾ ਸਕੀਆਂ,ਲੋਕ ਸਿਰ ਢੱਕਣ ਲਈ ਪਲਾਟਾਂ,ਲਾਲ ਲਕੀਰ ਦੀ ਮਾਲਕੀ, ਰੁਜ਼ਗਾਰ,ਅੱਤ ਦੀ ਮਹਿੰਗਾਈ ਅਨੁਸਾਰ ਦਿਹਾੜੀ, ਕਰਜ਼ਾ ਮੁਆਫ਼ੀ ਅਤੇ ਸਮਾਜਿਕ ਜ਼ਬਰ ਦੇ ਖਾਤਮੇ ਲਈ ਸੰਘਰਸ਼ ਕਰਨ ਲਈ ਮਜ਼ਬੂਰ ਹਨ। ਉਨ੍ਹਾਂ ਕਿਹਾ ਕਿ ਮਜ਼ਦੂਰਾਂ ਦੇ ਬੁਨਿਆਦੀ ਮਸਲਿਆਂ ਦੇ ਰਸਤੇ ਵਿੱਚ ਪੇਂਡੂ ਧਨਾਢ,ਚੌਧਰੀ, ਅਫ਼ਸਰਸ਼ਾਹੀ ਅਤੇ ਹਾਕਮ ਜਮਾਤਾਂ ਦੀਆਂ ਨੁਮਾਇੰਦਾ ਪਾਰਟੀਆਂ ਦੇ ਸਿਆਸਤਦਾਨ ਗੱਠਜੋੜ ਬਣਾ ਕੇ ਰੋਕਾਂ ਖੜੀਆਂ ਕਰੀ ਬੈਠੇ ਹਨ । ਇਹਨਾਂ ਰੋਕਾਂ ਨੂੰ ਵਗਾਹ ਕੇ ਮਾਰਨ ਅਤੇ ਆਪਣੇ ਹੱਕ ਪ੍ਰਾਪਤੀ ਲਈ ਸੰਘਰਸ਼ ਨੂੰ ਤੇਜ਼ ਕਰਨਾ ਹੋਵੇਗਾ ਧਰਨਿਆਂ ਵਿੱਚ ਪਿੰਡ ਬੁਲਾ ਥਾਣਾ ਕਰਤਾਰਪੁਰ ਦੇ ਵਸਨੀਕ ਆਪ ਆਗੂ ਖਿਲਾਫ਼ ਐੱਸ ਸੀ, ਐੱਸ ਟੀ ਐਕਟ ਤਹਿਤ ਕਾਰਵਾਈ ਅਮਲ ਵਿੱਚ ਲਿਆਉਣ ਅਤੇ ਦਰਜ ਮੁਕੱਦਮੇ ਵਿੱਚ ਉਹਨਾਂ ਦੀ ਗ੍ਰਿਫ਼ਤਾਰੀ ਲਈ ਆਵਾਜ਼ ਵੀ ਉਠਾਈ ਜਾਵੇਗੀ।। ਇਸ ਮੌਕੇ ਯੂਨੀਅਨ ਦੇ ਯੂਥ ਵਿੰਗ ਦੇ ਆਗੂ ਗੁਰਪ੍ਰੀਤ ਸਿੰਘ ਚੀਦਾ,ਗੁਰਚਰਨ ਸਿੰਘ ਅਟਵਾਲ,ਅਮਰੀਕ ਸਿੰਘ,ਚੰਨਣ ਸਿੰਘ, ਗੁਰਬਖਸ਼ ਕੌਰ ਸਾਦਿਕਪੁਰ, ਦਰਸ਼ਨਪਾਲ ਬੁੰਡਾਲਾ, ਅਮਰਜੀਤ ਸਿੰਘ ਨਾਹਰ ,ਕੇ ਐੱਸ ਅਟਵਾਲ, ਜਸਵੰਤ ਰਾਏ ਆਦਿ ਹਾਜ਼ਰ ਸਨ।

# ਜਥੇਦਾਰ ਇੰਦਰਜੀਤ ਜੁਗਨੂੰ ਵੱਲੋਂ ਸੂਫ਼ੀ ਗੀਤ 'ਰਾਂਝਣ ਯਾਰ ਦਾ' ਪੋਸਟਰ ਰਿਲੀਜ਼



**ਕਾਲਾ ਸੰਘਿਆਂ (ਮਨਜੀਤ ਮਾਨ)** ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਕੌਮੀ ਸਿਆਸੀ ਸਲਾਹਕਾਰ ਮੈਂਬਰ ਪੀ ਏ ਸੀ ਤੇ ਮੁੱਖ ਬੁਲਾਰੇ ਜਥੇਦਾਰ ਇੰਦਰਜੀਤ ਸਿੰਘ ਜੁਗਨੂੰ ਵੱਲੋਂ ਇਕ ਸੰਖੇਪ ਸਮਾਗਮ ਦੌਰਾਨ ਪੰਜਾਬ ਦੇ ਮਸ਼ਹੂਰ ਪੰਜਾਬੀ ਸੂਫ਼ੀ ਗਾਇਕ ਜਗਦੀਸ਼ ਖੋਸਲਾ ਤੇ ਜੈ ਸਿੰਘ ਚੌਹਾਨ ਵਲੋਂ ਨਵੇਂ ਗਾਏ ਗੀਤ ਰਾਂਝਣ ਯਾਰ ਦਾ ਪੋਸਟਰ ਰਿਲੀਜ ਕੀਤਾ ਗਿਆ। ਜਥੇਦਾਰ ਜੁਗਨੂੰ ਨੇ ਕਿਹਾ ਕਿ ਸਾਰੇ ਗੀਤਕਾਰਾਂ ਨੂੰ ਚੰਗੀ ਸ਼ਬਦਾਵਲੀ ਵਾਲੇ ਅਜਿਹੇ ਗੀਤ ਗਾਉਣੇ ਚਾਹੀਦੇ ਹਨ ਜਿਨ੍ਹਾਂ ਨੂੰ ਅਸੀਂ ਆਪਣੇ ਪਰਵਾਰਾਂ ਵਿਚ ਬੈਠ ਕੇ ਸੁਣ ਸਕੀਏ। ਇਸ ਗੀਤ ਨੂੰ ਨੇਪਰੇ ਚਾੜ੍ਹਨ ਵਿੱਚ ਬੱਬੂ ਬਾਦਸ਼ਾਹ ਪੁਰ ਕੇ ਐਸ ਕਰਨ ਮਾਸਟਰ ਬਿਕਰਮ ਵਿਕੀ, ਮਨਜੀਤ ਸਿੰਘ ਓਜਲਾ, ਹਰਪ੍ਰੀਤ ਆਹੂਜਾ ,ਲਖਬੀਰ ਲੱਖਾ, ਪਰਮਜੀਤ ਸਿੰਘ ਸਨੀ ,ਬੱਬੀ ਭੰਡਾਰੀ ਦਾ ਵਿਸ਼ੇਸ ਯੋਗਦਾਨ ਰਿਹਾ।

# ਕ੍ਰਿਸ਼ਨ ਜਨਮ ਅਸ਼ਟਮੀ 'ਤੇ ਸਮਾਗਮ 7 ਨੂੰ

**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**—ਬਾਪੂ ਗੰਗਾ ਦਾਸ ਜੀ ਵੈਲਫੇਅਰ ਸੁਸਾਇਟੀ ਰਜਿਸਟਰਡ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸਬੰਧ ਵਿੱਚ 7 ਸਤੰਬਰ ਨੂੰ ਸ਼ਾਮੀਂ 6 ਤੋਂ ਰਾਤ 10 ਵਜੇ ਤੱਕ ਸਮਾਗਮ ਕੀਤਾ ਜਾ ਰਿਹਾ ਹੈ। ਡੇਰੇ ਦੇ ਮੁੱਖ ਸੇਵਾਦਾਰ ਮਨਦੀਪ ਬੈਂਸ ਨੇ ਦੱਸਿਆ ਕਿ ਇਸ ਸੰਕੀਰਤਨ ਮਹਾਂਉਤਸਵ ਦੌਰਾਨ ਪੰਡਤ ਸਚਿਨ ਸ਼ਾਸ਼ਤਰੀ ਸ੍ਰੀ ਕ੍ਰਿਸ਼ਨ ਜੀ ਦੀ ਮਹਿਮਾ ਦਾ ਗੁਣ ਗਾਇਨ ਕਰਨਗੇ।

# ਕੇਂਦਰ ਸਰਕਾਰ ਸੰਵਿਧਾਨ ਬਦਲਣ ਦੀ ਗੱਲ ਕਰਨ ਵਾਲੇ ਵਿਵੇਕ ਦੇਵਰਾਏ ਨੂੰ ਅਹੁਦੇ ਤੋਂ ਲਾਂਭੇ ਕਰੇ : ਬੀ ਟੀ ਐੱਫ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**-ਬੇਗਮਪੁਰਾ ਟਾਈਗਰ ਫੋਰਸ ਦੀ ਮੀਟਿੰਗ ਨਜ਼ਦੀਕੀ ਪਿੰਡ ਨਾਰਾ ਦੇ ਹਜਰਤ ਪੀਰ ਗੌਂਸ ਪਾਕ ਦੇ ਦਰਬਾਰ ਵਿਖੇ ਫੋਰਸ ਦੇ ਸੂਬਾ ਪ੍ਰਧਾਨ ਵੀਰਪਾਲ ਠਰੋਲੀ ਤੇ ਦੋਆਬਾ ਪ੍ਰਧਾਨ ਨੇਕੂ ਅਜਨੋਹਾ ਦੀ ਪ੍ਰਧਾਨਗੀ ਹੇਠ ਹੋਈ ।ਮੀਟਿੰਗ 'ਚ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ, ਕੌਮੀ ਉਪ ਪ੍ਰਧਾਨ ਜਸਵਿੰਦਰ ਸਿੰਘ ਜੌਲੀ ਤੇ ਜ਼ਿਲ੍ਹਾ ਇੰਚਾਰਜ ਚਰਨਜੀਤ ਡਾਡਾ ਆਦਿ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ । ਇਸ ਮੌਕੇ ਬੇਗਮਪੁਰਾ ਟਾਈਗਰ ਫੋਰਸ ਵੱਲੋਂ ਕੁਝ ਨਵੀਆਂ ਨਿਯੁਕਤੀਆਂ ਵੀ ਕੀਤੀਆਂ ਗਈਆਂ। ਰਾਜ ਕੁਮਾਰ ਬੱਧਣ ਨਾਰਾ ਨੂੰ ਜ਼ਿਲ੍ਹਾ ਉਪ ਪ੍ਰਧਾਨ ਤੇ ਰੋਹਿਤ ਕੁਮਾਰ ਨਾਰਾ ਨੂੰ ਜ਼ਿਲ੍ਹਾ ਸਕੱਤਰ ਨਿਯੁਕਤ ਕੀਤਾ ਗਿਆ । ਨਵੇਂ ਚੁਣੇ ਗਏ ਅਹੁਦੇਦਾਰਾਂ ਨੇ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਵੱਲੋਂ ਦਿੱਤੀ ਗਈ ਡਿਊਟੀ ਨੂੰ ਅਸੀਂ ਪੂਰੀ ਤਨਦੇਹੀ ਨਾਲ ਨਿਭਾਵਾਂਗੇ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਤੇ ਬਾਬਾ ਸਾਹਿਬ ਭੀਮ ਰਾਉ ਅੰਬੇਦਕਰ ਦੇ ਮਿਸ਼ਨ ਨੂੰ ਘਰ ਘਰ ਪਹੁੰਚਾਵਾਂਗੇ ।ਇਸ ਮੌਕੇ ਵੀਰਪਾਲ ਠਰੋਲੀ ਤੇ ਨੇਕੂ ਅਜਨੋਹਾ ਨੇ ਸਾਂਝੇ ਰੂਪ ਵਿੱਚ ਕਿਹਾ ਕਿ ਬੀਤੇ ਦਿਨੀਂ ਇੱਕ ਅਖਬਾਰ ਵਿੱਚ ਛਪੇ ਭਾਰਤ ਦੀ ਆਰਥਕ ਸਲਾਹਕਾਰ ਕਮੇਟੀ ਦੇ ਚੇਅਰਮੈਨ ਵਿਵੇਕ ਦੇਵਰਾਏ ਦੇ ਸੰਵਿਧਾਨ ਬਦਲਣ ਦੇ ਇੱਕ ਲੇਖ ਦੀ ਬੇਗਮਪੁਰਾ ਟਾਈਗਰ ਫੋਰਸ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਉਨ੍ਹਾਂ ਕਿਹਾ ਕਿ ਇਹ ਸਹਿਣਯੋਗ ਨਹੀਂ ਹੈ । ਉਨ੍ਹਾਂ ਕਿਹਾ ਕਿ ਭਾਰਤੀ ਸੰਵਿਧਾਨ ਦੀ ਖਰੜਾ ਕਮੇਟੀ ਦੇ ਪ੍ਰਧਾਨ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ ਅਗਵਾਈ ਵਿੱਚ ਅਜ਼ਾਦ ਦੇਸ਼ ਦੇ ਬਹੁਤ ਹੀ ਪੜ੍ਹੇ-ਲਿਖੇ, ਜ਼ਿੰਮੇਵਾਰ ਅਤੇ ਸੂਝਵਾਨ ਨਾਗਰਿਕਾਂ ਦੁਆਰਾ ਲਿਖਿਆ ਗਿਆ ਹੈ, ਜੋ ਕਿ ਅੱਜ ਵੀ ਦੇਸ਼ ਦੀ ਏਕਤਾ ਅਤੇ ਅਖੰਡਤਾ ਦਾ ਪ੍ਰਤੀਕ ਹੈ। ਇਸ ਸੰਵਿਧਾਨ ਨੂੰ ਤਿਆਰ ਕਰਨ ਲਈ ਸਾਰੀਆਂ ਸੰਵਿਧਾਨਕ ਵਿਧੀਆਂ ਅਪਨਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸੰਵਿਧਾਨ ਭਾਰਤ ਦੇ ਤਮਾਮ ਨਾਗਰਿਕਾਂ ਦੀਆ ਲੋੜਾਂ ਨੂੰ ਪੂਰਾ ਕਰਦਾ ਹੈ। ਇਸ ਲਈ ਭਾਰਤੀ ਸੰਵਿਧਾਨ ਨੂੰ ਬਦਲਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੇ ਇਸ ਸੰਵਿਧਾਨ ਨੇ ਸਾਰੇ ਭਾਰਤ ਨੂੰ ਵੱਖ-ਵੱਖ ਧਰਮਾਂ, ਜਾਤੀਆਂ, ਬੋਲੀਆਂ, ਸੱਭਿਆਚਾਰਾਂ ਦਾ ਦੇਸ਼ ਹੁੰਦੇ ਹੋਏ ਵੀ ਦੇਸ਼ ਨੂੰ ਇੱਕ ਲੜੀ ਵਿੱਚ ਪਰੋਇਆ ਹੋਇਆ ਹੈ। ਉਨ੍ਹਾਂ ਕਿਹਾ ਕਿ ਬੀ ਜੀ ਪੇ ਸਰਕਾਰ ਹਿੰਦੂ ਧਰਮ ਦੀ ਮਨੂੰ ਸਿਮਰਤੀ ਨੂੰ ਸੰਵਿਧਾਨ ਵਜੋਂ ਲਾਗੂ ਕਰਨਾ ਚਾਹੁੰਦੀ ਹੈ ਤਾਂ ਜੋ ਵੱਖ-ਵੱਖ ਜਾਤੀਆਂ ਅਤੇ ਧਰਮਾਂ ਨੂੰ ਗੁਲਾਮ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਬੀ ਜੇ ਪੀ ਸਰਕਾਰ ਇੱਕ ਸੋਚੀ-ਸਮਝੀ ਚਾਲ ਅਧੀਨ ਆਰ ਆਰ ਐਸ ਦੇ ਇਸ਼ਾਰਿਆਂ 'ਤੇ ਕੰਮ ਕਰ ਰਹੀ ਹੈ, ਜੋ ਦੇਸ਼ ਨੂੰ ਬਰਬਾਦ ਕਰ ਦੇਵੇਗੀ। ਉਨ੍ਹਾਂ ਕਿਹਾ ਕਿ ਸੰਵਿਧਾਨ ਬਦਲਣ ਦੀ ਵਕਾਲਤ ਕਰਦਾ ਵਿਵੇਕ ਦੇਵਰਾਏ ਦਾ ਇੱਕ ਅਖਬਾਰ 'ਚ ਛਪਿਆ ਲੇਖ ਵੀ ਇਸੇ ਕੜੀ ਦਾ ਇੱਕ ਹਿੱਸਾ ਹੈ। ਉਨ੍ਹਾਂ ਕਿਹਾ ਕਿ ਜੇਕਰ ਬੀ ਜੇ ਪੀ ਸੰਵਿਧਾਨ ਬਦਲਣ ਦੀ ਗੱਲ ਕਰੇਗੀ ਤਾਂ ਪੂਰੇ ਦੇਸ਼ ਦੇ ਲੋਕ ਕੇਂਦਰ ਸਰਕਾਰ ਦੇ ਵਿਰੋਧ ਵਿੱਚ ਸੜਕਾਂ 'ਤੇ ਆ ਜਾਣਗੇ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਸੰਵਿਧਾਨ ਬਦਲਣ ਦੀ ਗੈਰ-ਸੰਵਿਧਾਨਕ ਗੱਲ ਕਰਨ ਵਾਲੇ ਵਿਵੇਕ ਦੇਵਰਾਏ ਨੂੰ ਦੇਸ਼ ਦੀ ਆਰਥਕ ਸਲਾਹਕਾਰ ਕਮੇਟੀ ਦੇ ਚੇਅਰਮੈਨ ਦੇ ਵਕਾਰੀ ਅਹੁਦੇ ਤੋਂ ਲਾਂਭੇ ਕਰੇ, ਨਹੀਂ ਤਾਂ ਬੇਗਮਪੁਰਾ ਟਾਈਗਰ ਫੋਰਸ ਭਰਾਤਰੀ ਜਥੇਬੰਦੀਆ ਨਾਲ ਰਲ ਕੇ ਲੰਬਾ ਸੰਘਰਸ਼ ਕਰੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ, ਮਨਪ੍ਰੀਤ ਕੋਹਲੀ, ਅਜੈ ਕੁਮਾਰ, ਵਿੱਕੀ ਸਿੰਘ ਪੁਰਹੀਰਾਂ , ਗੁਰਪ੍ਰੀਤ ਕੁਮਾਰ, ਸਨੀ ਸੀਣਾ, ਭਿੰਦਾ ਸੀਣਾ, ਅਮਨਦੀਪ, , ਦੋਆਬਾ ਇੰਚਾਰਜ ਜੱਸਾ ਸਿੰਘ ਨੰਦਨ, ਸਤੀਸ਼ ਕੁਮਾਰ ਸ਼ੇਰਗੜ੍ਹ ਕਮਲਜੀਤ ਡਾਡਾ ਸਮੇਤ ਫੋਰਸ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।



# ਅਰਾਜਕਤਾ ਫੈਲਾਉਣ ਵਾਲਿਆਂ ਖਿਲਾਫ ਸਰਕਾਰ ਸਖ਼ਤ ਕਾਰਵਾਈ ਕਰੇ : ਗਿੱਲ



**ਜਲੰਧਰ ( ਸ਼ੈਲੀ ਐਲਬਰਟ )**- ਭਾਰਤ 'ਚ ਅਰਾਜਕਤਾ ਫੈਲਾਉਣ ਵਾਲਿਆਂ ਖ਼ਿਲਾਫ਼ ਸਰਕਾਰ ਨੂੰ ਨੂੰ ਸਖ਼ਤ ਤੋਂ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ਤਾਂ ਜੋ ਭਵਿੱਖ ਚ ਕੋਈ ਵੀ ਸਾਡੇ ਦੇਸ਼ 'ਚ ਮੁਸੀਬਤ ਪੈਦਾ ਕਰਨ ਦੀ ਹਿੰਮਤ ਨਾ ਕਰੇ । ਬੈਥਲਹਮ ਪੰਜਾਬੀ ਚਰਚ ਯੂ . ਐੱਸ . ਏ . ਦੇ ਪਾਸਟਰ ਜਤਿੰਦਰ ਗਿੱਲ ਨੇ ਇਕ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਭਾਰਤ ਪੂਰੀ ਦੁਨੀਆ 'ਚ ਸ਼ਾਂਤੀ , ਪਿਆਰ ਤੇ ਸ਼ਾਂਤੀ ਦਾ ਸੰਦੇਸ਼ ਫੈਲਾਅ ਰਿਹਾ ਹੈ । ਇਸ ਖੁਸ਼ਹਾਲ ਭਾਰਤ 'ਚ ਸਾਰੇ ਧਰਮਾਂ ਦੇ ਲੋਕ ਆਪਸੀ ਮੁਹੱਬਤ ਦੇ ਧਾਗੇ 'ਚ ਬੱਝ ਕੇ ਦੇਸ਼ ਦੀ ਤਰੱਕੀ 'ਚ ਭਾਗੀਦਾਰ ਬਣ ਰਹੇ ਹਨ । ਅਜਿਹੇ ਸਮੇਂ 'ਚ ਮਣੀਪੁਰ ਵਰਗੀ ਦੁਖਦਾਈ ਖ਼ਬਰ ਸੁਣ ਕੇ ਦਿਲ ਦੁਖੀ ਹੈ । ਅਜਿਹੇ ਅਨਸਰਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਇਆ ਜਾਣਾ ਚਾਹੀਦਾ ਹੈ ਤਾਂ ਜੋ ਕੋਈ ਵੀ ਬਦਮਾਸ਼ ਹਿੰਮਤ ਕਰਨ ਤੋਂ ਪਹਿਲਾਂ ਸੌ ਵਾਰ ਸੋਚੇ ਤੇ ਮਣੀਪੁਰ ਵਰਗੀਆਂ ਘਟਨਾਵਾਂ ਨਾ ਵਾਪਰਨ ।


## ਉੱਤਰ ਰੇਲਵੇ

ਆਜ਼ਾਦੀ ਦਾ ਅੰਮ੍ਰਿਤ ਮਹੋਤਸਵ

**ਖੁਲੀ ਟੈਂਡਰ ਸੂਚਨਾ**

ਸੀ. ਮੰਡਲ ਵਿਦੁਤ ਇੰਜੀਨੀਅਰ/ਟੀ.ਆਰ.ਡੀ., ਉ. ਰੇ., ਫਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ **15.09.2023** ਨੂੰ **15.00 ਵਜੇ** ਤਕ ਮੰਗ ਕੀਤੀ ਜਾਂਦੀ ਹੈ । ਟੈਂਡਰਕਾਰਕ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ **15.09.2023** ਨੂੰ **15.00 ਵਜੇ** ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (ਰੁ:) | ਟੈਂਡਰ ਦੀ ਕੀਮਤ (ਰੁ:) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ # (ਰੁ:) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 508A-ਟੀ.ਆਰ.ਡੀ. ਫਿਰੋਜ਼ਪੁਰ 2023-24 | ਫਿਰੋਜ਼ਪੁਰ ਮੰਡਲ ਦੇ ਛੇਹਰਟਾ ਅਤੇ ਅੰਮ੍ਰਿਤਸਰ ਸਟੇਸ਼ਨਾਂ ਉੱਤੇ ਵਾਸ਼ਿੰਗ ਲਾਇਨਾਂ ਦਾ ਵਿਦੁਤੀਕਰਣ | 2,36,21,985.28p | ਸਿਫਰ | 15.09.2023, 15:00 ਵਜੇ ਤਕ | 2,68,100/- | 06 ਮਹੀਨੇ | 15.09.2023 15:00 ਵਜੇ ਦੇ ਬਾਦ | www.ireps.gov.in |
| 509A-ਟੀ.ਆਰ.ਡੀ. ਫਿਰੋਜ਼ਪੁਰ 2023-24 | ਫਿਰੋਜ਼ਪੁਰ ਮੰਡਲ ਦੇ ਕਟਰਾ ਸਟੇਸ਼ਨ ਉੱਤੇ ਵਾਸ਼ਿੰਗ ਲਾਇਨਾਂ ਦਾ ਵਿਦੁਤੀਕਰਣ | 2,06,36,366.59p | ਸਿਫਰ | 15.09.2023, 15:00 ਵਜੇ ਤਕ | 2,53,200/- | 06 ਮਹੀਨੇ | 15.09.2023 15:00 ਵਜੇ ਦੇ ਬਾਦ | www.ireps.gov.in |

ਨੋਟ: # ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੈਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਯਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ । ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਣ ਅਤੇ ਆਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ ।

ਨੰ:- 508A ਅਤੇ 509A -ਟੀ.ਆਰ.ਡੀ.-ਫਿਰੋਜ਼ਪੁਰ-2023-24 ਮਿਤੀ : 22.08.2023 2611/2023

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਸਮਾਰਟ ਮੀਟਰ ਵਿਰੋਧੀ ਫਰੰਟ ਨੇ ਨਿਗਰਾਨ ਇੰਜੀਨੀਅਰ ਨੂੰ ਸੌਂਪਿਆ ਚੇਤਾਵਨੀ ਪੱਤਰ



**ਨਵਾਂਸ਼ਹਿ (ਮਨੋਜ ਲਾਡੀ)** ਜਨਤਕ ਜਥੇਬੰਦੀਆਂ ਉੱਤੇ ਅਧਾਰਤ 'ਸਮਾਰਟ ਮੀਟਰ ਵਿਰੋਧੀ ਫਰੰਟ' ਵੱਲੋਂ ਪਾਵਰਕੌਮ ਦੇ ਨਿਗਰਾਨ ਇੰਜੀਨੀਅਰ ਨਰੇਸ਼ ਕੁਮਾਰ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਸਮਾਰਟ ਮੀਟਰਾਂ ਦੇ ਵਿਰੋਧ ਵਿਚ ਚੇਤਾਵਨੀ ਪੱਤਰ ਸੌਂਪਿਆ ਗਿਆ।ਇਸ ਡੈਪੂਟੇਸ਼ਨ ਵਿਚ ਜਥੇਬੰਦੀਆਂ ਦੇ ਇਕ ਸੌ ਦੇ ਕਰੀਬ ਨੇਤਾ ਅਤੇ ਵਰਕਰ ਸ਼ਾਮਲ ਸਨ। ਚੇਤਾਵਨੀ ਪੱਤਰ ਵਿਚ ਕਿਹਾ ਗਿਆ ਕਿ ਪੰਜਾਬ ਸਰਕਾਰ ਪਾਵਰਕੌਮ ਰਾਹੀਂ ਬਿਜਲੀ ਖਪਤਕਾਰਾਂ ਦੇ ਪਹਿਲਾਂ ਲੱਗੇ ਡਿਜੀਟਲ ਮੀਟਰਾਂ ਦੀ ਥਾਂ ਚਿੱਪ ਵਾਲੇ ਪ੍ਰੀਪੇਡ ਸਮਾਰਟ ਮੀਟਰ ਲਾਉਣ ਜਾ ਰਹੀ ਹੈ ਜੋ ਜਥੇਬੰਦੀਆਂ ਨਹੀਂ ਲੱਗਣ ਦੇਣਗੀਆਂ ,ਇਸਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ, ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ, ਜ਼ਿਲ੍ਹਾ ਸਕੱਤਰ ਤਰਸੇਮ ਸਿੰਘ ਬੈਂਸ, ਤਹਿਸੀਲ ਨਵਾਂਸ਼ਹਿਰ ਦੇ ਪ੍ਰਧਾਨ ਪਰਮਜੀਤ ਸਿੰਘ ਸ਼ਹਾਬ ਪੁਰ,ਇਸਤਰੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਕੌਰ ਉਟਾਲ,ਪਰਵਾਸੀ ਮਜਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਰਵੀਨ ਕੁਮਾਰ ਨਿਰਾਲਾ, ਇਫਟੂ ਦੇ ਸੂਬਾ ਸਹਾਇਕ ਸਕੱਤਰ ਅਵਤਾਰ ਸਿੰਘ ਤਾਰੀ,ਜ਼ਿਲ੍ਹਾ ਪ੍ਰਧਾਨ ਗੁਰਦਿਆਲ ਰੱਕੜ,ਉਸਾਰੀ ਮਿਸਤਰੀ ਮਜਦੂਰ ਯੂਨੀਅਨ ਦੇ ਆਗੂ ਨਿਰਮਲ ਸਿੰਘ ਜੰਡੀ, ਸ਼ਿਵ ਨੰਦਨ, ਰੇਹੜੀ ਵਰਕਰਜ਼ ਯੂਨੀਅਨ ਦੇ ਪ੍ਰਧਾਨ ਹਰੇ ਰਾਮ,ਹਰੀ ਲਾਲ,ਆਟੋ ਵਰਕਰਜ਼ ਯੂਨੀਅਨ ਦੇ ਆਗੂ ਨਰਿੰਦਰ ਸਿੰਘ, ਪੇਂਡੂ ਮਜਦੂਰ ਯੂਨੀਅਨ ਦੇ ਆਗੂਆਂ ਹਰੀ ਰਾਮ ਰਸੂਲਪੁਰੀ, ਸੁਰਿੰਦਰ ਮੀਰਪੁਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਬਿਜਲੀ ਖਪਤਕਾਰਾਂ ਦੇ ਪ੍ਰਾਈਵੇਟ ਕੰਪਨੀ ਦੇ ਪ੍ਰੀਪੇਡ ਸਮਾਰਟ ਮੀਟਰ ਲਾ ਕੇ ਪਾਵਰਕੌਮ ਦਾ ਨਿੱਜੀਕਰਨ ਕਰਨ ਜਾ ਰਹੀ ਹੈ । ਨਿੱਜੀਕਰਨ ਨਾਲ ਸਸਤੀ ਅਤੇ ਮੁਫ਼ਤ ਬਿਜਲੀ ਦੀ ਸਹੂਲਤ ਖਤਮ ਕਰ ਦਿੱਤੀ ਜਾਵੇਗੀ।

ਸਮਾਰਟ ਮੀਟਰਾਂ ਦਾ ਵਿੱਤੀ ਬੋਝ ਵੀ ਖਪਤਕਾਰਾਂ ਉੱਤੇ ਪਵੇਗਾ।ਇਸ ਲਈ ਸਮਾਰਟ ਮੀਟਰ ਲਾਉਣ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਬੀਤੇ ਦਿਨੀਂ ਪਿੰਡ ਸ਼ਹਾਬ_ਰ ਵਿਚ ਲਾਏ ਗਏ 21 ਸਮਾਰਟ ਮੀਟਰ ਲੋਕਾਂ ਵੱਲੋਂ ਪੁੱਟ ਕੇ ਉਹਨਾਂ ਦੀ ਥਾਂ ਪੁਰਾਣੇ ਡਿਜੀਟਲ ਮੀਟਰ ਲਾਉਣ ਲਈ ਪਾਵਰਕੌਮ ਦੇ ਉੱਪ ਮੰਡਲ ਜਾਡਲਾ ਦੇ ਕਰਮਚਾਰੀਆਂ ਨੂੰ ਮਜਬੂਰ ਕੀਤਾ ਅਤੇ ਡਿਜੀਟਲ ਮੀਟਰ ਲਗਵਾਏ। ਆਗੂਆਂ ਨੇ ਕਿਹਾ ਕਿ ਸਮਾਰਟ ਮੀਟਰਾਂ ਦੇ ਵਿਰੁੱਧ 28 ਅਗਸਤ ਨੂੰ ਪਾਵਰਕੌਮ ਦੇ ਨਿਗਰਾਨ ਇੰਜੀਨੀਅਰ ਦੇ ਨਵਾਂਸ਼ਹਿਰ ਦਫਤਰ ਅੱਗੇ ਵੱਡੀ ਗਿਣਤੀ ਵਿਚ ਧਰਨਾ ਦਿੱਤਾ ਜਾਵੇਗਾ।

# ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਵੱਲੋਂ ਕਿਸਾਨਾਂ ਉੱਪਰ ਲਾਠੀਚਾਰਜ ਦੀ ਨਿਖੇਧੀ

**ਜਲੰਧਰ**-ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਨਿਊ ਡੈਮੋਕਰੇਸੀ ਦੀ ਸੂਬਾ ਕਮੇਟੀ ਵੱਲੋਂ ਪ੍ਰੈਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਸੂਬਾ ਕਮੇਟੀ ਮੈਂਬਰ ਕਾਮਰੇਡ ਅਜਮੇਰ ਸਿੰਘ ਨੇ ਹੜ੍ਹ ਪੀੜਤਾਂ ਲਈ ਮੁਆਵਜਾ ਅਤੇ ਮੰਨੀਆਂ ਹੋਈਆਂ ਹੋਰ ਮੰਗਾਂ ਲਈ ਚੰਡੀਗੜ੍ਹ ਜਾ ਰਹੇ ਕਿਸਾਨਾਂ ਉੱਪਰ ਲਾਠੀਚਾਰਜ ਕਰਨ ਦੀ ਜ਼ੋਰਦਾਰ ਨਿਖੇਧੀ ਕੀਤੀ। ਲਾਠੀਚਾਰਜ ਦੌਰਾਨ ਇੱਕ ਕਿਸਾਨ ਦੀ ਮੌਤ ਹੋ ਗਈ। ਚੰਡੀਗੜ੍ਹ ਮਾਰਚ ਲਈ ਮਿੱਥੇ ਹੋਏ ਦਿਨ ਤੋਂ ਪਹਿਲਾਂ ਹੀ ਕਿਸਾਨ ਆਗੂਆਂ ਦੀ ਫੜੋ-ਫੜੀ, ਘਰਾਂ 'ਚ ਨਜ਼ਰਬੰਦੀ ਅਤੇ ਗ੍ਰਿਫ਼ਤਾਰੀਆਂ ਕਰਕੇ ਇਨਸਾਫ ਲਈ ਉੱਠ ਰਹੀ ਆਵਾਜ਼ ਜਬਰ ਰਾਹੀਂ ਦਬਾਉਣ ਦੇ ਹੱਥਕੰਡੇ ਵਰਤੇ ਜਾ ਰਹੇ ਹਨ। ਭਗਵੰਤ ਮਾਨ ਸਰਕਾਰ ਪਹਿਲੀਆਂ ਸਰਕਾਰਾਂ ਵਾਂਗ ਲੋਕਾਂ ਨੂੰ ਜਬਰ-ਜ਼ੁਲਮ ਰਾਹੀਂ ਦਬਾਉਣ ਦੇ ਰਾਹ ਪਈ ਹੋਈ ਹੈ। ਮੁੱਖ ਮੰਤਰੀ ਚੋਣ ਪ੍ਰਚਾਰ ਲਈ ਛੱਤੀਸਗੜ੍ਹ ਗਰੰਟੀਆਂ ਵੰਡ ਰਿਹਾ ਹੈ ਪਰ ਪੰਜਾਬ 'ਚ ਹੜ੍ਹਾਂ ਨਾਲ ਹੋਈ ਤਬਾਹੀ ਦੀ ਭਰਪਾਈ ਕਰਨ ਦੀ ਥਾਂ ਕਿਸਾਨਾਂ ਉੱਪਰ ਡਾਂਗਾਂ ਵਰ੍ਹਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਸਾਨਾਂ ਉੱਪਰ ਤਸ਼ੱਦਦ ਲਈ ਜ਼ੁੰਮੇਵਾਰ ਪੁਲਸ ਅਫਸਰਾਂ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗ ਕੀਤੀ। ਤਸ਼ੱਦਦ ਦੌਰਾਨ ਸ਼ਹੀਦ ਹੋਏ ਕਿਸਾਨ ਦੇ ਪਰਵਾਰ ਨੂੰ 10 ਲੱਖ ਅਤੇ ਪਰਿਵਾਰ ਦੇ ਇੱਕ ਮੈਂਬਰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ। ਫੱਟੜ ਹੋਏ ਕਿਸਾਨਾਂ ਦਾ ਮੁਫ਼ਤ ਇਲਾਜ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਢੁੱਕਵਾਂ ਮੁਆਵਜਾ ਦਿੱਤਾ ਜਾਵੇ। ਕਿਸਾਨਾਂ ਉੱਪਰ ਦਰਜ ਕੇਸ ਰੱਦ ਕੀਤੇ ਜਾਣ। ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਲਈ ਸਰਕਾਰ ਵੱਲੋਂ ਜਾਰੀ ਨਿਗੂਣੀ ਰਾਸ਼ੀ ਨੁਕਸਾਨ ਦੀ ਭਰਪਾਈ ਦੇ ਨੇੜੇ-ਤੇੜੇ ਵੀ ਨਹੀਂ ਹੈ, ਇਸ ਲਈ ਰਾਹਤ ਰਾਸ਼ੀ ਫੌਰੀ ਵਧਾਈ ਜਾਵੇ ਅਤੇ ਪੰਜਾਬ ਦੇ ਲੋਕਾਂ ਦੀ ਸੰਕਟ ਸਮੇਂ ਬਾਂਹ ਫੜੀ ਜਾਵੇ।

## ਪ੍ਰੈੱਸ ਨੋਟ

ਜ਼ਿਲ੍ਹਾ ਸਿੱਖਿਆ ਅਫਸਰ (ਸੈ : ਸਿ) ਗੁਰਦਾਸਪੁਰ ਸਾਲ 2023-24 ਦੇ ਜ਼ਿਲ੍ਹਾ ਅਤੇ ਪੰਜਾਬ ਰਾਜ ਜ਼ਿਲ੍ਹਾ ਟੂਰਨਾਮੈਂਟ ਲਈ ਇਨਾਮ ਵੰਡ ਸਮਾਰੋਹ ਲਈ ਟਰਾਫੀਆਂ, ਮਿਮੈਂਟੋ, ਖੇਡਾਂ ਦਾ ਸਾਮਾਨ, ਵਧੀਆ ਟ੍ਰੈਕ ਸੂਟ, ਮੈਡਲ ਦੀ ਖਰੀਦ ਕਰਨੀ, ਟੈਂਟ ਦਾ ਸਾਮਾਨ ਅਤੇ ਬਿਜਲੀ ਦਾ ਸਾਮਾਨ ਕਿਰਾਏ 'ਤੇ ਲੈਣ ਅਤੇ ਸਰਟੀਫਿਕੇਟ ਜ਼ਿਲ੍ਹਾ ਪੱਧਰ ਅਤੇ ਜ਼ੋਨ ਪੱਧਰ ਦੀ ਛਪਾਈ ਕਰਵਾਉਣੀ ਹੈ। ਇਸ ਦਫਤਰ ਵਿੱਚੋਂ ਦਫਤਰੀ ਸਮੇਂ ਦੌਰਾਨ ਸਾਮਾਨ ਦੀ ਲਿਸਟ, ਕਵਾਲਟੀ ਦਾ ਪ੍ਰੋਫਾਰਮਾ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਕੋਲੋਂ 200 ਰੁਪਏ ਦਾ ਲੈ ਕੇ ਮਿਤੀ 15.9.2023 ਤੱਕ ਸੀਲਡ ਲਿਫਾਫੇ ਵਿੱਚ ਰੇਟ ਭਰ ਕੇ ਡਾਕ ਰਾਹੀਂ ਇਸ ਦਫਤਰ ਵਿਖੇ ਦੁਪਹਿਰ 12.00 ਵਜੇ ਤੱਕ ਪਹੁੰਚ ਜਾਣੇ ਚਾਹੀਦੇ ਹਨ ਅਤੇ ਇਹ ਟੈਂਡਰ ਉਸੇ ਦਿਨ ਕਮੇਟੀ ਦੇ ਸਾਹਮਣੇ 2.00 ਵਜੇ ਖੋਲ੍ਹ ਦਿੱਤੇ ਜਾਣਗੇ। ਕਮੇਟੀ ਮੌਕੇ 'ਤੇ ਸਾਮਾਨ ਚੈੱਕ ਕਰੇਗੀ, ਜਿਸ ਦਾ ਰੇਟ ਘੱਟ ਅਤੇ ਸਾਮਾਨ ਵਧੀਆ ਹੋਵੇਗਾ, ਉਸ ਫਰਮ ਨੂੰ ਸਪਲਾਈ ਆਰਡਰ ਦਿੱਤਾ ਜਾਵੇਗਾ। ਇਹ ਰੇਟ 31.3.2024 ਤੱਕ ਮੰਨੇ ਜਾਣਗੇ। ਟੈਂਡਰ ਸੰਬੰਧੀ ਸਾਰੇ ਹੱਕ ਜ਼ਿਲ੍ਹਾ ਸਿੱਖਿਆ ਅਫਸਰ (ਸੈ: ਸਿ) ਗੁਰਦਾਸਪੁਰ ਕੋਲ ਰਾਖਵੇਂ ਹੋਣਗੇ, ਉਹ ਕਿਸੇ ਵੇਲੇ ਵੀ ਬਿਨਾਂ ਕਾਰਨ ਦੱਸੇ ਟੈਂਡਰ ਕੈਂਸਲ ਕਰ ਸਕਦੇ ਹਨ।

ਨੋਟ : ਬਿਨਾਂ ਜੀ ਐੱਸ ਟੀ ਨੰਬਰ ਵਾਲੀ ਫਰਮ ਦੇ ਟੈਂਡਰ ਸਵੀਕਾਰ ਨਹੀਂ ਕੀਤੇ ਜਾਣਗੇ।

ਜ਼ਿਲ੍ਹਾ ਸਿੱਖਿਆ ਅਫਸਰ (ਸੈ: ਸਿ) ਗੁਰਦਾਸਪੁਰ

ਨੰ: 2023/140 ਮਿਤੀ : 22.8.23

# ਪਹਿਲੀ ਤੋਂ ਜੀ ਪੀ ਐੱਫ ਕਟੌਤੀ ਸ਼ੁਰੂ ਕਰਨ ਦੀ ਮੁਹਿੰਮ ਵਿੱਢੀ ਜਾਵੇਗੀ : ਟਹਿਲ ਸਰਾਭਾ

**ਮੋਗਾ (ਅਮਰਜੀਤ ਬੱਬਰੀ)** -ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਕੋ ਕਨਵੀਨਰ ਟਹਿਲ ਸਿੰਘ ਸਰਾਭਾ, ਰਣਦੀਪ ਸਿੰਘ ਫ਼ਤਿਹਗੜ੍ਹ ਸਾਹਿਬ, ਕੰਵਲਜੀਤ ਸਿੰਘ ਰੋਪੜ, ਦਰਸ਼ੀ ਕਾਂਤ ਰਾਜਪੁਰਾ, ਮਨਦੀਪ ਸਰਥਲੀ ਰੋਪੜ ਦੀ ਅਗਵਾਈ ਵਿੱਚ ਪੰਜਾਬ ਊਰਜਾ ਵਿਕਾਸ ਏਜੰਸੀ, ਚੰਡੀਗੜ੍ਹ ਵਿਖੇ ਕੈਬਨਿਟ ਸਬ ਕਮੇਟੀ ਮੈਂਬਰ ਕੁਲਦੀਪ ਸਿੰਘ ਧਾਲੀਵਾਲ ਕੈਬਿਨੇਟ ਮੰਤਰੀ ਨਾਲ ਮੀਟਿੰਗ ਸਾਰਥਕ ਮਾਹੌਲ ਵਿੱਚ ਹੋਈ। ਕੈਬਨਿਟ ਸਬ ਕਮੇਟੀ ਦੇ ਚੇਅਰਮੈਨ ਸ੍ਰੀ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੂੰ ਮੀਟਿੰਗ ਤੋਂ ਪਹਿਲਾਂ ਐਮਰਜੈਂਸੀ ਕੰਮ 'ਤੇ ਜਾਣਾ ਪਿਆ। ਮੋਰਚੇ ਦੇ ਆਗੂਆਂ ਵੱਲੋਂ ਸਮੇਂ ਦੀ ਨਜ਼ਾਕਤ ਸਮਝਦੇ ਹੋਏ ਮੀਟਿੰਗ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨਾਲ ਕੀਤੀ ਗਈ, ਜਿਸ ਵਿੱਚ ਮੋਰਚੇ ਦੇ ਆਗੂਆਂ ਵੱਲੋਂ ਜਲਦੀ ਤੋਂ ਜਲਦੀ ਜਨਵਰੀ 2004 ਤੋਂ ਬਾਅਦ ਨਿਯੁਕਤ ਸਮੂਹ ਮੁਲਾਜ਼ਮਾਂ ਉੱਪਰ ਪੁਰਾਣੀ ਪੈਨਸ਼ਨ ਸਕੀਮ ਅਮਲੀ ਰੂਪ ਵਿੱਚ ਲਾਗੂ ਕਰਨ ਅਤੇ ਐਨ.ਪੀ.ਐਸ. ਦੀ ਕਟੌਤੀ ਬੰਦ ਕਰਕੇ ਜੀਪੀਐਫ਼ ਕਟੌਤੀ ਸ਼ੁਰੂ ਕਰਨ ਮੰਗ ਜ਼ੋਰ ਦਾ ਢੰਗ ਨਾਲ ਰੱਖੀ ਗਈ। ਆਗੂਆਂ ਵੱਲੋਂ ਦੱਸਿਆ ਗਿਆ ਕਿ ਮੀਟਿੰਗ ਵਿੱਚ ਆਗੂਆਂ ਵੱਲੋਂ ਤੱਥਾਂ ਤੇ ਦਸਤਾਵੇਜ਼ਾਂ 'ਤੇ ਅਧਾਰਤ ਗੱਲ ਕੀਤੀ ਗਈ। ਆਗੂਆਂ ਵਲੋਂ ਜ਼ੋਰ ਦੇ ਕੇ ਕਿਹਾ ਗਿਆ ਕਿ ਜਦੋਂ ਵੀ ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੰਦੀ ਹੈ ਤਾਂ ਪੰਜਾਬ ਦੇ ਮੁਲਾਜ਼ਮਾਂ ਦਾ ਜੀ ਪੀ ਐਫ਼ ਲਗਪਗ 180 ਕਰੋੜ ਰੁਪਏ ਮਹੀਨਾ ਕਟੌਤੀ ਉਪਰੰਤ ਪੰਜਾਬ ਸਰਕਾਰ ਦੇ ਖ਼ਜ਼ਾਨੇ ਵਿੱਚ ਆਵੇਗਾ ਅਤੇ ਪੰਜਾਬ ਸਰਕਾਰ ਦਾ ਐਨ ਪੀ ਐਸ ਦਾ ਸ਼ੇਅਰ ਲਗਭਗ 190 ਕਰੋੜ ਪੰਜਾਬ ਸਰਕਾਰ ਦੇ ਖ਼ਜ਼ਾਨੇ ਵਿੱਚ ਹੀ ਰਹੇਗਾ, ਜਿਸ ਨਾਲ ਸਾਨੂੰ ਲਗਭਗ 4000 ਕਰੋੜ ਸਾਲਾਨਾ ਦਾ



ਮਾਲੀਆ ਇਕੱਠਾ ਹੋਵੇਗਾ, ਜਿਸ ਨਾਲ ਪੰਜਾਬ ਸਰਕਾਰ ਦੇ ਆਰਥਿਕ ਬਜਟ ਨੂੰ ਵੱਡਾ ਬਲ ਮਿਲੇਗਾ। ਮੋਰਚੇ ਵੱਲੋਂ ਰੱਖੇ ਗਏ ਤੱਥਾਂ ਭਰਪੂਰ ਪੱਤਰਾਂ ਤੇ ਵੇਰਵੇ ਉਤੇ ਕੈਬਨਿਟ ਮੰਤਰੀ ਵੱਲੋਂ ਹਾਂ ਪੱਖੀ ਹੁੰਗਾਰਾ ਭਰਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ 100% ਲਾਗੂ ਕਰਨੀ ਹੈ। ਉਨ੍ਹਾਂ ਮੋਰਚੇ ਦੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਜਲਦੀ ਹੀ ਥੋੜ੍ਹੇ ਦਿਨਾਂ ਵਿੱਚ ਕੈਬਨਿਟ ਸਬ ਕਮੇਟੀ ਨਾਲ ਅਗਲੀ ਮੀਟਿੰਗ ਕਰਵਾਈ ਜਾਵੇਗੀ। ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਜਨਵਰੀ 2004 ਤੋਂ ਬਾਅਦ ਨਿਯੁਕਤ ਮੁਲਾਜ਼ਮਾਂ ਦੀ ਜੀ.ਪੀ.ਐੱਫ. ਕਟੌਤੀ ਸ਼ੁਰੂ ਨਾ ਕੀਤੀ ਤਾਂ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ 1 ਸਤੰਬਰ ਤੋਂ 15 ਸਤੰਬਰ ਤੱਕ ਪੂਰੇ ਪੰਜਾਬ ਵਿਚ 'ਪੁਰਾਣੀ ਪੈਨਸਨ ਲਾਗੂ ਕਰੋ, ਐਨ.ਪੀ.ਐਸ. ਕਟੌਤੀ ਬੰਦ ਕਰੋ, ਜੀ.ਪੀ.ਐਫ. ਕਟੌਤੀ ਸ਼ੁਰੂ ਕਰੋ' ਮੁਹਿਮ ਸ਼ੁਰੂ ਕੀਤੀ ਜਾਵੇਗੀ, ਜਿਸ ਅਧੀਨ ਪੂਰੇ ਪੰਜਾਬ ਵਿੱਚ ਬਲਾਕਾਂ, ਤਹਿਸੀਲਾਂ, ਡੀਪੂਆਂ, ਦਫ਼ਤਰਾਂ ਵਿੱਚ ਐਕਸ਼ਨ ਕੀਤੇ ਜਾਣਗੇ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਰੋਜ਼ਾ ਸ਼ਰੀਫ ਦਾ ਸਾਲਾਨਾ ਉਰਸ 13 ਤੋਂ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਹਜ਼ਰਤ ਸ਼ੇਖ ਅਹਿਮਦ ਮੁਜੱਦਦ ਅਲਫਸਾਨੀ ਦੀ ਯਾਦ 'ਚ ਹਰੇਕ ਸਾਲ ਰੋਜ਼ਾ ਸ਼ਰੀਫ ਵਿਖੇ ਆਯੋਜਿਤ ਕੀਤਾ ਜਾਣ ਵਾਲਾ ਸਲਾਨਾ ਉਰਸ ਇਸ ਵਾਰ 13 ਸਤੰਬਰ ਤੋਂ 15 ਸਤੰਬਰ ਤੱਕ ਮਨਾਇਆ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਰੋਜ਼ਾ ਸ਼ਰੀਫ ਦੇ ਸਲਾਨਾ ਉਰਸ ਸੰਬੰਧੀ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸਮੂਹ ਅਧਿਕਾਰੀ ਆਪਣੇ ਫਰਜ਼ਾਂ ਨੂੰ ਪੂਰੀ ਇਮਾਨਦਾਰੀ ਤੇ ਸਮਰਪਣ ਦੀ ਭਾਵਨਾ ਨਾਲ ਅਦਾ ਕਰਨ ਤਾਂ ਜੋ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਡਿਪਟੀ ਕਮਿਸ਼ਨਰ ਨੇ ਪੀਣ ਵਾਲੇ ਸਾਫ ਸੁਥਰੇ ਪਾਣੀ, ਆਰਜ਼ੀ ਪਖਾਨੇ ਅਤੇ ਆਰਜ਼ੀ ਲਾਈਟਾਂ ਦਾ ਪ੍ਰਬੰਧ ਕਰਨ ਲਈ ਵੀ ਸੰਬੰਧਤ ਅਧਿਕਾਰੀਆਂ ਨੂੰ ਆਦੇਸ਼ ਜਾਰੀ ਕੀਤੇ। ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਪਿੰਡ ਬਰਾਸ ਵਿਖੇ ਲੋੜੀਂਦੇ ਪ੍ਰਬੰਧ ਕਰਨ ਲਈ ਕਿਹਾ। ਉਨ੍ਹਾਂ ਪੀ.ਐਸ.ਪੀ.ਸੀ.ਐਲ. ਦੇ ਅਧਿਕਾਰੀਆਂ ਨੂੰ ਉਰਸ ਦੌਰਾਨ ਨਿਰਵਿਘਨ ਬਿਜਲੀ ਸਪਲਾਈ, ਸਿਵਲ ਸਰਜਨ ਨੂੰ ਲੋੜੀਂਦੀਆਂ ਮੈਡੀਕਲ ਟੀਮਾਂ ਤੇ ਐਂਬੂਲੈਂਸ ਦਾ ਪ੍ਰਬੰਧ ਕਰਨ ਲਈ ਵੀ ਕਿਹਾ। ਉਨ੍ਹਾਂ ਰੋਜ਼ਾ ਸ਼ਰੀਫ ਦੇ ਆਲੇ ਦੁਆਲੇ ਸਾਫ ਸਫਾਈ ਦੇ ਪੁਖਤਾ ਪ੍ਰਬੰਧ ਕਰਨ ਦੇ ਵੀ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਰੋਜ਼ਾ ਸ਼ਰੀਫ ਦੇ ਖਲੀਫਾ ਸਯੱਦ ਸਾਦਿਕ ਰਜ਼ਾ, ਐਸ.ਡੀ.ਐਮ. ਫ਼ਤਹਿਗੜ੍ਹ ਸਾਹਿਬ ਹਰਪ੍ਰੀਤ ਸਿੰਘ ਅਟਵਾਲ, ਸਹਾਇਕ ਕਮਿਸ਼ਨਰ (ਜ) ਅਭਿਸ਼ੇਕ ਸ਼ਰਮਾ, ਡੀ.ਐਸ.ਪੀ. (ਐਚ) ਗੁਰਪ੍ਰਤਾਪ ਸਿੰਘ, ਜ਼ਿਲ੍ਹਾ ਸਿੱਖਿਆ ਅਫਸਰ ਮੰਜੂ ਭਾਰਦਵਾਜ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।



# ਉੱਨਤ ਭਾਰਤ ਸੇਵਾਸ੍ਰੀ ਸਨਮਾਨ ਸਮਾਰੋਹ 'ਚ ਸਮਾਜ ਸੇਵੀ ਤੇ ਉੱਚ ਸਰਕਾਰੀ ਅਧਿਕਾਰੀ ਸਨਮਾਨਤ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)** -ਕਾਂਸਟੀਚਿਊਸ਼ਨ ਕਲੱਬ, ਸੰਸਦ ਮਾਰਗ, ਦਿੱਲੀ ਵਿਖੇ 23ਵਾਂ ਉੱਨਤ ਭਾਰਤ ਸੇਵਾਸ੍ਰੀ ਸਨਮਾਨ ਸਮਾਗਮ ਸਮਾਜ ਅਤੇ ਲੋਕ ਭਲਾਈ ਨੂੰ ਸਮਰਪਤ ਉੱਚ ਸਰਕਾਰੀ ਅਧਿਕਾਰੀਆਂ ਅਤੇ ਹੇਠਲੇ ਪੱਧਰ ਦੇ ਸਮਾਜ ਸੇਵੀਆਂ ਨੂੰ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸਸ਼ ਭਰ 'ਚੋਂ ਚੁਣਿਆ ਅਤੇ ਸਨਮਾਨਤ ਕੀਤਾ ਗਿਆ। ਜਿਸ 'ਚ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦੇ ਨਵ-ਨਿਯੁਕਤ ਵਾਈਸ ਚਾਂਸਲਰ ਪ੍ਰੋ. ਡਾਕਟਰ ਰਾਜੀਵ ਸੂਦ ਨੂੰ ਮੈਡੀਕਲ ਸ਼੍ਰੇਣੀ 'ਚ ਚਿਕਿਤਸਾ ਰਤਨ ਅਤੇ ਉਨ੍ਹਾਂ ਦੀ ਪਤਨੀ ਗੀਵਾ ਸੂਦ ਨੂੰ ਵਾਤਾਵਰਨ ਅਤੇ ਖੇਤੀ-ਬਾਗਬਾਨੀ ਦੇ ਖੇਤਰ ਵਿੱਚ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ 'ਪਰਿਵਾਰਨ-ਵਿਦ ਰਤਨ' ਨਾਲ ਸਨਮਾਨਤ ਕੀਤਾ ਗਿਆ।

ਇਸ ਤੋਂ ਇਲਾਵਾ ਕਈ ਹੋਰ ਪਤਵੰਤਿਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਦੇ ਨਵ-ਨਿਯੁਕਤ ਵਾਈਸ ਚਾਂਸਲਰ ਪ੍ਰੋ. ਡਾ. ਰਾਜੀਵ ਸੂਦ ਨੇ ਦੱਸਿਆ ਕਿ ਇਸ ਸਮਾਰੋਹ 'ਚ ਮੁੱਖ ਮਹਿਮਾਨ ਪਦਮਸ੍ਰੀ ਵਿਜੇ ਕੁਮਾਰ ਚੋਪੜਾ, ਮੁਖੀ ਪੰਜਾਬ ਕੇਸਰੀ ਗਰੁੱਪ, ਸੁਪਰੀਮ ਕੋਰਟ ਦੇ ਸਾਬਕਾ ਜਸਟਿਸ ਕੈਲਾਸ਼ ਗੰਭੀਰ, ਆਰੁਸ਼ ਚੋਪੜਾ, ਪ੍ਰੋ: (ਡਾ.) ਰਾਜੀਵ ਸੂਦ ਅਤੇ ਕਈ ਉੱਘੀਆਂ ਸ਼ਖਸੀਅਤਾਂ ਹਾਜ਼ਰ ਸਨ। ਇਸ ਤੋਂ ਇਲਾਵਾ ਸੰਤ ਮਹਾਮੰਡਲ ਦੇ ਸਾਬਕਾ ਦਿੱਲੀ ਸ੍ਰੀ ਸ੍ਰੀ ਸ੍ਰੀ 1008 ਵਿਦਿਆਗਿਰੀ ਮਹਾਰਾਜ ਅਤੇ ਸਾਬਕਾ ਮੰਤਰੀ ਸੰਤੋਖ ਸਿੰਘ ਦੀ ਪਤਨੀ ਵੀ ਪ੍ਰੋਗਰਾਮ ਦਾ ਹਿੱਸਾ ਸਨ। ਪ੍ਰੋ. ਡਾ. ਰਾਜੀਵ ਸੂਦ ਨੇ ਸਮਾਜ ਵਿਚ ਏਕਤਾ ਅਤੇ ਸਦਭਾਵਨਾ ਦਾ ਸੰਦੇਸ਼ ਦਿੰਦੇ ਹੋਏ ਸੰਸਥਾ ਦਾ ਧੰਨਵਾਦ ਕੀਤਾ। ਉਨ੍ਹਾਂ ਚੰਦਰਯਾਨ ਦੇ ਸਫਲ ਲੈਂਡਿੰਗ 'ਤੇ ਵਧਾਈ ਦਿੰਦਿਆਂ ਦੱਸਿਆ ਕਿ ਦਿੱਲੀ ਦੇ ਸਾਬਕਾ ਜਸਟਿਸ ਕੈਲਾਸ਼ ਗੰਭੀਰ ਨੇ ਇਸ ਮੌਕੇ ਕਿਹਾ ਕਿ ਅੱਜ ਦੇ ਦੌਰ 'ਚ ਸਮਾਜਕ ਏਕਤਾ ਕਿੰਨੀ ਜ਼ਰੂਰੀ ਹੈ। ਇਸ ਸਾਲ ਵਾਈਸ ਚਾਂਸਲਰ ਪ੍ਰੋ: ਡਾ. ਰਾਜੀਵ ਸੂਦ ਅਤੇ ਡਾ. ਨੀਰਜ ਜੈਨ ਦੇ ਨਾਲ-ਨਾਲ ਵਾਈਸ ਚਾਂਸਲਰ



ਡਾ. ਸੁਰੇਂਦਰ ਕਸ਼ਯਪ (ਅਟਲ ਮੈਡੀਕਲ ਯੂਨੀਵਰਸਿਟੀ) ਨੂੰ ਵੀ ਮੈਡੀਕਲ ਸ਼੍ਰੇਣੀ 'ਚ ਚਿਕਿਤਸਾ ਰਤਨ ਨਾਲ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਵਾਈਸ-ਚਾਂਸਲਰ ਡਾ: ਸੰਭਾਜੀ ਬਾਵਿਸਕਰ (ਵਿਕਰਮਸ਼ਿਲਾ ਹਿੰਦੀ ਵਿਦਿਆਪੀਠ, ਭਾਗਲਪੁਰ ਬਿਹਾਰ), ਡਾ: ਕ੍ਰਿਸ਼ਨ ਮੁਰਾਰੀ ਯਾਦਵ, ਸੁਕ੍ਰਿਤੀ ਇਸਾਰ, ਪ੍ਰਸਿੱਧ ਜੋਤਸ਼ੀ ਰਾਘਵ ਸਵਰੂਪ ਭੱਟ, ਜੋਤਸ਼ੀ ਅਤੇ ਟੀ.ਵੀ. ਡੀਬੇਟਰ ਮਾਨਵੇਂਦਰ ਰਾਵਤ, ਕੁਰੂਕਸ਼ੇਤਰ ਦੇ ਪ੍ਰਸਿੱਧ ਲੇਖਕ ਡਾ. ਕੇ.ਆਰ. ਅਨੇਜਾ ਨੂੰ ਸਿੱਖਿਆ ਰਤਨ ਪੁਰਸਕਾਰ ਲਈ ਚੁਣਿਆ ਗਿਆ। ਕਲਾ ਅਤੇ ਸੱਭਿਆਚਾਰ ਦੇ ਖੇਤਰ ਵਿੱਚ ਵਿਸ਼ਵ ਪ੍ਰਸਿੱਧ ਜਾਦੂਗਰ ਸਮਰਾਟ ਸ਼ੰਕਰ, ਸੀਮਾ ਬੀਬਨ ਅਤੇ ਹਰਨੀਤ ਸਿੰਘ ਸੇਠੀ ਨੂੰ ਸਨਮਾਨਤ ਕੀਤਾ ਗਿਆ।

## ਕਾਤਰਾਂ

### ਕਿੰਡਰ ਗਾਰਟਨ ਐਂਡ ਸੀ. ਸੈ. ਸਕੂਲ ਦੇ ਵਿਦਿਆਰਥੀਆਂ ਜ਼ੋਨਲ ਖੇਡਾਂ 'ਚ ਮਾਰੀਆਂ ਮੱਲਾਂ

ਸਮਰਾਲਾ (ਸੁਰਜੀਤ ਸਿੰਘ)-ਸਾਲ 2023-24 ਜ਼ੋਨਲ ਖੇਡ ਮੁਕਾਬਲਿਆਂ ਵਿੱਚ ਕਿੰਡਰ ਗਾਰਟਨ ਐਂਡ ਸੀ. ਸੈਂ. ਸਕੂਲ ਦੀ ਹੈਂਡਬਾਲ ਤੇ ਬੈਡਮਿੰਟਨ ਟੀਮ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਵਿੱਚ ਹੈਂਡਬਾਲ ਅੰਡਰ-17 ਲੜਕਿਆਂ ਨੇ ਐਵੀਅਰ ਸਕੂਲ ਮਾਛੀਵਾੜਾ ਨੂੰ 7-3 ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ, ਅੰਡਰ-19 ਹੈਂਡਬਾਲ ਲੜਕਿਆਂ ਨੇ ਸੈਂਟੀਨਲ ਸਕੂਲ ਸਮਰਾਲਾ ਨੂੰ 11-0 ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਅੰਡਰ-14 ਹੈਂਡਬਾਲ ਲੜਕਿਆਂ ਨੇ ਤੀਜਾ ਸਥਾਨ ਹਾਸਲ ਕੀਤਾ। ਬੈਡਮਿੰਟਨ ਅੰਡਰ-17 ਲੜਕਿਆਂ ਨੇ ਦੂਜਾ ਸਥਾਨ ਹਾਸਲ ਕੀਤਾ। ਸਕੂਲ ਦੇ ਚੇਅਰਮੈਨ ਦਲਜੀਤ ਸਿੰਘ ਸ਼ਾਹੀ, ਡਾਇਰੈਕਟਰ ਮੈਡਮ ਸਰਬਜੀਤ ਕੌਰ, ਪ੍ਰਿੰਸੀਪਲ ਮੈਡਮ ਰਣਜੋਤ ਕੌਰ ਤੇ ਸਮੂਹ ਸਟਾਫ ਨੇ ਬੱਚਿਆਂ ਅਤੇ ਡੀ. ਪੀ. ਮੈਡਮ ਹਰਪ੍ਰੀਤ ਕੌਰ, ਸੁਖਦੀਪ ਕੌਰ, ਸੁਖਚੈਨ ਸਿੰਘ ਨੂੰ ਵਧਾਈਆਂ ਦਿੱਤੀਆਂ ਤੇ ਬੱਚਿਆਂ ਨੂੰ ਅੱਗੇ ਵੱਧਣ ਦੀ ਪ੍ਰੇਰਨਾ ਦਿੱਤੀ।

### ਫਿਲਮ 'ਚ ਸੈਣ ਸਮਾਜ ਬਾਰੇ ਵਰਤੀ ਸ਼ਬਦਾਵਲੀ ਕਾਰਨ ਗੁੱਸੇ ਦੀ ਲਹਿਰ

**ਕੋਟਕਪੂਰਾ (ਰਛਪਾਲ ਭੁੱਲਰ )**-ਫਿਲਮ ਗੋਡੇ ਗੋਡੇ ਚਾਅ 'ਚ ਸੈਣ ਸਮਾਜ ਖਿਲਾਫ ਬੋਲੀ ਮਾੜੀ ਸ਼ਬਦਾਵਲੀ ਕਾਰਨ ਸਾਰੀ ਬਰਾਦਰੀ 'ਚ ਰੋਸ ਜਤਾਇਆ ਜਾ ਰਿਹਾ ਹੈ। ਇਸ ਸੰਬੰਧੀ ਫਿਲਮ ਬਣਾਉਣ ਵਾਲਿਆਂ ਤੇ ਕਲਾਕਾਰਾਂ ਖਿਲਾਫ਼ ਤੁਰੰਤ ਕਾਰਵਾਈ ਕਰਨ ਲਈ ਫਰੀਦਕੋਟ ਸੈਣ ਸਮਾਜ ਦੇ ਮੈਂਬਰਾਂ ਵੱਲੋਂ ਅੱਜ ਡੀ ਸੀ ਦਫਤਰ ਫਰੀਦਕੋਟ ਵਿਖੇ ਇੱਕ ਮੰਗ ਪੱਤਰ ਦਿੱਤਾ ਗਿਆ । ਇਹ ਵੀ ਚਿਤਾਵਨੀ ਦਿੱਤੀ ਗਈ ਕਿ ਅਗਰ ਜਲਦੀ ਕਾਰਵਾਈ ਨਾ ਹੋਈ ਤਾਂ ਤਕੜਾ ਸੰਘਰਸ਼ ਵਿੱਢਿਆ ਜਾਵੇਗਾ । ਇਸ ਸਮੇਂ ਨੀਲਾ ਸਿੰਘ, ਹਰਪਾਲ ਮਚਾਕੀ, ਬੂਟਾ ਸਿੰਘ ਰੱਤੀਰੋੜੀ, ਬਖਸ਼ੀਸ਼, ਬਿੱਟ, ਰਾਮ ਨਿਵਾਸ, ਗੁਰਸੇਵਕ ਧੂਰਕੋਟ, ਬਿੱਟੂ ਧੂਰਕੋਟ ਤੇ ਲਖਵਿੰਦਰ ਕੋਟਸੁਖੀਆ ਆਦਿ ਮੈਂਬਰ ਸਾਮਿਲ ਸਨ।

### ਬੀ ਐੱਫ ਜੀ ਆਈ 'ਚ ਮੇਲਾ ਤੀਆਂ ਦਾ



**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਬੀ.ਐਫ.ਜੀ.ਆਈ. ਵਿਖੇ ਗਰਲਜ਼ ਹੋਸਟਲ ਦੀਆਂ ਵਿਦਿਆਰਥਣਾਂ ਵੱਲੋਂ 'ਮੇਲਾ ਤੀਆਂ ਦਾ' ਆਯੋਜਨ ਕਰਕੇ ਤੀਆਂ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਕਈ ਤਰ੍ਹਾਂ ਦੇ ਪ੍ਰਤਿਭਾ ਮੁਕਾਬਲੇ ਆਯੋਜਤ ਕੀਤੇ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਬੀ.ਐਫ.ਜੀ.ਆਈ. ਦੀਆਂ ਪ੍ਰਤਿਭਾਵਾਨ ਵਿਦਿਆਰਥਣਾਂ ਨੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਪਾ ਕੇ ਹਿੱਸਾ ਲਿਆ। ਇਸ ਤੋਂ ਇਲਾਵਾ ਪੰਜਾਬੀ ਗੀਤਾਂ ਦੀ ਤਾਲ 'ਤੇ ਵੱਖ-ਵੱਖ ਡਾਂਸ ਪੇਸ਼ਕਾਰੀਆਂ ਹੋਈਆਂ। ਇਸ ਮੌਕੇ ਹੋਏ ਮਹਿੰਦੀ ਲਾਉਣ ਦੇ ਮੁਕਾਬਲੇ ਵਿੱਚ ਵਿਦਿਆਰਥਣ ਰਮਨ ਅਤੇ ਜੀਨਾ ਜੇਤੂ ਰਹੀਆਂ। ਇਸ ਤੋਂ ਇਲਾਵਾ ਪ੍ਰਤਿਭਾ ਮੁਕਾਬਲੇ ਵਿੱਚ ਵਿਦਿਆਰਥਣ ਕੋਮਲ ਜੇਤੂ ਰਹੀ, ਜਦੋਂ ਕਿ ਵਧੀਆ ਪਹਿਰਾਵੇ ਲਈ ਵਿਦਿਆਰਥਣ ਜਸਪ੍ਰੀਤ ਨੂੰ ਚੁਣਿਆ ਗਿਆ। ਇਸ ਮੌਕੇ ਵਿਦਿਆਰਥਣ ਭਾਵਿਆ ਨੂੰ 'ਮਿਸ ਤੀਜ-2023' ਚੁਣਿਆ ਗਿਆ। ਇਸ ਸਮਾਗਮ ਵਿੱਚ ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਮਿਲ ਕੇ ਖ਼ੂਬ ਗਿੱਧਾ ਪਾਇਆ ਤੇ ਇਸ ਤਿਉਹਾਰ ਦੀ ਭਾਵਨਾ ਨੂੰ ਵਧਾਇਆ। ਇਸ ਮੌਕੇ ਗਰਲਜ਼ ਹੋਸਟਲ ਦੀ ਵਾਰਡਨ ਮੈਡਮ ਇੰਦੂ ਬਾਲਾ ਨੇ ਵਿਦਿਆਰਥਣਾਂ ਦੀ ਖ਼ੁਸ਼ੀ ਵਿੱਚ ਸ਼ਾਮਲ ਹੁੰਦਿਆਂ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ ਤੇ ਤੀਆਂ ਦੀਆਂ ਵਧਾਈਆਂ ਦਿੱਤੀਆਂ।

ਬੀ.ਐਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

### ਵੱਖ-ਵੱਖ ਪਿੰਡਾਂ ਦੀਆਂ ਫ਼ਸਲਾਂ ਦਾ ਕੀਤਾ ਸਰਵੇਖਣ

**ਬਠਿੰਡਾ, (ਪਰਵਿੰਦਰ ਜੀਤ ਸਿੰਘ)** ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਵੱਲੋਂ ਜ਼ਿਲ੍ਹੇ ਅਧੀਨ ਪੈਂਦੇ ਸੰਗਤ ਤੇ ਤਲਵੰਡੀ ਸਾਬੋ ਬਲਾਕ ਦੇ ਵੱਖ-ਵੱਖ ਪਿੰਡਾਂ ਕੋਟਗੁਰੂ, ਸੰਗਤ, ਮੁਹਾਲਾ, ਗਹਿਰੀ ਬੁੱਟਰ, ਬਹਿਮਣ ਕੌਰ ਸਿੰਘ, ਬਹਿਮਣ ਜੱਸਾ ਸਿੰਘ, ਸੀਗੋਂ, ਲਹਿਰੀ ਆਦਿ ਦਾ ਫ਼ਸਲ ਸਰਵੇਖਣ ਕੀਤਾ ਗਿਆ। ਕੁਝ ਪਿੰਡਾਂ ਵਿੱਚ ਨਰਮੇ ਦੀ ਗੁਲਾਬੀ ਸੁੰਡੀ ਦਾ ਹਮਲਾ ਵੇਖਣ ਨੂੰ ਮਿਲਿਆ। ਜਾਣਕਾਰੀ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਨੁਮਾਇੰਦੇ ਨੇ ਸਾਂਝੀ ਕੀਤੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਘਬਰਾਉਣ ਨਾ ਤੇ ਆਪਣੇ ਖੇਤਾਂ ਦਾ ਲਗਾਤਾਰ ਸਰਵੇਖਣ ਕਰਦੇ ਰਹਿਣ ਅਤੇ ਲੋੜ ਪੈਣ ਤੇ ਸਿਫ਼ਾਰਸ਼ ਕੀਤੇ ਅਤੇ ਪ੍ਰਮਾਣਤ ਕੀਟਨਾਸ਼ਕ ਜ਼ਹਿਰਾਂ ਦੀ ਹੀ ਵਰਤੋਂ ਕਰਨ ਅਤੇ ਆਪਣੇ ਜ਼ਿਲ੍ਹੇ ਦੇ ਖੇਤੀਬਾੜੀ ਵਿਭਾਗ ਤੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਲ ਲਗਾਤਾਰ ਸੰਪਰਕ ਰੱਖਣ।

### ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਨੇ ਕੀਤਾ ਫ਼ਸਲਾਂ ਦਾ ਸਰਵੇ

**ਸੰਗਤ ਮੰਡੀ, (ਰਾਜਦੀਪ ਜੋਸ਼ੀ)** ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਵੱਲੋਂ ਜ਼ਿਲ੍ਹੇ ਅਧੀਨ ਪੈਂਦੇ ਸੰਗਤ ਤੇ ਤਲਵੰਡੀ ਸਾਬੋ ਬਲਾਕ ਦੇ ਵੱਖ-ਵੱਖ ਪਿੰਡਾਂ ਕੋਟਗੁਰੂ, ਸੰਗਤ, ਮੁਹਾਲਾ, ਗਹਿਰੀ ਬੁੱਟਰ, ਬਹਿਮਣ ਕੌਰ ਸਿੰਘ, ਬਹਿਮਣ ਜੱਸਾ ਸਿੰਘ, ਸੀਗੋਂ, ਲਹਿਰੀ ਆਦਿ ਦਾ ਫ਼ਸਲ ਸਰਵੇਖਣ ਕੀਤਾ ਗਿਆ। ਕੁਝ ਪਿੰਡਾਂ ਵਿੱਚ ਨਰਮੇ ਦੀ ਗੁਲਾਬੀ ਸੁੰਡੀ ਦਾ ਹਮਲਾ ਵੇਖਣ ਨੂੰ ਮਿਲਿਆ। ਇਹ ਜਾਣਕਾਰੀ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਨੁਮਾਇੰਦੇ ਨੇ ਸਾਂਝੀ ਕੀਤੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਘਬਰਾਉਣ ਨਾ ਅਤੇ ਆਪਣੇ ਖੇਤਾਂ ਦਾ ਲਗਾਤਾਰ ਸਰਵੇਖਣ ਕਰਦੇ ਰਹਿਣ ਅਤੇ ਲੋੜ ਪੈਣ ਤੇ ਸਿਫ਼ਾਰਸ਼ ਕੀਤੇ ਅਤੇ ਪ੍ਰਮਾਣਿਤ ਕੀਟਨਾਸ਼ਕ ਜ਼ਹਿਰਾਂ ਦੀ ਹੀ ਵਰਤੋਂ ਕਰਨ ਤੇ ਆਪਣੇ ਜ਼ਿਲ੍ਹੇ ਦੇ ਖੇਤੀਬਾੜੀ ਵਿਭਾਗ ਅਤੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਲ ਲਗਾਤਾਰ ਸੰਪਰਕ ਰੱਖਣ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਉਹ ਇਸ ਦੀ ਰਸਾਇਣਕ ਰੋਕਥਾਮ ਲਈ 800 ਮਿਲੀਲੀਟਰ ਫਾਸਮਾਈਟ/ਈ-ਮਾਈਟ 50 ਈ ਸੀ ਜਾਂ 500 ਮਿਲੀਲੀਟਰ ਕਿਉਰਾਕਰਾਨ 50 ਈ ਸੀ ਜਾਂ 100 ਗ੍ਰਾਮ ਪਰੋਕਲੇਮ 5 ਐਸ ਜੀ ਨੂੰ 100 ਲੀਟਰ ਪਾਣੀ ਵਿੱਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਛਿੜਕਾ ਕਰਨ।

# ਚੱਕ ਕਾਲਾ ਸਿੰਘ ਵਾਲਾ 'ਚ ਕਬੱਡੀ ਟੂਰਨਾਮੈਂਟ ਕਰਵਾਇਆ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)**- ਪਿੰਡ ਚੱਕ ਕਾਲਾ ਸਿੰਘ ਵਾਲਾ ਵਿਖੇ ਬਾਬਾ ਖੇਤਰਪਾਲ ਕਲੱਬ ਵੱਲੋਂ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼੍ਰੋਮਣੀ ਅਕਾਲੀ ਦਲ ਦੇ ਇਸਤਰੀ ਵਿੰਗ ਦੇ ਕੌਮੀ ਪ੍ਰਧਾਨ ਹਰਗੋਬਿੰਦ ਕੌਰ ਪੁਹੰਚੇ ਤੇ ਉਨ੍ਹਾਂ ਨੇ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕੀਤੀ।

ਇਸ ਮੌਕੇ ਬੋਲਦਿਆਂ ਉਨ੍ਹਾ ਕਿਹਾ ਕਿ ਖੇਡਾਂ ਦੀ ਸਾਡੇ ਜੀਵਨ ਵਿੱਚ ਅਹਿਮ ਭੂਮਿਕਾ ਹੈ ਤੇ ਚੰਗੇ ਖਿਡਾਰੀ ਦੁਨੀਆ ਭਰ ਵਿੱਚ ਆਪਣਾ ਨਾਂ ਰੌਸ਼ਨ ਕਰਦੇ ਹਨ। ਉਨ੍ਹਾ ਕਿਹਾ ਕਿ ਪੇਂਡੂ ਖੇਤਰਾਂ ਵਿੱਚ ਅਜਿਹੇ ਖੇਡ ਮੇਲੇ ਹੋਣੇ ਚਾਹੀਦੇ ਹਨ ਤਾਂ ਕਿ ਸਾਡੀ ਨੌਜਵਾਨ ਪੀੜ੍ਹੀ ਨਸ਼ਿਆਂ ਤੋਂ ਦੂਰ ਰਹੇ। ਉਨ੍ਹਾਂ ਕਿਹਾ ਕਿ ਸਰੀਰ ਨੂੰ ਤੰਦਰੁਸਤ ਰੱਖਣ ਲਈ ਵੀ ਖੇਡਾਂ ਜ਼ਰੂਰੀ ਹਨ। ਇਸ ਮੌਕੇ ਕਬੱਡੀ 55 ਕਿੱਲੋ ਵਿੱਚੋਂ ਪਿੰਡ ਜੀਦਾ ਦੀ ਕਬੱਡੀ ਟੀਮ ਨੇ ਪਹਿਲਾ ਤੇ ਚੱਕ ਕਾਲਾ ਸਿੰਘ ਵਾਲਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕਬੱਡੀ 75 ਕਿੱਲੋ ਵਿੱਚੋਂ ਗਿਲਜੇਵਾਲਾ ਦੀ ਟੀਮ ਨੇ ਗੁਰੂਸਰ ਦੀ ਟੀਮ ਨੂੰ ਹਰਾਇਆ। ਕਬੱਡੀ ਮੈਚਾਂ ਦੀ ਕੁਮੈਂਟਰੀ ਲੱਖਾ ਉਕੰਦਵਾਲਾ, ਲਵਲੀ ਆਕਲੀਆ, ਰਾਜਵੀਰ ਸਾਹੋਕੇ, ਗਗਨ ਕਾਲੇਵਾਲਾ ਤੇ ਕਾਲਾ ਅਕਾਲਗੜ੍ਹ ਨੇ ਬਾਖੂਬੀ ਕੀਤੀ।

ਇਸ ਖੇਡ ਮੇਲੇ ਦੇ ਪ੍ਰਬੰਧਕਾਂ ਰੁਪਿੰਦਰ ਸਿੰਘ ਸਰਾਂ, ਇਕਬਾਲ ਸਿੰਘ ਸਰਾਂ, ਯਾਦਵਿੰਦਰ ਸਿੰਘ ਸਰਾਂ, ਸੁਖਵੀਰ ਸਿੰਘ ਸਰਾਂ, ਗੁਰਵੀਰ ਸਿੰਘ ਸਰਾਂ, ਗੱਗੂ ਬੁੱਟਰ, ਮਨਦੀਪ ਸਿੰਘ ਫੌਜੀ, ਗੱਗਾ ਸਰਾਂ, ਡਾਕਟਰ ਜਸਵੰਤ ਸਿੰਘ, ਗਗਨ ਤੇ ਹਰਕੀਮਤ ਸਿੰਘ ਸਰਾਂ ਆਦਿ ਵੱਲੋਂ ਮੁੱਖ ਮਹਿਮਾਨ ਹਰਗੋਬਿੰਦ ਕੌਰ ਨੂੰ ਸਨਮਾਨਤ ਕੀਤਾ ਗਿਆ।

# ਨਸ਼ਾ ਵਿਰੋਧੀ ਮੁਹਿੰਮ ਬਣ ਰਹੀ ਹੈ ਲੋਕ ਲਹਿਰ : ਕਿਸਾਨ ਆਗੂ

**ਦਿੜ੍ਹਬਾ (ਜਸਵੀਰ ਲਾਡੀ)** ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਨਸ਼ਾ ਵਿਰੋਧੀ ਮੁਹਿੰਮ ਨੂੰ ਲੈ ਕੇ 6 ਸਤੰਬਰ ਨੂੰ ਪੰਜਾਬ ਭਰ ਦੇ ਸੱਦੇ 'ਤੇ ਸਾਰੇ ਪੰਜਾਬ ਦੇ ਡੀ ਸੀ ਹੈੱਡਕੁਆਰਟਰਾਂ 'ਤੇ ਧਰਨੇ ਦਿੱਤੇ ਜਾਣਗੇ। ਸੁਨਾਮ ਬਲਾਕ ਵੱਲੋਂ ਇਸ ਦੀ ਤਿਆਰੀ ਜੰਗੀ ਪੱਧਰ 'ਤੇ ਚੱਲ ਰਹੀ ਹੈ। ਬਲਾਕ ਦੇ ਕਈ ਪਿੰਡਾਂ ਵਿੱਚ ਨਸ਼ਾ ਵਿਰੋਧੀ ਮੁਹਿੰਮ ਨੂੰ ਲੈ ਕੇ ਰੈਲੀਆਂ ਕੀਤੀਆਂ ਗਈਆਂ। ਇਨ੍ਹਾਂ ਰੈਲੀਆਂ ਵਿੱਚ ਔਰਤਾਂ ਤੇ ਨੌਜਵਾਨਾਂ ਨੇ ਭਰਵੀਂ ਸ਼ਮੂਲੀਅਤ ਕੀਤੀ।

ਆਗੂਆਂ ਨੇ ਕਿਹਾ ਕਿ ਲੌਂਗੋਵਾਲ ਵਿਖੇ ਕਿਸਾਨਾਂ 'ਤੇ ਕੀਤੇ ਲਾਠੀਚਾਰਜ ਦੀ ਨਿਖੇਧੀ ਕਰਦੇ ਹਾਂ।

ਰੈਲੀਆਂ ਬਲਾਕ ਦੇ ਜਨਰਲ ਸਕੱਤਰ ਰਾਮ ਸ਼ਰਨ ਸਿੰਘ ਉਗਰਾਹਾਂ ਦੀ ਅਗਵਾਈ ਹੇਠ ਕੀਤੀਆਂ ਗਈਆਂ। ਇਸ ਮੌਕੇ ਗੋਬਿੰਦ ਸਿੰਘ ਚੱਠਾ, ਸੁਨਾਮ ਬਲਾਕ ਦੇ ਪ੍ਰੈਸ ਸਕੱਤਰ ਸੁਖਪਾਲ ਮਾਣਕ ਕਣਕਵਾਲ, ਮਨੀ ਸਿੰਘ ਭੈਣੀ, ਇੰਦਰਜੀਤ ਉਗਰਾਹਾਂ, ਜਸਵੀਰ ਕੌਰ ਉਗਰਾਹਾਂ, ਰਣਦੀਪ ਕੌਰ ਰਟੌਲਾਂ ਹਾਜ਼ਰ ਸਨ।



# ਪੈਪਸੀਕੋ ਨੇ 100 ਟੀ ਬੀ ਪੀੜਤਾਂ ਨੂੰ ਨਿਊਟ੍ਰੀਸ਼ਨ ਕਿੱਟਾਂ ਦੇਣ ਲਈ ਹੱਥ ਅੱਗੇ ਵਧਾਇਆ



**ਸੰਗਰੂਰ, (ਪ੍ਰਵੀਨ ਸਿੰਘ)** -ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਲ 2025 ਤੱਕ ਟੀ.ਬੀ ਮੁਕਤ ਬਣਾਉਣ ਦੇ ਮਿੱਥੇ ਗਏ ਟੀਚੇ ਨੂੰ ਜ਼ਿਲ੍ਹਾ ਸੰਗਰੂਰ ਵਿੱਚ ਸਫ਼ਲਤਾ ਨਾਲ ਲਾਗ ਕਰਨ ਲਈ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਨੇ ਇੱਕ ਸ਼ਲਾਘਾਯੋਗ ਕਦਮ ਪੁੱਟਿਆ ਹੈ, ਜਿਸ ਤਹਿਤ ਦਾਨੀ ਸੰਸਥਾਵਾਂ ਤੇ ਵਿਅਕਤੀਆਂ ਦੇ ਸਹਿਯੋਗ ਨਾਲ ਟੀ.ਬੀ. ਪੀੜਤਾਂ ਦੀ ਜਲਦੀ ਸਿਹਤਯਾਬੀ ਨੂੰ ਯਕੀਨੀ ਬਣਾਉਣ ਲਈ ਪੋਸ਼ਣ (ਨਿਊਟ੍ਰੀਸ਼ਨ) ਕਿੱਟਾਂ ਮੁਹੱਈਆ ਕਰਾਈਆਂ ਜਾ ਰਹੀਆਂ ਹਨ। ਪੈਪਸੀਕੋ ਲਿਮਟਡ ਦੇ ਇੱਕ ਵਫ਼ਦ ਵੱਲੋਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਦੀ ਪ੍ਰੇਰਣਾ ਸਦਕਾ ਜ਼ਿਲ੍ਹੇ ਦੇ 100 ਟੀ.ਬੀ ਰੋਗੀਆਂ ਦੀ ਮਦਦ ਲਈ ਆਪਣਾ ਹੱਥ ਅੱਗੇ ਵਧਾਉਂਦਿਆਂ ਨਿਊਟਰੀਸ਼ਨ ਕਿੱਟਾਂ ਸੌਂਪੀਆਂ ਗਈਆਂ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਟੀ.ਬੀ ਰੋਗੀਆਂ ਦੀ ਪਛਾਣ ਲਈ ਮੁਹਿੰਮ ਪਿਛਲੇ ਲੰਬੇ ਸਮੇਂ ਤੋਂ ਜਾਰੀ ਹੈ ਤੇ ਰਾਜ ਸਰਕਾਰ ਵੱਲੋਂ ਇਸ ਬਿਮਾਰੀ ਦੇ ਇਲਾਜ ਦੀ ਸੁਵਿਧਾ ਸਰਕਾਰੀ ਹਸਪਤਾਲਾਂ ਵਿੱਚ ਮੁਫ਼ਤ ਪ੍ਰਦਾਨ ਕੀਤੀ ਜਾ ਰਹੀ ਹੈ, ਪਰ ਇਸ ਦ ਨਾਲ ਹੀ ਹੁਣ ਇਨ੍ਹਾਂ ਰੋਗੀਆਂ ਨੂੰ ਪੌਸ਼ਟਿਕ ਖੁਰਾਕ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਕਦਮ ਪੁੱਟਿਆ ਗਿਆ ਹੈ ਅਤੇ ਵਿਸ਼ੇਸ਼ ਤੌਰ 'ਤੇ ਤਿਆਰ ਕਿੱਟਾਂ ਵਿੱਚ ਅਨਾਜ, ਦਾਲਾਂ, ਤੇਲ, ਦੁੱਧ ਪਾਊਡਰ ਸ਼ਾਮਲ ਕਰਦਿਆਂ ਹਰ ਮਹੀਨੇ ਦਾਨੀ ਸੰਸਥਾਵਾਂ ਦੇ ਸਹਿਯੋਗ ਨਾਲ ਟੀ.ਬੀ ਰੋਗੀਆਂ ਨੂੰ ਦਿੱਤੀਆਂ ਜਾਣਗੀਆਂ।

# ਨਗਰ ਨਿਵਾਸੀਆਂ ਵੱਲੋਂ ਵਿਦਿਆਰਥੀ ਮਨਿੰਦਰ ਸਿੰਘ ਦਾ ਸਨਮਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੁਤੰਤਰਤਾ ਦਿਵਸ ਮੌਕੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਕਾਲੀਏ ਵਾਲਾ ਬਲਾਕ ਘੱਲ ਖ਼ੁਰਦ ਜ਼ਿਲ੍ਹਾ ਫਿਰੋਜ਼ਪੁਰ ਦੇ ਵਿਦਿਆਰਥੀ ਮਨਿੰਦਰ ਸਿੰਘ ਨੂੰ ਸਕਾਊਟਿੰਗ ਤਹਿਤ ਨੈਸ਼ਨਲ ਗੋਲਡਨ ਐਰੋ



ਐਵਾਰਡ ਪ੍ਰਾਪਤ ਕਰਨ 'ਤੇ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਰਾਹੀਂ ਵਿਸ਼ੇਸ਼ ਤੌਰ 'ਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕਰਨ ਤੇ ਪਿੰਡ ਕਾਲੀਏ ਵਾਲਾ ਦੇ ਨਗਰ ਨਿਵਾਸੀਆਂ, ਪੰਚਾਇਤ, ਸਕੂਲ ਪ੍ਰਬੰਧਕ ਕਮੇਟੀ ਤੇ ਵਿਦਿਆਰਥੀਆਂ ਦੇ ਮਾਪਿਆਂ ਵਿੱਚ ਖ਼ੁਸ਼ੀ ਦੀ ਲਹਿਰ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਕੱਬ ਮਾਸਟਰ ਜਸਵਿੰਦਰ ਪਾਲ ਸਿੰਘ ਨੇ ਦੱਸਿਆ ਕਿ ਨਗਰ ਨਿਵਾਸੀਆਂ ਵੱਲੋਂ ਸਕਾਊਟਿੰਗ ਤਹਿਤ ਸਕੂਲ ਦੇ ਵਿਦਿਆਰਥੀ ਵੱਲੋਂ ਗੋਲਡਨ ਐਰੋ ਨੈਸ਼ਨਲ ਐਵਾਰਡ ਪ੍ਰਾਪਤ ਕਰਨ 'ਤੇ ਵਿਦਿਆਰਥੀਆਂ ਤੇ ਸਟਾਫ ਨੂੰ ਹੱਲਾਸ਼ੇਰੀ ਦੇਣ ਲਈ ਅਤੇ ਜੇਤੂ ਵਿਦਿਆਰਥੀ ਮਨਿੰਦਰ ਸਿੰਘ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਤੌਰ 'ਤੇ ਸਕੂਲ ਪਹੁੰਚੇ।ਪਿੰਡ ਦੀ ਪੰਚਾਇਤ ਤੇ ਐੱਸ ਐੱਮ ਸੀ ਕਮੇਟੀ ਵੱਲੋਂ ਸਕੂਲ ਸਟਾਫ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ ਗਈ। ਸਮਾਰੋਹ ਦੇ ਅੰਤ ਵਿੱਚ ਸਕੂਲ ਮੁਖੀ ਪਰਮਜੀਤ ਕੌਰ, ਕੰਚਨ ਬਾਲਾ ਕੱਬ ਮਾਸਟਰ ਜਸਵਿੰਦਰ ਪਾਲ ਸਿੰਘ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਟਾਫ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਭਵਿੱਖ ਵਿੱਚ ਵੀ ਸਕੂਲ ਦੇ ਵਿਦਿਆਰਥੀ ਇਸ ਪ੍ਰਕਾਰ ਦੀਆਂ ਪ੍ਰਾਪਤੀਆਂ ਕਰਦੇ ਰਹਿਣਗੇ।ਇਸ ਮੌਕੇ ਦਰਸ਼ਨ ਸਿੰਘ, ਪ੍ਰਿਥੀਪਾਲ ਸਿੰਘ, ਸੁਖਚੈਨ ਸਿੰਘ ਨੰਬਰਦਾਰ, ਹਰਫੂਲ ਸਿੰਘ, ਸੁਹਾਵਾ ਸਿੰਘ, ਅਮਰ ਸਿੰਘ, ਗੁਰਲਾਲ ਸਿੰਘ, ਸਿਮਰਜੀਤ ਸਿੰਘ, ਆਂਗਨਵਾੜੀ ਵਰਕਰ ਨਿਰਮਲ ਕੌਰ, ਗੁਰਦੇਵ ਕੌਰ, ਸਰਬਜੀਤ ਕੌਰ, ਚਰਨਜੀਤ ਕੌਰ ਤੇ ਸਕੂਲ ਸਟਾਫ ਹਾਜ਼ਰ ਸੀ।

# ਪਲੇਸਮੈਂਟ ਕੈਂਪ ਅੱਜ

**ਸੰਗਤ ਮੰਡੀ,(ਰਾਜਦੀਪ ਜੋਸ਼ੀ)** ਸ਼੍ਰੀ ਰਾਮ ਲਾਈਫ਼ ਇੰਸ਼ੋਰੈਂਸ਼ ਦੇ ਸਹਿਯੋਗ ਨਾਲ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਿਖੇ 24 ਅਗਸਤ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਡੀ.ਬੀ.ਈ.ਈ. ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਾਂਝੀ ਕੀਤੀ।

ਰੁਜ਼ਗਾਰ ਅਫ਼ਸਰ ਮਿਸ ਅੰਕਿਤਾ ਅਗਰਵਾਲ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਸ਼੍ਰੀ ਰਾਮ ਲਾਈਫ ਇੰਸ਼ੋਰੈਂਸ਼ ਵੱਲੋਂ ਸੇਲਜ਼ ਅਫ਼ਸਰ ਦੀਆਂ ਅਸਾਮੀਆਂ ਲਈ ਚੋਣ ਕੀਤੀ ਜਾਵੇਗੀ। ਇਨ੍ਹਾਂ ਅਸਾਮੀਆਂ ਲਈ ਪ੍ਰਾਰਥੀਆਂ ਦੀ ਘੱਟੋ-ਘੱਟ ਯੋਗਤਾ 12ਵੀਂ ਜਾਂ ਇਸ ਤੋਂ ਉੱਪਰ ਦੀ ਪੜ੍ਹਾਈ ਕੀਤੀ ਹੋਣੀ ਜ਼ਰੂਰੀ ਹੈ। ਇਨ੍ਹਾਂ ਅਸਾਮੀਆਂ ਲਈ ਪੁਰਸ਼ ਤੇ ਇਸਤਰੀ ਉਮੀਦਵਾਰ ਦੋਵੇਂ ਪ੍ਰਾਰਥੀ ਭਾਗ ਲੈ ਸਕਦੇ ਹਨ। ਇਨ੍ਹਾਂ ਅਸਾਮੀਆਂ ਲਈ ਉਮਰ ਹੱਦ 18 ਤੋਂ 30 ਸਾਲ ਅਤੇ ਤਨਖਾਹ 20 ਤੋਂ 22 ਹਜ਼ਾਰ ਰੁਪਏ ਪ੍ਰਤੀ ਮਹੀਨਾ ਅਤੇ ਹੋਰ ਭੱਤੇ ਦਿੱਤੇ ਜਾਣਗੇ। ਦਫ਼ਤਰ ਦੇ ਨੁਮਾਇੰਦੇ ਸ਼੍ਰੀ ਬਲਤੇਜ ਸਿੰਘ ਨੇ ਦੱਸਿਆ ਕਿ ਵਿਦਿਆਰਥੀ ਆਪਣੇ ਨਾਲ ਆਪਣਾ ਬਾਇਓਡਾਟਾ, ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਲੈ ਕੇ ਆਉਣ।

# ਪੁਰਾਣੀ ਪੈਨਸ਼ਨ ਬਹਾਲੀ ਸੰਬੰਧੀ ਦਿੱਲੀ ਰੈਲੀ ਲਈ ਮੀਟਿੰਗਾਂ ਦਾ ਸਿਲਸਿਲਾ ਜਾਰੀ

**ਮਾਨਸਾ (ਆਤਮਾ ਸਿੰਘ ਪਮਾਰ)**-ਜਵਾਹਰਕੇ ਨਹਿਰੀ ਕੋਠੀ ਵਿਖੇ ਸੀ.ਪੀ.ਐਫ਼ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਧਰਮਿੰਦਰ ਸਿੰਘ ਹੀਰੇਵਾਲਾ ਵੱਲੋਂ ਨਹਿਰੀ ਪਟਵਾਰੀਆਂ ਦੇ ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ, ਜਿਸ ਵਿੱਚ ਧਰਮਿੰਦਰ ਸਿੰਘ ਹੀਰੇਵਾਲਾ ਨੇ ਇਕੱਤਰ ਹੋਏ ਨਹਿਰੀ ਪਟਵਾਰੀਆਂ ਨੂੰ ਯੂਨੀਅਨ ਵੱਲੋਂ ਦਿੱਤੇ ਪ੍ਰੋਗਰਾਮ ਅਨੁਸਾਰ ਇੱਕ ਅਕਤੂਬਰ ਨੂੰ ਰਾਸ਼ਟਰ ਪੱਧਰੀ ਹੋ ਰਹੀ ਪੁਰਾਣੀ ਪੈਨਸ਼ਨ ਬਹਾਲ ਕਰਾਉਣ ਲਈ ਰੈਲੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਅਪੀਲ ਕੀਤੀ ਗਈ ਕਿ ਰੈਲੀ ਵਿੱਚ ਨਹਿਰੀ ਵਿਭਾਗ ਵੱਲੋਂ ਵੱਧ ਤੋਂ ਵੱਧ ਸਾਥੀ ਹਾਜ਼ਰ ਹੋਣ ਤਾਂ ਜੁ ਪੰਜਾਬ ਸਰਕਾਰ ਵੱਲੋਂ ਪੁਰਾਣੀ ਪੈਨਸ਼ਨ ਬਹਾਲ ਦੇ ਝੂਠੇ ਪ੍ਰਚਾਰ ਬਾਰੇ ਪੂਰੇ ਭਾਰਤ ਨੂੰ ਜਾਣੂ ਕਰਾਇਆ ਜਾਵੇ ਤਾਂ ਜੁ ਆਮ ਆਦਮੀ



ਪਾਰਟੀ ਦੀ ਅਸਲ ਸੱਚਾਈ ਦਾ ਪਰਦਾਫਾਸ਼ ਕੀਤਾ ਜਾ ਸਕੇ।

ਇਸ ਮੌਕੇ ਨਹਿਰੀ ਵਿਭਾਗ ਦੇ ਜ਼ਿਲ੍ਹਾ ਪ੍ਰਧਾਨ ਗੁਰਜੰਟ ਸਿੰਘ ਨੇ ਵਿਸ਼ਵਾਸ ਦਿਵਾਇਆ ਕਿ ਰੈਲੀ ਵਿੱਚ ਨਹਿਰੀ ਪਟਵਾਰੀ ਵੱਧ ਤੋਂ ਵੱਧ ਸਾਥੀ ਹਾਜ਼ਰ ਹੋਣਗੇ। ਇਸ ਮੌਕੇ ਸੀਪੀਐਫ ਕ੍ਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਕਮੇਟੀ ਮੈਂਬਰ ਨਰਿੰਦਰ ਸਿੰਘ, ਅਵਤਾਰ ਸਿੰਘ, ਯਾਦਵਿੰਦਰ ਸਿੰਘ, ਮਨੋਜ ਕੁਮਾਰ ਨੇ ਸੰਬੋਧਨ ਕੀਤਾ। ਇਨ੍ਹਾਂ ਤੋਂ ਇਲਾਵਾ ਨਹਿਰੀ ਪਟਵਾਰ ਯੂਨੀਅਨ ਵੱਲੋਂ ਪਟਵਾਰੀ ਬਲਤੇਜ ਅਲੀ, ਰਾਕੇਸ਼ ਕੁਮਾਰ, ਮਨਦੀਪ ਸਿੰਘ, ਪ੍ਰਦੀਪ ਸਿੰਘ ਤੇ ਅੰਕਿਤ ਕੁਮਾਰ ਆਦਿ ਵੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ (ਅ) ਯੂਥ ਵਿੰਗ ਦੇ ਬਲਾਕ ਪੱਧਰੀ ਅਹੁਦੇਦਾਰਾਂ ਦੀ ਚੋਣ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਯੂਥ ਵਿੰਗ ਦੀ ਇੱਕ ਮੀਟਿੰਗ ਹੋਈ, ਜਿਸ ਵਿੱਚ ਕਈ ਬਲਾਕ ਪੱਧਰੀ ਨਵੇਂ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ ਗਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮੀਡੀਆ ਸਲਾਹਕਾਰ ਇਕਬਾਲ ਸਿੰਘ ਟਿਵਾਣਾ, ਜ਼ਿਲ੍ਹਾ ਪ੍ਰਧਾਨ ਦਿਹਾਤੀ ਪ੍ਰੀਤਮ ਸਿੰਘ ਮਾਨਗੜ੍ਹ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਸ਼੍ਰੋਮਣੀ ਅਕਾਲੀ ਦਲ ਦਲ (ਅੰਮ੍ਰਿਤਸਰ) ਯੂਥ ਵਿੰਗ ਦੇ ਨਵੇਂ ਨਿਯੁਕਤ ਕੀਤੇ ਅਹੁਦੇਦਾਰਾਂ ਵਿੱਚ ਗਗਨਦੀਪ ਸਿੰਘ ਹੇਡੋਂ ਬੇਟ ਨੂੰ ਬਲਾਕ ਪ੍ਰਧਾਨ, ਸੁਲੱਖਣ ਸਿੰਘ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਕਈ ਵਿਅਕਤੀਆਂ ਨੇ ਪਾਰਟੀ 'ਚ ਸ਼ਮੂਲੀਅਤ ਵੀ ਕੀਤੀ। ਇਸ ਤੋਂ ਇਲਾਵਾ ਪਾਰਟੀ ਦੇ ਹਲਕਾ ਇੰਚਾਰਜ ਵਰਿੰਦਰ ਸਿੰਘ ਸੇਖੋਂ ਦੀ ਅਗਵਾਈ ਹੇਠ ਆਉਣ ਵਾਲੀਆਂ ਬਲਾਕ ਸੰਮਤੀ, ਪੰਚਾਇਤੀ ਤੇ ਨਗਰ ਕੌਂਸਲ ਚੋਣਾਂ ਵਿੱਚ ਪਿੰਡ ਤੇ ਬਲਾਕ ਪੱਧਰ 'ਤੇ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰੀ ਫਤਿਹਗੜ੍ਹ ਸਾਹਿਬ ਸ਼ਿੰਗਾਰਾ ਸਿੰਘ ਬਡਲਾ, ਗੁਰਪ੍ਰੀਤ ਸਿੰਘ ਦੁੱਲਵਾ, ਯੂਥ ਆਗੂ ਜਸਕੀਰਤ ਸਿੰਘ ਮੱਲ੍ਹਮਾਜਰਾ, ਯੂਥ ਪ੍ਰਧਾਨ ਹਲਕਾ ਸਮਰਾਲਾ ਹਰਚਰਨ ਸਿੰਘ ਢੀਂਡਸਾ, ਜਥੇਬੰਦਕ ਸਕੱਤਰ ਸਮਰਾਲਾ ਜਗਵੀਰ ਸਿੰਘ ਨੀਲੋਂ, ਪ੍ਰਧਾਨ ਸਮਰਾਲਾ ਵਿੱਕੀ ਸ਼ਰਮਾ, ਲਾਡੀ ਮਾਛੀਵਾੜਾ, ਪ੍ਰਿਤਪਾਲ ਸਿੰਘ ਲਾਲੀ ਵੀ ਮੌਜੂਦ ਸਨ। ਅੰਤ ਵਿੱਚ ਵਿੱਕੀ ਸ਼ਰਮਾ ਵੱਲੋਂ ਆਏ ਮੈਂਬਰਾਂ ਤੇ ਅਹੁਦੇਦਾਰਾਂ ਦਾ ਧੰਨਵਾਦ ਪ੍ਰਗਟਾਇਆ।

# ਲਾਰਡ ਬੁੱਧਾ ਟਰੱਸਟ ਨੇ ਨਿਰਮਲਜੀਤ ਕੌਰ ਨੂੰ ਅਹੁਦਾ ਸੰਭਾਲਣ 'ਤੇ ਵਧਾਈ ਦਿੱਤੀ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਲਾਰਡ ਬੁੱਧਾ ਚੈਰੀਟੇਬਲ ਟਰੱਸਟ ਦੇ ਵਫ਼ਦ ਨੇ ਮਨਜੀਤ ਇੰਦਰ ਪੁਰਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿਖੇ ਸੈਂਟਰ ਹੈੱਡ ਟੀਚਰ ਵਜੋਂ ਅਹੁਦਾ ਸੰਭਾਲਣ ਵਾਲੀ ਸਕੂਲ ਮੁਖੀ ਨਿਰਮਲ ਜੀਤ ਕੌਰ ਨਾਲ ਮੁਲਾਕਾਤ ਕੀਤੀ। ਟਰੱਸਟ ਦੇ ਬਾਨੀ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ, ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ, ਚੀਫ਼ ਪੈਟਰਨ ਮੈਡਮ ਹੀਰਾਵਤੀ, ਮੁੱਖ ਸਲਾਹਕਾਰ ਪ੍ਰਿੰ. ਕ੍ਰਿਸ਼ਨ ਲਾਲ, ਸ੍ਰੀ ਕ੍ਰਿਸ਼ਨ ਆਰ.ਏ. ਤੇ ਗੋਬਿੰਦ ਕੁਮਾਰ ਮੌਜੂਦ ਸਨ। ਜ਼ਿਕਰਯੋਗ ਹੈ ਕਿ ਨਿਰਮਲ ਜੀਤ ਕੌਰ ਨੇ ਆਪਣੀ ਸੀ.ਐਚ.ਟੀ. ਦੀ ਤਰੱਕੀ ਹੋਣ ਉਪਰੰਤ ਪਿਛਲੇ ਦਿਨੀਂ ਹੀ ਸਕੂਲ ਮੁਖੀ ਦਾ ਅਹੁਦਾ ਸੰਭਾਲਿਆ ਹੈ। ਟਰੱਸਟ ਆਗੂਆਂ ਵੱਲੋਂ ਮੈਡਮ ਨੂੰ ਪ੍ਰਮੋਸ਼ਨ ਦੀ ਵਧਾਈ ਦਿੱਤੀ ਗਈ ਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਸ਼ੁਭਕਾਮਨਾਵਾਂ ਦਿੱਤੀਆਂ।ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ ਨੇ ਨਿਰਮਲ ਜੀਤ ਕੌਰ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਤੇ ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਨ ਦੇ ਜਜ਼ਬੇ ਲਈ ਪ੍ਰਸੰਸਾ ਕੀਤੀ। ਸਕੂਲ ਅਧਿਆਪਕਾ ਅਮਨਜੋਤ ਕੌਰ ਨੇ ਪ੍ਰਭਾਵਸ਼ਾਲੀ ਢੰਗ ਨਾਲ ਸਕੂਲ ਮੁਖੀ ਅਤੇ ਸਟਾਫ਼ ਵੱਲੋਂ ਟਰੱਸਟ ਆਗੂਆਂ ਦਾ ਧੰਨਵਾਦ ਕੀਤਾ ਅਤੇ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕਾਰਜਾਂ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਸਕੂਲ ਸਟਾਫ ਦੇ ਗੁਰਪ੍ਰੀਤ ਸਿੰਘ ਈ.ਟੀ.ਟੀ. ਟੀਚਰ ਤੇ ਕਿਰਨਜੀਤ ਕੌਰ ਈ.ਟੀ.ਟੀ. ਟੀਚਰ ਵੀ ਮੌਜੂਦ ਸਨ।

# ਗੁਰੂ ਵੰਦਨ ਸ਼ਾਤਰ ਅਭਿਨੰਦਨ ਤਹਿਤ ਬੱਚਿਆਂ ਨੂੰ ਵੰਡੀ ਸਟੇਸ਼ਨਰੀ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਸਰਕਾਰੀ ਪ੍ਰਾਇਮਰੀ ਸਕੂਲ 2 ਦੇ ਵਿੱਚ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਭੂਸ਼ਨ ਗੋਇਲ, ਚੇਅਰਮੈਨ ਸ਼ਸ਼ੀ ਗਰਗ, ਸੈਕਟਰੀ ਦਵਿੰਦਰ ਬਾਂਸਲ, ਅਗਜੈਕਟਿਵ ਅਜੈ ਗੁੰਬਰ, ਅਗਜੈਕਟਿਵ ਹਰਪ੍ਰੀਤ ਸਿੰਘ ਘੋਟੂ, ਸੰਜੇ ਬਾਂਸਲ, ਦੀਪਕ ਤਲਵਾੜ ਮੰਡਲ ਪ੍ਰਧਾਨ ਬੀ.ਜੇ.ਪੀ, ਮਨੋਜ ਕੁਮਾਰ ਵੱਲੋਂ ਗੁਰੂ ਵੰਦਨ ਸ਼ਾਤਰ ਅਭਿਨੰਦਨ ਦੇ ਤਹਿਤ ਬੱਚਿਆਂ ਨੂੰ ਕਾਪੀਆਂ, ਪੈਨਸ਼ਲ, ਸਕੂਲ ਬੈਗ, ਜਮੈਟਰੀ ਤੇ ਲੱਡੂ ਵੀ ਵੰਡੇ ਗਏ। ਭੂਸ਼ਨ ਗੋਇਲ ਤੇ ਸ਼ਸ਼ੀ ਗਰਗ ਨੇ ਕਿਹਾ ਕਿ ਬੱਚਿਆਂ ਦੇ ਭਲਾਈ ਲਈ ਅਸੀ ਹਮੇਸ਼ਾ ਮੂਹਰਲੀ ਕਤਾਰ ਵਿੱਚ ਰਹਿੰਦੇ ਹਾਂ। ਜਿਸ ਤਰ੍ਹਾਂ ਪਹਿਲਾਂ ਅੱਤ ਦੀ ਪੈ ਰਹੀ ਗਰਮੀ ਨੂੰ ਦੇਖਦੇ ਹੋਏ ਸਕੂਲ ਵਿੱਚ ਬੱਚਿਆਂ ਨੂੰ ਇਨਵੈਟਰ ਤੇ ਬੈਟਰਾ ਨਾ ਹੋਣ ਕਰ ਕੇ ਭਾਰੀ ਪ੍ਰੇਸ਼ਾਨੀ ਝੱਲਣੀ ਪੈ ਰਹੀ ਸੀ, ਜਿਸ ਤਹਿਤ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਨੇ ਤੁਰੰਤ ਹੀ ਸਕੂਲ ਵਿੱਚ ਇਨਵੈਟਰ ਅਤੇ ਬੈਟਰਾ ਦਿੱਤਾ ਗਿਆ ਤਾਂ ਜੁ ਗਰਮੀ ਦੇ ਮੌਸਮ ਵਿੱਚ ਬੱਚਿਆਂ ਨੂੰ ਕੋਈ ਦਿੱਕਤ ਨਾ ਆ ਸਕੇ ਅਤੇ ਹਰ ਸਮੇਂ ਲਾਈਟ ਦੀ ਸੁਵਿਧਾ ਹੋਵੇ ਅਤੇ ਇਸ ਤੋਂ ਪਹਿਲਾਂ ਰੋਡੇ ਰੋਡ 'ਤੇ ਬਣੀ ਸੰਤ ਮਹੇਸ਼ ਮੁਨੀ ਗਊ



ਹਸਪਤਾਲ ਨੂੰ 11 ਹਜ਼ਾਰ ਰੁਪਏ ਨਕਦ ਤੇ ਤੂੜੀ ਦਾ ਇੱਕ ਟਰੈਕਟਰ ਵੀ ਦਿੱਤਾ ਗਿਆ ਅਤੇ ਹੜ੍ਹਾਂ ਦੇ ਦੌਰਾਨ ਜੋ ਲੋਕਾਂ ਦੇ ਘਰ ਢਹਿ ਢੇਰੀ ਹੋ ਗਏ ਸੀ ਤੇ ਪਸ਼ੂ ਵੀ ਪਾਣੀ ਵਿੱਚ ਰੁੜ੍ਹ ਗਏ। ਕਿਸਾਨਾਂ ਦੀਆਂ ਫ਼ਸਲਾਂ ਪਾਣੀ ਵਿੱਚ ਡੁੱਬ ਗਈਆਂ ਸੀ ਅਤੇ ਲੋਕਾਂ ਨੂੰ ਆਪਣੇ ਪਿੰਡ ਛੱਡ ਕੇ ਦੂਜੇ ਪਿੰਡਾਂ ਵਿੱਚ ਆਉਣਾ ਪਿਆ, ਜਿਸ ਨੂੰ ਦੇਖਦੇ ਹੋਏ ਭਾਰਤ ਵਿਕਾਸ ਪ੍ਰੀਸ਼ਦ ਦੇ ਮੈਂਬਰਾਂ ਵੱਲੋਂ 35 ਹਜ਼ਾਰ ਰੁਪਏ ਦਾ ਰਾਸ਼ਨ ਧਰਮਕੋਟ ਵਿੱਚ ਜਾ ਕੇ ਹੜ੍ਹ ਪੀੜਤਾਂ ਨੂੰ ਵੰਡਿਆ ਗਿਆ ਤਾਂ ਜੁ ਹੜ੍ਹ ਪੀੜਤ ਲੋਕ ਭੁੱਖੇ ਨਾ ਰਹਿਣ।

# 'ਸਰਕਾਰ ਤੁਹਾਡੇ ਦੁਆਰ' ਤਹਿਤ ਡੋਡ ਵਿਖੇ ਲਾਇਆ ਸੁਵਿਧਾ ਕੈਂਪ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** 'ਸਰਕਾਰ ਤੁਹਾਡੇ ਦੁਆਰ' ਮੁਹਿੰਮ ਤਹਿਤ ਪਿੰਡ ਡੋਡ ਵਿਖੇ ਐਸ.ਡੀ.ਐਮ. ਫ਼ਰੀਦਕੋਟ ਮੈਡਮ ਬਲਜੀਤ ਕੌਰ ਦੀ ਪ੍ਰਧਾਨਗੀ ਹੇਠ ਸੁਵਿਧਾ ਕੈਂਪ ਲਾਇਆ ਗਿਆ। ਕੈਂਪ ਦੌਰਾਨ 15 ਬਿਨੈਕਾਰਾਂ ਦੀਆਂ ਅਰਜ਼ੀਆਂ ਪ੍ਰਾਪਤ ਹੋਈਆਂ ਹਨ, ਇਨ੍ਹਾਂ ਅਰਜ਼ੀਆਂ ਦੀ ਪੜਤਾਲ ਕਰਨ ਉਪਰੰਤ ਯੋਗ ਲਾਭਪਾਤਰੀਆਂ ਨੂੰ ਬਣਦਾ ਲਾਭ ਮੁਹੱਈਆ ਕਰਾਉਣ ਲਈ ਨਿਰਦੇਸ਼



ਜਾਰੀ ਕੀਤੇ ਗਏ। ਇਸ ਮੌਕੇ ਐਸ.ਡੀ.ਐਮ ਮੈਡਮ ਬਲਜੀਤ ਕੌਰ ਨੇ ਕਿਹਾ ਕਿ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਦੇਣ ਲਈ ਇਹ ਸੁਵਿਧਾ ਕੈਂਪ ਲਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਕੈਂਪ ਲਾਉਣ ਦਾ ਮੰਤਵ ਇਕੋ ਥਾਂ 'ਤੇ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸੇਵਾਵਾਂ ਮੁਹੱਈਆ ਕਰਾਉਣਾ ਹੈ, ਤਾਂ ਜੁ ਲੋਕਾਂ ਦੇ ਕੰਮ ਪਿੰਡ ਪੱਧਰ 'ਤੇ ਹੀ ਹੋ ਸਕਣ ਅਤੇ ਉਨ੍ਹਾਂ ਦੀ ਖੱਜਲ-ਖੁਆਰੀ ਨਾ ਹੋਵੇ। ਉਨ੍ਹਾਂ ਦੱਸਿਆ ਕਿ ਜ਼ਿਆਦਾਤਰ ਅਰਜ਼ੀਆਂ ਰਾਸ਼ਨ ਕਾਰਡ, ਵੋਟਰ ਕਾਰਡ, ਪੈਨਸ਼ਨ ਆਦਿ ਨਾਲ ਸਬੰਧਤ ਸਨ। ਉਨ੍ਹਾਂ ਕਿਹਾ ਕਿ ਅਰਜ਼ੀਆਂ ਨੂੰ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਦੇ ਕੇ ਸਮਾਂਬੱਧ ਅੰਦਰ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

# ਕੰਪਿਊਟਰ ਵਿਸ਼ੇ ਦੇ ਅਧਿਆਪਨ ਲਈ ਸਰਕਾਰ ਦੀ ਨੀਤੀ ਦਾ ਡੀ ਟੀ ਐੱਫ ਵੱਲੋਂ ਵਿਰੋਧ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ, ਕੁਲਦੀਪ ਅੱਤਰੀ)**

ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੰਪਿਊਟਰ ਵਿਸ਼ੇ ਦੇ ਅਧਿਆਪਨ ਲਈ ਡੰਗ ਟਪਾਊ ਨੀਤੀ ਅਪਣਾਈ ਜਾ ਰਹੀ ਹੈ, ਜਿਸ ਤਹਿਤ ਵਿਭਾਗ ਵੱਲੋਂ ਤਿੰਨ-ਤਿੰਨ ਸਰਕਾਰੀ ਸਕੂਲਾਂ ਵਿੱਚ ਇਸ ਵਿਸ਼ੇ ਦੇ ਅਧਿਆਪਨ ਲਈ ਇੱਕ ਕੰਪਿਊਟਰ ਅਧਿਆਪਕ ਦੀ ਡਿਊਟੀ ਲਾਈ ਜਾਂਦੀ ਹੈ ਤੇ ਉਹ ਅਧਿਆਪਕ ਹਫਤੇ ਵਿੱਚ ਦੋ-ਦੋ ਦਿਨ ਅਲੱਗ-ਅਲੱਗ ਸਕੂਲਾਂ ਵਿੱਚ ਜਾ ਕੇ ਇਸ ਵਿਸ਼ੇ ਦੀ ਪੜ੍ਹਾਈ ਕਰਵਾਉਂਦਾ ਹੈ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਨੇ ਵਿਭਾਗ ਦੀ ਇਸ ਨੀਤੀ ਦੀ ਸਖ਼ਤ ਆਲੋਚਨਾ ਕੀਤੀ ਹੈ। ਇਸ ਸਬੰਧੀ ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਤੇ ਸਕੱਤਰ ਹਰਭਗਵਾਨ ਗੁਰਨੇ ਨੇ ਕਿਹਾ ਕਿ ਇੱਕ ਪਾਸੇ ਤਾਂ ਮੌਜੂਦਾ ਸਰਕਾਰ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਉੱਚ ਪੱਧਰ ਦੀ ਸਿੱਖਿਆ ਦੇਣ ਦਾ ਪ੍ਰਚਾਰ ਕਰ ਰਹੀ ਹੈ, ਜਦਕਿ ਦੂਜੇ ਪਾਸੇ ਜ਼ਮੀਨੀ ਹਾਲਤ ਇਹ ਹੈ ਕਿ ਕੰਪਿਊਟਰ ਵਰਗੇ ਮਹੱਤਵਪੂਰਨ ਵਿਸ਼ੇ ਨੂੰ ਪੜ੍ਹਾਉਣ ਲਈ ਪ੍ਰਤੀ ਸਰਕਾਰੀ ਸਕੂਲ ਇੱਕ ਕੰਪਿਊਟਰ ਅਧਿਆਪਕ ਵੀ ਉਪਲੱਬਧ ਨਹੀਂ ਹੈ। ਅਜਿਹੇ ਵਿੱਚ ਸਰਕਾਰੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਨੂੰ ਇਸ ਵਿਸ਼ੇ ਦੀ ਕਿਸ ਤਰ੍ਹਾਂ ਦੀ ਸਿੱਖਿਆ ਮਿਲ ਰਹੀ ਹੋਵੇਗੀ, ਉਸ ਦਾ ਸਹਿਜੇ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਪਿਛਲੇ ਲੰਮੇ ਸਮੇਂ ਤੋਂ ਸਰਕਾਰ ਨੇ ਕੰਪਿਊਟਰ ਅਧਿਆਪਕਾਂ ਦੀ ਭਰਤੀ ਨਹੀਂ ਕੀਤੀ ਹੈ, ਜਦਕਿ ਸਰਕਾਰੀ ਸਕੂਲਾਂ 'ਚ ਵੱਡੀ ਗਿਣਤੀ ਵਿੱਚ ਕੰਪਿਊਟਰ ਅਧਿਆਪਕਾਂ ਦੀ ਭਰਤੀ ਕਰਨ ਦੀ ਲੋੜ ਹੈ। ਇਸ ਤੋਂ ਜ਼ਾਹਰ ਹੁੰਦਾ ਹੈ ਕਿ ਸਰਕਾਰ ਇਸ ਮਹੱਤਵਪੂਰਨ ਵਿਸ਼ੇ ਦੀ ਪੜ੍ਹਾਈ ਪ੍ਰਤੀ ਕਿੰਨੀ ਕੁ ਸੰਜੀਦਾ ਹੈ। ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਉਹ ਆਪਣੀ ਕਹਿਣੀ ਤੇ ਕਰਨੀ ਵਿਚਲਾ ਫਰਕ ਮਿਟਾਵੇ ਤੇ ਲੋੜੀਂਦੀ ਗਿਣਤੀ ਵਿੱਚ ਕੰਪਿਊਟਰ ਅਧਿਆਪਕਾਂ ਦੀ ਭਰਤੀ ਕਰੇ ਤਾਂ ਜੋ ਸਰਕਾਰੀ ਸਕੂਲਾਂ 'ਚ ਇਸ ਵਿਸ਼ੇ ਦੇ ਅਧਿਆਪਨ ਨਾਲ ਇਨਸਾਫ਼ ਹੋ ਸਕੇ।

# ਐੱਸ ਆਰ ਐੱਸ ਵਿੱਦਿਆਪੀਠ ਦੇ ਵਿਦਿਆਰਥੀਆਂ ਨੇ ਬੈਡਮਿੰਟਨ ਮੁਕਾਬਲੇ 'ਚ ਕੀਤਾ ਪਹਿਲਾ ਸਥਾਨ ਹਾਸਲ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ) ਪਬਲਿਕ ਕਾਲਜ ਵਿਖੇ ਜ਼ੋਨ ਖੇਡ ਮੁਕਾਬਲਾ ਕਰਾਇਆ ਗਿਆ। ਇਸ ਖੇਡ ਮੁਕਾਬਲੇ ਵਿੱਚ 10 ਸਕੂਲਾਂ ਨੇ ਭਾਗ ਲਿਆ, ਜਿਸ ਵਿੱਚ ਐੱਸ.ਆਰ.ਐੱਸ ਵਿੱਦਿਆਪੀਠ ਦੇ ਵਿਦਿਆਰਥੀਆਂ ਨੇ ਵੀ ਵਧ-ਚੜ੍ਹ ਕੇ ਹਿੱਸਾ ਲਿਆ। ਇਨ੍ਹਾਂ ਵਿਦਿਆਰਥੀਆਂ ਵਿੱਚ ਅਵਨੀਤ ਕੌਰ, ਨੰਦਿਨੀ ਸ਼ਰਮਾ, ਰਿਦਮ ਸਿੰਗਲਾ ਅਤੇ ਪ੍ਰਿਯਾ ਬਾਂਸਲ ਦੇ ਨਾਂਅ ਪ੍ਰਮੁੱਖ ਹਨ। ਇਨ੍ਹਾਂ ਵਿਦਿਆਰਥੀਆਂ ਨੇ ਪਹਿਲਾਂ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਤੋਂ ਜਿੱਤ ਪ੍ਰਾਪਤ ਕੀਤੀ, ਫਿਰ ਸੈਮੀਫਾਈਨਲ ਵਿੱਚ ਮਾਡਲ ਪਬਲਿਕ ਸਕੂਲ ਨੂੰ ਹਰਾ ਕੇ ਤੇ ਫਾਈਨਲ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁਆਏਜ਼ ਨੂੰ ਹਰਾਉਂਦੇ ਹੋਏ ਪਹਿਲਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਮਾਤਾ-ਪਿਤਾ ਦਾ ਨਾਂਅ ਰੌਸ਼ਨ ਕੀਤਾ। ਇਨ੍ਹਾਂ ਵਿਦਿਆਰਥੀਆਂ ਨੇ ਹੋਏ ਜ਼ੋਨ ਮੁਕਾਬਲੇ ਵਿੱਚ ਲਗਾਤਾਰ ਦੂਜੇ ਸਾਲ ਵੀ ਇਸ ਸ਼ਾਨਦਾਰ ਸਫ਼ਲਤਾ ਨੂੰ ਬਰਕਰਾਰ ਰੱਖਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਿਸ ਮਿਲੀ ਬੋਸ ਤੇ ਚੇਅਰਮੈਨ ਅਮਿਤ ਸਿੰਗਲਾ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫ਼ਲਤਾ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਅਜਿਹੇ ਖੇਡ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਤ ਕੀਤਾ।

24-August-PAGE-11-Majha-23.qxd 8/23/2023 10:21 PM Page 1



# ਪੁਲਸ ਦੀ ਢਿੱਲੀ ਕਾਰਗੁਜ਼ਾਰੀ ਖਿਲਾਫ ਭੜਕੇ ਲੋਕਾਂ ਨੇ ਸੌਂਪਿਆ ਮੰਗ ਪੱਤਰ



ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)-ਬੀਤੇ ਕੁਝ ਦਿਨ ਪਹਿਲਾਂ ਸਰਹੱਦੀ ਕਸਬਾ ਡੇਰਾ ਬਾਬਾ ਨਾਨਕ ਵਿੱਚ 17 ਅਗਸਤ ਨੂੰ ਬਜ਼ਾਰ ਜੌੜੀਆਂ ਵਾਲਾ ਵਿੱਚ ਸਥਿਤ ਐਸ:ਆਰ ਜਿਊਲਰ ਦੀ ਦੁਕਾਨ 'ਤੇ ਚਾਰ ਨਕਾਬਪੋਸ਼ ਲੁਟੇਰਿਆਂ ਵੱਲੋਂ ਹਥਿਆਰਾਂ ਦੀ ਨੋਕ ਤੇ ਸੋਨਾ ਚਾਂਦੀ ਅਤੇ ਨਗਦੀ ਸਮੇਤ ਕਰੀਬ 10 ਲੱਖ ਰੁਪਏ ਦੀ ਲੁੱਟ ਕੀਤੀ ਗਈ ਸੀ, ਪੰਜ ਦਿਨ ਬੀਤ ਜਾਣ ਦੇ ਬਾਵਜੂਦ ਥਾਣਾ ਡੇਰਾ ਬਾਬਾ ਨਾਨਕ ਦੀ ਪੁਲਸ ਉਨ੍ਹਾਂ ਲੁਟੇਰਿਆਂ ਨੂੰ ਫੜਨ ਵਿੱਚ ਨਾਕਾਮ ਰਹੀ ਹੈ। ਇਸ ਦੇ ਵਿਰੋਧ ਵਿੱਚ ਬੀਤੀ ਰਾਤ ਕਸਬੇ ਦੇ ਦੁਕਾਨਦਾਰਾਂ ਵੱਲੋਂ ਬਜ਼ਾਰ ਉਦੇ ਚੰਦ ਵਿੱਚ ਸਥਿਤ ਰਾਮ ਮੰਦਰ ਵਿਖੇ ਇੱਕ ਮੀਟਿੰਗ ਕੀਤੀ ਗਈ ਜਿਸ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਸੀ ਕਿ ਪੁਲਸ ਦੀ ਢਿੱਲੀ ਕਾਰਵਾਈ ਖਿਲਾਫ ਪੁਲਸ ਨੂੰ ਇਸ ਕੇਸ ਵਿੱਚ ਤੇਜ਼ੀ ਲਿਆਉਣ ਲਈ ਸਮੂਹ ਦੁਕਾਨਦਾਰਾਂ ਵੱਲੋਂ ਇੱਕ ਮੰਗ ਪੱਤਰ ਦਿੱਤਾ ਜਾਵੇ। ਅੱਜ ਡੇਰਾ ਬਾਬਾ ਨਾਨਕ ਦੇ ਸਮੂਹ ਦੁਕਾਨਦਾਰਾਂ ਅਤੇ ਸਥਾਨਕ ਲੋਕਾਂ ਵੱਲੋਂ ਪਹਿਲਾ ਮਹਾਰਾਜਾ ਰਣਜੀਤ ਸਿੰਘ ਚੌਕ ਅਤੇ ਬਾਅਦ ਵਿੱਚ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਅੰਦਰ ਇਕੱਠੇ ਹੋ ਕੇ ਪੁਲਸ ਦੇ ਢਿੱਲੇ ਰਵਈਏ ਵਿਰੁੱਧ ਅਤੇ ਗੁੰਡਿਆਂ ਤੇ ਲੁਟੇਰਿਆਂ ਨੂੰ ਨੱਥ ਪਾਉਣ ਲਈ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਸਮੂਹ ਦੁਕਾਨਦਾਰਾਂ ਵੱਲੋਂ ਬਿੱਲੇ ਸੁਨਿਆਰੇ ਦੇ ਲੁੱਟ ਦੇ ਦੋਸ਼ੀਆਂ ਨੂੰ ਜਲਦੀ ਫੜਨ ਲਈ ਆਪਣਾ ਮੰਗ ਪੱਤਰ ਦੇਣ ਲਈ ਥਾਣੇ ਵੱਲ ਕੂਚ ਕੀਤਾ ਤਾਂ ਪੁਲਸ ਵੱਲੋਂ ਥਾਣੇ ਦਾ ਮੇਨ ਗੇਟ ਬੰਦ ਕਰ ਲਿਆ ਗਿਆ। ਜਦ ਦੁਕਾਨਦਾਰਾਂ ਅਤੇ ਸਥਾਨਕ ਲੋਕਾਂ ਵੱਲੋਂ ਪੁਲਸ ਖਿਲਾਫ ਪ੍ਰਦਰਸ਼ਨ ਕੀਤਾ ਤਾਂ ਕਾਫੀ ਜੱਦੋਜਹਿਦ ਕਰਨ ਤੋਂ ਬਾਅਦ ਪੁਲਸ ਅਧਿਕਾਰੀਆਂ ਵੱਲੋਂ ਥਾਣੇ ਦਾ ਮੇਨ ਗੇਟ ਖੋਲ੍ਹਿਆ ਗਿਆ।

ਇਸ ਮੌਕੇ ਸ਼ਹਿਰ ਵਾਸੀਆਂ ਵੱਲੋਂ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐਡੀਸ਼ਨਲ ਐੱਸਐੱਚਓ ਸਬ ਇੰਸਪੈਕਟਰ ਬਲਜਿੰਦਰ ਸਿੰਘ ਨੂੰ ਮੰਗ ਪੱਤਰ ਸੌਂਪਦੇ ਹੋਏ ਮੰਗ ਕੀਤੀ ਗਈ ਕਿ ਬਿੱਲੇ ਸੁਨਿਆਰੇ ਦੀ ਦੁਕਾਨ ਤੇ ਹੋਈ ਲੁੱਟ ਦੇ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਫੜ ਕੇ ਸਲਾਖਾਂ ਪਿੱਛੇ ਕੀਤਾ ਜਾਵੇ ਤੇ ਉਸ ਦਾ ਲੁਟਿਆ ਸੋਨਾ ਤੇ ਨਗਦੀ ਉਸ ਨੂੰ ਵਾਪਸ ਦਿਵਾਇਆ ਜਾਵੇ। ਐਡੀਸ਼ਨਲ ਐੱਸਐੱਚਓ ਡੇਰਾ ਬਾਬਾ ਨਾਨਕ ਵੱਲੋਂ ਸ਼ਹਿਰ ਨਿਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਪੁਲਸ ਵੱਲੋਂ ਦੋਸ਼ੀਆਂ ਨੂੰ ਲੱਭਣ ਲਈ ਵੱਖ-ਵੱਖ ਜਗ੍ਹਾ ਤੇ ਸੀਸੀ ਟੀਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ ਤੇ ਇੱਕ ਹਫਤੇ ਦੇ ਅੰਦਰ ਅੰਦਰ ਇਸ ਲੁੱਟ ਦੇ ਦੋਸ਼ੀ ਪੁਲਸ ਦੀ ਗ੍ਰਿਫਤ ਵਿਚ ਹੋਣਗੇ।

ਇਸ ਮੌਕੇ ਰਿੰਕੂ ਵਰਮਾ, ਰਾਜਾ ਵਰਮਾ, ਪੱਪੀ ਸੁਨਿਆਰਾ, ਰਾਜੇਸ਼ ਹਾਂਡਾ, ਰਾਜੇਸ਼ ਕੁਮਾਰ ਬਿੱਟਾ, ਸੰਦੀਪ ਕੁਮਾਰ, ਕੁਲਬੀਰ ਸਿੰਘ ਬੇਦੀ, ਕੁਲਵਿੰਦਰ ਸਿੰਘ ਬੇਦੀ, ਮਨਦੀਪ ਸਿੰਘ ਬੇਦੀ, ਹਰਦੀਪ ਸਿੰਘ ਲੂਥਰਾ, ਸੰਜੀਵ ਕੁਮਾਰ, ਪਰਸ਼ੋਤਮ ਲਾਲ, ਹਰਜੋਤ ਸਿੰਘ ਬੇਦੀ, ਸੁਰਿੰਦਰ ਸਿੰਘ ਰਿੱਪਲ, ਗਗਨਬੀਰ ਸਿੰਘ ਬੇਦੀ, ਦਵਿੰਦਰ ਪਾਲ ਸਿੰਘ ਬੇਦੀ, ਪ੍ਰੇਮ ਨਾਥ, ਜੀਵਨ ਪੰਨੂੰ, ਪਵਨ ਕੁਮਾਰ ਪੰਮਾ, ਡਾਕਟਰ ਅਸ਼ੋਕ ਸੋਨੀ, ਅੰਮਿਤ ਮਹਾਜਨ, ਵਿਪਨ ਸੋਨੀ, ਰਮੇਸ਼ ਬੱਬਰ, ਰਮੇਸ਼ ਢਿੱਲੋਂ, ਸੱਤਪਾਲ ਜਖਮੀ, ਜਨਕ ਰਾਜ ਮਹਾਜਨ, ਡਾਕਟਰ ਗੁਰਦੇਵ ਸਿੰਘ, ਸੁਸ਼ੀਲ ਬੱਬਰ, ਰਮੇਸ ਕੁਮਾਰ, ਅੰਕੂ ਹਾਂਡਾ, ਸੁਰਜੀਤ ਸਿੰਘ ਬੇਦੀ, ਸੱਤਪਾਲ, ਰਾਜੇਸ਼ ਕੁਮਾਰ, ਪਰਮਿੰਦਰ ਸਿੰਘ ਬੇਦੀ, ਸੁਨੀਲ ਢਿੱਲੋਂ, ਰਾਜੀਵ ਢਿੱਲੋਂ, ਦਿਨੇਸ਼ ਕੁਮਾਰ, ਰਜਤ ਮਰਵਾਹਾ, ਹਰਮੀਤ ਸਿੰਘ, ਕੁਲਦੀਪ ਸਮਰਾ, ਸੁਸ਼ੀਲ ਮਹਾਜਨ, ਸੰਚਿਤ ਮਹਾਜਨ, ਸਤਵਿੰਦਰ ਸਿੰਘ ਖਲੀਲਪੁਰ, ਰਵੀ ਢਿੱਲੋਂ, ਰਾਜਨ ਅਰੋੜਾ, ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

# ਸਰਕਾਰੀ ਹਸਪਤਾਲ ਮਜੀਠਾ 'ਚੋਂ ਡੀਵੀਆਰ ਚੋਰੀ



ਮਜੀਠਾ/ਚਵਿੰਡਾ ਦੇਵੀ(ਸੋਇਮ ਆਨੰਦ/ ਪ੍ਰੀਤਮ ਸਿੰਘ)-ਸਰਕਾਰੀ ਹਸਪਤਾਲ ਮਜੀਠਾ ਵਿਖੇ ਸੀਸੀਟੀਵੀ ਕੈਮਰਿਆਂ ਦਾ ਡੀਵੀਆਰ ਚੋਰੀ ਹੋਣ ਦਾ ਸਮਾਚਾਰ ਮਿਲਿਆ ਹੈ ਜਿਸ ਸਬੰਧੀ ਐੱਸਐੱਮਓ ਮਜੀਠਾ ਡਾ. ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਬੀਤੀ ਰਾਤ ਮੇਰੇ ਦਫਤਰ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦਾ ਡੀਵੀਆਰ ਕੁਝ ਅਣਪਛਾਤੇ ਲੋਕਾਂ ਵੱਲੋਂ ਚੋਰੀ ਕਰ ਗਿਆ ਹੈ ਜਿਸ ਦੀ ਲਿਖਤੀ ਇਤਲਾਹ ਪੁਲਸ ਥਾਣਾ ਮਜੀਠਾ ਵਿਖੇ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਨਿੱਕੀਆਂ-ਮੋਟੀਆਂ ਕਈ ਚੋਰੀਆਂ ਹੋ ਚੁੱਕੀਆਂ ਹਨ ਜਿਨ੍ਹਾਂ ਦੀ ਇਤਲਾਹ ਵੀ ਸਬੰਧਤ ਥਾਣੇ ਨੂੰ ਦਿੱਤੀ ਗਈ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਚੋਰਾਂ ਨੂੰ ਕਾਬੂ ਕਰਨ ਦੀ ਮੰਗ ਕੀਤੀ। ਇਸ ਸਬੰਧੀ ਐੱਸਐੱਚਓ ਮਜੀਠਾ ਇੰਸਪੈਕਟਰ ਬਲਵਿੰਦਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਸ ਦੀ ਛਾਣਬੀਨ ਕੀਤੀ ਜਾ ਰਹੀ ਹੈ। ਛੇਤੀ ਹੀ ਚੋਰਾਂ ਦਾ ਪਤਾ ਲਗਾ ਲਿਆ ਜਾਵੇਗਾ।

# 'ਜਮਹੂਰੀਅਤ ਦਾ ਘਾਣ ਕਰਨ ਵਾਲੀ ਸਰਕਾਰ ਨੂੰ ਮਹਿੰਗਾ ਪਵੇਗਾ ਤਾਨਾਸ਼ਾਹੀ ਵਤੀਰਾ'



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)-ਫਸਲਾਂ ਦੇ ਖਰਾਬੇ ਅਤੇ ਹੋਰ ਮੰਗਾਂ ਸਬੰਧੀ ਚੰਡੀਗੜ੍ਹ 'ਚ ਧਰਨਾ ਪ੍ਰਦਰਸ਼ਨ ਕਰਨ ਜਾ ਰਹੀਆਂ ਜਥੇਬੰਦੀਆਂ ਦੇ ਆਗੂਆਂ ਨੂੰ ਗ੍ਰਿਫਤਾਰ ਕਰਨਾ, ਘਰਾਂ ਵਿੱਚ ਨਜ਼ਰਬੰਦ ਕਰਨਾ ਅਤੇ ਉਨ੍ਹਾਂ ਤੇ ਲਾਠੀਚਾਰਜ ਕਰਨਾ ਜਮੂਹਰੀਅਤ ਦਾ ਘਾਣ ਹੈ। ਸਰਕਾਰ ਦਾ ਇਹ ਕਦਮ ਅਣਮਨੁੱਖੀ ਅਤੇ ਅਨੈਤਿਕ ਹੈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਜਮਹੂਰੀ ਕਿਸਾਨ ਸਭਾ ਦੇ ਆਗੂ ਦਲਜੀਤ ਸਿੰਘ ਦਿਆਲਪੁਰਾ, ਕੇਵਲ ਸਿੰਘ ਕੰਬੋਕੇ, ਕਾਬਲ ਸਿੰਘ ਪਹਿਲਵਾਨਕੇ, ਗੁਰਨਾਮ ਸਿੰਘ ਬਾਸਰਕੇ, ਮਾਸਟਰ ਬੇਅੰਤ ਸਿੰਘ, ਗੁਰਵੇਲ ਸਿੰਘ ਅਤੇ ਦਿਲਬਾਗ ਸਿੰਘ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ। ਉਪਰੋਕਤ ਆਗੂਆਂ ਨੇ ਕਿਹਾ ਕਿ ਜਮਹੂਰੀਅਤ 'ਚ ਹਰ ਇੱਕ ਵਿਅਕਤੀ ਨੂੰ ਵਿਚਾਰਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਤੇ ਅਸਹਿਮਤੀ ਦਾ ਪ੍ਰਗਟਾਵਾ ਲੋਕਤੰਤਰ ਦਾ ਅਨਿੱਖੜਵਾਂ ਅੰਗ ਹੈ। ਇਸ ਮੌਕੇ ਉਨ੍ਹਾਂ ਨੇ ਆਪਣੇ ਹੱਕਾਂ ਖਾਤਰ ਧਰਨਾ ਪ੍ਰਦਰਸ਼ਨ ਕਰਨ ਜਾ ਰਹੇ ਕਿਸਾਨਾਂ ਨੂੰ ਗ੍ਰਿਫਤਾਰ ਕਰਨ ਅਤੇ ਇੱਕ ਕਿਸਾਨ ਦੀ ਮੌਤ ਨੂੰ ਲੈ ਕੇ ਪੰਜਾਬ ਸਰਕਾਰ ਦੀ ਸਖਤ ਸ਼ਬਦਾਂ 'ਚ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਗ੍ਰਿਫਤਾਰ ਕੀਤੇ ਗਏ ਕਿਸਾਨਾਂ ਨੂੰ ਤੁਰੰਤ ਰਿਹਾ ਕੀਤਾ ਜਾਵੇ ਅਤੇ ਮਾਰੇ ਗਏ ਕਿਸਾਨ ਦੇ ਪਰਿਵਾਰ ਦੀ ਸਹਾਇਤਾ ਕੀਤੀ ਜਾਵੇ। ਇਸ ਮੌਕੇ ਆਗੂਆਂ ਨੇ ਮਾਨ ਸਰਕਾਰ ਨੂੰ ਬੇਮੌਸਮੀ ਬਰਸਾਤ ਨਾਲ ਖਰਾਬ ਹੋਈ ਕਣਕ ਦਾ ਮੁਆਵਜ਼ਾ ਜਲਦ ਤੋਂ ਜਲਦ ਜਾਰੀ ਕਰਨ, ਗਾਵਾਂ ਦੇ ਧੱਫੜ ਰੋਗ ਦੇ ਇਲਾਜ ਲਈ ਠੋਸ ਪ੍ਰਬੰਧ ਕਰਨ, ਘੱਟ ਕੀਮਤ 'ਤੇ ਵਿਕੀ ਮੂੰਗੀ 'ਤੇ ਮੁਆਵਜ਼ਾ ਜਾਰੀ ਕਰਨ, ਲੌਹਕਾ ਸ਼ਰਾਬ ਫੈਕਟਰੀ ਵੱਲੋਂ ਧਰਤੀ ਹੇਠਲੇ ਪਾਣੀ ਨੂੰ ਖਰਾਬ ਕਰਨ ਤੋਂ ਰੋਕਣ ਲਈ ਠੋਸ ਕਦਮ ਚੁੱਕਣ ਅਤੇ ਹਲਕਾ ਵਿਧਾਇਕ ਅਤੇ ਮੰਤਰੀ ਭੁੱਲਰ ਨੂੰ ਸੇਰੋਂ ਖੰਡ ਮਿੱਲ ਚਾਲੂ ਕਰਨ ਆਦਿ ਮੁੱਦਿਆਂ 'ਤੇ ਜਲਦੀ ਤੋਂ ਜਲਦੀ ਧਿਆਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਐਲਾਨ ਕੀਤਾ ਕਿ ਜੇਕਰ ਕੇਂਦਰ ਅਤੇ ਸੂਬਾ ਸਰਕਾਰ ਨੇ ਉਪਰੋਕਤ ਮੁੱਦਿਆਂ ਦੇ ਹੱਲ ਲਈ ਕੋਈ ਗੰਭੀਰਤਾ ਨਾ ਦਿਖਾਈ ਤਾਂ ਸੂਬੇ ਦੀਆਂ ਸਮੂਹ ਕਿਸਾਨ ਜਥੇਬੰਦੀਆਂ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ ਤਿੱਖੇ ਸੰਘਰਸ਼ ਵਿੱਢਣਗੀਆਂ।

# ਆਯੁਸ਼ਮਾਨ ਕਾਰਡਧਾਰਕਾਂ ਦੇ ਹੱਡੀਆਂ ਤੇ ਜੋੜਾਂ ਦੇ ਅਪਰੇਸ਼ਨ ਮੁਫਤ: ਡਾ. ਗਿੱਲ



**ਮਜੀਠਾ/ਚੰਵਿਡਾ ਦੇਵੀ (ਸੋਇਮ ਆਨੰਦ/ਪ੍ਰੀਤਮ ਸਿੰਘ)**-ਪੰਜਾਬ ਸਰਕਾਰ ਵਲੋ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਤਹਿਤ ਇਸ ਯੋਜਨਾ ਦੇ ਕਾਰਡ ਧਾਰਕਾਂ ਲਈ 5 ਲੱਖ ਰੁਪਏ ਤੱਕ ਦਾ ਪੰਜਾਬ ਸਰਕਾਰ ਵੱਲੋਂ ਨਿਰਧਾਰਤ ਹਸਪਤਾਲਾਂ ਵਿਚ ਮੁਫਤ ਡਾਕਟਰੀ ਇਲਾਜ ਕੀਤਾ ਜਾਂਦਾ ਹੈ। ਇਸ ਯੋਜਨਾ ਤਹਿਤ ਸਰਕਾਰੀ ਹਸਪਤਾਲ ਮਜੀਠਾ ਵਿਖੇ ਐੱਸਐੱਮਓ ਡਾ. ਸਤਨਾਮ ਸਿੰਘ ਗਿੱਲ ਦੀ ਅਗਵਾਈ ਹੇਠ ਹੱਡੀਆਂ ਅਤੇ ਜੋੜਾਂ ਦੇ ਮਰੀਜ਼ਾਂ ਦਾ ਮੁਫਤ ਇਲਾਜ ਕੀਤਾ ਜਾ ਰਿਹਾ ਹੈ। ਇਸ ਯੋਜਨਾ ਸਬੰਧੀ ਵਧੇਰੇ ਜਾਣਕਾਰੀ ਦਿੰਦਿਆ ਐੱਸਐੱਮਓ ਡਾ. ਸਤਨਾਮ ਸਿੰਘ ਗਿੱਲ ਅਤੇ ਹੱਡੀਆਂ ਅਤੇ ਜੋੜਾਂ ਦੇ ਰੋਗਾਂ ਦੇ ਮਾਹਿਰ ਡਾਕਟਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾਂ ਦੇ ਕਾਰਡ ਧਾਰਕ ਮਰੀਜ਼ ਜਿਨ੍ਹਾਂ ਦੇ ਗੋਡੇ, ਚੂਲੇ ਜਾਂ ਹੋਰ ਹੱਡੀਆਂ ਸਬੰਧੀ ਅਪਰੇਸ਼ਨ ਜਿਨ੍ਹਾਂ 'ਤੇ 5 ਲੱਖ ਰੁਪਏ ਤੱਕ ਦਾ ਖਰਚਾ ਹੋ ਸਕਦਾ ਹੈ, ਦਾ ਮਜੀਠਾ ਵਿਖੇ ਮੁਫਤ ਇਲਾਜ ਕਰਕੇ ਗੋਡੇ ਅਤੇ ਚੂਲੇ ਬਦਲਣ ਦੇ ਅਪਰੇਸ਼ਨ ਕੀਤੇ ਜਾ ਰਹੇ ਹਨ।

ਇਸ ਸਕੀਮ ਤਹਿਤ ਸਰਕਾਰੀ ਹਸਪਤਾਲ ਮਜੀਠਾ ਵਿਖੇ ਕਰੀਬ ਪੰਜ ਅਪਰੇਸ਼ਨ ਗੋਡਿਆਂ ਦੇ ਅਤੇ ਬਹੁਤ ਸਾਰੇ ਮਰੀਜ਼ਾਂ ਨੂੰ ਪਲੇਟਾਂ ਪੈ ਚੁੱਕੀਆਂ ਹਨ। ਇਸ ਮੌਕੇ ਡਾ. ਮਨਜਿੰਦਰ ਸਿੰਘ ਨੇ ਦੱਸਿਆ ਕਿ ਮਰੀਜ਼ ਦਾ ਗੋਡੇ ਬਦਲਣ ਦਾ ਸਾਰਾ ਇਲਾਜ ਬਿਲਕੁਲ ਮੁਫਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਅਜਿਹੇ ਮਰੀਜ਼ਾਂ ਨੂੰ ਅਪਰੇਸ਼ਨ ਦੇ ਅਗਲੇ ਦਿਨ ਹੀ ਚਲਣ ਫਿਰਨ ਦੀ ਇਜ਼ਾਜਤ ਦੇ ਦਿੱਤੀ ਜਾਂਦੀ ਹੈ। ਡਾ. ਮਨਜਿੰਦਰ ਸਿੰਘ ਤੇ ਡਾ. ਕੰਨਵ ਸ਼ਰਮਾ ਨੇ ਦੱਸਿਆ ਕਿ ਇਸ ਸਕੀਮ ਤਹਿਤ ਸਰਕਾਰੀ ਹਸਪਤਾਲ ਮਜੀਠਾ ਵਿਚ ਗੋਡਿਆਂ ਅਤੇ ਹੱਡੀਆਂ ਦੇ ਅਪਰੇਸ਼ਨ ਕਰਨ ਦਾ ਕੈਂਪ ਕਰੀਬ ਡੇਢ ਮਹੀਨਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਲੋੜਵੰਦ ਲੋਕਾਂ ਦੀ ਸੇਵਾ ਕਰਨ ਦਾ ਅਵਸਰ ਮਿਲਿਆ ਹੈ ਤੇ ਸੇਵਾ ਕਰਕੇ ਮਨ ਨੂੰ ਬਹੁਤ ਸਕੂਨ ਮਿਲਦਾ ਹੈ। ਉਨ੍ਹਾਂ ਨੇ ਲੋੜਵੰਦ ਲੋਕਾਂ ਨੂੰ ਇਸ ਯੋਜਨਾ ਤਹਿਤ ਲਾਭ ਲੈਣ ਦੀ ਅਪੀਲ ਕੀਤੀ।

# ਹੈਰੋਇਨ, ਡਰੋਨ, ਡਰੱਗ ਮਨੀ ਤੇ ਪਿਸਤੌਲ ਸਮੇਤ ਤਿੰਨ ਕਾਬੂ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਜ਼ਿਲ੍ਹਾ ਪੁਲਸ ਮੁਖੀ ਗੁਰਮੀਤ ਸਿੰਘ ਚੌਹਾਨ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਮੁਹਿੰਮ ਅਤੇ ਸਰਹੱਦ ਪਾਰੋਂ ਤਸਕਰੀ ਦੇ ਨੈਟਵਰਕ ਨੂੰ ਨਸਟ ਕਰਨ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਜਿਸਦੇ ਤਹਿਤ ਤਰਨ ਤਾਰਨ ਪੁਲਸ ਵੱਲੋਂ 03 ਕਿੱਲੋ 290 ਗ੍ਰਾਮ ਹੈਰੋਇਨ, ਡਰੋਨ ਪਿਸਟਲ ਅਤੇ ਡਰੱਗ ਮਨੀ ਸਮੇਤ ਤਿੰਨ ਵਿਅਕਤੀਆਂ ਨੂੰ ਕਾਬੂ ਕੀਤਾ। ਸੀਆਈਏ ਸਟਾਫ ਤਰਨ ਤਾਰਨ ਦੀ ਟੀਮ ਵੱਲੋਂ ਗਸ਼ਤ ਵਾ ਤਲਾਸ਼ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਸੀਆਈਏ ਤਰਨ ਤਾਰਨ (ਸੇਰੋਂ) ਤੋਂ ਝਬਾਲ, ਗੰਡੀਵਿੰਡ ਅਤੇ ਸਰਾਏ ਅਮਾਨਤ ਖਾਂ ਆਦਿ ਨੂੰ ਜਾ ਰਹੇ ਸੀ। ਜਦੋਂ ਪੁਲਸ ਪਾਰਟੀ ਮੋੜ ਗੰਡੀਵਿੰਡ ਨੇੜੇ ਸਰਾਏ ਅਮਾਨਤ ਖਾਂ ਲਾਗੇ ਪੁੱਜੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਲਵਪ੍ਰੀਤ ਸਿੰਘ ਉਰਫ ਸੋਨੂੰ ਪੁੱਤਰ ਬਲਕਾਰ ਸਿੰਘ ਵਾਸੀ ਮਾਨਕਪੁਰਾ, ਅਕਾਸ਼ਦੀਪ ਸਿੰਘ ਉਰਫ ਸਾਜਨ ਪੁੱਤਰ ਬਲਕਾਰ ਸਿੰਘ ਵਾਸੀ ਮਾਨਕਪੁਰਾ ਜੋ ਕਿ ਹੈਰੋਇਨ ਅਤੇ ਨਜਾਇਜ਼ ਹਥਿਆਰਾਂ ਦੀ ਸਮੱਗਲਿੰਗ ਕਰਦੇ ਹਨ, ਜੇਕਰ ਹੁਣੇ ਰੇਡ ਕੀਤੀ ਜਾਵੇ ਤਾਂ ਭਾਰੀ ਮਾਤਰਾ ਵਿੱਚ ਹੈਰੋਇਨ ਅਤੇ ਹਥਿਆਰਾਂ ਸਮੇਤ ਕਾਬੂ ਆ ਸਕਦੇ ਹਨ। ਪਿੰਡ ਭੂਸੇ ਮੋੜ ਪਰ ਨਾਕਾਬੰਦੀ ਕੀਤੀ ਗਈ। ਇੱਕ ਵਰਨਾ ਗੱਡੀ ਆਉਂਦੀ ਦਿਖਾਈ ਦਿੱਤੀ ਜਿਸ ਵਿੱਚ ਦੋ ਨੌਜਵਾਨ ਸਵਾਰ ਸਨ ਜਿਨ੍ਹਾਂ ਆਪਣੇ ਨਾਮ ਲਵਪ੍ਰੀਤ ਸਿੰਘ ਉਰਫ ਸੋਨੂੰ ਅਤੇ ਅਕਾਸ਼ਦੀਪ ਸਿੰਘ ਉਰਫ ਸਾਜਨ ਪੁੱਤਰਾਨ ਬਲਕਾਰ ਸਿੰਘ ਵਾਸੀ ਮਾਨਕਪੁਰਾ ਦੱਸਿਆ। ਤਲਾਸ਼ੀ ਕਰਨ ਤੇ ਵਰਨਾ ਗੱਡੀ ਨੰਬਰੀ ਪੀਬੀ 46 ਏ.ਐਚ 2204 ਦੇ ਡੈਸ਼ਬੋਰਡ ਵਿੱਚੋਂ 01 ਕਿਲੋ 290 ਗ੍ਰਾਮ ਹੈਰੋਇਨ ਅਤੇ 01 ਪਿਸਟਲ 32 ਬੋਰ ਸਮੇਤ 2 ਮੈਗਜ਼ੀਨ ਅਤੇ 08 ਜਿੰਦਾ ਰੌਂਦ ਅਤੇ 30 ਲੱਖ ਰੁਪਏ ਡਰੱਗ ਮਨੀ ਬ੍ਰਾਮਦ ਹੋਈ। 19 ਅਗਸਤ ਮੁਕੱਦਮਾ ਨੰਬਰ 67 ਜੁਰਮ 21,25/61/85 ਐਨਡੀਪੀਐਸ ਐਕਟ ਥਾਣਾ ਸਰਾਏ ਅਮਾਨਤ ਖਾਂ ਦਰਜ ਰਜਿਸਟਰ ਕਰਕੇ ਅਗਲੀ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ 02 ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ।

# ਬੇਕਾਬੂ ਸਕੂਲ ਵੈਨ ਖੇਤਾਂ 'ਚ ਪਲਟੀ, ਵਾਲ-ਵਾਲ ਬਚੇ ਬੱਚੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਕਸਬਾ ਭਿੱਖੀਵਿੰਡ ਦੀ ਚੇਲਾ ਕਲੋਨੀ ਨਜਦੀਕ ਉਸ ਸਮੇਂ ਹਫੜਾ-ਦਫੜੀ ਮੱਚ ਗਈ ਜਦੋਂ ਇੱਕ ਨਿੱਜੀ ਸਕੂਲ ਦੀ ਬੱਚਿਆਂ ਨਾਲ ਭਰੀ ਬੱਸ ਬੇਕਾਬੂ ਹੋਣ ਮਗਰੋਂ ਖੇਤਾਂ 'ਚ ਪਲਟ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਬੱਸ 'ਚ ਸਵਾਰ 25-30 ਬੱਚਿਆਂ ਨੂੰ ਮੌਕੇ 'ਤੇ ਮੌਜੂਦ ਆਸ-ਪਾਸ ਦੇ ਲੋਕਾਂ ਵੱਲੋਂ ਸਹੀ ਸਲਾਮਤ ਬਾਹਰ ਕੱਢ ਲਿਆ ਗਿਆ। ਜ਼ਿਕਰਯੋਗ ਹੈ ਕਿ ਜਦੋਂ ਉਪਰੋਕਤ ਸਕੂਲ ਬੱਸ ਦੇ ਡਰਾਈਵਰ ਨਾਲ ਗੱਲਬਾਤ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਹ ਮੌਕੇ ਤੋਂ ਭੱਜ ਗਿਆ। ਇਸ ਮੌਕੇ ਜਦੋਂ ਨਿੱਜੀ ਸਕੂਲ ਦੇ ਪ੍ਰਿੰਸੀਪਲ ਨਾਲ ਹਾਦਸੇ ਸਬੰਧੀ ਰਾਬਤਾ ਕਾਇਮ ਕੀਤਾ ਗਿਆ ਤਾਂ ਉਹ ਮੀਡੀਆ ਕਰਮੀਆਂ ਨੂੰ ਕਾਹਲੇ ਨਾ ਪੈਣ ਦੀ ਗੱਲ ਕਹਿੰਦੇ ਨਜ਼ਰ ਆਏ। ਕਥਿਤ ਤੌਰ 'ਤੇ ਉਪਰੋਕਤ ਸਕੂਲ ਬੱਸ ਆਪਣੀ ਉਮਰ ਪੂਰੀ ਕਰ ਚੁੱਕੀ ਹੈ। ਉਧਰ ਜਦੋਂ ਇਸ ਮਾਮਲੇ ਸਬੰਧੀ ਡਿਪਟੀ ਕਮਿਸ਼ਨਰ ਤਰਨ ਤਾਰਨ ਬਲਦੀਪ ਕੌਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸੜਕ ਸੁਰੱਖਿਆ ਨੀਤੀ ਤਹਿਤ ਬਣਦੀ ਕਾਰਵਾਈ ਕੀਤੀ ਜਾਵੇਗੀ।

# ਕੈਲੇਡੋਨੀਆ ਸਕੂਲ ਦੇ ਵਿਦਿਆਰਥੀ ਹੜ੍ਹ ਪੀੜਤਾਂ ਦੀ ਮਦਦ ਲਈ ਅੱਗੇ ਆਏ



ਗੁਰਦਾਸਪੁਰ (ਜਨਕ ਮਹਾਜਨ)-ਕੈਲੇਡੋਨੀਆ ਸਕੂਲ ਪਠਾਨਕੋਟ ਦੇ ਵਿਦਿਆਰਥੀ ਵੀ ਜ਼ਿਲ੍ਹਾ ਗੁਰਦਾਸਪੁਰ ਦੇ ਬੇਟ ਇਲਾਕੇ ਨਾਲ ਸਬੰਧਤ ਹੜ੍ਹ ਪੀੜ੍ਹਤਾਂ ਦੀ ਮਦਦ ਲਈ ਅੱਗੇ ਆਏ ਹਨ। ਰਾਹਤ ਸਮੱਗਰੀ ਦੇ ਇਹ ਪੈਕਟ ਸਕੂਲੀ ਵਿਦਿਆਰਥੀਆਂ ਵੱਲੋਂ ਪੁਰਾਣਾ ਸ਼ਾਲਾ ਦੇ ਰਾਹਤ ਕੇਂਦਰ ਵਿਖੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੇ ਸਪੁਰਦ ਕੀਤੇ। ਵਿਦਿਆਰਥੀਆਂ ਦੇ ਜਜ਼ਬੇ ਅਤੇ ਸੇਵਾ ਭਾਵਨਾ ਦੀ ਸਰਾਹਨਾ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਇਸ ਔਖੀ ਘੜੀ ਵਿੱਚ ਵਿਦਿਆਰਥੀਆਂ ਦੇ ਇਸ ਸਹਿਯੋਗ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵੱਲੋਂ ਦਿੱਤੇ ਇਸ ਯੋਗਦਾਨ ਨਾਲ ਜਿਥੇ ਹੜ੍ਹ ਪ੍ਰਭਾਵਤ ਲੋਕਾਂ ਨੂੰ ਰਾਹਤ ਮਿਲੇਗੀ ਓਥੇ ਇਹ ਹੋਰ ਲੋਕਾਂ ਨੂੰ ਵੀ ਮਦਦ ਲਈ ਅੱਗੇ ਆਉਣ ਦੀ ਪ੍ਰੇਰਨਾ ਦੇਵੇਗੀ। ਉਨ੍ਹਾਂ ਕਿਹਾ ਕਿ ਕੈਲੇਡੋਨੀਆ ਸਕੂਲ ਪਠਾਨਕੋਟ ਦੇ ਵਿਦਿਆਰਥੀ ਆਪਣੇ ਅਧਿਆਪਕਾਂ ਤੇ ਮਾਪਿਆਂ ਦੀ ਪ੍ਰੇਰਨਾ ਸਦਕਾ ਮਦਦ ਲਈ ਅੱਗੇ ਆਏ ਹਨ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਸਾਰਿਆਂ ਦਾ ਧੰਨਵਾਦੀ ਹੈ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਇਨ੍ਹਾਂ ਵਿਦਿਆਰਥੀਆਂ ਵੱਲੋਂ ਭੇਜੀ ਰਾਹਤ ਸਮੱਗਰੀ ਨੂੰ ਲੋੜਵੰਦਾਂ ਪਹੁੰਚਾਏਗਾ। ਇਸ ਮੌਕੇ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ, ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਗੁਰਦਾਸਪੁਰ ਦੇ ਸਕੱਤਰ ਰਾਜੀਵ ਸਿੰਘ, ਕੈਲੇਡੋਨੀਆ ਸਕੂਲ ਦੇ ਪ੍ਰਬੰਧਕ ਸਰਜਲ ਗੁਪਤਾ ਵੀ ਮੌਜੂਦ ਸਨ।

'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-2

# ਮਸ਼ਾਲ ਮਾਰਚ ਅੰਮ੍ਰਿਤਸਰ ਤੋਂ ਗੁਰਦਾਸਪੁਰ ਜ਼ਿਲ੍ਹੇ 'ਚ ਅੱਜ ਹੋਵੇਗਾ ਦਾਖਲ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਾ. ਸ਼ਾਇਰੀ ਭੰਡਾਰੀ, ਐਸ.ਡੀ.ਐਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-2 ਤੋਂ ਸ਼ੁਰੂਆਤ ਤੋਂ ਪਹਿਲਾਂ ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਸ਼ਾਲ ਮਾਰਚ ਸ਼ੁਰੂ ਕੀਤੀ ਗਈ ਹੈ ਜਿਸ ਦੇ ਚੱਲਦਿਆਂ 24 ਅਗਸਤ ਨੂੰ ਅੰਮ੍ਰਿਤਸਰ ਤੋਂ ਗੁਰਦਾਸਪੁਰ ਜ਼ਿਲ੍ਹੇ ਵਿੱਚ ਮਸ਼ਾਲ ਮਾਰਚ ਦਾਖਲ ਹੋਵੇਗਾ। ਐਸਡੀਐਮ ਬਟਾਲਾ ਨੇ ਅੱਗੇ ਦੱਸਿਆ ਕਿ ਸਵੇਰੇ ਕਰੀਬ 9 ਵਜੇ ਪਿੰਡ ਬੱਜੂਮਾਨ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਮਸ਼ਾਲ ਮਾਰਚ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ, ਜਿਸ ਸਬੰਧੀ ਤਿਆਰੀ ਕੀਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮਸ਼ਾਲ ਮਾਰਚ ਬੱਜੂਮਾਨ (ਬਟਾਲਾ) ਵਿੱਚ ਦਾਖਲ ਹੋਣ ਤੋਂ ਬਾਅਦ ਬਟਾਲਾ, ਧਾਰੀਵਾਲ, ਗੁਰਦਾਸਪੁਰ ਤੇ ਦੀਨਾਨਗਰ ਤੋਂ ਹੁੰਦੀ ਹੋਈ ਪਠਾਨਕੋਟ ਜ਼ਿਲ੍ਹੇ ਵਿੱਚ ਦਾਖਲ ਹੋਵੇਗਾ। ਦੱਸਣਯੋਗ ਹੈ ਕਿ ਮਸ਼ਾਲ ਮਾਰਚ 25 ਅਗਸਤ ਨੂੰ ਜਲੰਧਰ, ਸ਼ਹੀਦ ਭਗਤ ਸਿੰਘ ਨਗਰ ਤੇ ਰੂਪਨਗਰ, 26 ਅਗਸਤ ਨੂੰ ਐਸ.ਏ.ਐਸ.ਨਗਰ, ਫਤਹਿਗੜ੍ਹ ਸਾਹਿਬ ਤੇ ਮਾਲੇਰਕੋਟਲਾ, 27 ਅਗਸਤ ਨੂੰ ਪਟਿਆਲਾ, ਸੰਗਰੂਰ ਤੇ ਮਾਨਸਾ, 28 ਅਗਸਤ ਨੂੰ ਬਰਨਾਲਾ, ਫਰੀਦਕੋਟ ਤੇ ਫਾਜ਼ਿਲਕਾ ਅਤੇ 29 ਅਗਸਤ ਨੂੰ ਸ੍ਰੀ ਮੁਕਤਸਰ ਸਾਹਿਬ ਤੇ ਬਠਿੰਡਾ ਵਿਖੇ ਮਸ਼ਾਲ ਮਾਰਚ ਗੁਜ਼ਰੇਗਾ। ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ 29 ਅਗਸਤ ਨੂੰ ਬਠਿੰਡਾ ਵਿਖੇ ਖੇਡਾਂ ਦੇ ਦੂਜੇ ਸੀਜ਼ਨ ਦਾ ਉਦਘਾਟਨ ਕਰਨਗੇ।

# ਜਗੀਰ ਸਿੰਘ ਨਾਲ ਧੱਕੇਸ਼ਾਹੀ ਖਿਲਾਫ ਕਿਸਾਨ ਆਗੂਆਂ ਨੇ ਸੌਂਪਿਆ ਮੰਗ ਪੱਤਰ



**ਬਟਾਲਾ (ਤਰਲੋਕ ਬੱਗਾ)**-ਸੰਯੁਕਤ ਕਿਸਾਨ ਮੋਰਚੇ ਦੀ ਜਥੇਬੰਦੀ ਪੰਜਾਬ ਕਿਸਾਨ ਯੂਨੀਅਨ, ਜਮਹੂਰੀ ਕਿਸਾਨ ਸਭਾ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਵਫਦ ਨੇ ਐੱਸਐੱਸਪੀ ਬਟਾਲਾ ਦੀ ਗੈਰ-ਹਾਜ਼ਰੀ ਵਿੱਚ ਉਨ੍ਹਾਂ ਦੇ ਰੀਡਰ ਹਰਜੀਤ ਸਿੰਘ ਨੂੰ ਮੰਗ ਪੱਤਰ ਦਿੱਤਾ। ਵਫਦ ਵਿੱਚ ਸ਼ਾਮਲ ਆਗੂਆਂ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ, ਸੁਖਦੇਵ ਸਿੰਘ ਭਾਗੋਕਾਵਾਂ, ਰਘਬੀਰ ਸਿੰਘ ਪਕੀਵਾਂ ਅਤੇ ਗੁਰਮੀਤ ਸਿੰਘ ਡਡਿਆਲਾ ਨਜਾਰਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਨਾਲ ਸਬੰਧਤ ਜਸਪਾਲ ਸਿੰਘ ਵਾਸੀ ਡੇਰਾ ਬਾਬਾ ਨਾਨਕ ਅਤੇ ਰਣਬੀਰ ਸਿੰਘ ਉਰਫ ਕਾਕਾ ਨੇ ਘਣੀਆਂ ਕੇ ਬੇਟ ਦੇ ਦਲਿਤ ਪਰਿਵਾਰ ਜਗੀਰ ਸਿੰਘ ਉਰਫ ਸਾਬੇ ਦੀ ਤਿੰਨ ਏਕੜ ਤੋਰੀਏ ਅਤੇ ਜਵਾਰ ਦੀ ਫਸਲ ਬਰਬਾਦ ਕਰ ਦਿੱਤੀ ਹੈ।

ਕਿਸਾਨ ਆਗੂਆਂ ਕਿਹਾ ਕਿ 21 ਅਗਸਤ ਨੂੰ ਇਨ੍ਹਾਂ ਧਨਾਢ ਕਿਸਾਨਾਂ ਨੇ ਆਪਣੇ ਨਾਲ ਇਕ ਦਰਜਨ ਵਿਅਕਤੀ ਲੈ ਕੇ ਚਾਰ ਟਰੈਕਟਰਾਂ ਨਾਲ ਬੀਜੀ ਫਸਲ ਵਾਹ ਦਿੱਤੀ ਜਦੋਂਕਿ ਇਹ ਜ਼ਮੀਨ ਜੰਗਲਾਤ ਵਿਭਾਗ ਦੀ ਹੈ ਅਤੇ ਇਹ ਦਲਿਤ ਪਰਿਵਾਰ ਆਪਣੇ ਵੱਡ-ਵਡੇਰਿਆਂ ਤੋਂ ਇਸ ਜ਼ਮੀਨ ਉਪਰ ਖੇਤੀ ਕਰ ਰਿਹਾ ਹੈ ਅਤੇ ਕਰੀਬ 35 ਸਾਲ ਤੋਂ ਇਸ ਜ਼ਮੀਨ ਦੀਆਂ ਗਰਦੌਰੀਆਂ ਵੀ ਇਸ ਪਰਿਵਾਰ ਦੇ ਨਾਂ ਹਨ। ਆਗੂਆਂ ਮੰਗ ਪੱਤਰ ਵਿੱਚ ਲਿਖਿਆ ਹੈ ਕਿ ਸਤਾਧਾਰੀ ਧਿਰ ਨਾਲ ਸਬੰਧਤ ਇਨ੍ਹਾਂ ਵਿਅਕਤੀਆਂ ਨੇ ਇਹ ਕਾਰਵਾਈ ਦਲਿਤ ਪਰਿਵਾਰ ਸਮਝ ਕੇ ਕੀਤੀ ਗਈ ਹੈ ਅਤੇ ਬਕਾਇਦਾ ਇਸ ਪਰਿਵਾਰ ਨੂੰ ਦਲਿਤ ਅਪਸ਼ਬਦ ਬੋਲਦਿਆਂ ਗਾਲੀ ਗਲੋਚ ਅਤੇ ਜਾਨੋਂ ਮਾਰ ਦੇਣ ਦੀਆਂ ਧਮਕੀਆਂ ਵੀ ਦਿੱਤੀਆਂ ਹਨ।

ਡੇਰਾ ਬਾਬਾ ਨਾਨਕ ਪੁਲਸ ਨੂੰ ਸਬੰਧਤ ਪਰਿਵਾਰ ਨੇ ਕਈ ਦਰਖਾਸਤਾਂ ਦਿੱਤੀਆਂ ਹਨ ਪਰ ਪੁਲਸ ਨੇ ਇਨ੍ਹਾਂ ਧਨਾਢ ਵਿਅਕਤੀਆਂ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ। ਉਕਤ ਵਿਅਕਤੀਆਂ ਨੇ ਪੰਜਾਬ ਸਰਕਾਰ ਕੋਲੋਂ ਇਨ੍ਹਾਂ ਲੋਕਾਂ ਦੇ ਖਿਲਾਫ ਕੇਸ ਦਰਜ ਕਰਨ ਦੀ ਮੰਗ ਕੀਤੀ ਹੈ

# ਡੀਸੀ ਨੇ ਤਹਿਸੀਲਦਾਰਾਂ/ਨਾਇਬ ਤਹਿਸੀਲਦਾਰਾਂ ਨੂੰ ਬਤੌਰ ਮੈਜਿਸਟਰੇਟ ਤਾਇਨਾਤ ਕੀਤਾ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਜ਼ਿਲ੍ਹੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਣਾਈ ਰੱਖਣ ਅਤੇ ਲੋਕਾਂ ਦੀ ਸੁਰੱਖਿਆ ਦੇ ਉਦੇਸ਼ ਨਾਲ ਜ਼ਿਲ੍ਹੇ ਦੇ ਸਮੂਹ ਤਹਿਸੀਲਦਾਰਾਂ ਅਤੇ ਨਾਇਬ ਤਹਿਸੀਲਦਾਰ ਨੂੰ ਮੈਜਿਸਟ੍ਰੇਟ ਤਾਇਨਾਤ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕਰ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਤਹਿਸੀਲਦਾਰ ਅਤੇ ਨਾਇਬ ਤਹਿਸੀਲਦਾਰ ਬਤੌਰ ਮੈਜਿਸਟ੍ਰੇਟ ਆਪਣੇ ਇਲਾਕੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਣਾਏ ਰੱਖਣ ਲਈ ਜ਼ਿੰਮੇਵਾਰ ਹੋਣਗੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੈਜਿਸਟ੍ਰੇਟਸ ਵੱਲੋਂ ਕਾਨੂੰਨ ਵਿਵਸਥਾ ਦੇ ਪੱਖ ਤੋਂ ਸਾਰੀ ਸਥਿਤੀ ਉੱਪਰ ਗਹਿਰੀ ਨਜ਼ਰ ਰੱਖੀ ਜਾਵੇਗੀ ਤਾਂ ਜੋ ਜ਼ਿਲ੍ਹੇ ਵਿੱਚ ਕੋਈ ਵੀ ਅਣ-ਸੁਖਾਵੀਂ ਘਟਨਾ ਨਾ ਵਾਪਰੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੇਵਾ ਤੇ ਸਹੂਲਤ ਲਈ ਹਰ ਸਮੇਂ ਹਾਜ਼ਰ ਹੈ ਅਤੇ ਲੋਕਾਂ ਦੀ ਜਾਨ-ਮਾਲੀ ਦੀ ਰਾਖੀ ਅਤੇ ਸੁਰੱਖਿਆ ਦੇ ਨਾਲ ਕਾਨੂੰਨ ਵਿਵਸਥਾ ਨੂੰ ਬਣਾ ਕੇ ਰੱਖਣਾ ਜ਼ਿਲ੍ਹਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਡਿਪਟੀ ਕਮਿਸ਼ਨਰ ਦੇ ਹੁਕਮਾਂ ਤੋਂ ਬਾਅਦ ਜ਼ਿਲ੍ਹੇ ਦੇ ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਵੱਲੋਂ ਬਤੌਰ ਮੈਜਿਟਰੇਟ ਆਪਣੀ ਡਿਊਟੀ ਸੰਭਾਲ ਲਈ ਗਈ ਹੈ।

# ਧੁੱਸੀ ਬੰਨ੍ਹ 'ਚ ਪਏ ਤਿੰਨ ਵੱਡੇ ਪਾੜ ਪੂਰਨ ਸਬੰਧੀ ਕਿਸਾਨਾਂ ਦਾ ਵਫਦ ਡੀਸੀ ਨੂੰ ਮਿਲਿਆ



ਕਲਾਨੌਰ (ਮਨਦੀਪ ਕੁਮਾਰ)-ਸੰਯੁਕਤ ਕਿਸਾਨ ਮੋਰਚੇ ਦੇ ਵਫਦ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਹਿਮਾਂਸ਼ੂ ਅਗਰਵਾਲ ਨਾਲ ਮੀਟਿੰਗ ਕੀਤੀ। ਵਫਦ ਨੇ ਡੀਸੀ ਦੇ ਧਿਆਨ ਵਿੱਚ ਲਿਆਂਦਾ ਕੇ ਰਾਵੀ ਦਰਿਆ ਦੇ ਧੁੱਸੀ ਬੰਨ੍ਹ 'ਤੇ ਪਿੰਡ ਸਹੂਰ ਅਤੇ ਦੋਸਤਪੁਰ ਲਾਗੇ 3 ਵੱਡੇ ਪਾੜ ਪਏ ਹਨ। ਉਨ੍ਹਾਂ ਨੂੰ ਪੂਰਨ ਲਈ ਤੁਰੰਤ ਕਾਰਵਾਈ ਦੀ ਮੰਗ ਕੀਤੀ। ਮੀਟਿੰਗ ਦੀ ਜਾਣਕਾਰੀ ਪ੍ਰੈੱਸ ਨਾਲ ਸਾਂਝੀ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਹਰਜੀਤ ਸਿੰਘ ਕਾਹਲੋਂ ਨੇ ਦੱਸਿਆ ਕਿ ਡੀਸੀ ਸਾਹਿਬ ਤੋਂ ਇਹ ਵੀ ਮੰਗ ਕੀਤੀ ਗਈ ਕਿ ਦਰਿਆ ਵਿੱਚ ਪਾਣੀ ਆਉਣ ਤੋਂ ਪਹਿਲਾਂ ਕਮਜ਼ੋਰ ਥਾਵਾਂ ਤੋਂ ਮੁਰੰਮਤ ਕਰਨ ਦਾ ਕੰਮ ਪੂਰਾ ਕਰ ਲਿਆ ਜਾਵੇ ਕਿਉਂਕਿ ਕੰਡਿਆਲੀ ਤਾਰ ਵਾਲੀ ਧੁੱਸੀ ਤੇ ਬੁਰਜੀ ਨੰਬਰ 34/1 ਅਤੇ ਬਾਊਪੁਰ ਪਿੰਡ ਲਾਗੇ ਤਕਰੀਬਨ ਦੋ ਕਿਲੋਮੀਟਰ ਧੁੱਸੀ ਤੇ ਮਿੱਟੀ ਪਾ ਕੇ ਇਸਨੂੰ ਮਜ਼ਬੂਤ ਕੀਤਾ ਜਾਵੇ ਤਾਂ ਕਿ ਸੰਭਾਵਿਤ ਹੜ੍ਹਾਂ ਦੀ ਮਾਰ ਤੋਂ ਬਚਿਆ ਜਾ ਸਕੇ। ਡੀ ਸੀ ਨੇ ਵਫਦ ਨੂੰ ਭਰੋਸਾ ਦਿੱਤਾ ਕਿ ਧੁੱਸੀ ਬੰਨ੍ਹ ਨੂੰ ਮਜ਼ਬੂਤ ਕਰਨ ਅਤੇ ਪਾੜਾਂ ਨੂੰ ਪੂਰਨ ਦਾ ਕੰਮ ਜਲਦੀ ਹੀ ਸ਼ੁਰੂ ਕਰ ਦਿੱਤਾ ਜਾਵੇਗਾ। ਵਫਦ ਵਿੱਚ ਹੋਰਨਾਂ ਤੋਂ ਇਲਾਵਾ ਪਲਵਿੰਦਰ ਸਿੰਘ ਕਿਲ੍ਹਾ ਨੱਥੂ ਸਿੰਘ, ਸਲਵਿੰਦਰ ਸਿੰਘ, ਹਰਜੀਤ ਸਿੰਘ ਕਾਹਲੋਂ, ਬਲਜੀਤ ਸਿੰਘ ਗੁਰਾਇਆ, ਕਸ਼ਮੀਰ ਸਿੰਘ ਸਰਪੰਚ ਨਾਹਰਪੁਰ, ਸਰਦੂਲ ਸਿੰਘ ਬਰੀਲਾ, ਗੁਰਦੀਪ ਸਿੰਘ ਕਮਲਪੁਰ, ਹਰਜਿੰਦਰ ਸਿੰਘ, ਜਗਜੀਤ ਸਿੰਘ ਅਲੂਣਾ, ਨਾਜਰ ਸਿੰਘ ਖਹਿਰਾ ਕੋਟਲੀ, ਮੱਖਣ ਸਿੰਘ ਕੋਹਾੜ, ਜਰਨੈਲ ਸਿੰਘ ਸਪਰਾਏ ਕੋਠੀ ਆਦਿ ਸ਼ਾਮਿਲ ਸਨ।

# ਲੋਕਾਂ ਨੂੰ ਡੇਂਗੂ/ਮਲੇਰੀਆ ਤੋਂ ਬਚਾਓ ਲਈ ਕੀਤਾ ਜਾਗਰੂਕ



**ਬਟਾਲਾ, (ਡਾ. ਮਲਵਿੰਦਰ ਸਿੰਘ)** ਡਾ. ਨੀਲਮ ਐੱਸਐੱਮਓ ਕਾਹਨੂੰਵਾਨ ਦੀ ਰਹਿਨੁਮਾਈ ਹੇਠ ਪਿੰਡ ਕਾਹਨੂੰਵਾਨ ਵਿਖੇ ਡੇਂਗੂ ਦੇ ਪੋਜ਼ੇਟਿਵ ਕੇਸ ਨਿਕਲਣ ਤੇ ਮਰੀਜ਼ਾਂ ਦੇ ਘਰ ਤੇ ਆਲੇ-ਦੁਆਲੇ ਦੇ ਘਰਾਂ ਵਿੱਚ ਡੇਂਗੂ ਮੱਛਰ ਦਾ ਲਾਰਵਾ ਚੈੱਕ ਕੀਤਾ ਗਿਆ। ਲਾਰਵਾ ਮਿਲਣ ਤੇ ਮੌਕੇ ਤੇ ਹੀ ਨਸ਼ਟ ਕੀਤਾ ਗਿਆ। ਐਸਐਮਓ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਹੜ੍ਹ ਪ੍ਰਭਾਵਿਤ ਪਿੰਡ ਧੱਕੜ, ਕੋਟ ਖਾਂ ਮੁਹੰਮਦ, ਅਵਾਨ, ਬਿਸੋਪੁਰ, ਚੋਚਨਾ, ਵਿਖੇ ਲੋਕਾਂ ਨੂੰ ਡੇਂਗੂ, ਮਲੇਰੀਆਂ, ਚਿਕਨਗੁਨੀਆ ਬੁਖਾਰ ਤੋਂ ਬਚਾਓ ਲਈ ਜਾਗਰੂਕ ਕੀਤਾ ਗਿਆ ਤੇ ਮੱਛਰ ਮਾਰਨ ਵਾਲੀ ਦਵਾਈ ਦੀ ਸਪਰੇਅ ਕੀਤੀ ਗਈ। ਇਹ ਐਂਟੀ-ਲਾਰਵਾ ਟੀਮ ਅਤੇ ਮੈਡੀਕਲ਼ ਟੀਮਾਂ ਦੇ ਕੰਮ ਦੀ ਸਪੈਸ਼ਲ ਤੌਰ ਤੇ ਸਿਵਲ ਸਰਜਨ ਡਾ. ਹਰਭਜਨ ਰਾਮ ਮਾਂਡੀ ਵੱਲੋਂ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਟੀਮਾਂ ਹਾਜ਼ਰ ਪਾਈਆਂ ਗਈਆਂ। ਇਸ ਮੌਕੇ ਰਛਪਾਲ ਸਿੰਘ ਸਹਾਇਕ ਮਲੇਰੀਆ ਅਫ਼ਸਰ ਨੇ ਲੋਕਾਂ ਨੂੰ ਮੱਛਰ ਤੋਂ ਬਚਾਓ ਅਤੇ ਉਲਟੀਆਂ ਆਦਿ ਤੋਂ ਬਚਾਓ ਬਾਰੇ ਲੋਕਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਘਰਾਂ ਵਿੱਚ ਕੂਲਰਾਂ, ਫਰਿਜਾਂ ਦੀਆਂ ਵੇਸਟ ਪਾਣੀ ਦੀਆਂ ਟਰੇਆਂ, ਟੁੱਟੇ ਭੱਜੇ ਬਰਤਨਾਂ, ਟਾਇਰਾਂ ਵਿੱਚ, ਫੁੱਲ ਦੇ ਗਮਲਿਆਂ ਵਿੱਚ, ਪਸ਼ੂਆਂ ਦੇ ਪੀਣ ਵਾਲੇ ਪਾਣੀ ਦੀਆਂ ਹੌਦੀਆਂ ਦੇ ਪਏ ਪਾਣੀ ਵਿੱਚ ਡੇਂਗੂ ਮੱਛਰ ਦਾ ਲਾਰਵਾ ਪੈਦਾ ਹੁੰਦਾ ਹੈ, ਇਸ ਲਈ ਹਰ ਸ਼ੁੱਕਰਵਾਰ ਡਰਾਈ ਡੇ ਦੇ ਤੌਰ ਤੇ ਮਨਾਉਣ ਤੇ ਇਹ ਸਾਰਾ ਪਾਣੀ ਚੰਗੀ ਤਰ੍ਹਾਂ ਕੱਢ ਕਿ ਸੁਕਾਉਣਾ ਚਾਹੀਦਾ ਹੈ ਅਤੇ ਖੜ੍ਹੇ ਪਾਣੀ ਉੱਪਰ ਸੜਿਆ ਤੇਲ ਪਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਮੱਛਰ ਤੋਂ ਬਚਾਓ ਲਈ ਸਰੀਰ ਨੂੰ ਪੂਰੇ ਢੱਕਣ ਵਾਲੇ ਕੱਪੜੇ ਪਾਉਣੇ ਚਾਹੀਦੇ ਹਨ ਉਲਟੀਆਂ ਆਦਿ ਤੋਂ ਬਚਾਓ ਲਈ ਸਾਫ਼-ਸੁਥਰਾ ਭੋਜਨ ਤੇ ਹੱਥ ਚੰਗੀ ਤਰ੍ਹਾਂ ਸਾਫ਼ ਕਰਕੇ ਖਾਣਾ ਖਾਣਾ ਚਾਹੀਦਾ ਹੈ। ਇਸ ਮੌਕੇ ਦਲੀਪ ਰਾਜ ਐਚ. ਆਈ, ਮਨਪ੍ਰੀਤ ਸਿੰਘ, ਜੋਗਾ ਸਿੰਘ, ਲਖਬੀਰ ਸਿੰਘ, ਅਮੋਲਕ ਸਿੰਘ, ਬਰਜਿੰਦਰ ਸਿੰਘ, ਰਣਜੋਧ ਸਿੰਘ, ਐਂਟੀ ਲਾਰਵਾ ਟੀਮ ਪਵਨ ਕੁਮਾਰ ਤੇ ਮੈਡੀਕਲ਼ ਟੀਮਾਂ ਤੇ ਸਿਹਤ ਕਰਮਚਾਰੀ ਹਾਜ਼ਰ ਸਨ।

# ਕਾਲਜ ਦੇ ਵਿਦਿਆਰਥੀਆਂ ਵੱਲੋਂ ਆਦਰਸ਼ ਬਿਰਧ ਆਸ਼ਰਮ ਦਾ ਦੌਰਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਵਿੱਚ ਰਹਿ ਰਹੇ ਬਜ਼ੁਰਗਾਂ ਨੂੰ ਮਿਲਣ ਸਵਾਮੀ ਸਰਵਾਨੰਦ ਗਰੁੱਪ ਆਫ ਐਜੂਕੇਸ਼ਨ ਕਾਲਜ ਦੀਨਾਨਗਰ ਦੇ ਵਿਦਿਆਰਥੀ ਤੇ ਸਮੂਹ ਸਟਾਫ ਆਇਆ। ਵਿਦਿਆਰਥੀਆਂ ਨੂੰ ਦੇਖ ਕੇ ਬਜ਼ੁਰਗ ਬਹੁਤ ਖੁਸ਼ ਹੋਏ।

ਪ੍ਰਿੰ. ਜੇ. ਕੇ. ਚੌਹਾਨ, ਅਧਿਆਪਕ ਵਿਜੈ ਕੁਮਾਰ, ਸੁਰਿੰਦਰ ਕੁਮਾਰ, ਮੈਡਮ ਰੁਪਿੰਦਰ ਕੌਰ, ਰੁਬਿੰਦਰ ਕੌਰ, ਆਰਤੀ ਨੇ ਵੀ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ।

ਆਸ਼ਰਮ ਸੁਪਰਡੈਂਟ ਮਿਸ ਅੰਜਲੀ ਸ਼ਰਮਾ ਨੇ ਬੱਚਿਆ ਨੂੰ ਸਮਝਾਇਆ ਕਿ ਸਾਨੂੰ ਆਪਣੇ ਬਜ਼ੁਰਗਾਂ ਤੇ ਆਪਣੇ ਤੋਂ ਵੱਡਿਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਕਿਉਂਕਿ ਉਨ੍ਹਾਂ ਦਾ ਸਤਿਕਾਰ ਹੀ ਪ੍ਰਮਾਤਮਾ ਦਾ ਸਤਿਕਾਰ ਹੈ। ਜੇਕਰ ਅਸੀਂ ਬਜ਼ੁਰਗਾਂ ਨੂੰ ਖੁਸ਼ ਰੱਖਾਂਗੇ ਤਾਂ ਇਸ ਨਾਲ ਪ੍ਰਮਾਤਮਾ ਵੀ ਖੁਸ਼ ਹੋਵੇਗਾ।

ਆਸ਼ਰਮ ਪ੍ਰਧਾਨ ਸਤਨਾਮ ਸਿੰਘ ਤੇ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਆਸ਼ਰਮ ਸਟਾਫ ਸਵਿਤਾ, ਆਰਤੀ, ਸੋਮਾ, ਅੰਜੂ ਬਾਲਾ, ਤਰਸੇਮ ਲਾਲ ਅਤੇ ਰਾਜੇਸ਼ ਕੁਮਾਰ ਆਦਿ ਮੌਜੂਦ ਸਨ।

# ਨੁਕਸਾਨੀਆਂ ਫਸਲਾਂ ਤੇ ਮਕਾਨਾਂ ਦਾ ਸਰਕਾਰ ਵੱਧ ਤੋਂ ਵੱਧ ਮੁਆਵਜ਼ਾ ਦੇਵੇ : ਗੁਰਪ੍ਰੀਤ ਸਿੰਘ



ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਸਤਲੁਜ ਬਿਆਸ ਦਰਿਆ 'ਚ ਜ਼ਿਆਦਾ ਪਾਣੀ ਆਉਣ ਕਾਰਨ ਪਿੰਡ ਘੜੁੰਮ ਤੇ ਬਸਤੀ ਲਾਲ ਸਿੰਘ ਨੇੜਿਉਂ ਧੁੱਸੀ ਬੰਨ੍ਹ 'ਚ ਪਾੜ ਪੈਣ ਕਾਰਨ ਟੁੱਟ ਗਿਆ। ਹਥਾੜ ਏਰੀਏ 'ਚ ਪਾਣੀ ਨਾਲ ਭਾਰੀ ਤਬਾਹੀ ਹੋਈ। ਸੈਂਕੜੇ ਏਕੜ ਫਸਲਾਂ, ਦਰੱਖਤਾਂ ਸਮੇਤ ਮਕਾਨਾਂ ਦਾ ਭਾਰੀ ਨੁਕਸਾਨ ਹੋਇਆ। ਜਿਥੇ ਸੂਬਾ ਸਰਕਾਰ ਤੇ ਜ਼ਿਲਾ ਪ੍ਰਸ਼ਾਸਨ ਵੱਲੋਂ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਠੋਸ ਉਪਰਾਲੇ ਕਰਨ ਦੇ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ ਤਾਂ ਦੂਸਰੇ ਪਾਸੇ ਗੁਰਪ੍ਰੀਤ ਸਿੰਘ ਵਾਸੀ ਬੂਹ ਹਵੇਲੀਆਂ ਨੇ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਦੇ ਦਾਅਵਿਆਂ ਦੀ ਪੋਲ ਖੋਲ੍ਹਦੇ ਹੋਏ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਥੋਂ ਧੁੱਸੀ ਬੰਨ੍ਹ ਟੁੱਟਿਆ ਉਸਦੇ ਬਿਲਕੁਲ ਨੇੜੇ ਉਸਦੀ ਜ਼ਮੀਨ ਹੈ। ਪਾਣੀ ਦੇ ਤੇਜ਼ ਵਹਾਅ ਕਾਰਨ ਜਿਥੇ ਫਸਲਾਂ ਦਾ ਭਾਰੀ ਨੁਕਸਾਨ ਹੋਇਆ ਉਥੇ ਬੰਬੀ ਵਾਲੇ ਕੋਠੇ ਦਰੱਖਤ ਜੜ੍ਹਾਂ ਤੋਂ ਉੱਖੜ ਗਏ। ਜ਼ਮੀਨ ਵਿਚ ਡੂੰਘੇ ਡੂੰਘੇ ਟੋਟੇ ਪੈ ਗਏ। ਫਸਲ ਦੀ ਬਿਜਾਈ ਲੱਗਭਗ ਮੁਸ਼ਕਲ ਹੈ ਜਿਨ੍ਹਾਂ ਨੂੰ ਭਰਨਾ ਸੌਖਾ ਨਹੀਂ ਹੋਵੇਗਾ। ਗੁਰਪ੍ਰੀਤ ਸਿੰਘ ਨੇ ਭਰੇ ਮਨ ਨਾਲ ਦੱਸਿਆ ਕਿ ਉਨ੍ਹਾ ਆਪਣੇ ਰਿਹਾਇਸ਼ੀ ਮਕਾਨ ਦੀ ਛੱਤ 'ਤੇ ਸਾਮਾਨ ਦੀ ਰਾਖੀ ਬੈਠਾ ਰਿਹਾ। ਕੋਈ ਅਧਿਕਾਰੀ ਉਨ੍ਹਾਂ ਦੀ ਸਾਰ ਲੈਣ ਨਹੀਂ ਆਇਆ। ਗੁਰਪ੍ਰੀਤ ਸਿੰਘ ਨੇ ਸਰਕਾਰ ਤੋਂ ਮੰਗ ਕੀਤੀ ਕਿ ਖਰਾਬ ਹੋਈ ਫਸਲ ਤੇ ਮਕਾਨ ਦਾ ਵੱਧ ਤੋਂ ਵੱਧ ਮੁਆਵਜ਼ਾ ਦਿੱਤਾ ਜਾਵੇ ਕਿਉਂਕਿ ਜ਼ਮੀਨ ਵਿਚ ਕਈ ਕਈ ਫੁੱਟ ਰੇਤ ਚੜ੍ਹ ਗਈ ਜਿਸ ਕਾਰਨ ਕਣਕ ਦੀ ਬਿਜਾਈ ਵੀ ਮੁਸ਼ਕਲ ਦਿਖਾਈ ਦੇ ਰਹੀ ਹੈ।

# ਕ੍ਰਿਸ਼ੀ ਵਿਗਿਆਨ ਕੇਂਦਰ ਅੰਮ੍ਰਿਤਸਰ ਵਿਖੇ ਕਿਸਾਨ ਮੇਲਾ 5 ਸਤੰਬਰ ਨੂੰ

ਮਜੀਠਾ (ਸੋਇਮ ਆਨੰਦ)-ਕ੍ਰਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਬਿਕਰਮਜੀਤ ਸਿੰਘ ਨੇ ਦੱਸਿਆ ਕਿ ਕ੍ਰਿਸ਼ੀ ਵਿਗਿਆਨ ਕੇਂਦਰ, ਅੰਮ੍ਰਿਤਸਰ ਵੱਲੋਂ 5 ਸਤੰਬਰ, 2023 (ਮੰਗਲਵਾਰ) ਨੂੰ ਕਿਸਾਨ ਮੇਲਾ ਲਗਾਇਆ ਜਾ ਰਿਹਾ ਹੈ ਜਿਸ ਦਾ ਉਦੇਸ "ਵਿਗਿਆਨਕ ਖੇਤੀ ਦੇ ਰੰਗ, ਪੀਏਯੂ ਦੇ ਕਿਸਾਨ ਮੇਲਿਆਂ ਸੰਗ ਹੈ। ਉਨ੍ਹਾਂ ਦੱਸਿਆ ਕਿ ਡਾ. ਸਤਿਬੀਰ ਸਿੰਘ ਗੋਸਲ ਮਾਨਯੋਗ ਉਪ-ਕੁਲਪਤੀ, ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਇਸ ਮੇਲੇ ਦੀ ਪ੍ਰਧਾਨਗੀ ਕਰਨਗੇ। ਕਿਸਾਨ ਮੇਲੇ ਵਿਚ ਵੱਖ-ਵੱਖ ਵਿਭਾਗਾਂ ਵਲੋਂ ਜਿਵੇਂ ਕਿ ਖੇਤੀਬਾੜੀ, ਪਸ਼ੂ ਪਾਲਣ, ਮੱਛੀ ਪਾਲਣ, ਬਾਗਬਾਨੀ, ਖੇਤੀ ਮਸ਼ੀਨਰੀ ਆਦਿ ਹਿੱਸਾ ਲੈਣਗੇ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਸਾਰੇ ਵਿਭਾਗ ਆਪਣੀਆਂ ਪ੍ਰਦਰਸ਼ਨੀਆਂ ਲਗਾਉਣਗੇ ਅਤੇ ਕਿਸਾਨਾਂ ਦੀਆਂ ਮੁਸ਼ਕਿਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾਵੇਗਾ। ਸਾਇੰਸਦਾਨਾਂ ਵੱਲੋਂ ਕਿਸਾਨਾਂ ਨਾਲ ਵਿਚਾਰ-ਵਟਾਂਦਰਾ ਵੀ ਕੀਤਾ ਜਾਵੇਗਾ। ਆਉਣ ਵਾਲੀਆਂ ਹਾੜ੍ਹੀ ਦੀਆਂ ਫਸਲਾਂ ਖਾਸ ਕਰਕੇ ਕਣਕ ਅਤੇ ਸਰ੍ਹੋਂ ਦੇ ਸੁਧਰੇ ਬੀਜ ਵੀ ਵੰਡੇ ਜਾਣਗੇ। ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਇਸ ਮੇਲੇ ਵਿਚ ਸ਼ਾਮਿਲ ਹੋ ਕੇ ਵੱਧ ਤੋਂ ਵੱਧ ਲਾਭ ਉਠਾਉਣ।

# ਯੂਨੀਅਨ ਬੈਂਕ ਆਫ ਇੰਡੀਆ ਵੱਲੋਂ ਵਾਟਰ ਕੂਲਰ ਭੇਟ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਯੂਨੀਅਨ ਬੈਂਕ ਆਫ ਇੰਡੀਆ ਬ੍ਰਾਂਚ ਧਾਰੀਵਾਲ ਦੇ ਸੀਨੀਅਰ ਬ੍ਰਾਂਚ ਮੈਨੇਜਰ ਸ਼ਸ਼ਾਂਕ ਪਨਵਰ ਵੱਲੋਂ ਬੇਬੇ ਨਾਨਕੀ ਖਾਲਸਾ (ਲੜਕੀਆਂ) ਕਾਲਜ ਧਾਰੀਵਾਲ ਅਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਨੂੰ ਵਾਟਰ ਕੂਲਰ ਦਾਨ ਕੀਤਾ ਗਿਆ।

ਇਸ ਮੌਕੇ ਮੈਨੇਜਰ ਸ਼ਸ਼ਾਂਕ ਪਨਵਰ ਨੇ ਇਨ੍ਹਾਂ ਵਿਦਿਅਕ ਸੰਸਥਾਵਾਂ ਵਿੱਚ ਇਲਾਕੇ ਦੇ ਬੱਚਿਆਂ ਨੂੰ ਘੱਟ ਖਰਚੇ ਤੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਸੰਸਥਾਵਾਂ ਦੇ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਐਡਵੋਕੇਟ ਗੁਰਦੇਵ ਸਿੰਘ ਸੋਹਲ, ਗੁਰਜੀਤ ਸਿੰਘ ਲੇਹਲ, ਕਾਲਜ ਪ੍ਰਿੰਸੀਪਲ ਡਾ: ਬਲਬੀਰ ਕੌਰ ਤੇ ਸਕੂਲ ਪ੍ਰਿੰਸੀਪਲ ਗਗਨਦੀਪ ਕੌਰ ਨੇ ਕਿਹਾ ਕਿ ਬੈਂਕ ਮੈਨੇਜਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਵਿਦਿਆਰਥੀਆਂ ਲਈ ਠੰਡੇ ਜਲ ਲਈ ਵਾਟਰ ਕੂਲਰ ਦੀ ਬਹੁਤ ਜ਼ਰੂਰਤ ਸੀ।

ਇਸ ਮੌਕੇ ਰਜਿੰਦਰ ਕੌਰ, ਦਲਜੀਤ ਕੌਰ, ਮੈਡਮ ਨੀਲਮ ਸ਼ਰਮਾ ਕਲਰਕ ਆਦਿ ਸਮੇਤ ਕਾਲਜ ਅਤੇ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

24-Aug-page-12.qxd 8/23/2023 10:29 PM Page 1



# ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ : ਮਾੜੀਮੇਘਾ



**ਜਲੰਧਰ ( ਰਾਜੇਸ਼ ਥਾਪਾ)** ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਮਹੀਨਾਵਾਰ ਮੀਟਿੰਗ ਸਾਥੀ ਮਦਨ ਲਾਲ ਚੀਮਾ ਦੀ ਪ੍ਰਧਾਨਗੀ ਹੇਠ ਕਾ. ਜਸਵੰਤ ਸਮਰਾ ਯਾਦਗਾਰ ਹਾਲ ਵਿਖੇ ਹੋਈ। ਇਸ ਮੌਕੇ ਪਿਛਲੇ ਦਿਨੀਂ ਪੰਜਾਬ ਅਤੇ ਹਿਮਾਚਲ ਪ੍ਰਦੇਸ ਵਿੱਚ ਹੜ੍ਹਾਂ ਨਾਲ ਹੋਏ ਜਾਨੀ ਤੇ ਮਾਲੀ ਹੋਏ ਨੁਕਸਾਨ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ, ਫੌਜ 9 ਜਵਾਨ ਜੋ ਹਾਦਸੇ ਦੌਰਾਨ ਸ਼ਹੀਦ ਹੋ ਗੲੇ, ਉਨ੍ਹਾਂ ਦੀਆਂ ਵਿੱਛੜੀਆਂ ਰੂਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਸਾਥੀ ਜਗਤਾਰ ਸਿੰਘ ਭੁੰਗਰਨੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਗਾਂ ਦਾ ਕੋਈ ਹੱਲ ਨਾ ਕਰਨ ਅਤੇ ਮੀਟਿੰਗਾਂ ਦੇ ਕੇ ਟਾਲ ਮਟੌਲ ਨੀਤੀ ਅਪਨਾਉਣ ਦੀ ਸਖਤ ਨਿੰਦਾ ਕੀਤੀ ਗਈ। ਪੈਂਸ਼ਨਰਾਂ ਦੇ ਏ .ਜੀ. ਦਫਤਰ ਦੇ ਕੰਮਾਂ ਵਿਚ ਆਈ ਖੜੋਤ ਦੂਰ ਕਰਨ, ਮੈਡੀਕਲ ਬਿੱਲਾਂ ਦਾ ਨਿਪਟਾਰਾ ਕਰਨ, ਸਰਕਾਰ ਵੱਲੋਂ ਦਿੱਤੇ 6% ਡੀ ਏ ਦੀ ਕਿਸ਼ਤ ਦੇ ਬਕਾਏ ਬੈਂਕਾਂ ਵਲੋਂ ਭੁਗਤਾਨ ਨਾ ਕਰਨ ਦੀ ਸਖਤ ਨਿਖੇਧੀ ਕੀਤੀ ਗਈ। ਇਸ ਮੌਕੇ ਜਲੰਧਰ ਵਿੱਚ ਪੰਜਾਬ ਪੈਨਸ਼ਨ ਸੰਘਰਸ਼ ਕਮੇਟੀ ਵੱਲੋਂ ਹੋ ਰਹੀ ਸੂਬਾ ਪੱਧਰੀ ਕਾਨਫਰੰਸ ਵਿੱਚ ਵੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਮਾਸਟਰ ਹਰੀ ਸਿੰਘ ਧੂਤ ਦੇ ਟਰਸਟੀ ਐਡਵੋਕੇਟ ਕਾ. ਰਾਜਿੰਦਰ ਸਿੰਘ ਮੰਡ ਨੇ ਜ਼ਿਲ੍ਹਾ ਜਲੰਧਰ ਦੇ ਦਰਜਾ ਚਾਰ ਯੂਨੀਅਨ ਦੇ ਪ੍ਰਧਾਨ ਸਾਥੀ ਸੁਬਾਸ਼ ਮੱਟੂ ਜੋ 31 ਜੁਲਾਈ ਨੂੰ ਸੇਵਾ ਮੁਕਤ ਹੋਏ ਸਨ, ਨੂੰ ਵਧਾਈ ਦਿੱਤੀ ਅਤੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਤੀਜੇ ਬਦਲ ਦੀ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੇ ਪੂਰਨਿਆਂ 'ਤੇ ਚੱਲਦੀ ਹੋਈ ਵਰਕਰਾਂ ਅਤੇ ਪੈਂਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਲਈ ਟਾਲ ਮਟੌਲ ਦੀ ਨੀਤੀ ਅਪਨਾ ਰਹੀ ਹੈ। ਇਸ ਮੌਕੇ ਪੰਜਾਬ ਪੈਨਸ਼ਨ ਯੂਨੀਅਨ ਵਲੋਂ ਦਰਜਾ ਚਾਰ ਯੂਨੀਅਨ ਦੇ ਪ੍ਰਧਾਨ ਸੁਬਾਸ਼ ਮੱਟੂ ਨੂੰ ਯਾਦਗਾਰੀ ਚਿੰਨ ਅਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦੇਸ਼ ਭਗਤ ਯਾਦਗਾਰ ਹਾਲ ਦੇ ਟਰੱਸਟੀ ਜਨ. ਸਕੱਤਰ ਕਾ. ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਅਜ਼ਾਦੀ ਲਈ ਦੇਸ਼ ਭਗਤਾਂ ਦੀਆਂ ਕੀਤੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ । ਅੱਜ ਸਮੇਂ ਦੀ ਲੋੜ ਹੈ ਕਿ ਆਉਣ ਵਾਲੀਆਂ ਪੀੜੀਆਂ ਲਈ ਯਾਦਗਾਰ ਵਜੋਂ ਬਣਾਏ ਇਸ ਟਰੱਸਟ ਨੂੰ ਕਾਇਮ ਰੱਖਿਆ ਜਾਵੇ। ਇਹ ਮੁਲਾਜ਼ਮਾਂ ਲਈ ਸੰਘਰਸ਼ ਦਾ ਕੇਂਦਰ ਬਿੰਦੂ ਹੈ। ਪ੍ਰਧਾਨ ਹਰਿੰਦਰ ਸਿੰਘ ਚੀਮਾਂ , ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ, ਦਿਲਜੀਤ ਸਿੰਘ ਸੁੱਜਾਂ , ਸੰਤੋਖ ਸਿੰਘ ਕੈਸ਼ੀਅਰ ,ਬਲਵਿੰਦਰ ਸਿੰਘ ਮੁਲਤਾਨੀ, ਦਵਿੰਦਰਪਾਲ ਸਿੰਘ ,ਸ਼ਾਮ ਲਾਲ, ਮੀਤ ਪ੍ਰਧਾਨ ਸੰਦੀਪ ਕੁਮਾਰ, ਕਸ਼ਮੀਰ ਚੰਦ, ਭੁਪਿੰਦਰ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

# ਨਿਯਮਤ ਰੂਪ 'ਚ ਹਾਜ਼ਰੀ ਲਗਵਾਉਣ ਤੇ ਬਣਦੀ ਡਿਊਟੀ ਲਈ ਧਰਨਾ ਸ਼ੁਰੂ



**ਜਲੰਧਰ (ਰਾਜੇਸ਼ ਥਾਪਾ)**- ਪੀ.ਐੱਸ.ਆਈ.ਈ.ਸੀ.ਵਲੋਂ 24/07/2023 ਨੂੰ ਇੰਡਸਟੀਰੀਅਲ ਫੋਕਲ ਪੁਆਇੰਟ ਜਲੰਧਰ ਦੇ 40 ਮੁਲਾਜਮਾਂ ਨੂੰ ਨਗਰ ਨਿਗਮ ਜਲੰਧਰ ਵਿੱਚ ਟਰਾਂਸਫਰ ਕੀਤੇ ਗਏ ਅਤੇ ਕਾਰਜਕਾਰੀ ਇੰਜੀਨੀਅਰ-4,ਪੀ.ਐੱਸ.ਆਈ.ਈ.ਸੀ. ਵਲੋਂ 31-07-2023 ਨੂੰ 39 ਮੁਲਾਜਮਾਂ ਨੂੰ ਰਲੀਵ ਕੀਤਾ ਗਿਆ ਅਤੇ 01-8-2023 ਨੂੰ 39 ਮੁਲਾਜਮਾਂ ਵਲੋਂ ਕਮਿਸ਼ਨਰ ਨਗਰ ਨਿਗਮ ਜਲੰਧਰ ਨੂੰ ਆਪਣੀਆਂ ਹਾਜਰੀ ਰਿਪੋਰਟਾਂ ਪੇਸ਼ ਕੀਤੀਆਂ ਗਈਆਂ, ਪਰ ਨਗਰ ਨਿਗਮ ਜਲੰਧਰ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਵਲੋਂ ਮੁਲਾਜਮਾਂ ਨੂੰ ਕਿਸੇ ਵੀ ਡਿਊਟੀ ਸੰਬੰਧੀ ਦਿਸ਼ਾ ਨਿਰਦੇਸ਼ ਨਹੀਂ ਦਿੱਤੇ ਗਏ ਅਤੇ ਨਾ ਹੀ ਕਿਸੇ ਮੁਲਾਜਮ ਦੀ ਕਿਤੇ ਵੀ ਹਾਜਰੀ ਲਗਵਾਈ ਜਾ ਰਹੀ ਹੈ। ਇਸ ਕਰਕੇ ਸਾਰੇ ਮੁਲਾਜਮ ਪ੍ਰੇਸ਼ਾਨੀ ਦੇ ਦੌਰ ਵਿੱਚੋਂ ਲੰਘ ਰਹੇ ਹਨ। ਇਸ ਕਰਕੇ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਮੁੱਖ ਦਫਤਰ ਚੰਡੀਗੜ੍ਹ ਦੇ ਸੀਨੀਅਰ ਆਗੂਆਂ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ। ਉਹਨਾਂ ਵਲੋਂ ਦਿੱਤੇ ਗਏ ਨਿਰਦੇਸ਼ਾਂ ਅਨੁਸਾਰ ਪ.ਸ.ਸ.ਫ.ਦੇ ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਅਤੇ ਗੋਬਿੰਦ ਪ੍ਰਧਾਨ ਦੀ ਸਾਂਝੀ ਪ੍ਰਧਾਨਗੀ ਹੇਠ 21-08-2021 ਤੋਂ ਲਗਾਤਾਰ ਇੰਡਸਟੀਰੀਅਲ ਫੋਕਲ ਪੁਆਇੰਟ ਜਲੰਧਰ ਦੇ ਦਫਤਰ ਅੱਗੇ ਰੋਸ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਗਿਆ ਹੈ।

ਮੁਲਾਜਮਾਂ ਦੀ ਹਰ ਰੋਜ ਨਿਯਮਤ ਰਜਿਸਟਰ 'ਤੇ ਹਾਜਰੀ ਲਗਵਾਉਣ ਅਤੇ ਕੰਮ ਦੀ ਡਿਊਟੀ ਨਹੀਂ ਦਿੱਤੀ ਜਾਂਦੀ ,ਉੱਦੋਂ ਤੱਕ ਰੋਸ ਪ੍ਰਦਰਸ਼ਨ ਲਗਾਤਾਰ ਜਾਰੀ ਰਹੇਗਾ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਦੇਸ ਰਾਜ,ਪ੍ਰਦੀਪ ਚੰਦ, ਆਨੰਦ, ਜਗੀਰ ਸਿੰਘ, ਰੋਸ਼ਨ ਲਾਲ,ਗੇਂਦ ਲਾਲ,ਬਦਲੀ,ਸੁਖ ਰਾਮ,ਸੋਹਣ ਲਾਲ, ਅਸ਼ਵਨੀ, ਇੰਦਰਜੀਤ, ਰਾਮ ਬਿਲਾਸ, ਅਮਿਤ, ਰਾਮ ਨਰੇਸ਼, ਰਾਮ ਲਾਲ, ਰਮੇਸ਼,ਗਜਲ, ਜੋਗਿੰਦਰ, ਯਸ਼ ਪਾਲ, ਰਾਮ ਬ੍ਰਿਸ, ਕਮਲੇਸ਼ ਰਾਣੀ,ਕਮਲ,ਓਮ ਪ੍ਰਕਾਸ਼, ਮਨਜੀਤ, ਵਰਿੰਦਰ, ਤ੍ਰੀਭਵਣ ਆਦਿ ਸਾਥੀ ਹਾਜਰ ਹੋਏ।

# ਇਸਤਰੀ ਮੁਲਾਜ਼ਮ ਆਗੂ ਮਨਜੀਤ ਕੌਰ ਦਾ ਸਨਮਾਨ ਸਮਾਰੋਹ 3 ਨੂੰ



**ਗੁਰਾਇਆ (ਬਿੰਦਰ ਸੁੰਮਨ)**- ਸਰਕਾਰੀ ਐਲੀਮੈਂਟਰੀ ਸਕੂਲ ਬਕਾਪੁਰ ਬਲਾਕ ਗੁਰਾਇਆ:01 ਦੇ ਹੈੱਡ ਟੀਚਰ ਅਤੇ ਇਸਤਰੀ ਮੁਲਾਜਮ ਤਾਲਮੇਲ ਕਮੇਟੀ ਜ਼ਿਲ੍ਹਾ ਜਲੰਧਰ ਦੇ ਜੁਆਇੰਟ ਸਕੱਤਰ ਸ੍ਰੀਮਤੀ ਮਨਜੀਤ ਕੌਰ ਜੋ ਕਿ 31/08/2023 ਨੂੰ ਸਰਕਾਰੀ ਸੇਵਾ ਤੋਂ ਸੇਵਾ ਮੁਕਤ ਹੋ ਰਹੇ ਹਨ। ਉਨ੍ਹਾਂ ਦਾ ਵਿਦਾਇਗੀ ਅਤੇ ਸਨਮਾਨ ਸਮਾਰੋਹ ਮਿਤੀ 03/09/2023 ਨੂੰ ਆਨੰਦ ਪੈਲੇਸ ਗੁਰਾਇਆ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਸ ਸਨਮਾਨ ਸਮਾਰੋਹ ਦੀਆਂ ਤਿਆਰੀਆਂ ਸੰਬੰਧੀ ਪ.ਸ.ਸ.ਫ. ਦੇ ਬਲਾਕ ਪ੍ਰਧਾਨ ਕੁਲਵੰਤ ਰਾਮ ਰੁੜਕਾ ਦੀ ਪ੍ਰਧਾਨਗੀ ਹੇਠ ਗੁਰਾਇਆ ਵਿਖੇ ਮੀਟਿੰਗ ਕੀਤੀ ਗਈ। ਬਲਾਕ ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਬਲਾਕ ਸਕੱਤਰ ਬਲਵੀਰ ਸਿੰਘ ਗੁਰਾਇਆ ਨੇ ਦੱਸਿਆ ਕਿ ਸ੍ਰੀਮਤੀ ਮਨਜੀਤ ਕੌਰ ਨੇ ਜਿੱਥੇ ਆਪਣੇ ਮਹਿਕਮੇ ਅੰਦਰ ਇਮਾਨਦਾਰੀ ਨਾਲ ਕੰਮ ਕੀਤਾ,ਉੱਥੇ ਉਨ੍ਹਾਂ ਨੇ ਮੁਲਾਜਮ ਲਹਿਰ ਵਿੱਚ ਵੀ ਆਪਣਾ ਬਣਦਾ ਯੋਗਦਾਨ ਪਾਇਆ। ਉਹ ਗੌਰਮਿੰਟ ਟੀਚਰਜ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਚਾਰ ਸਕੱਤਰ, ਇਸਤਰੀ ਮੁਲਾਜਮ ਤਾਲਮੇਲ ਕਮੇਟੀ ਫਿਲੌਰ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਜ਼ਿਲ੍ਹਾ ਜਲੰਧਰ ਦੇ ਜੁਆਇੰਟ ਸਕੱਤਰ ਦੇ ਨਾਲ ਨਾਲ ਪ.ਸ.ਸ.ਫ. ਜ਼ਿਲ੍ਹਾ ਜਲੰਧਰ ਦੇ ਸਹਾਇਕ ਸਕੱਤਰ ਵੀ ਹਨ। ਇਸ ਮੀਟਿੰਗ ਵਿੱਚ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਜ਼ਿਲ੍ਹਾ ਜਨਰਲ ਸਕੱਤਰ ਨਿਰਮੋਲਕ ਸਿੰਘ ਹੀਰਾ, ਗੌਰਮਿੰਟ ਟੀਚਰਜ ਯੂਨੀਅਨ ਦੇ ਬਲਾਕ ਪ੍ਰਧਾਨ ਬੂਟਾ ਰਾਮ, ਸਕੱਤਰ ਪ੍ਰੇਮ ਖਲਵਾੜਾ, ਕੈਸੀਅਰ ਰਤਨ ਸਿੰਘ,ਪ ਸ ਸ ਫ ਦੇ ਸਾਬਕਾ ਪ੍ਰਧਾਨ ਬਲਵਿੰਦਰ ਕੁਮਾਰ ਪੈਨਸ਼ਨਰ ਆਗੂ ਕੁਲਦੀਪ ਸਿੰਘ ਕੌੜਾ, ਕਰਨੈਲ ਸਿੰਘ ਮਾਹਲਾਂ, ਜਗਜੀਤ ਸਿੰਘ, ਸਰਬਜੀਤ ਸਿੰਘ ,ਗੁਰਪ੍ਰੀਤ ਸਿੰਘ ਜੌਹਲ,ਤਾਰਾ ਸਿੰਘ,ਵਿੱਦਿਆ ਸਾਗਰ, ਅਵਤਾਰ ਕੌਰ ਬਾਸੀ, ਸੁਰਿੰਦਰ ਕੌਰ ਬਾਸੀ, ਰਜਨੀ ਸੂਦ ਅਤੇ ਅਜਮੇਰ ਕੌਰ ਢੇਸੀ ਹਾਜਰ ਸਨ।

# ਨਵਾਂ ਸ਼ਹਿਰ ਦੇ ਕਈ ਆਗੂ ਤੇ ਪ੍ਰਮੁੱਖ ਸ਼ਖਸੀਅਤਾਂ 'ਆਪ' 'ਚ ਸ਼ਾਮਲ



**ਨਵਾਂਸ਼ਹਿਰ, (ਪੱਤਰ ਪ੍ਰੇਰਕ)** ਨਵਾਂਸ਼ਹਿਰ 'ਚ ਆਮ ਆਦਮੀ ਪਾਰਟੀ (ਆਪ) ਨੂੰ ਉਸ ਸਮੇਂ ਮਜ਼ਬੂਤੀ ਮਿਲੀ ਜਦੋਂ ਬੁੱਧਵਾਰ ਨੂੰ 'ਆਪ' ਪੰਜਾਬ ਦੇ ਜਨਰਲ ਸਕੱਤਰ ਅਤੇ ਗੁਰਦਾਸਪੁਰ ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਦੀ ਅਗਵਾਈ 'ਚ ਕਈ ਆਗੂ ਅਤੇ ਪ੍ਰਮੁੱਖ ਸਖਸ਼ੀਅਤਾਂ ਪਾਰਟੀ 'ਚ ਸ਼ਾਮਲ ਹੋ ਗਈਆਂ। ਪਰਮਜੀਤ ਕੌਰ, ਐਮ ਸੀ ਵਾਰਡ ਨੰ. 5 ਨਵਾਂਸ਼ਹਿਰ, ਵਾਰਡ ਨੰ 4 ਦੇ ਸਾਬਕਾ ਸਰਪੰਚ ਅਤੇ ਸਾਬਕਾ ਐਮ ਸੀ ਬਾਬਾ ਰਾਮਜੀ ਦਾਸ, ਯੂਥ ਆਗੂ ਹਰਪ੍ਰੀਤ ਸਿੰਘ ਹਨੀ, ਭੁਪਿੰਦਰ ਕੌਰ, ਸੁਰਿੰਦਰ ਸਿੰਘ, ਅਮਨਪ੍ਰੀਤ ਸਿੰਘ ਅਤੇ ਬਲਜੀਤ ਸਿੰਘ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ। ਉਨ੍ਹਾਂ ਦੇ ਨਾਲ ਦੋ ਦਿਨ ਪਹਿਲਾਂ ਪਾਰਟੀ 'ਚ ਸ਼ਾਮਲ ਹੋਏ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਡਾ: ਕਮਲਜੀਤ ਲਾਲ ਨੂੰ ਵੀ ਅਧਿਕਾਰਤ ਤੌਰ 'ਤੇ ਪਾਰਟੀ 'ਚ ਸ਼ਾਮਲ ਕੀਤਾ ਗਿਆ। ਜਗਰੂਪ ਸਿੰਘ ਸੇਖਵਾਂ ਨੇ ਅਧਿਕਾਰਤ ਤੌਰ 'ਤੇ ਸਾਰੇ ਨਵੇਂ ਆਗੂਆਂ ਨੂੰ 'ਆਪ' 'ਚ ਸ਼ਾਮਲ ਕਰਦਿਆਂ ਕਿਹਾ ਕਿ ਜਿਹੜੇ ਆਗੂ ਪੰਜਾਬ ਦੀ ਤਰੱਕੀ ਅਤੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੇ ਹਨ, ਉਨ੍ਹਾਂ ਦਾ 'ਆਪ' ਪਰਵਾਰ 'ਚ ਹਮੇਸ਼ਾ ਸਵਾਗਤ ਹੈ। ਇਸ ਮੌਕੇ ਉਨ੍ਹਾਂ ਨਾਲ ਨਵਾਂਸ਼ਹਿਰ ਦੇ ਜਿਲ੍ਹਾ ਇੰਚਾਰਜ ਸਤਨਾਮ ਜਲਾਲਪੁਰ, 'ਆਪ' ਪੰਜਾਬ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਅਤੇ ਨਵਾਂਸ਼ਹਿਰ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਵੀ ਹਾਜ਼ਰ ਸਨ।

# ਹੜ੍ਹ ਪ੍ਰਭਾਵਿਤ ਪਿੰਡਾਂ ਦੇ ਬੱਚਿਆਂ ਦੀ ਪੜ੍ਹਾਈ ਲਈ ਡੀ ਸੀ ਦੀ ਚੁਫੇਰਿਓਂ ਹੋ ਰਹੀ ਸ਼ਲਾਘਾ



**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**

ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਿਥੇ ਰਾਹਤ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ, ਉਥੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਬੱਚਿਆਂ ਦੀ ਪੜ੍ਹਾਈ ਨੂੰ ਲੈ ਕੇ ਜੋ ਪਹਿਲਕਦਮੀ ਕੀਤੀ ਹੈ, ਉਸ ਦੀ ਚੁਫੇਰਿਓਂ ਸ਼ਲਾਘਾ ਹੋ ਰਹੀ ਹੈ। ਡਿਪਟੀ ਕਮਿਸ਼ਨਰ ਨੇ ਉਨ੍ਹਾਂ ਬੱਚਿਆਂ ਦੀ ਪੜ੍ਹਾਈ ਲਈ ਵਿਸ਼ੇਸ਼ ਯਤਨ ਕੀਤੇ ਹਨ, ਜਿਹੜੇ ਹੜ੍ਹਾਂ ਕਾਰਨ ਸਕੂਲ ਨਹੀਂ ਜਾ ਸਕੇ। ਉਨ੍ਹਾਂ ਦੇ ਇਸ ਉਪਰਾਲੇ ਨਾਲ ਇਨ੍ਹਾਂ ਬੱਚਿਆਂ ਦੇ ਚਿਹਰਿਆਂ 'ਤੇ ਇਕ ਅਜਿਹੀ ਸਕੂਨ ਭਰੀ ਮੁਸਕਾਨ ਆਈ ਹੈ, ਜਿਸ ਨੇ ਪਿਛਲੇ ਸਾਰੇ ਜ਼ਖ਼ਮਾਂ 'ਤੇ ਮਰਹਮ ਲਗਾ ਦਿੱਤੀ ਹੈ। ਉਨ੍ਹਾਂ ਨੇ ਇਨ੍ਹਾਂ ਬੱਚਿਆਂ ਦੀ ਪੜ੍ਹਾਈ ਲਈ ਵਿਸ਼ੇਸ਼ ਕੋਚਿੰਗ ਦਾ ਪ੍ਰਬੰਧ ਕੀਤਾ ਹੈ ਅਤੇ ਰੈੱਡ ਕਰਾਸ ਸੁਸਾਇਟੀ ਤੇ ਹੋਰਨਾਂ ਐਨ.ਜੀ.ਓਜ਼ ਦੀ ਮਦਦ ਨਾਲ ਇਨ੍ਹਾਂ ਬੱਚਿਆਂ ਲਈ ਬੈਗ, ਕਾਪੀਆਂ, ਪੈਨਸਲਾਂ ਅਤੇ ਹੋਰ ਸਟੇਸ਼ਨਰੀ ਦਾ ਸਾਮਾਨ ਉਪਲਬੱਧ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਹਦਾਇਤ ਕਰਦਿਆਂ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਸਕੂਲਾਂ ਵਿਚ ਬੱਚਿਆਂ ਲਈ ਆਨਲਾਈਨ ਕਲਾਸਾਂ ਲਗਾਉਣ ਨੂੰ ਕਿਹਾ ਅਤੇ ਸਕੂਲ ਖੁੱਲ੍ਹਣ ਤੋਂ ਬਾਅਦ ਬੱਚਿਆਂ ਦੀ ਪੜ੍ਹਾਈ ਨੂੰ ਸੁਚਾਰੂ ਢੰਗ ਨਾਲ ਲਿਆਉਣ ਲਈ ਵਾਧੂ ਕਲਾਸਾਂ ਲਗਾਉਣ ਦੀ ਹਦਾਇਤ ਵੀ ਕੀਤੀ ਹੈ।

ਡਿਪਟੀ ਕਮਿਸ਼ਨਰ ਨੇ ਮੁਕੇਰੀਆਂ ਦੇ ਪਿੰਡ ਮਹਿਤਾਬਪੁਰ ਵਿਚ ਲਗਾਏ ਗਏ ਹੜ੍ਹ ਰਾਹਤ ਕੈਂਪ ਵਿਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਨੂੰ ਰਾਹਤ ਸਮੱਗਰੀ ਪ੍ਰਦਾਨ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ ਮੁਕੇਰੀਆਂ ਅਸ਼ੋਕ ਕੁਮਾਰ ਤੋਂ ਇਲਾਵਾ ਹਲਕਾ ਇੰਚਾਰਜ ਪ੍ਰੋ: ਜੀ.ਐਸ. ਮੁਲਤਾਨੀ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਤੇ ਐਨ.ਜੀ.ਓਜ਼ ਦੀਆਂ 12 ਕਿਸ਼ਤੀਆਂ ਤੇ ਹੋਰ ਸਾਧਨਾਂ ਰਾਹੀਂ 4 ਹਜ਼ਾਰ ਤੋਂ ਵੱਧ ਲੋਕਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਪਾਣੀ ਦਾ ਪੱਧਰ ਘੱਟ ਹੋਣ ਦੇ ਨਾਲ-ਨਾਲ ਲਗਪਗ ਸਾਰੇ ਲੋਕਾਂ ਵਲੋਂ ਆਪਣੇ ਘਰਾਂ ਵਿਚ ਵਾਪਸੀ ਕਰ ਲਈ ਗਈ ਹੈ। ਇਸ ਤਰ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ ਪ੍ਰਭਾਵਿਤ ਪਿੰਡਾਂ ਵਿਚ ਪੀਣ ਲਈ ਸਾਫ਼ ਪਾਣੀ ਤੇ ਬਿਜਲੀ ਸਪਲਾਈ ਨੂੰ ਦੁਬਾਰਾ ਚਾਲੂ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਹੜ੍ਹ ਨਾਲ ਪੀੜਤ ਪਰਿਵਾਰਾਂ ਨੂੰ ਹਰੇਕ ਜ਼ਰੂਰੀ ਮਦਦ ਪਹੁੰਚਾਈ ਜਾ ਰਹੀ ਹੈ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਨੇ ਬਹੁਤ ਬਿਹਤਰੀਨ ਕਾਰਜ ਕੀਤਾ ਹੈ। ਮੁਕੇਰੀਆਂ ਉਪ ਮੰਡਲ ਵਿਚ 6 ਰਾਹਤ ਕੈਂਪ ਬਣਾਏ ਗਏ, ਇਸ ਤਰ੍ਹਾਂ ਟਾਂਡਾ ਉਪ ਮੰਡਲ ਵਿਚ ਇਕ ਰਾਹਤ ਕੈਂਪ ਚੱਲ ਰਿਹਾ ਹੈ।

ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ ਹੜ੍ਹ ਦੌਰਾਨ ਇਨ੍ਹਾਂ ਪਿੰਡਾਂ ਵਿਚ 61 ਮੈਡੀਕਲ ਕੈਂਪ ਲਗਾਏ ਗਏ ਅਤੇ ਸਾਰੇ 8657 ਲੋਕਾਂ ਦਾ ਚੈਕਅਪ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਦੇ ਮੱਦੇਨਜ਼ਰ ਇਹ ਕੈਂਪ ਆਉਣ ਵਾਲੇ ਦਿਨਾਂ ਵਿਚ ਵੀ ਜਾਰੀ ਰਹਿਣਗੇ।

ਉਨ੍ਹਾਂ ਦੱਸਿਆ ਕਿ ਮੁਕੇਰੀਆਂ ਵਿਚ 37 ਮੈਡੀਕਲ ਕੈਂਪ ਲਗਾਏ ਜਾ ਚੁੱਕੇ ਹਨ, ਜਿਥੇ ਹੁਣ ਤੱਕ 7563 ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ ਹੈ, ਇਸੇ ਤਰ੍ਹਾਂ ਟਾਂਡਾ ਵਿਚ 24 ਮੈਡੀਕਲ ਕੈਂਪ ਲਗਾਏ ਗਏ, ਜਿਥੇ 1094 ਮਰੀਜ਼ਾਂ ਦਾ ਚੈਕਅਪ ਕਰਕੇ ਉਨ੍ਹਾਂ ਨੂੰ ਦਵਾਈਆਂ ਦਿੱਤੀਆਂ ਜਾ ਚੁੱਕੀਆਂ ਹਨ। ਇਸੇ ਤਰ੍ਹਾਂ ਪਸ਼ੂ ਪਾਲਣ ਵਿਭਾਗ ਨੇ ਪਿੰਡਾਂ ਵਿਚ ਪਸ਼ੂਆਂ ਦੇ ਇਲਾਜ ਨੂੰ ਲੈ ਕੇ ਵਿਸ਼ੇਸ਼ ਮੁਹਿੰਮ ਚਲਾਈ ਹੈ ਅਤੇ ਇਨ੍ਹਾਂ ਪਸ਼ੂਆਂ ਨੂੰ ਪਿੰਡ ਵਾਸੀਆਂ ਅਤੇ ਐਨ. ਜੀ. ਓਜ਼ ਦੀ ਮਦਦ ਨਾਲ ਲੋੜੀਂਦੀ ਮਾਤਰਾ ਵਿਚ ਚਾਰਾ ਵੀ ਉਪਲਬੱਧ ਕਰਵਾਇਆ ਗਿਆ ਹੈ। ਵੈਟਨਰੀ ਡਾਕਟਰਾਂ ਨੇ ਟੀਮਾਂ ਬਣਾ ਕੇ ਪਸ਼ੂਆਂ ਦੇ ਇਲਾਜ ਦੇ ਵਿਸ਼ੇਸ਼ ਕੈਂਪ ਵੀ ਲਗਾਏ ਹਨ।

# ਇਨੋਸੈਂਟ ਹਾਰਟਸ ਵਿਖੇ ਗਿਆਰ੍ਹਵੀਂ ਤੇ ਬਾਰ੍ਹਵੀਂ ਜਮਾਤ ਲਈ ਘੋਸ਼ਣਾ ਮੁਕਾਬਲਾ



**ਜਲੰਧਰ (ਸ਼ੈਲੀ ਐਲਬਰਟ)**-: ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ, ਲੁਹਾਰਾਂ ਅਤੇ ਨੂਰਪੁਰ ਵਿਖੇ ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਡਕਲੇਮੇਸ਼ਨ ਕੰਟੈਸਟ' ਕਰਵਾਇਆ ਗਿਆ । ਵਿਦਿਆਰਥੀਆਂ ਨੇ ਬੋਲਣ ਲਈ ਆਪਣੇ ਆਦਰਸ਼ਾਂ ਦਾ ਭਾਸ਼ਣ ਚੁਣਿਆ। ਉਨ੍ਹਾਂ ਨੇ ਉਨ੍ਹਾਂ ਵਾਂਗ ਕੱਪੜੇ ਪਾਏ ਅਤੇ ਜ਼ੋਰਦਾਰ ਤਰੀਕੇ ਨਾਲ ਬੋਲਿਆ।ਸ੍ਰੀਮਤੀ ਅੰਬਿਕਾ, (ਐਚ.ਓ.ਡੀ. ਜੀ.ਐਮ.ਟੀ.), ਸ੍ਰੀਮਤੀ ਅੰਜੂ (ਐਚ.ਓ.ਡੀ., ਲੁਹਾਰਾ), ਸ੍ਰੀਮਤੀ ਉਰਵਸ਼ੀ ਅਤੇ ਸ੍ਰੀਮਤੀ ਦੀਪਾ (ਨੂਰਪੁਰ ਰੋਡ) ਨੇ ਭਾਗੀਦਾਰਾਂ ਦੇ ਮੁਲਾਂਕਣ ਲਈ ਜੱਜਾਂ ਦੀ ਭੂਮਿਕਾ ਨਿਭਾਈ। ਸਕੂਲ ਵੱਲੋਂ ਇਸ ਤਰ੍ਹਾਂ ਦੇ ਮੁਕਾਬਲੇ ਕਰਵਾਉਣ ਦਾ ਮਕਸਦ ਵਿਦਿਆਰਥੀਆਂ ਦੇ ਆਤਮਵਿਸ਼ਵਾਸ ਵਿੱਚ ਵਾਧਾ ਕਰਨਾ ਹੈ।ਮੁਕਾਬਲੇ ਦਾ ਨਤੀਜਾ ਹੈ । ਗ੍ਰੀਨ ਮਾਡਲ ਟਾਊਨ ਪਹਿਲਾ: ਯੱਗਿਆ, ਤਨਮਨਦੀਪ ਦੂਜਾ: ਦੀਆ, ਸਨੇਹ ਅਤੇ ਅਦਿਤੀ ਤੀਜਾ: ਭੂਮਿਕਾ ਅਤੇ ਓਜਸ ਤਸੱਲੀ: ਆਰੂਸ਼ੀ, ਹਿਰਦਯਮ ਅਤੇ ਇਸ਼ਪ੍ਰੀਤ ਲੋਹਾਰਾ:ਪਹਿਲਾ: ਆਰਿਆਮਨ ਦੂਜਾ:ਸਰਗਨ ਤੀਜਾ: ਵਰਦਾਨ ਕੋਸੋਲੇਸ਼ਨ: ਸ਼ੁਭ ਨੂਰਪੁਰ ਬ੍ਰਾਂਚ: ਪਹਿਲੀ: ਵੇਨੀਸ਼ਾ ਦੂਜਾ: ਤਨੀਸ਼ਾ ਤੀਜਾ: ਅਮੋਲਦੀਪ ਕੋਸੋਲੇਸ਼ਨ: ਰਾਜਬੀਰ ਕੌਰ ਸਾਰੀਆਂ ਸ਼ਾਖਾਵਾਂ ਦੇ ਪ੍ਰਿੰਸੀਪਲਾਂ ਨੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਭਵਿੱਖ ਵਿੱਚ ਵੀ ਪੂਰੇ ਉਤਸ਼ਾਹ ਨਾਲ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ।

# ਲਾਇਲਪੁਰ ਖ਼ਾਲਸਾ ਕਾਲਜ ਵੱਲੋਂ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ



**ਜਲੰਧਰ (ਸ਼ੈਲੀ ਐਲਬਰਟ)**-:ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਕੰਪਿਊਟਰ ਸਾਇੰਸ ਅਤੇ ਆਈ.ਟੀ. ਵਿਭਾਗ ਵੱਲੋਂ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ । ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਪ੍ਰਿੰਸੀਪਲ ਪ੍ਰੋ: ਜਸਰੀਨ ਕੌਰ ਨੇ ਉਨ੍ਹਾਂ ਨੂੰ ਲਾਇਲਪੁਰ ਖ਼ਾਲਸਾ ਕਾਲਜ ਦੀ ਪੜ੍ਹਾਈ ਲਈ ਚੋਣ 'ਤੇ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਕੰਪਿਊਟਰ ਸਾਇੰਸ ਦੇ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ, ਕਿਉਂਕਿ ਇਸਦੀ ਸ਼ਾਖਾ ਆਰਟੀਫੀਸ਼ੀਅਲ ਇੰਟੈਲੀਜੈਂਸ ਆਧੁਨਿਕ ਸੰਸਾਰ ਵਿੱਚ ਇਸ ਖੇਤਰ ਵਿਚ ਤੇਜ਼ੀ ਨਾਲ ਉੱਭਰ ਰਹੀ ਹੈ । ਇਸ ਮੌਕੇ ਮੈਰਿਟ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ । ਵਿਭਾਗ ਦੇ ਸਾਬਕਾ ਵਿਦਿਆਰਥੀਆਂ ਨੇ ਵੀ ਨਵੇਂ ਵਿਦਿਆਰਥੀਆਂ ਨਾਲ ਆਪਣੇ ਤਜ਼ਰਬੇ ਸਾਂਝੇ ਕੀਤੇ । ਵਿਭਾਗ ਦੇ ਮੁਖੀ ਪ੍ਰੋ. ਸੰਜੀਵ ਕੁਮਾਰ ਆਨੰਦ ਨੇ ਪ੍ਰੋਗਰਾਮ ਨਾਲ ਜਾਣ ਪਛਾਣ ਕਰਵਾਉਂਦਿਆਂ ਵਿਦਿਆਰਥੀਆਂ ਨੂੰ ਕਿਹਾ ਪਿਛਲੇ ਸਾਲਾਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਵਿੱਦਿਆ, ਖੇਡਾਂ, ਖੋਜ ਅਤੇ ਕਲਚਰਲ ਖੇਤਰ ਵਿੱਚ ਉੱਚ ਪ੍ਰਾਪਤੀਆਂ ਕੀਤੀਆਂ ਹਨ । ਪਰਮਾਤਮਾ ਦੇ ਓਟ ਆਸਰੇ ਸਦਕਾ ਅਸੀਂ ਇਸ ਸਾਲ ਵੀ ਹਰ ਖੇਤਰ ਵਿੱਚ ਉੱਚ ਪ੍ਰਾਪਤੀਆਂ ਕਰਾਂਗੇ।। ਉਨ੍ਹਾਂ ਸਮਾਗਮ ਵਿਚ ਸ਼ਾਮਲ ਹੋਣ ਵਾਸਤੇ ਸਾਰਿਆਂ ਦਾ ਧੰਨਵਾਦ ਵੀ ਕੀਤਾ । ਇਸ ਮੌਕੇ ਕਾਲਜ ਦੇ ਰਜਿਸਟਰਾਰ ਪ੍ਰੋ: ਨਵਦੀਪ ਕੌਰ, ਡੀਨ ਐਡਮਿਸ਼ਨ ਡਾ: ਅੰਮ੍ਰਿਤਪਾਲ ਸਿੰਘ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ। ਇਸ ਮੌਕੇ ਪ੍ਰੋ: ਮਨਦੀਪ ਸਿੰਘ ਭਾਟੀਆ, ਪ੍ਰੋ: ਮਨਪ੍ਰੀਤ ਸਿੰਘ ਲੇਹਲ, ਪ੍ਰੋ: ਦਲਜੀਤ ਕੌਰ, ਪ੍ਰੋ: ਨਵਨੀਤ ਕੌਰ ਅਤੇ ਸਮੂਹ ਫੈਕਲਟੀ ਮੈਂਬਰ ਵੀ ਹਾਜ਼ਰ ਸਨ। ਮੰਚ ਸੰਚਾਲਨ ਪ੍ਰੋ: ਸੰਦੀਪ ਬੱਸੀ ਅਤੇ ਪ੍ਰੋ: ਸੰਦੀਪ ਸਿੰਘ ਨੇ ਬਾਖੂਬੀ ਨਿਭਾਇਆ।

# ਸਾਲਾਨਾ ਜੋੜ ਮੇਲਾ ਅਮਿੱਟ ਯਾਦਾਂ ਛੱਡਦਾ ਹੋਇਆ ਸਮਾਪਤ



**ਫਿਲੌਰ (ਨਿਰਮਲ)**- ਦੋਆਬੇ ਦੇ ਇਤਿਹਾਸਕ 'ਤੇ ਪਵਿੱਤਰ ਦਰਬਾਰ ਹਜ਼ਰਤ ਪੀਰ ਬਾਬਾ ਗਰੀਬ ਸ਼ਾਹ ਸਾਬਰੀ ਕਲੀਅਰ ਸ਼ਰੀਫ ਵਾਲਿਆ ਦੀ ਬਰਸੀ ਨੂੰ ਸਮਰਪਿਤ ਸਾਲਾਨਾ ਤਿੰਨ ਦਿਨਾ ਜੋੜ ਮੇਲਾ ਟਿੱਬੀ ਸ਼ਰੀਫ ਲਿੱਦੜ ਖੁਰਦ ਦੇ ਗੱਦੀਨਸ਼ੀਨ ਬਾਬਾ ਮਨਜੀਤ ਸਾਬਰੀ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ। ਪਹਿਲੇ ਦਿਨ ਚਿਰਾਗ 'ਤੇ ਮਹਿੰਦੀ ਦੀ ਰਸਮ ਅਦਾ ਕੀਤੀ ਗਈ, ਦੂਜੇ ਦਿਨ ਅਗਸਤ ਝੰਡੇ ਦੀ ਰਸਮ, ਬੇੜੇ ਤਾਰਣ ਉਪਰੰਤ ਛਿੰਝ ਮੇਲਾ ਕਰਵਾਇਆ ਗਿਆ। ਜਿਸ ਉਪਰੰਤ ਰਾਤ ਨੂੰ ਮਹਿਫਲ ਏ ਕਵਾਲ 'ਚ ਕਵਾਲ ਪਾਰਟੀਆਂ ਨੇ ਕਵਾਲੀਆਂ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ, ਤੀਜੇ ਦਿਨ ਚਾਦਰ ਦੀ ਰਸਮ ਉਪਰੰਤ ਧਾਰਮਿਕ ਸਟੇਜ ਦੀ ਸ਼ੁਰੂਆਤ ਹੋਈ। ਪੰਜਾਬ ਦੇ ਪ੍ਰਸਿੱਧ ਕਲਾਕਾਰਾਂ ਨੇ ਦਾਤਾ ਜੀ ਦਾ ਗੁਣਗਾਨ ਕੀਤਾ। ਇਸ ਮੌਕੇ ਸਾਂਈ ਉਮਰੇ ਸ਼ਾਹ ਜੀ ਦਰਬਾਰ ਮੰਢਾਲੀ, ਸਾਂਈ ਪੱਪਲ ਸ਼ਾਹ ਜੀ ਪ੍ਰਧਾਨ ਐਸ.ਡੀ.ਪੀ.ਸੀ ਪੰਜਾਬ, ਕੁਲਰਾਜ ਮਹੁੰਮਦ, ਰਮੇਸ ਅਲੀ ਚਿਸ਼ਤੀ ਸਾਬਰੀ, ਐਸ.ਡੀ.ਪੀ.ਸੀ ਅਹੁਦੇਦਾਰਾਂ ਤੇ ਮੈਂਬਰਾਂ ਅਤੇ ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪੰਜਾਬ ਤੇ ਹਲਕਾ ਇੰਚਾਰਜ ਫਿਲੌਰ ਪ੍ਰਿੰਸੀਪਲ ਪ੍ਰੇਮ ਕੁਮਾਰ, ਜੋਗਿੰਦਰ ਸਿੰਘ ਮਾਨ ਹਲਕਾ ਇੰਚਾਰਜ ਫਗਵਾੜਾ, ਰੋਸ਼ਨ ਲਾਲ ਰੋਸ਼ੀ ਚੇਅਰਮੈਨ ਮਾਰਕੀਟ ਕਮੇਟੀ ਫਿਲੌਰ, ਦੀਦਾਰ ਸਿੰਘ ਢਿੱਲੋਂ, ਚਰਨਜੀਤ ਸਿੰਘ ਢਿੱਲੋਂ, ਗੁਰਸ਼ਰਨ ਸਿੰਘ ਐਸ.ਆਈ ਦੁਸਾਂਝ ਕਲਾਂ, ਪਲਵਿੰਦਰ ਸਿੰਘ ਦੁਸਾਂਝ, ਚਰਨਜੀਤ ਸਿੰਘ ਮੱਲ, ਦੀਪਾ ਬਕਾਪੁਰ ਮਹਾਂਪੁਰਸ਼ ਤੇ ਦੇਸ਼ ਵਿਦੇਸ਼ ਤੋਂ ਸੰਗਤਾਂ ਨਤਮਸਤਕ ਹੋਈਆਂ।

# ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਸਨਮਾਨਤ



**ਬਹਿਰਾਮ (ਅਵਤਾਰ ਕਲੇਰ)** ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਨੂੰ ਨਵੀਂ ਦਿੱਲੀ ਦੇ ਹੋਟਲ ਵੇਵਾਤਾਂ ਵਿਖੇ ਅਕਾਦਮਿਕ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿਚ ਸਕੂਲ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਨੈਸ਼ਨਲ ਸਕੂਲ ਅਵਾਰਡ 2023 ਨਾਲ ਸਨਮਾਨਿਤ ਕੀਤਾ ਗਿਆ। ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਜਨਰਲ ਸਕੱਤਰ ਕੁਲਵਿੰਦਰ ਸਿੰਘ ਢਾਹਾਂ ਅਤੇ ਸਿੱਖਿਆ ਡਾਇਰੈਕਟਰ ਪ੍ਰੋ: ਹਰਬੰਸ ਸਿੰਘ ਬੋਲੀਨਾ ਨੇ ਟਰਾਫੀ ਅਤੇ ਸਨਮਾਨ ਪੱਤਰ ਪ੍ਰਾਪਤ ਕੀਤਾ। ਜਥੇਦਾਰ ਨੇ ਦੱਸਿਆ ਕਿ ਪੰਜਾਬ ਦੇ ਪੇਂਡੂ ਖਿੱਤੇ ਵਿਚ ਚੱਲ ਰਹੇ ਆਧੁਨਿਕ ਸਹੂਲਤਾਂ ਵਾਲੇ ਇਸ ਸਕੂਲ ਵੱਲੋਂ ਪੜ੍ਹਾਈ ਦੇ ਖੇਤਰ ਦੇ ਨਾਲ ਖੇਡਾਂ ਦੇ ਖੇਤਰ ਵਿਚ ਵੀ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਜਾ ਰਹੀਆਂ ਹਨ । ਸਕੂਲ ਦੇ ਖਿਡਾਰੀਆਂ ਵੱਲੋਂ ਸਾਲ 2022-2023 ਵਿਚ ਸੂਬਾ ਪੱਧਰੀ ਅਤੇ ਕੌਮੀ ਸਕੂਲ ਖੇਡਾਂ ਵਿੱਚੋਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਗੋਲਡ ਮੈਡਲ ਜਿੱਤ ਕੇ ਸਕੂਲ ਦਾ ਨਾਂਅ ਰੋਸ਼ਨ ਕੀਤਾ ਹੈ । ਜਿਸ ਲਈ ਕੌਮੀ ਸੰਸਥਾ ਐਨ ਐਸ ਏ ਵੱਲੋਂ ਸਾਲ 2022-2023 ਵਿਚ ਪੰਜਾਬ ਭਰ ਵਿੱਚੋਂ ਸਕੂਲ ਦੇ ਖਿਡਾਰੀਆਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਕਰਕੇ, ਕੌਮੀ ਸਨਮਾਨ "ਨੈਸ਼ਨਲ ਸਕੂਲ ਅਵਾਰਡ" ਲਈ ਚੋਣ ਕੀਤੀ ਗਈ। ਪ੍ਰਿੰਸੀਪਲ ਵਨੀਤਾ ਚੋਟ ਨੇ ਕਿਹਾ ਕਿ ਸਕੂਲ ਵਿਚ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵੱਲ ਪੂਰਾ ਧਿਆਨ ਦਿੱਤਾ ਜਾਂਦਾ ਹੈ ਇਸੇ ਲਈ ਸਕੂਲ ਪੜ੍ਹਾਈ ਅਤੇ ਖੇਡਾਂ ਦੇ ਖੇਤਰ ਵਿਚ ਬੁਲੰਦੀਆਂ ਨੂੰ ਛੂਹ ਰਿਹਾ ਹੈ। ਸਕੂਲ ਪ੍ਰਬੰਧਕ ਟਰੱਸਟ ਦੇ ਪ੍ਰਧਾਨ ਹਰਦੇਵ ਸਿੰਘ ਕਾਹਮਾ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਪੂਰੇ ਦੇਸ਼ ਵਿਚ ਸਕੂਲ ਦਾ ਨਾਂਅ ਰੌਸ਼ਨ ਕਰਨ ਲਈ ਡਾਇਰੈਕਟਰ ਸਿੱਖਿਆ, ਪ੍ਰਿੰਸੀਪਲ, ਸਮੂਹ ਖਿਡਾਰੀਆਂ ਅਤੇ ਖੇਡ ਅਧਿਆਪਕਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮਲਕੀਅਤ ਸਿੰਘ ਬਾਹੜੋਵਾਲ , ਅਮਰਜੀਤ ਸਿੰਘ ਕਲੇਰਾਂ , ਜਗਜੀਤ ਸਿੰਘ ਸੋਢੀ ਵੀ ਹਾਜ਼ਰ ਸਨ।

# ਸੱਤਵੀ ਪੁਜੀਸ਼ਨ ਹਾਸਲ ਕਰਨ 'ਤੇ ਵਿਦਿਆਰਥਣ ਦਾ ਸਨਮਾਨ



**ਮਾਹਿਲਪੁਰ, (ਸਫਰੀ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨੇ ਨਤੀਜਿਆਂ ਵਿੱਚ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਚੱਲਦੇ ਕੋਰਸ ਐਮ.ਏ. ਇੰਗਲਿਸ਼ ਦੇ ਚੌਥੇ ਸਮੈਸਟਰ ਵਿੱਚ 71 ਫੀਸਦੀ ਅੰਕ ਹਾਸਿਲ ਕਰਕੇ ਯੂਨੀਵਰਸਿਟੀ ਵਿੱਚੋਂ ਸੱਤਵੀਂ ਪੁਜੀਸ਼ਨ ਹਾਸਿਲ ਕਰਨ ਵਾਲੀ ਵਿਦਿਆਰਥਣ ਅਵਲੀਨ ਕੌਰ ਨੂੰ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਅਤੇ ਸਬੰਧਤ ਵਿਭਾਗ ਦੇ ਅਧਿਆਪਕਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਕਿਹਾ ਕਿ ਸੰਸਥਾ ਲਈ ਇਹ ਮਾਣ ਵਾਲੀ ਗੱਲ ਹੈ। ਉਨ੍ਹਾਂ ਉਕਤ ਨਤੀਜੇ ਤਹਿਤ 60.2 ਫੀਸਦੀ ਅੰਕ ਹਾਸਿਲ ਕਰਕੇ ਕਾਲਜ ਵਿੱਚੋਂ ਦੂਜਾ ਸਥਾਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਮਨਜਿੰਦਰ ਕੌਰ ਅਤੇ 60 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਹਾਸਿਲ ਕਰਨ ਵਾਲੀ ਵਿਦਿਆਰਥਣ ਪ੍ਰਿਯਾ ਦੇਵੀ ਨੂੰ ਵੀ ਸ਼ੁੱਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਹਾਜ਼ਰ ਸਟਾਫ ਮੈਂਬਰਾਂ ਵਿੱਚ ਪ੍ਰੋ. ਪਵਨਦੀਪ ਚੀਮਾ, ਪ੍ਰੋ. ਤਜਿੰਦਰ ਸਿੰਘ, ਪ੍ਰੋ. ਜਸਕਰਨ ਸਿੰਘ, ਪ੍ਰੋ. ਵੀਨਾ, ਪ੍ਰੋ. ਰਮਨਦੀਪ ਕੌਰ ਸ਼ਾਮਿਲ ਸਨ।

# ਚੰਦਰਯਾਨ -3 ਦੀ ਲੈਂਡਿੰਗ ਸੰਬੰਧੀ ਵਿੱਦਿਅਕ ਮੁਕਾਬਲੇ ਕਰਵਾਏ

**ਅੱਡਾ ਸਰਾਂ (ਜਸਵੀਰ ਕਾਜਲ)**- ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿਚ ਚੰਦਰਯਾਨ - 3 ਦੀ ਚੰਨ 'ਤੇ ਲੈਂਡਿੰਗ ਨੂੰ ਖੁਸ਼ਾਮਦੀਦ ਕਹਿਣ ਅਤੇ ਸ਼ੁੱਭ ਇੱਛਾਵਾਂ ਦੇਣ ਵਾਸਤੇ ਇਸ ਇਤਿਹਾਸਕ ਵਰਤਾਰੇ ਨੂੰ ਦਰਸਾਉਂਦੀਆਂ ਵਿੱਦਿਅਕ ਗਤੀਵਿਧੀਆਂ ਕਰਾਉਣ ਦੇ ਆਦੇਸ਼ ਦਿੱਤੇ ਗਏ, ਜਿਸ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਲਾਂਬੜਾ ਵਿਖੇ ਪ੍ਰਿੰ: ਡਾ. ਅਰਮਨਪ੍ਰੀਤ ਸਿੰਘ ਦੀ ਅਗਵਾਈ ਅਤੇ ਸਾਇੰਸ ਅਧਿਆਪਕਾਂ ਦੇ ਸਹਿਯੋਗ ਨਾਲ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ, ਪੇਂਟਿੰਗਜ ਅਤੇ ਕੁਇਜ ਦੇ ਵਿੱਦਿਅਕ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੂੰ ਵਿਗਿਆਨਕ ਦ੍ਰਿਸ਼ਟੀ, ਵਿਗਿਆਨਕ ਗਿਆਨ ਅਤੇ ਭਾਰਤੀ ਤਕਨਾਲੋਜੀ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਕਰਵਾਏ ਇਨ੍ਹਾਂ ਮੁਕਾਬਲਿਆਂ ਵਿੱਚ ਪਹਿਲੇ ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਪ੍ਰਿੰਸੀਪਲ ਡਾ. ਅਰਮਨਪ੍ਰੀਤ ਸਿੰਘ ਵੱਲੋਂ ਸਟੇਸ਼ਨਰੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜਰ ਸੀ।।



# ਮੱਲੀ ਪਰਵਾਰ ਵੱਲੋਂ ਮਹਿਮਦਵਾਲ ਸਕੂਲ ਨੂੰ ਕੂਲਰ ਤੇ ਅਲਮਾਰੀ ਭੇਟ



**ਮਾਹਿਲਪੁਰ, (ਨਿਰਮਲ ਸਿੰਘ ਮੁੱਗੋਵਾਲ)**—ਲਾਗਲੇ ਪਿੰਡ ਮਹਿਮਦਵਾਲ ਦੇ ਸਰਕਾਰੀ ਮਿਡਲ ਅਤੇ ਪ੍ਰਾਇਮਰੀ ਸਕੂਲ ਵਾਸਤੇ ਇੰਗਲੈਂਡ ਵੱਸਦੇ ਮੱਲੀ ਪਰਵਾਰ ਵੱਲੋਂ ਬੱਚਿਆਂ ਵਾਸਤੇ ਕੂਲਰ ਅਤੇ ਅਲਮਾਰੀ ਭੇਂਟ ਕੀਤੀ ਗਈ। ਮਨਵੀਰ ਸਿੰਘ ਮੱਲੀ ਅਤੇ ਰੁਪਿੰਦਰ ਕੌਰ ਨੇ ਕਿਹਾ ਕਿ ਸਕੂਲ ਦੇ ਵਿਦਿਆਰਥੀਆਂ ਦੀਆਂ ਲੋੜਾਂ ਪੂਰੀਆਂ ਕਰਨ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਇੰਗਲੈਂਡ ਤੋਂ ਆਏ ਬੱਚੇ ਗੁਰਮੁਖ ਸਿੰਘ ਅਤੇ ਅਨਮੋਲ ਕੌਰ ਨੇ ਵਿਦਿਆਰਥੀਆਂ ਨਾਲ ਵਿਚਾਰ ਵਟਾਂਦਰਾ ਕੀਤਾ। ਉਹਨਾਂ ਕਿਹਾ ਕਿ ਅਸੀਂ ਚਾਹੁੰਦੇ ਹਾਂ ਕਿ ਪਿੰਡ ਦੇ ਵਿਦਿਆਰਥੀ ਪੂਰੀ ਦੁਨੀਆ ਵਿਚ ਆਪਣਾ ਨਾਂਅ ਰੋਸ਼ਨ ਕਰਨ। ਬੀਬੀ ਕਮਲਜੀਤ ਕੌਰ ਬੈਂਸ ਨੇ ਕਿਹਾ ਕਿ ਇਸ ਪਰਵਾਰ ਵੱਲੋਂ ਦੇਸ਼ ਵਿਦੇਸ਼ ਵਿੱਚ ਵਿਦਿਆਰਥੀਆਂ ਨੂੰ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਸਕੂਲ ਮੈਨੇਜਿੰਗ ਕਮੇਟੀ ਦੇ ਚੈਅਰਮੈਨ ਗੁਰਦੀਪ ਚੰਦ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਪਰਵਾਰ 'ਤੇ ਬਹੁਤ ਮਾਣ ਹੈ ਜੋ ਲੋਕ ਭਲਾਈ ਕਾਰਜਾਂ ਵਿੱਚ ਹਮੇਸ਼ਾ ਅੱਗੇ ਹੋ ਕੇ ਹਿੱਸਾ ਪਾਉਂਦੇ ਹਨ। ਪਿੰਡ ਦੇ ਸਰਪੰਚ ਗੁਰਵਿੰਦਰ ਸਿੰਘ ਅਤੇ ਅਮਰਜੀਤ ਸਿੰਘ ਵੱਲੋਂ ਪਰਵਾਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਮਠਿਆਈਆਂ ਵੀ ਵੰਡੀਆਂ ਗਈਆਂ । ਸਮਾਗਮ ਵਿਚ ਉਚੇਚੇ ਤੌਰ 'ਤੇ ਸ਼ਾਮਿਲ ਹੋਏ ਲੇਖਕ ਬਲਜਿੰਦਰ ਮਾਨ ਨੇ ਕਿਹਾ ਕਿ ਸਕੂਲ ਇਕ ਮੰਦਰ ਹੈ। ਇਸ ਦੇ ਵਿਕਾਸ ਵਿੱਚ ਹਰ ਇੱਕ ਨੂੰ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਮੌਕੇ ਕੁਲਵਿੰਦਰ ਖਾਨ, ਗੁਰਮੇਲ ਸਿੰਘ ,ਲਾਲ ਸ਼ਾਹ ਸਮੇਤ ਸਟਾਫ ਮੈਂਬਰ ਜਸਵੀਰ ਕੌਰ, ਰੀਨਾ ਚਤੁਰਥ, ਦਿਲਜੀਤ ਸਿੰਘ ਅਤੇ ਰਣਜੀਤ ਸਿੰਘ ਸ਼ਾਮਲ ਹੋਏ। ਸਭ ਦਾ ਧੰਨਵਾਦ ਕਰਦਿਆਂ ਸਕੂਲ ਮੁਖੀ ਸੁਨੀਲ ਕੁਮਾਰ ਨੇ ਕਿਹਾ ਕਿ ਸਮਾਜ ਦੀ ਭਾਗੀਦਾਰੀ ਨਾਲ ਸਕੂਲ ਅੱਵਲ ਦਰਜੇ ਦਾ ਬਣੇਗਾ।

# ਖੇਤ ਮਜ਼ਦੂਰ ਦੱਬੇ-ਕੁਚਲਿਆਂ 'ਚੋਂ ਹੇਠਲਾ ਵਰਗ : ਡਾ. ਜੌਨ



**ਸ਼ਾਹਕੋਟ (ਗਿਆਨ ਸੈਦਪੁਰੀ)** 'ਆਪ' ਦੇ ਸੀਨੀਅਰ ਆਗੂ ਡਾ. ਵਿਲੀਅਮ ਜੌਨ ਨੇ ਹੜ੍ਹ ਕਾਰਨ ਆਈ ਆਫਤ ਨਾਲ ਨਜਿੱਠਣ ਲਈ ਪੰਜਾਬ ਸਰਕਾਰ ਦੀਆਂ ਕੋਸ਼ਿਸ਼ਾਂ ਦੀ ਸਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਸ ਤਰਾਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਹੜ੍ਹ ਪੀੜਤਾਂ ਨੂੰ ਹੌਸਲਾ ਤੇ ਢਾਰਸ ਦਿੰਦੇ ਹਨ, ਇਸ ਤਰ੍ਹਾਂ ਕਿਸੇ ਵੀ ਪਹਿਲੇ ਮੁੱਖ ਮੰਤਰੀ ਨੇ ਨਹੀਂ ਕੀਤਾ। ਡਾ. ਜੌਨ ਨੇ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਨੂੰ ਵੀ ਅਪੀਲ ਕੀਤੀ ਕਿ ਉਹ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਖੁੱਲ ਕੇ ਸਾਹਮਣੇ ਆਵੇ। ਉਨ੍ਹਾਂ ਕਿਹਾ ਕਿ ਜਿੱਥੇ ਕਿਸਾਨਾਂ ਦਾ ਝੋਨਾ ਬਰਬਾਦ ਹੋਇਆ ਹੈ, ਉੱਥੇ ਖੇਤ ਮਜਦੂਰ ਕੰਮ ਤੋਂ ਵਿਹਲੇ ਹੋਏ ਹਨ। ਖੇਤ ਮਜਦੂਰਾਂ ਦਾ ਦਰਦ ਸਮਝਣ ਦੀ ਵੀ ਲੋੜ ਹੈ। ਖੇਤ ਮਜਦੂਰ ਦੱਬੇ ਕੁਚਲੇ ਲੋਕਾਂ ਵਿੱਚੋਂ ਸਭ ਤੋਂ ਹੇਠਲਾ ਵਰਗ ਹੈ। ਆਫਤ ਵੇਲੇ ਸਰਕਾਰ ਅਤੇ ਸਮਾਜਕ ਸੰਸਥਾਵਾਂ ਵੱਲੋਂ ਖੇਤ ਮਜਦੂਰ ਦੀ ਮਾਲੀ ਸਹਾਇਤਾ ਨੈਤਿਕ ਫਰਜ ਬਣਦਾ ਹੈ।



*ਫਿਲੌਰ ਨੇੜੇ ਸਿਕਸ-ਲੇਨ 'ਤੇ ਸਮਾਨ ਨਾਲ ਭਰਿਆ ਟੈਂਪੂ ਪੀ.ਬੀ 10 ਐਚ.ਪੀ 9738 ਦਾ ਟਾਇਰ ਫਟ ਗਿਆ ਅਤੇ ਪਲਟ ਗਿਆ। ਟੈਂਪੂ ਡਰਾਈਵਰ ਛੋਟੂ ਦਾ ਬਚਾਓ ਹੋ ਗਿਆ। ਉਸ ਨੇ ਦੱਸਿਆ ਕਿ ਉਹ ਸਮਾਨ ਲੱਦ ਕੇ ਲੁਧਿਆਣਾ ਤੋਂ ਜਲੰਧਰ ਜਾ ਰਿਹਾ ਸੀ ਤੇ ਲੱਦਿਆ ਹੋਇਆ ਸਮਾਨ ਵੀ ਨੁਕਸਾਨਿਆ ਗਿਆ। (ਫੋਟੋ ਤੇ ਵੇਰਵਾ-(ਨਿਰਮਲ ਫਿਲੌਰ)*



*ਸਰਕਾਰੀ ਹਾਈ ਸਕੂਲ ਮੇਹਲੀ (ਐਸ ਬੀ ਐਸ ਨਗਰ) ਦੀਆਂ ਵਿਦਿਆਰਥਣਾਂ ਨੇ ਬੈਡਮਿੰਟਨ 14 ਸਾਲ ਜ਼ੋਨ ਪੱਧਰੀ ਮੁਕਾਬਲਿਆਂ ਵਿੱਚੋਂ ਪਹਿਲਾਂ ਸਥਾਨ ਪ੍ਰਾਪਤ ਕੀਤਾ। (ਫੋਟੋ ਤੇ ਵੇਰਵਾ-ਬਹਿਰਾਮ, ਕਲੇਰ)*



*ਐਨ ਐਚ ਪੀ ਸੀ ਖੇਤਰੀ ਦਫਤਰ ਚੰਡੀਗੜ੍ਹ ਵਿਖੇ ਹਿੰਦੀ ਕਾਵਿ ਗੋਸ਼ਟੀ ਪ੍ਰੋਗਰਾਮ ਦੌਰਾਨ ਕਾਰਜ ਸਾਧਕ ਨਿਰਦੇਸ਼ਕ ਅਸ਼ੋਕ ਕੁਮਾਰ ਗਰੋਵਰ, ਮੁੱਖ ਮਹਾਂ ਪ੍ਰਬੰਧਕ (ਤਕਨੀਕੀ) ਐਨ ਐਚ ਰਾਮ, ਮਹਾਂ ਪ੍ਰਬੰਧਕ (ਵਿਧੀ ਤੇ ਮਾ.ਸੰ.) ਰੂਬੀ ਰੈਣਾ, ਮਹਾਂ ਪ੍ਰਬੰਧਕ (ਵਿੱਤ), ਮਹੇਸ਼ਵਰ ਪਾਤਰਾ ਅਤੇ ਹੋਰ।*

## ਜਨਮ ਦਿਨ ਮੁਬਾਰਕ



ਸਿਫਤਵੀਰ ਸਿੰਘ



ਹਰਮਨ ਟਾਂਡੇ

# ਪੁਲਸ ਵੱਲੋਂ ਇਲਾਕੇ 'ਚ ਫਲੈਗ ਮਾਰਚ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )**-ਥਾਣਾ ਮੇਹਟੀਆਣਾ ਦੀ ਥਾਣਾ ਮੁੱਖੀ ਆਈ ਪੀ ਐਸ ਸ਼੍ਰੀਮਤੀ ਆਕਾਰਸ਼ੀ ਜੈਨ ਦੀ ਅਗਵਾਈ ਵਿਚ ਥਾਣਾ ਮੇਹਟੀਆਣਾ ਦੇ ਵੱਖ-ਵੱਖ ਪਿੰਡਾਂ ਰਾਜਪੁਰ ਭਾਈਆਂ ,ਬੱਡਲਾ,ਅੱਤੋਵਾਲ,ਡੱਵਿਦਾ ਅਹਿਰਾਣਾ, ਫੁਗਲਾਣਾ,ਭੁੰਗਰਨੀ ,ਪੰਡੋਰ ਕੱਦ ਆਦਿ ਵਿਚ ਫਲੈਗ ਮਾਰਚ ਕੱਢਿਆ ਗਿਆ। ਥਾਣਾ ਮੁਖੀ ਨੇ ਕਿਹਾ ਕਿ ਗਲਤ ਅਨਸਰਾਂ, ਸ਼ੱਕੀ ਗਤੀਵਿਧੀਆਂ ਅਤੇ ਨਸ਼ਾ ਤਸਕਰਾਂ ਵਿਰੁੱਧ ਪੁਲਸ ਨੇ ਸਖ਼ਤ ਰੱਵਈਆ ਇਖਤਿਆਰ ਕਰ ਲਿਆ ਹੈ। ਉਨ੍ਹਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੰਦੇ ਕਿਹਾ ਕਿ ਆਉਣ ਵਾਲੇ ਦਿਨਾਂ ਵਿਚ ਨਸ਼ਾ ਵੇਚਣ ਵਾਲਿਆਂ ਨਾਲ ਸਖ਼ਤੀ ਨਾਲ ਨਿੱਜਠਿਆ ਜਾਵੇਗਾ।

# ਵਿਧਾਇਕ ਰਾਜਾ ਨੇ ਦਾਣਾ ਮੰਡੀ ਵਿਖੇ ਫਲੋਰਿੰਗ ਦਾ ਨੀਂਹ ਪੱਥਰ ਰੱਖਿਆ



**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)**- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਇਕ ਸਾਲ ਦੇ ਦੌਰਾਨ ਜਿਨ੍ਹਾਂ ਕੰਮ ਕਰ ਵਿਖਾਇਆ ਹੈ ਸ਼ਾਇਦ ਉਹ ਬੀਤੇ 70 ਸਾਲਾਂ ਦੀਆਂ ਸਰਕਾਰਾਂ ਨੇ ਵੀ ਨਾ ਕੀਤਾ ਹੋਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਟਾਂਡਾ ਉੜਮੁੜ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਮਾਰਕੀਟ ਕਮੇਟੀ ਟਾਂਡਾ ਅਧੀਨ ਆਉਂਦੀਆਂ ਵੱਖ-ਵੱਖ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਇੱਟਾਂ ਦੇ ਫੜ੍ਹਾਂ ਉੱਪਰ ਸੀ.ਸੀ. ਫਲੋਰਿੰਗ ਕਰਨ ਦਾ ਨੀਂਹ ਪੱਥਰ ਰੱਖਣ ਮੌਕੇ ਸਥਾਨਕ ਪੱਤਰਕਾਰਾਂ ਨਾਲ ਕੀਤਾ। ਰਾਜਾ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਪੰਜਾਬ ਮੰਡੀ ਬੋਰਡ ਵਲੋਂ ਮਾਰਕੀਟ ਕਮੇਟੀ ਟਾਂਡਾ ਅਧੀਨ ਆਉਂਦੀਆਂ ਮੰਡੀਆਂ ਘੋੜੇਵਾਹਾ ਵਿੱਖੇ 71.78 ਲੱਖ, ਖਰੀਦ ਕੇਂਦਰ ਕੰਧਾਲਾ ਜੱਟਾਂ ਵਿੱਚ 57.82 ਲੱਖ ਅਤੇ ਅਤੇ ਮਾਰਕੀਟ ਕਮੇਟੀ ਟਾਂਡਾ ਦੀ ਮੁੱਖ ਮੰਡੀ ਵਿੱਚ 99.95 ਲੱਖ ਰੁਪਏ ਦੀ ਲਾਗਤ ਨਾਲ ਇੱਟਾ ਵਾਲੇ ਫੜ੍ਹ ਪੱਕੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਥੋੜੇ ਜਿਹੇ ਸਮੇਂ ਵਿੱਚ ਹੀ ਹਲਕੇ ਦੇ ਵੱਖ ਵੱਖ ਵਿਕਾਸ ਕਾਰਜਾਂ ਲਈ ਦਿਲ ਖੋਲ੍ਹ ਕੇ ਪੈਸਾ ਵੰਡਿਆ ਹੈ। ਮੰਡੀਆਂ ਦੇ ਵਿਕਾਸ ਲਈ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵਲੋਂ ਦਿੱਤੇ ਗਏ ਇਸ ਫੰਡ ਲਈ ਵਿਧਾਇਕ ਰਾਜਾ ਨੇ ਉਹਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਪੂਰੀ ਕੋਸ਼ਿਸ਼ ਹੋਵੇਗੀ ਕਿ ਝੋਨੇ ਦੇ ਸੀਜਨ ਤੋਂ ਪਹਿਲਾਂ ਪਹਿਲਾਂ ਇਹ ਫੜ ਪੱਕੇ ਕਰ ਲਏ ਜਾਣ । ਉਹਨਾਂ ਹੋਰ ਦੱਸਿਆ ਕਿ ਜਲਦੀ ਹੀ ਪੇਂਡੂ ਸੜਕਾਂ ਦੇ ਕੰਮ ਵੀ ਆਰੰਭੇ ਜਾਣਗੇ। ਇਸ ਮੌਕੇ ਬਲਾਕ ਪ੍ਰਧਾਨ ਕੇਸ਼ਵ ਸਿੰਘ ਸੈਣੀ, ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਅਰੋੜਾ, ਕੁਲਵੰਤ ਸਿੰਘ ਜਹੂਰਾ , ਸੁਖਵਿੰਦਰ ਸਿੰਘ ਰਾਜਾ,ਗੁਰਮੀਤ ਬਿੱਟੂ, ਪ੍ਰੇਮ ਪਡਵਾਲ, ਹਰਵਿੰਦਰ ਕਲੋਟੀ, , ਸਰਪੰਚ ਨਰਿੰਦਰ ਸਿੰਘ, ਹਰਜਿੰਦਰ ਕੰਧਾਲਾਂ, ਬਲਵੀਰ ਢੱਟਾਂ, ਜਥੇ. ਅਵਤਾਰ ਸਿੰਘ, ਡਾ. ਮੋਹਣ, ਜੋਗਿੰਦਰ ਸਿੰਘ, ਬਾਬਾ ਮੋਹਨ ਸਿੰਘ, ਮਨਪ੍ਰੀਤ ਸਿੰਘ, ਬਲਵਿੰਦਰ ਸਿੰਘ, ਅਵਤਾਰ ਸਿੰਘ, ਪ੍ਰੀਤਮ ਸਿੰਘ, ਕਮਲ ਚੌਧਰੀ, ਅਨਿਲ ਗੋਰਾ ਆਦਿ ਹਾਜਰ ਸਨ।